ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 86
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Sunday, 29 March, 2026) ਐਤਵਾਰ, 29 ਮਾਰਚ, 2026, 16 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਸੋਨਾ ਦੋ ਦਿਨਾਂ 'ਚ 39,800 ਰੁਪਏ ਹੋਇਆ ਮਹਿੰਗਾ

ਨਵੀਂ ਦਿੱਲੀ, 28 ਮਾਰਚ (ਚ.ਨ.ਸ.): ਹਫਤੇ ਦੀ ਸ਼ੁਰੂਆਤ ਵਿੱਚ ਸੋਨੇ ਦੀਆਂ ਕੀਮਤਾਂ ਵਿੱਚ ਜੋ ਸੁਸਤੀ ਦੇਖੀ ਗਈ ਸੀ, ਉਹ ਹੁਣ ਪੂਰੀ ਤਰ੍ਹਾਂ ਖ਼ਤਮ ਹੋ ਚੁੱਕੀ ਹੈ। ਪਿਛਲੇ ਦੋ ਦਿਨਾਂ ਦੇ ਅੰਦਰ ਸੋਨੇ ਦੇ ਭਾਅ ਵਿੱਚ ਭਾਰੀ ਤੇਜ਼ੀ ਆਈ ਹੈ, ਜਿਸ ਕਾਰਨ ਨਿਵੇਸ਼ਕਾਂ ਦਾ ਰੁਝਾਨ ਇੱਕ ਵਾਰ ਫਿਰ ਸੁਰੱਖਿਅਤ ਨਿਵੇਸ਼ ਯਾਨੀ ਸੋਨੇ ਵੱਲ ਵਧ ਗਿਆ ਹੈ। ਪਿਛਲੇ ਦੋ ਦਿਨਾਂ ਦੌਰਾਨ 24 ਕੈਰੇਟ ਸੋਨੇ ਦੀ ਕੀਮਤ ਵਿੱਚ ਲਗਭਗ 39,800 ਰੁਪਏ ਤੱਕ ਦਾ ਵਾਧਾ ਦਰਜ ਕੀਤਾ ਗਿਆ ਹੈ, ਜਦਕਿ 22 ਕੈਰੇਟ ਸੋਨੇ ਦੀ ਕੀਮਤ (ਬਾਕੀ ਸਫ਼ਾ 2 'ਤੇ)

## ਜੇ ਇਥਾਨੌਲ-ਬਲੈਂਡਿੰਗ ਨਾ ਹੁੰਦੀ, ਤਾਂ ਭਾਰਤ ਨੂੰ 4.5 ਕਰੋੜ ਬੈਰਲ ਕੱਚਾ ਤੇਲ ਦਰਾਮਦ ਕਰਨਾ ਪੈਂਦਾ: ਮੋਦੀ

ਚੜ੍ਹਦੀਕਲਾ ਬਿਊਰੋ
================

ਗੌਤਮ ਬੁੱਧ ਨਗਰ, 28 ਮਾਰਚ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਨੀਵਾਰ ਨੂੰ ਨੋਟ ਕੀਤਾ ਕਿ ਪੈਟਰੋਲ ਵਿੱਚ ਇਥਾਨੌਲ ਦੀ ਮਿਲਾਵਟ (ਬਲੈਂਡਿੰਗ) ਨੇ ਭਾਰਤ ਨੂੰ ਕੱਚੇ ਤੇਲ ਦੀ ਦਰਾਮਦ 'ਤੇ ਆਪਣੀ ਨਿਰਭਰਤਾ ਘਟਾਉਣ ਵਿੱਚ ਮਦਦ ਕੀਤੀ ਹੈ। ਜੇਵਰ ਵਿੱਚ ਨੋਇਡਾ ਇੰਟਰਨੈਸ਼ਨਲ ਏਅਰਪੋਰਟ ਦੇ ਪਹਿਲੇ ਪੜਾਅ ਦੇ ਉਦਘਾਟਨੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਪੀ.ਐੱਮ. ਮੋਦੀ ਨੇ ਪੈਟਰੋਲ ਵਿੱਚ 20 ਫੀਸਦੀ ਇਥਾਨੌਲ ਬਲੈਂਡਿੰਗ ਵਿੱਚ ਸਹਾਇਤਾ ਕਰਨ ਲਈ ਗੰਨਾ ਕਿਸਾਨਾਂ ਦਾ ਧੰਨਵਾਦ ਕੀਤਾ।

ਪ੍ਰਧਾਨ ਮੰਤਰੀ ਨੇ ਕਿਹਾ, 'ਆਧੁਨਿਕ ਕਨੈਕਟੀਵਿਟੀ ਦੇ ਵਿਸਥਾਰ ਨਾਲ ਪੱਛਮੀ ਯੂਪੀ ਵਿੱਚ ਫੂਡ ਪ੍ਰੋਸੈਸਿੰਗ ਸੈਕਟਰ ਦੀ ਸਮਰੱਥਾ ਨੂੰ ਹੁਲਾਰਾ ਮਿਲੇਗਾ, ਜਿਸ ਨਾਲ ਵਿਸ਼ਵ ਬਾਜ਼ਾਰਾਂ ਤੱਕ ਪਹੁੰਚ ਦੀ ਸਹੂਲਤ



ਮਿਲੇਗੀ। ਮੈਂ ਕਿਸਾਨਾਂ ਦਾ ਧੰਨਵਾਦ ਕਰਨਾ ਚਾਹੁੰਦਾ ਹਾਂ, ਕਿਉਂਕਿ ਤੁਹਾਡੀ ਉਪਜ ਤੋਂ ਪੈਦਾ ਹੋਏ ਇਥਾਨੌਲ ਨੇ ਕੱਚੇ ਤੇਲ 'ਤੇ ਦੇਸ਼ ਦੀ ਨਿਰਭਰਤਾ ਨੂੰ ਘਟਾਉਣ ਵਿੱਚ ਮਦਦ ਕੀਤੀ ਹੈ। ਜੇ ਪੈਟਰੋਲ ਦੇ ਨਾਲ ਇਹ ਮਿਲਾਵਟ ਨਾ ਹੁੰਦੀ, ਤਾਂ ਸਾਨੂੰ ਵਿਦੇਸ਼ਾਂ ਤੋਂ 4.5 ਕਰੋੜ ਬੈਰਲ- ਯਾਨੀ 700 ਕਰੋੜ ਲੀਟਰ – ਦਰਾਮਦ ਕਰਨਾ ਪੈਣਾ ਸੀ। ਦੇਸ਼ ਨੂੰ ਆਪਣੇ ਕਿਸਾਨਾਂ ਦੀ ਮਿਹਨਤ ਦਾ ਫਾਇਦਾ (ਬਾਕੀ ਸਫ਼ਾ 2 'ਤੇ)

### ਪੀ.ਐੱਮ. ਵੱਲੋਂ ਦੇਸ਼ ਦੇ ਸਭ ਤੋਂ ਵੱਡੇ ਹਵਾਈ ਅੱਡੇ ਦਾ ਉਦਘਾਟਨ

ਗੌਤਮ ਬੁੱਧ ਨਗਰ, 28 ਮਾਰਚ (ਚ.ਨ.ਸ.): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜੇਵਰ ਵਿੱਚ ਨੋਇਡਾ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਪਹਿਲੇ ਪੜਾਅ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਹਵਾਈ ਅੱਡੇ ਦੇ ਕੰਪਲੈਕਸ ਦਾ ਨਿਰੀਖਣ ਕੀਤਾ। ਉਨ੍ਹਾਂ ਦੇ ਨਾਲ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਅਤੇ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਕਿੰਜਰਾਪੂ ਰਾਮ ਮੋਹਨ ਨਾਇਡੂ ਵੀ ਸਨ। ਉਦਘਾਟਨ ਤੋਂ ਪਹਿਲਾਂ ਮੁੱਖ ਮੰਤਰੀ ਯੋਗੀ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਭਗਵਾਨ (ਬਾਕੀ ਸਫ਼ਾ 2 'ਤੇ)

### ਪੱਛਮੀ ਏਸ਼ੀਆ ਮੁੱਦੇ 'ਤੇ ਗੱਲਬਾਤ ਸਿਰਫ਼ ਮੋਦੀ ਤੇ ਟਰੰਪ ਵਿਚਾਲੇ ਸੀ: ਵਿਦੇਸ਼ ਮੰਤਰਾਲਾ

ਨਵੀਂ ਦਿੱਲੀ, 28 ਮਾਰਚ (ਚ.ਨ.ਸ.):ਪੱਛਮੀ ਏਸ਼ੀਆ 'ਚ ਜੰਗ ਵਿਚਾਲੇ 24 ਮਾਰਚ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵਿਚਾਲੇ ਫੋਨ 'ਤੇ ਗੱਲ ਹੋਈ ਸੀ। ਇਸ ਫੋਨ ਨੂੰ ਲੈ ਕੇ ਸ਼ੁੱਕਰਵਾਰ ਨੂੰ ਅਜਿਹੀਆਂ ਖਬਰਾਂ ਸਾਹਮਣੇ ਆਈਆਂ ਕਿ ਗੱਲਬਾਤ 'ਚ ਏਲਨ ਮਸਕ ਵੀ ਮੌਜੂਦ ਸਨ। ਭਾਰਤੀ ਵਿਦੇਸ਼ ਮੰਤਰਾਲਾ ਨੇ ਇਸ 'ਤੇ ਪ੍ਰਤੀਕਿਰਿਆ ਦਿੱਤੀ ਹੈ। ਵਿਦੇਸ਼ ਮੰਤਰਾਲਾ ਦੇ ਬੁਲਾਰੇ ਨੇ ਇਸ ਬਾਰੇ ਸ਼ਨੀਵਾਰ ਨੂੰ ਕਿਹਾ, "ਅਸੀਂ ਪੂਰੀ ਰਿਪੋਰਟ ਦੇਖੀ ਹੈ।

24 ਮਾਰਚ ਨੂੰ ਹੋਈ ਟੈਲੀਫੋਨ ਗੱਲਬਾਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰਾਸ਼ਟਰਪਤੀ ਡੋਨਾਲਡ ਟਰੰਪ ਵਿਚਾਲੇ ਹੀ ਹੋਈ ਸੀ।" ਦੋਵਾਂ ਨੇਤਾਵਾਂ ਦੀ ਇਸ ਗੱਲਬਾਤ ਬਾਰੇ ਬੁਲਾਰੇ ਨੇ ਕਿਹਾ, "ਜਿਵੇਂ ਕਿ ਪਹਿਲਾਂ ਵੀ ਕਿਹਾ ਜਾ ਚੁੱਕਿਆ ਹੈ, ਇਸ ਨਾਲ ਪੱਛਮੀ ਏਸ਼ੀਆ ਦੀ ਸਥਿਤੀ 'ਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਦਾ ਮੌਕਾ ਮਿਲਿਆ।"

## ਹੁਣ ਮੋਦੀ ਲਈ ਅੱਗੇ ਵਧ ਕੇ ਅਸਲ 'ਚ 'ਜੰਗ ਰੋਕਣ' ਦੀ ਜ਼ਿੰਮੇਵਾਰੀ ਲੈਣ ਦਾ ਸਮਾਂ ਆ ਗਿਐ: ਮਾਨ

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 28 ਮਾਰਚ:ਖਾੜੀ ਦੇਸਾਂ ਵਿੱਚ ਵੱਧ ਰਹੇ ਵਿਸ਼ਵਵਿਆਪੀ ਤਣਾਅ ਅਤੇ ਮੁੱਖ ਸਮੁੰਦਰੀ ਮਾਰਗਾਂ ਵਿੱਚ ਰੁਕਾਵਟ ਕਾਰਨ ਬਾਜ਼ਾਰਾਂ ਵਿੱਚ ਪੈਦਾ ਹੋਣ ਵਾਲੀ ਅਸਥਿਰਤਾ ਦੇ ਮੱਦੇਨਜ਼ਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਨੂੰ ਫੈਸਲਾਕੁੰਨ ਕਦਮ ਚੁੱਕਣ ਦੀ ਅਪੀਲ ਕੀਤੀ। ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਜ਼ਿੰਮੇਵਾਰੀ ਉਠਾਉਣ ਅਤੇ ਦੇਸ਼ ਦੀ ਆਰਥਿਕ ਤੇ ਊਰਜਾ ਸੁਰੱਖਿਆ ਦੀ ਰਾਖੀ ਲਈ ਭਾਰਤ ਦੇ ਵਿਸ਼ਵਵਿਆਪੀ ਸਬੰਧਾਂ ਦਾ ਲਾਭ ਉਠਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਵਿਸ਼ਵਗੁਰੂ ਬਣਨ ਦੀ ਗੱਲ ਕਰਦੇ ਹਨ ਪਰ ਜੇਕਰ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਕਦਮ ਨਹੀਂ ਚੁੱਕੇ ਗਏ ਤਾਂ ਮੌਜੂਦਾ ਹਾਲਾਤ ਦੇਸ਼ ਨੂੰ "ਵਿਸ਼ਵਚੇਲਾ" ਬਣਾਉਣ ਦਾ ਖਤਰਾ ਪੈਦਾ ਕਰ ਸਕਦੇ ਹਨ।

ਪ੍ਰਧਾਨ ਮੰਤਰੀ ਵੱਲੋਂ ਮੁੱਖ ਮੰਤਰੀਆਂ ਨਾਲ



ਬੁਲਾਈ ਗਈ ਹਾਲ ਹੀ ਵਿੱਚ ਹੋਈ ਵਰਚੁਅਲ ਮੀਟਿੰਗ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਖਾੜੀ ਮੁਲਕਾਂ ਵਿੱਚ ਜੰਗ ਵਰਗੀ ਸਥਿਤੀ ਨੇ ਦੁਨੀਆਂ ਭਰ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਮੁੱਖ ਸਮੁੰਦਰੀ ਮਾਰਗਾਂ 'ਚ ਵਿਘਨ ਵਿਸ਼ਵ ਭਰ ਦੇ ਵਪਾਰ ਅਤੇ ਸਪਲਾਈ ਚੇਨਾਂ ਵਿੱਚ ਇੱਕ ਵੱਡੀ ਰੁਕਾਵਟ ਵਜੋਂ ਉੱਭਰ ਰਿਹਾ ਹੈ। ਉਨ੍ਹਾਂ ਕਿਹਾ ਕਿ ਮੀਟਿੰਗ ਦੌਰਾਨ ਹਰੇਕ ਰਾਜ ਨੇ ਆਪਣੀਆਂ ਚਿੰਤਾਵਾਂ ਨੂੰ ਵਿਸਥਾਰ ਵਿੱਚ ਪੇਸ਼ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਜਿੱਥੇ ਕੁਝ ਰਾਜ ਮਾਈਨਿੰਗ ਜਾਂ ਤੱਟਵਰਤੀ ਵਪਾਰ 'ਤੇ ਨਿਰਭਰ ਹਨ, ਪੰਜਾਬ ਦੀ ਆਰਥਿਕਤਾ ਖੇਤੀਬਾੜੀ, ਉਦਯੋਗ ਅਤੇ ਇਸਦੀ ਸਰਹੱਦੀ ਸਥਿਤੀ ਨਾਲ ਨੇੜਿਓਂ ਜੁੜੀ ਹੋਈ ਹੈ। ਸਥਿਤੀ ਦੀ ਗੰਭੀਰਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਇਹੀ ਸਮਾਂ ਹੈ ਜਦੋਂ ਪ੍ਰਧਾਨ ਮੰਤਰੀ ਨੂੰ ਅੱਗੇ ਹੋ ਕੇ ਜੰਗ ਰੋਕਣ ਵਿੱਚ ਜ਼ਿੰਮੇਵਾਰ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੇ ਵੱਖ-ਵੱਖ ਦੇਸ਼ਾਂ ਨਾਲ ਸਾਂਝੇ ਕੀਤੇ ਜਾਂਦੇ ਮਜ਼ਬੂਤ ਸਬੰਧਾਂ ਨੂੰ ਹੁਣ 140 ਕਰੋੜ ਭਾਰਤੀਆਂ ਦੇ ਹਿੱਤ ਵਿੱਚ ਵਰਤਿਆ ਜਾਣਾ ਚਾਹੀਦਾ ਹੈ। ਪੰਜਾਬ ਦੀਆਂ ਚਿੰਤਾਵਾਂ, ਖਾਸ ਕਰ ਮੌਜੂਦਾ ਕਣਕ ਖਰੀਦ ਸੀਜ਼ਨ ਨਾਲ ਸਬੰਧਤ ਮੁੱਦੇ ਉਠਾਉਂਦਿਆਂ ਮੁੱਖ ਮੰਤਰੀ ਨੇ ਅੱਗੇ ਕਿਹਾ ਜਿਵੇਂ ਹੀ (ਬਾਕੀ ਸਫ਼ਾ 2 'ਤੇ)

## ਏ.ਆਈ. ਨਾਲ ਤਿਆਰ ਕੀਤੇ ਫਰਜ਼ੀ ਫ਼ੈਸਲੇ ਦੁਨੀਆਂ ਭਰ ਲਈ ਖ਼ਤਰਾ: ਸੁਪਰੀਮ ਕੋਰਟ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 28 ਮਾਰਚ: ਏ.ਆਈ. ਨਾਲ ਤਿਆਰ ਕੀਤੇ ਗਏ ਫਰਜ਼ੀ ਫੈਸਲਿਆਂ ਕਾਰਨ ਅਦਾਲਤਾਂ ਲਈ ਖੜੀਆਂ ਹੋ ਰਹੀਆਂ ਸਮੱਸਿਆਵਾਂ ਉੱਤੇ ਚਿੰਤਾ ਪ੍ਰਗਟ ਕਰਦਿਆਂ ਸੁਪਰੀਮ ਕੋਰਟ ਨੇ ਮੁਕੱਦਮਾ ਲੜਨ ਵਾਲਿਆਂ ਨੂੰ ਇਸ ਪ੍ਰਤੀ ਸਾਵਧਾਨ ਰਹਿਣ ਲਈ ਕਿਹਾ ਹੈ। ਜੱਜ ਰਾਜੇਸ਼ ਬਿੰਦਲ ਅਤੇ ਵਿਜੇ ਬਿਸ਼ਨੋਈ ਦੀ ਬੈਂਚ ਨੇ ਕਿਹਾ, 'ਸੱਚਾਈ ਇਹ ਹੈ ਕਿ ਇਹ ਖ਼ਤਰਾ (ਏ.ਆਈ. ਵੱਲੋਂ ਤਿਆਰ ਕੀਤੇ ਗਏ ਫਰਜ਼ੀ ਫੈਸਲਿਆਂ ਦਾ) ਹੁਣ



ਸਾਰੀਆਂ ਅਦਾਲਤਾਂ ਵਿੱਚ ਫੈਲ ਗਿਆ ਹੈ, ਨਾ ਕੇਵਲ ਭਾਰਤ ਵਿੱਚ, ਸਗੋਂ ਦੁਨੀਆਂ ਭਰ ਵਿੱਚ। ਸਾਰਿਆਂ ਨੂੰ ਇਸ ਬਾਰੇ ਸਾਵਧਾਨ ਰਹਿਣ ਦੀ ਲੋੜ ਹੈ।' ਬੰਬੇ ਹਾਈ ਕੋਰਟ ਨੇ 7 ਜਨਵਰੀ ਨੂੰ ਕਿਹਾ ਸੀ ਕਿ ਪਟੀਸ਼ਨਰ ਦੀਆਂ ਦਲੀਲਾਂ ਚੈਟ ਜੀਪੀਟੀ ਦੀ ਵਰਤੋਂ ਕਰਕੇ ਤਿਆਰ ਕੀਤੀਆਂ (ਬਾਕੀ ਸਫ਼ਾ 2 'ਤੇ)

## ਕੇਜਰੀਵਾਲ ਅਤੇ ਮਾਨ ਵੱਲੋਂ 109 ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ

### ਜਨਤਕ ਸਿਹਤ ਸੰਭਾਲ ਮਾਡਲ ਦਾ ਵੱਡੇ ਪੱਧਰ 'ਤੇ ਵਿਸਥਾਰ ਹੋਇਆ: ਕੇਜਰੀਵਾਲ

ਹਰਪ੍ਰੀਤ ਕੌਰ ਟਿਵਾਣਾ, ਨਰਿੰਦਰ ਸਿੰਘ, ਭੂਸ਼ਨ ਸੂਦ, ਰਾਜੀਵ ਤਿਵਾੜੀ
================

ਫਤਿਹਗੜ੍ਹ ਸਾਹਿਬ, 28 ਮਾਰਚ: ਪੰਜਾਬ ਵਿੱਚ ਆਪਣੇ ਪ੍ਰਮੁੱਖ ਸਿਹਤ ਸੰਭਾਲ ਮਾਡਲ ਨੂੰ ਵੱਡਾ ਹੁਲਾਰਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ (ਆਪ) ਦੀ ਪੰਜਾਬ ਸਰਕਾਰ ਨੇ ਅੱਜ 109 ਨਵੇਂ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ, ਜਿਸ ਨਾਲ ਰਾਜ ਵਿੱਚ ਅਜਿਹੇ ਕਲੀਨਿਕਾਂ ਦੀ ਕੁੱਲ ਗਿਣਤੀ ਚਾਰ ਸਾਲਾਂ ਦੇ ਅੰਦਰ 990 ਹੋ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਅਜਿਹੇ 400 ਹੋਰ



ਕਲੀਨਿਕ ਵੀ ਖੋਲ੍ਹੇ ਜਾਣਗੇ। ਆਪਣੀ ਸਰਕਾਰ ਦੇ ਸਿਹਤ ਮਾਡਲ ਨੂੰ ਜਨਤਕ ਸਿਹਤ ਸੰਭਾਲ ਢਾਂਚੇ ਦੇ ਵੱਡੇ ਪੱਧਰ 'ਤੇ ਵਿਸਥਾਰ ਵਜੋਂ ਪੇਸ਼ ਕਰਦਿਆਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਕਲੀਨਿਕ 107 ਦਵਾਈਆਂ ਅਤੇ 47 ਡਾਇਗਨੌਸਟਿਕ ਟੈਸਟ ਪੂਰੀ ਤਰ੍ਹਾਂ ਮੁਫ਼ਤ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਨਾਲ ਹੀ ਕਿਹਾ ਕਿ ਇਸ ਸਿਹਤ ਨੈੱਟਵਰਕ ਤਹਿਤ ਹੁਣ ਤੱਕ ਤਕਰੀਬਨ 5 ਕਰੋੜ ਓ.ਪੀ.ਡੀ. ਵਿਜ਼ਿਟ ਦਰਜ ਕੀਤੀਆਂ ਗਈਆਂ ਹਨ।

'ਆਪ' ਸੁਪਰੀਮੋ ਨੇ ਸਾਂਝਾ ਕੀਤਾ ਕਿ ਸਰਕਾਰ 65 ਲੱਖ (ਬਾਕੀ ਸਫ਼ਾ 2 'ਤੇ)

## ਮੋਦੀ 'ਚ ਇਜ਼ਰਾਈਲ ਦਾ ਵਿਰੋਧ ਕਰਨ ਦੀ ਹਿੰਮਤ ਨਹੀਂ: ਕਾਂਗਰਸ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 28 ਮਾਰਚ: ਕਾਂਗਰਸ ਨੇ ਸ਼ਨੀਵਾਰ ਨੂੰ ਦਾਅਵਾ ਕੀਤਾ ਕਿ ਇਜ਼ਰਾਈਲ ਪੱਛਮੀ ਏਸ਼ੀਆ ਦੀ ਜੰਗ ਦੀ ਆੜ ਵਿੱਚ ਆਪਣੇ 'ਗ੍ਰੇਟਰ ਇਜ਼ਰਾਈਲ' ਦੇ ਵਿਜ਼ਨ 'ਤੇ ਅੱਗੇ ਵਧ ਰਿਹਾ ਹੈ, ਜਿਸ ਨਾਲ ਫਿਲਸਤੀਨੀ ਰਾਜ ਦੀ ਕਿਸੇ ਵੀ ਉਮੀਦ ਨੂੰ ਖਤਮ ਕੀਤਾ ਜਾ ਰਿਹਾ ਹੈ। ਪਾਰਟੀ ਨੇ ਪੱਛਮੀ ਕੰਢੇ ਵਿੱਚ ਇਜ਼ਰਾਈਲ ਦੀਆਂ ਕਾਰਵਾਈਆਂ ਵਿਰੁੱਧ ਆਵਾਜ਼ ਨਾ ਉਠਾਉਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਖ਼ਤ ਨਿੰਦਾ ਕੀਤੀ।ਕਾਂਗਰਸ ਦੇ ਜਨਰਲ ਸਕੱਤਰ (ਸੰਚਾਰ) ਜੈਰਾਮ ਰਮੇਸ਼ ਨੇ ਕਿਹਾ



ਕਿ ਅਮਰੀਕਾ-ਇਜ਼ਰਾਈਲ ਦੁਆਰਾ ਈਰਾਨ 'ਤੇ ਕੀਤੇ ਗਏ ਹਵਾਈ ਹਮਲਿਆਂ ਅਤੇ ਈਰਾਨ ਦੀ ਜਵਾਬੀ ਕਾਰਵਾਈ ਨੂੰ ਸ਼ੁਰੂ ਹੋਇਆਂ 28 ਦਿਨ ਹੋ ਗਏ ਹਨ। ਰਮੇਸ਼ ਨੇ 'ਐਕਸ' 'ਤੇ ਲਿਖਿਆ, 'ਪਿਛਲੇ ਚਾਰ ਹਫ਼ਤਿਆਂ ਵਿੱਚ, ਜਦੋਂ ਕਿ ਦੁਨੀਆਂ ਦੀ ਨਜ਼ਰ ਸਟ੍ਰੇਟ ਆਫ ਹੋਰਮੁਜ਼ ਅਤੇ ਖਾੜੀ ਦੇਸ਼ਾਂ ਦੇ ਊਰਜਾ ਬੁਨਿਆਦੀ ਢਾਂਚੇ 'ਤੇ ਟਿਕੀ ਹੋਈ ਹੈ, (ਬਾਕੀ ਸਫ਼ਾ 2 'ਤੇ)

## ਸ਼੍ਰੋਮਣੀ ਕਮੇਟੀ ਵੱਲੋਂ 1487.41 ਕਰੋੜ ਦਾ ਬਜਟ ਪਾਸ

ਗੁਰਦਿਆਲ ਸਿੰਘ
================

ਅੰਮ੍ਰਿਤਸਰ ,28 ਮਾਰਚ: ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਲ 2026-27 ਲਈ ਬਜਟ ਪਾਸ ਕਰ ਦਿੱਤਾ ਗਿਆ ਹੈ। ਬਜਟ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ ਵੱਲੋਂ ਬਜਟ ਪੇਸ਼ ਕੀਤਾ ਗਿਆ, ਜੋ ਜੈਕਾਰਿਆਂ ਦੀ ਗੂੰਜ ਦੇ ਨਾਲ ਪਾਸ ਹੋ ਗਿਆ। ਇਸ ਸਾਲ ਕਮੇਟੀ ਵੱਲੋਂ 1487.41 ਕਰੋੜ ਰੁਪਏ ਦਾ ਬਜਟ ਪਾਸ ਕੀਤਾ ਗਿਆ ਹੈ। ਪਿਛਲੇ ਸਾਲ ਨਾਲੋਂ ਬਜਟ ਵਿਚ 100.94 ਕਰੋੜ ਰੁਪਏ, ਯਾਨੀ 7.28 ਫ਼ੀਸਦੀ ਦਾ ਵਾਧਾ ਕੀਤਾ ਗਿਆ ਹੈ। ਬਜਟ ਇਜਲਾਸ ਦੌਰਾਨ ਬੇਅਦਬੀਆਂ ਵਿਰੋਧੀ ਕਾਨੂੰਨ, ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਦੀਆਂ ਸਮੱਸਿਆਵਾਂ ਨੂੰ ਨਜਿੱਠਣ ਲਈ ਭਾਰਤ ਸਰਕਾਰ ਨੂੰ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕਣ, ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ) ਦਾ ਲਾਂਘਾ ਪਹਿਲਾਂ ਦੀ ਤਰ੍ਹਾਂ ਤੁਰੰਤ ਚਾਲੂ ਕੀਤੇ ਜਾਣ ਦੀ ਮੰਗ, ਏਆਈ ਦੀ ਦੁਰਵਰਤੋਂ ਅਤੇ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਵੀ ਮਤੇ ਪਾਸ ਕੀਤੇ ਗਏ।

### ਸਿੱਖ ਮਾਮਲਿਆਂ ਬਾਰੇ ਕਈ ਮਤੇ ਪਾਸ

ਅੰਮ੍ਰਿਤਸਰ, 28 ਮਾਰਚ (ਗੁਰਦਿਆਲ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਲਾਨਾ ਬਜਟ ਇਜਲਾਸ ਦੌਰਾਨ ਕਈ ਅਹਿਮ ਮਤਿਆਂ ਨੂੰ ਪ੍ਰਵਾਨਗੀ ਦਿੱਤੀ ਗਈ। ਇਨ੍ਹਾਂ ਵਿਚ ਸਿੱਖਾਂ ਦੀ ਮੌਲਿਕ ਤੇ ਅੱਡਰੀ ਪਛਾਣ ਨੂੰ ਰਲਗੱਡ ਕਰਨ ਦੀਆਂ ਹੋ ਰਹੀਆਂ ਕੋਸ਼ਿਸ਼ਾਂ ਪ੍ਰਤੀ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਅਜਿਹੀਆਂ ਚਾਲਾਂ ਵਿਰੁੱਧ ਇਕਜੁਟ (ਬਾਕੀ ਸਫ਼ਾ 2 'ਤੇ)

### ਪੰਜਾਬ ਦੇ ਸਾਬਕਾ ਮੰਤਰੀ ਲਾਲ ਸਿੰਘ ਦਾ ਦੇਹਾਂਤ



ਦੇਵੀਗੜ੍ਹ, 28 ਮਾਰਚ (ਗੁਰਜੀਤ ਸਿੰਘ ਢੋਟ): ਪੰਜਾਬ ਕਾਂਗਰਸ ਦੇ ਸੀਨੀਅਰ ਆਗੂ, ਸਾਬਕਾ ਮੰਤਰੀ ਲਾਲ ਸਿੰਘ (82) ਅੱਜ ਅਕਾਲ ਚਲਾਣਾ ਕਰ ਗਏ। ਉਨ੍ਹਾਂ ਨੇ ਮੋਹਾਲੀ ਦੇ ਮੈਕਸ ਹਸਪਤਾਲ ਵਿਚ ਆਖਰੀ ਸਾਹ ਲਏ, ਜਿੱਥੇ ਉਹ ਪਿਛਲੇ ਕੁਝ ਦਿਨਾਂ ਤੋਂ ਜ਼ੇਰੇ ਇਲਾਜ ਸਨ। ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਨਾਲ ਸਿਆਸੀ ਜਗਤ ਵਿਚ ਸੋਗ ਦੀ ਲਹਿਰ ਦੌੜ ਗਈ ਹੈ। ਸਰਦਾਰ ਲਾਲ ਸਿੰਘ ਪੰਜਾਬ ਕਾਂਗਰਸ ਦੇ ਉਨ੍ਹਾਂ ਵੱਡੇ ਆਗੂਆਂ ਵਿਚੋਂ ਸਨ, ਜਿਹੜੇ ਪਿਛਲੇ 40 ਸਾਲ ਤੋਂ ਪੰਜਾਬ ਦੀ ਸਿਆਸਤ ਵਿਚ ਛਾਏ ਰਹੇ। (ਬਾਕੀ ਸਫ਼ਾ 2 'ਤੇ)

### ਫ਼ੌਜ ਨੂੰ 2000 ਪ੍ਰਹਾਰ ਮਸ਼ੀਨ ਗੰਨਾਂ ਦੀ ਪਹਿਲੀ ਖੇਪ ਸੌਂਪੀ

ਗਵਾਲੀਅਰ, 28 ਮਾਰਚ (ਚ.ਨ.ਸ.):ਦੇਸ਼ ਦੀ ਇਕ ਰੱਖਿਆ ਕੰਪਨੀ ਨੇ ਸ਼ਨੀਵਾਰ ਨੂੰ 'ਮੇਕ ਇਨ ਇੰਡੀਆ' ਪਹਿਲ ਦੇ ਅਧੀਨ ਤਿਆਰ 2,000 'ਪ੍ਰਹਾਰ' ਲਾਈਟ ਮਸ਼ੀਨ ਗਨ (ਐੱਲ.ਐੱਮ.ਜੀ.) ਦੀ ਪਹਿਲੀ ਖੇਪ ਭਾਰਤੀ ਫ਼ੌਜ ਨੂੰ ਸੌਂਪ ਦਿੱਤੀ। 'ਪ੍ਰਹਾਰ' ਨਾਮੀ ਇਹ ਐੱਲ.ਐੱਮ.ਜੀ. 7.62 ਐੱਮਐੱਮ ਕੈਲਿਬਰ ਦੀ ਹੈ, ਜਿਸ ਨੂੰ 'ਅਡਾਨੀ ਡਿਫੈਂਸ ਐਂਡ ਏਰੋਸਪੇਸ' ਵਲੋਂ ਗਵਾਲੀਅਰ ਦੇ ਬਾਹਰੀ ਖੇਤਰ ਸਥਿਤ ਇਸ ਦੇ ਲਘੂ ਹਥਿਆਰ ਕੰਪਲੈਕਸ 'ਚ ਬਣਾਇਆ ਗਿਆ ਹੈ। ਫ਼ੌਜ ਨੂੰ ਐੱਲ.ਐੱਮ.ਜੀ. (ਬਾਕੀ ਸਫ਼ਾ 2 'ਤੇ)

### ਭਾਰਤ ਸਭ ਤੋਂ ਵੱਧ ਜਣੇਪਾ ਮੌਤਾਂ ਵਾਲੇ ਦੇਸ਼ਾਂ 'ਚ ਸ਼ਾਮਲ

ਨਵੀਂ ਦਿੱਲੀ, 28 ਮਾਰਚ (ਚ.ਨ.ਸ.): 'ਦ ਲੈਂਸੇਟ ਓਬਸਟੈਟ੍ਰਿਕਸ, ਗਾਇਨੀਕੋਲੋਜੀ, ਐਂਡ ਵੂਮੈਨਜ਼ ਹੈਲਥ' ਜਰਨਲ ਵਿੱਚ ਪ੍ਰਕਾਸ਼ਿਤ ਇੱਕ ਨਵੇਂ ਵਿਸ਼ਵ ਪੱਧਰੀ ਵਿਸ਼ਲੇਸ਼ਣ ਅਨੁਸਾਰ ਭਾਰਤ 2023 ਵਿੱਚ 24,700 ਜਣੇਪਾ ਮੌਤਾਂ ਦੇ ਨਾਲ ਦੱਖਣੀ ਏਸ਼ੀਆ ਅਤੇ ਉਪ-ਸਹਾਰਾ ਅਫਰੀਕਾ ਦੇ ਉਨ੍ਹਾਂ ਦੇਸ਼ਾਂ ਵਿੱਚ ਸ਼ਾਮਲ ਸੀ ਜਿੱਥੇ ਜਣੇਪਾ ਮੌਤਾਂ ਦੀ ਗਿਣਤੀ ਸਭ ਤੋਂ ਵੱਧ ਸੀ। ਇਸ ਸੰਖਿਆ ਪ੍ਰਤੀ ਇੱਕ ਲੱਖ ਜੀਵਿਤ ਜਨਮਾਂ ਪਿੱਛੇ 116 ਦੀ ਮੌਤ ਦਰ (ਮੈਟਰਨਲ ਮੋਰਟੈਲਿਟੀ ਰੇਸ਼ੋ-ਐੱਮ.ਐੱਮ.ਆਰ.) ਦੇ ਬਰਾਬਰ ਹੈ। ਅੰਦਾਜ਼ੇ ਦੱਸਦੇ ਹਨ ਕਿ ਉਸੇ ਸਾਲ ਪਾਕਿਸਤਾਨ ਵਿੱਚ ਕੁੱਲ 10,300 ਜਣੇਪਾ ਮੌਤਾਂ ਹੋਈਆਂ, ਜਦੋਂ ਕਿ ਅਫਰੀਕੀ ਦੇਸ਼ਾਂ ਇਥੋਪੀਆ ਅਤੇ ਨਾਈਜੀਰੀਆ (ਬਾਕੀ ਸਫ਼ਾ 2 'ਤੇ)









# ਪਹਿਲੇ ਸਫ਼ੇ ਦੀ ਬਾਕੀ

## ਸੋਨਾ ਦੋ ਦਿਨਾਂ 'ਚ 39,800 ਰੁ.

ਵਿੱਚ 36,500 ਰੁਪਏ ਦਾ ਉਛਾਲ ਆਇਆ ਹੈ।

24 ਕੈਰੇਟ ਸੋਨਾ: ਸ਼ੁੱਧ ਸੋਨੇ ਦੀਆਂ ਕੀਮਤਾਂ ਨੂੰ ਲੱਗੀ ਅੱਗ:

ਸਭ ਤੋਂ ਸ਼ੁੱਧ ਮੰਨੇ ਜਾਣ ਵਾਲੇ 24 ਕੈਰੇਟ ਸੋਨੇ ਦੀ ਚਮਕ ਅੱਜ ਹੋਰ ਵਧ ਗਈ ਹੈ। ਕੱਲ੍ਹ ਦੇ ਮੁਕਾਬਲੇ ਇਸ ਵਿੱਚ 22 ਰੁਪਏ ਪ੍ਰਤੀ ਗ੍ਰਾਮ ਦਾ ਵਾਧਾ ਦੇਖਿਆ ਗਿਆ ਹੈ, ਜਿਸ ਨਾਲ ਹੁਣ 1 ਗ੍ਰਾਮ ਦੀ ਕੀਮਤ 14,689 ਰੁਪਏ ਹੋ ਗਈ ਹੈ। ਜੇਕਰ ਤੁਸੀਂ 10 ਗ੍ਰਾਮ ਸੋਨਾ ਖਰੀਦਦੇ ਹੋ, ਤਾਂ ਤੁਹਾਨੂੰ 1,46,890 ਰੁਪਏ ਖਰਚ ਕਰਨੇ ਪੈਣਗੇ, ਜੋ ਕੱਲ੍ਹ ਦੀ ਤੁਲਨਾ ਵਿੱਚ 220 ਰੁਪਏ ਜ਼ਿਆਦਾ ਹੈ। ਵੱਡੇ ਨਿਵੇਸ਼ਕਾਂ ਲਈ 100 ਗ੍ਰਾਮ ਦੀ ਕੀਮਤ ਹੁਣ 14,68,900 ਰੁਪਏ ਤੱਕ ਜਾ ਪਹੁੰਚੀ ਹੈ।

22 ਕੈਰੇਟ ਸੋਨਾ: ਗਹਿਣਿਆਂ ਵਾਲਾ ਸੋਨਾ ਵੀ ਹੋਇਆ ਮਹਿੰਗਾ

ਜ਼ਿਆਦਾਤਰ ਜਵੈਲਰੀ ਬਣਾਉਣ ਦੇ ਕੰਮ ਆਉਣ ਵਾਲਾ 22 ਕੈਰੇਟ ਸੋਨਾ ਵੀ ਪਿੱਛੇ ਨਹੀਂ ਹੈ। ਇਸ ਦੀਆਂ ਕੀਮਤਾਂ ਵਿੱਚ 20 ਰੁਪਏ ਪ੍ਰਤੀ ਗ੍ਰਾਮ ਦਾ ਇਜ਼ਾਫਾ ਹੋਇਆ ਹੈ, ਜਿਸ ਨਾਲ ਅੱਜ ਦਾ ਭਾਅ 13,465 ਰੁਪਏ ਪ੍ਰਤੀ ਗ੍ਰਾਮ ਹੈ। 8 ਗ੍ਰਾਮ ਦੀ ਗਿੰਨੀ ਲਈ ਹੁਣ ਤੁਹਾਨੂੰ 1,07,720 ਰੁਪਏ ਦੇਣੇ ਪੈਣਗੇ, ਜਦਕਿ 10 ਗ੍ਰਾਮ ਦਾ ਰੇਟ 200 ਰੁਪਏ ਦੇ ਉਛਾਲ ਨਾਲ 1,34,650 ਰੁਪਏ ਹੋ ਗਿਆ ਹੈ।

18 ਕੈਰੇਟ ਸੋਨਾ: ਘੱਟ ਬਜਟ ਵਾਲੇ ਹਿੱਸੇ ਵਿੱਚ ਵੀ ਤੇਜ਼ੀ

18 ਕੈਰੇਟ ਸੋਨੇ ਦੇ ਰੇਟ ਵਿੱਚ ਵੀ ਅੱਜ ਵਾਧਾ ਦਰਜ ਕੀਤਾ ਗਿਆ। ਇਸ ਵਿੱਚ 16 ਰੁਪਏ ਪ੍ਰਤੀ ਗ੍ਰਾਮ ਦਾ ਵਾਧਾ ਹੋਇਆ ਹੈ, ਜਿਸ ਨਾਲ 1 ਗ੍ਰਾਮ ਦੀ ਕੀਮਤ ਹੁਣ 11,017 ਰੁਪਏ ਹੈ। 10 ਗ੍ਰਾਮ ਸੋਨੇ ਲਈ ਗਾਹਕਾਂ ਨੂੰ 1,10,170 ਰੁਪਏ ਚੁਕਾਉਣੇ ਪੈਣਗੇ, ਜੋ ਪਿਛਲੇ ਸੈਸ਼ਨ ਦੇ ਮੁਕਾਬਲੇ 160 ਰੁਪਏ ਵੱਧ ਹੈ।

ਕੀਮਤਾਂ ਵਧਣ ਦਾ ਮੁੱਖ ਕਾਰਨ: ਗਲੋਬਲ ਤਣਾਅ

ਸੋਨੇ ਦੀਆਂ ਵਧਦੀਆਂ ਕੀਮਤਾਂ ਪਿੱਛੇ ਮੁੱਖ ਕਾਰਨ ਅਮਰੀਕਾ ਅਤੇ ਈਰਾਨ ਵਿਚਾਲੇ ਵਧਦਾ ਭੂ-ਰਾਜਨੀਤਿਕ ਤਣਾਅ ਹੈ। ਈਰਾਨ ਨੇ 'ਹੋਰਮੁਜ਼ ਜਲਡਮਰੂ' 'ਤੇ ਆਪਣੇ ਪੂਰਨ ਕੰਟਰੋਲ ਦੀ ਸ਼ਰਤ ਰੱਖ ਦਿੱਤੀ ਹੈ, ਜੋ ਕਿ ਵਿਸ਼ਵ ਤੇਲ ਵਪਾਰ ਲਈ ਸਭ ਤੋਂ ਮਹੱਤਵਪੂਰਨ ਰਸਤਾ ਹੈ। ਦੁਨੀਆਂ ਦਾ 20 ਫੀਸਦੀ ਕੱਚਾ ਤੇਲ ਇਸੇ ਰਸਤੇ ਤੋਂ ਗੁਜ਼ਰਦਾ ਹੈ, ਇਸ ਲਈ ਉੱਥੇ ਤਣਾਅ ਵਧਣ ਨਾਲ ਵਿਸ਼ਵ ਅਰਥਵਿਵਸਥਾ ਅਤੇ ਸ਼ੇਅਰ ਬਾਜ਼ਾਰਾਂ ਵਿੱਚ ਘਬਰਾਹਟ ਹੈ, ਜਿਸਦਾ ਸਿੱਧਾ ਅਸਰ ਸੋਨੇ ਦੀਆਂ ਕੀਮਤਾਂ 'ਚ ਉਛਾਲ ਦੇ ਰੂਪ ਵਿੱਚ ਦਿਖ ਰਿਹਾ ਹੈ।

ਚਾਂਦੀ ਦੀਆਂ ਕੀਮਤਾਂ ਵਿੱਚ ਵੱਡਾ ਉਲਟਫੇਰ

ਜਿੱਥੇ ਇੱਕ ਪਾਸੇ ਸੋਨਾ ਮਹਿੰਗਾ ਹੋ ਰਿਹਾ ਹੈ, ਉੱਥੇ ਹੀ ਭਾਰਤ ਵਿੱਚ ਅੱਜ ਚਾਂਦੀ ਦੀਆਂ ਕੀਮਤਾਂ ਵਿੱਚ 10,000 ਰੁਪਏ ਪ੍ਰਤੀ ਕਿਲੋ ਦੀ ਭਾਰੀ ਗਿਰਾਵਟ ਆਈ ਹੈ। ਫਿਲਹਾਲ ਬਾਜ਼ਾਰ ਵਿੱਚ ਚਾਂਦੀ 2,40,000 ਰੁਪਏ ਪ੍ਰਤੀ ਕਿਲੋਗ੍ਰਾਮ ਦੇ ਪੱਧਰ 'ਤੇ ਕਾਰੋਬਾਰ ਕਰ ਰਹੀ ਹੈ। ਸੋਨੇ ਦੀਆਂ ਵਧਦੀਆਂ ਕੀਮਤਾਂ ਅਤੇ ਚਾਂਦੀ ਦੀ ਇਸ ਵੱਡੀ ਗਿਰਾਵਟ ਨੇ ਖਰੀਦਦਾਰਾਂ ਅਤੇ ਨਿਵੇਸ਼ਕਾਂ ਨੂੰ ਹੈਰਾਨ ਕਰ ਦਿੱਤਾ ਹੈ।

## ਹੁਣ ਮੋਦੀ ਲਈ ਅੱਗੇ ਵੱਧ ਕੇ ਅਸਲ 'ਚ

ਮੰਡੀਆਂ ਵਿੱਚ ਕਣਕ ਦੀ ਆਮਦ ਸ਼ੁਰੂ ਹੋਵੇਗੀ ਤਾਂ ਕੇਂਦਰ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਪੰਜਾਬ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਕੋਈ ਕਮੀ ਨਾ ਹੋਵੇ। ਬਾਲਣ ਸਪਲਾਈ ਵਿੱਚ ਕੋਈ ਵੀ ਵਿਘਨ ਸਿੱਧੇ ਤੌਰ 'ਤੇ ਕਿਸਾਨਾਂ, ਆਵਾਜਾਈ ਅਤੇ ਖਰੀਦ ਕਾਰਜਾਂ ਨੂੰ ਪ੍ਰਭਾਵਤ ਕਰੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਟਿੱਪਣੀ ਕੀਤੀ ਕਿ ਅਸੀਂ ਵਿਸ਼ਵਗੁਰੂ ਬਣਨ ਦੀ ਗੱਲ ਕਰਦੇ ਹਾਂ, ਪਰ ਜੋ ਅਸੀਂ ਦੇਖ ਰਹੇ ਹਾਂ, ਉਸ ਤੋਂ ਪਤਾ ਲੱਗਦਾ ਹੈ ਕਿ ਅਸੀਂ ਵਿਸ਼ਵਚੇਲਾ ਬਣ ਰਹੇ ਹਾਂ। ਇਹ ਭਾਰਤ ਲਈ ਆਪਣੀ ਵਿਸ਼ਵਵਿਆਪੀ ਸਥਿਤੀ ਨੂੰ ਠੋਸ ਕਾਰਵਾਈ ਵਿੱਚ ਬਦਲਣ ਦਾ ਸਮਾਂ ਹੈ ਜੋ ਆਪਣੇ ਲੋਕਾਂ ਦੀ ਰੱਖਿਆ ਕਰੇ। ਠੋਸ ਤਾਲਮੇਲ ਨਾਲ ਤੁਰੰਤ ਦਖ਼ਲ ਦੀ ਮੰਗ ਕਰਦੇ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਸਰਕਾਰ ਨੂੰ ਸਪਲਾਈ ਚੇਨਾਂ ਨੂੰ ਸਥਿਰ ਕਰਨ, ਨਿਰਵਿਘਨ ਬਾਲਣ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਅਤੇ ਦੇਸ਼ ਨੂੰ ਆਲਮੀ ਅਸਥਿਰਤਾ ਦੇ ਪ੍ਰਭਾਵ ਤੋਂ ਬਚਾਉਣ ਲਈ ਤੇਜ਼ੀ ਨਾਲ ਕਾਰਵਾਈ ਕਰਨੀ ਚਾਹੀਦੀ ਹੈ।

## ਜੇ ਇਥਾਨੌਲ-ਬਲੈਂਡਿੰਗ ਨਾ ਹੁੰਦੀ,

ਹੋਇਆ ਹੈ, ਜਦਕਿ ਕਿਸਾਨਾਂ ਨੂੰ ਖੁਦ ਵੀ ਇਨਾਮ ਮਿਲਿਆ ਹੈ। ਇਹ ਪੈਸਾ, ਜੋ ਬਚਾਇਆ ਗਿਆ ਹੈ, ਨਹੀਂ ਤਾਂ ਦੇਸ਼ ਤੋਂ ਬਾਹਰ ਜਾ ਸਕਦਾ ਸੀ।' ਇਹ ਬਿਆਨ ਪੱਛਮੀ ਏਸ਼ੀਆ ਦੇ ਸੰਘਰਸ਼ ਕਾਰਨ ਕੱਚੇ ਤੇਲ ਦੀਆਂ ਉੱਚੀਆਂ ਕੀਮਤਾਂ ਦੇ ਵਿਚਕਾਰ ਆਇਆ ਹੈ ਜਦਕਿ ਭਾਰਤ ਨੇ ਪੈਟਰੋਲ ਵਿੱਚ 20 ਫੀਸਦੀ ਐਥਨੌਲ ਮਿਲਾਉਣ ਦਾ ਆਪਣਾ ਟੀਚਾ ਪੰਜ ਸਾਲ ਪਹਿਲਾਂ ਹੀ ਪੂਰਾ ਕਰ ਲਿਆ ਹੈ। ਅਮਰੀਕਾ-ਇਜ਼ਰਾਈਲ ਅਤੇ ਈਰਾਨ ਵਿਚਕਾਰ ਸੰਘਰਸ਼ ਕਾਰਨ ਹੋਈ ਮਹਿੰਗਾਈ ਨੂੰ ਸਵੀਕਾਰ ਕਰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਕਦਮ ਚੁੱਕ ਰਹੀ ਹੈ ਕਿ ਇਸ ਸੰਕਟ ਦਾ ਬੋਝ ਜਨਤਾ 'ਤੇ ਨਾ ਪਵੇ।

## ਪੀ.ਐਮ. ਵੱਲੋਂ ਦੇਸ਼ ਦੇ ਸਭ ਤੋਂ ਵੱਡੇ ਹਵਾਈ

ਬੁੱਧ ਦਾ ਇੱਕ ਪਵਿੱਤਰ ਅਵਸ਼ੇਸ਼ ਭੇਟ ਕੀਤਾ।

ਹਵਾਈ ਅੱਡੇ ਦੇ ਪਹਿਲੇ ਪੜਾਅ ਦੇ ਉਦਘਾਟਨ ਮੌਕੇ ਇੱਕ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ, 'ਇਹ ਨੌਜਵਾਨਾਂ ਦੇ ਭਵਿੱਖ ਨੂੰ ਉਡਾਨ ਦੇਵੇਗਾ। ਨੋਇਡਾ ਦਾ ਇਹ ਹਵਾਈ ਅੱਡਾ ਆਗਰਾ, ਮਥੁਰਾ, ਅਲੀਗੜ੍ਹ, ਗਾਜ਼ੀਆਬਾਦ, ਮੇਰਠ, ਇਟਾਵਾ, ਬੁਲੰਦਸ਼ਹਿਰ ਅਤੇ ਫਰੀਦਾਬਾਦ ਵਰਗੇ ਖੇਤਰਾਂ ਨੂੰ ਬਹੁਤ ਲਾਭ ਪਹੁੰਚਾਏਗਾ। ਇਹ ਪੱਛਮੀ ਉੱਤਰ ਪ੍ਰਦੇਸ਼ ਦੇ ਕਿਸਾਨਾਂ, ਛੋਟੇ ਉਦਯੋਗਾਂ ਅਤੇ ਨੌਜਵਾਨਾਂ ਲਈ ਨਵੇਂ ਮੌਕੇ ਪੈਦਾ ਕਰੇਗਾ।' 'ਇਹ ਉਡਾਣਾਂ ਇਸ ਖੇਤਰ ਨੂੰ ਦੁਨੀਆਂ ਨਾਲ ਜੋੜਨਗੀਆਂ ਅਤੇ ਇਹ ਇੱਕ ਵਿਕਸਤ ਉੱਤਰ ਪ੍ਰਦੇਸ਼ ਦੇ ਉਭਾਰ ਦਾ ਪ੍ਰਤੀਕ ਵੀ ਹੋਵੇਗਾ। ਮੈਂ ਇਸ ਸ਼ਾਨਦਾਰ ਹਵਾਈ ਅੱਡੇ ਲਈ ਉੱਤਰ ਪ੍ਰਦੇਸ਼ ਦੇ ਲੋਕਾਂ, ਖਾਸ ਕਰਕੇ ਪੱਛਮੀ ਉੱਤਰ ਪ੍ਰਦੇਸ਼ ਦੇ ਲੋਕਾਂ ਨੂੰ ਵਧਾਈ ਦਿੰਦਾ ਹਾਂ।'

ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਉਦਘਾਟਨ ਮੌਕੇ ਇੱਕ ਜਨਤਕ ਇਕੱਠ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ, 'ਦੁਨੀਆਂ ਇਸ ਸਮੇਂ ਹਫੜਾ-ਦਫੜੀ ਵਿੱਚ ਹੈ। ਹਰ ਪਾਸੇ ਦਹਿਸ਼ਤ ਅਤੇ ਅਨਿਸ਼ਚਿਤਤਾ ਦਾ ਮਾਹੌਲ ਹੈ। ਵਿਸ਼ਵ ਪੱਧਰ 'ਤੇ, ਪੈਟਰੋਲੀਅਮ ਉਤਪਾਦਾਂ ਦੀਆਂ ਕੀਮਤਾਂ ਅਸਮਾਨ ਛੂਹ ਰਹੀਆਂ ਹਨ।' ਹਾਲਾਂਕਿ ਇੱਕ ਦੂਰਦਰਸ਼ੀ ਦ੍ਰਿਸ਼ਟੀਕੋਣ ਅਤੇ 'ਰਾਸ਼ਟਰ ਪਹਿਲਾਂ' ਦ੍ਰਿਸ਼ਟੀਕੋਣ ਨਾਲ, ਪਿਛਲੇ 11-12 ਸਾਲਾਂ ਵਿੱਚ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਇੱਕ 'ਨਵਾਂ ਭਾਰਤ' ਉਲੀਕਿਆ ਗਿਆ ਹੈ। ਅੱਜ ਅਸੀਂ ਇਸ ਦੇ ਨਤੀਜੇ ਦੇਖ ਰਹੇ ਹਾਂ। ਭਾਰਤ ਵਿੱਚ ਪੈਟਰੋਲੀਅਮ ਉਤਪਾਦਾਂ ਦੀਆਂ ਕੀਮਤਾਂ ਕੰਟਰੋਲ ਵਿੱਚ ਹਨ ਅਤੇ ਸਪਲਾਈ ਸੁਚਾਰੂ ਢੰਗ ਨਾਲ ਚੱਲ ਰਹੀ ਹੈ। ਇਸ ਦੇ ਉਲਟ ਸੰਯੁਕਤ ਰਾਜ ਅਮਰੀਕਾ ਅਤੇ ਭਾਰਤ ਦੇ ਗੁਆਂਢੀ ਦੇਸ਼ਾਂ ਵਰਗੇ ਵਿਕਸਤ ਦੇਸ਼ਾਂ ਵਿੱਚ ਪੈਟਰੋਲੀਅਮ ਉਤਪਾਦਾਂ ਦੀਆਂ ਕੀਮਤਾਂ ਤੇਜ਼ੀ ਨਾਲ ਵੱਧ ਰਹੀਆਂ ਹਨ ਅਤੇ ਇੱਕ ਗੰਭੀਰ ਘਾਟ ਹੈ।

ਇਸ ਮੌਕੇ 'ਤੇ ਬੋਲਦਿਆਂ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ ਨੇ ਕਿਹਾ, 'ਮੈਂ ਤੁਹਾਨੂੰ ਸਾਰਿਆਂ ਨੂੰ ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਸ਼ਾਨਦਾਰ ਅਤੇ ਵੱਕਾਰੀ ਜੇਵਰ ਹਵਾਈ ਅੱਡੇ ਦੇ ਉਦਘਾਟਨ 'ਤੇ ਦਿਲੋਂ ਵਧਾਈ ਦਿੰਦਾ ਹਾਂ। ਨਾ ਸਿਰਫ਼ ਜੇਵਰ, ਉੱਤਰ ਪ੍ਰਦੇਸ਼ ਅਤੇ ਦਿੱਲੀ ਐਨਸੀਆਰ, ਸਗੋਂ ਪੂਰਾ ਭਾਰਤ ਇਸ ਪ੍ਰਾਪਤੀ ਲਈ ਉਤਸ਼ਾਹਿਤ ਹੈ। ਕਿਉਂਕਿ ਸਾਡੀ ਰਾਜਧਾਨੀ ਅਤੇ ਦੇਸ਼ ਦੀ ਧੜਕਣ, ਦਿੱਲੀ ਨੂੰ ਅੱਜ ਇੱਕ ਨਵੀਂ ਧੜਕਣ ਮਿਲ ਗਈ ਹੈ।'

ਇਹ ਸ਼ਾਨਦਾਰ ਜੇਵਰ ਹਵਾਈ ਅੱਡਾ, ?11,200 ਕਰੋੜ ਦੀ ਲਾਗਤ ਨਾਲ 3,000 ਏਕੜ ਤੋਂ ਵੱਧ ਦੇ ਖੇਤਰ ਵਿੱਚ ਅਤੇ 4 ਕਿਲੋਮੀਟਰ ਦੇ ਰਨਵੇਅ ਦੇ ਨਾਲ ਬਣਾਇਆ ਗਿਆ ਹੈ, ਅੰਤਰਰਾਸ਼ਟਰੀ ਹਵਾਈ ਯਾਤਰਾ ਨੂੰ ਸੰਭਾਲਣ ਦੇ ਪੂਰੀ ਤਰ੍ਹਾਂ ਸਮਰੱਥ ਹੈ। ਜੇਵਰ ਟਰਮੀਨਲ ਦਾ ਸਭ ਤੋਂ ਮਹੱਤਵਪੂਰਨ ਪਹਿਲੂ ਇਹ ਹੈ ਕਿ ਜਦੋਂ ਤੁਸੀਂ ਪਹੁੰਚਦੇ ਹੋ, ਤਾਂ ਤੁਸੀਂ ਉੱਤਰ ਪ੍ਰਦੇਸ਼ ਦੇ ਮਾਣ ਅਤੇ ਪਛਾਣ ਦਾ ਅਨੁਭਵ ਕਰੋਗੇ। ਇਹ ਸਾਡੇ ਪ੍ਰਧਾਨ ਮੰਤਰੀ ਦਾ ਦ੍ਰਿਸ਼ਟੀਕੋਣ ਹੈ, ਵਿਕਾਸ ਅਤੇ ਵਿਰਾਸਤ ਦੋਵਾਂ ਦਾ ਦ੍ਰਿਸ਼ਟੀਕੋਣ ਹੈ।

ਨੋਇਡਾ ਅੰਤਰਰਾਸ਼ਟਰੀ ਹਵਾਈ ਅੱਡੇ ਨੂੰ ਦਿੱਲੀ ਐਨਸੀਆਰ ਖੇਤਰ ਲਈ ਦੂਜੇ ਅੰਤਰਰਾਸ਼ਟਰੀ ਹਵਾਈ ਅੱਡੇ ਵਜੋਂ ਵਿਕਸਤ ਕੀਤਾ ਗਿਆ ਹੈ, ਜੋ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਪੂਰਕ ਹੈ।

## ਏ.ਆਈ. ਨਾਲ ਤਿਆਰ ਕੀਤੇ ਫਰਜ਼ੀ ਫ਼ੈਸਲੇ

ਗਈਆਂ ਸਨ, ਜਿਸ ਵਿੱਚ ਇੱਕ ਅਜਿਹਾ ਫੈਸਲਾ ਵੀ ਸ਼ਾਮਲ ਸੀ ਜੋ ਮੌਜੂਦ ਹੀ ਨਹੀਂ ਸੀ ਅਤੇ

ਹਾਈ ਕੋਰਟ ਤੇ ਉਸ ਦੇ ਕਲਰਕ ਉਸ ਕੇਸ ਦੇ ਫੈਸਲੇ ਨੂੰ ਕਾਫੀ ਮੁਸ਼ੱਕਤ ਦੇ ਬਾਵਜੂਦ ਲੱਭਣ ਵਿੱਚ ਅਸਮਰਥ ਰਹੇ। ਹਾਈ ਕੋਰਟ ਨੇ ਪਟੀਸ਼ਨਰ 'ਤੇ 50,000 ਰੁਪਏ ਦਾ ਜੁਰਮਾਨਾ ਲਗਾਇਆ ਸੀ ਅਤੇ ਉਸ ਨੂੰ ਇਹ ਰਕਮ 'ਬੰਬੇ ਹਾਈ ਕੋਰਟ ਇੰਪਲਾਈਜ਼ ਮੈਡੀਕਲ ਫੰਡ' ਵਿੱਚ ਜਮ੍ਹਾਂ ਕਰਾਉਣ ਦੇ ਨਿਰਦੇਸ਼ ਦਿੱਤੇ ਸਨ। ਹਾਈ ਕੋਰਟ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਸੀ ਕਿ ਅਦਾਲਤ ਵਿੱਚ ਫਾਲਤੂ ਦਸਤਾਵੇਜ਼ਾਂ ਦਾ ਢੇਰ ਲਗਾਉਣਾ ਅਤੇ ਗੈਰ-ਮੌਜੂਦ ਸਮੱਗਰੀ ਪੇਸ਼ ਕਰਨਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਜਿਹੀਆਂ ਗਲਤ ਜਾਣਕਾਰੀਆਂ ਦੇਣਾ ਇਨਸਾਫ਼ ਕਰਨ ਵਿੱਚ ਮਦਦ ਨਹੀਂ ਕਰਦਾ, ਸਗੋਂ ਕੇਸ ਨੂੰ ਫਾਲਤੂ ਵਿੱਚ ਲਟਕਾਉਣ ਅਤੇ ਦੇਰੀ ਕਰਨ ਦਾ ਕੰਮ ਕਰਦਾ ਹੈ। ਅਜਿਹੀਆਂ ਹਰਕਤਾਂ ਕਰਨ ਵਾਲਿਆਂ ਨੂੰ ਭਾਰੀ ਜੁਰਮਾਨਾ ਭਰਨਾ ਪਵੇਗਾ ਅਤੇ ਜੇਕਰ ਕੋਈ ਵਕੀਲ ਇਸ ਵਿੱਚ ਸ਼ਾਮਲ ਪਾਇਆ ਗਿਆ, ਤਾਂ ਉਸ ਵਿਰੁੱਧ ਬਾਰ ਕੌਂਸਲ ਰਾਹੀਂ ਸਖ਼ਤ ਕਾਰਵਾਈ ਕੀਤੀ ਜਾ ਸਕਦੀ ਹੈ। ਵੀਡੀਓ ਕਾਨਫਰੰਸ ਰਾਹੀਂ ਸੁਪਰੀਮ ਕੋਰਟ ਵਿੱਚ ਪੇਸ਼ ਹੋਏ ਕੰਪਨੀ ਦੇ ਡਾਇਰੈਕਟਰ ਨੇ ਕਿਹਾ ਕਿ ਉਹ ਕੇਵਲ ਬੰਬੇ ਹਾਈ ਕੋਰਟ ਦੇ ਫੈਸਲੇ ਦੇ ਪੈਰਾ ਨੰਬਰ 22 ਵਿੱਚ ਦਿੱਤੀਆਂ ਗਈਆਂ ਟਿੱਪਣੀਆਂ ਨੂੰ ਹਟਾਉਣਾ ਚਾਹੁੰਦੇ ਹਨ। ਇਹ ਟਿੱਪਣੀਆਂ ਉਸ ਗੈਰ-ਮੌਜੂਦ ਫੈਸਲੇ ਦੇ ਹਵਾਲੇ ਨਾਲ ਜੁੜੀਆਂ ਸਨ, ਜੋ ਕੇਸ ਦੌਰਾਨ ਪੇਸ਼ ਕੀਤਾ ਗਿਆ ਸੀ। ਉਸ ਵੱਲੋਂ ਦਿੱਤੀਆਂ ਗਈਆਂ ਸਫ਼ਾਈਆਂ ਉੱਤੇ ਜ਼ਿਆਦਾ ਧਿਆਨ ਨਾ ਦਿੰਦਿਆਂ, ਸੁਪਰੀਮ ਕੋਰਟ ਨੇ ਹਾਈ ਕੋਰਟ ਦੇ ਆਦੇਸ਼ ਦੇ ਪੈਰੇ ਵਿੱਚ ਕੀਤੀਆਂ ਟਿੱਪਣੀਆਂ ਨੂੰ ਹਟਾ ਦਿੱਤਾ ਅਤੇ ਕਿਹਾ ਕਿ ਇਹ (ਏ.ਆਈ. ਵੱਲੋਂ ਤਿਆਰ ਕੀਤੇ ਗਏ ਫਰਜ਼ੀ ਫੈਸਲੇ) ਭਾਰਤ ਦੀ ਹੀ ਨਹੀਂ ਬਲਕਿ ਆਲਮੀ ਸਮੱਸਿਆ ਹੈ ਅਤੇ ਹਰ ਕਿਸੇ ਨੂੰ ਇਸ ਬਾਰੇ ਸਾਵਧਾਨ ਰਹਿਣ ਦੀ ਲੋੜ ਹੈ। ਆਂਧਰਾ ਪ੍ਰਦੇਸ਼ ਦੀ ਇੱਕ ਟਰਾਇਲ ਕੋਰਟ ਵਿੱਚ ਵੀ ਏ.ਆਈ. ਵੱਲੋਂ ਤਿਆਰ ਕੀਤੇ ਗਏ ਨਕਲੀ ਫੈਸਲੇ ਪੇਸ਼ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਸੀ। ਇਸ ਗੰਭੀਰ ਸਮੱਸਿਆ ਨੂੰ ਦੇਖਦੇ ਹੋਏ, ਸੁਪਰੀਮ ਕੋਰਟ ਨੇ 2 ਮਾਰਚ ਨੂੰ ਅਟਾਰਨੀ ਜਨਰਲ ਆਰ. ਵੈਂਕਟਰਮਨੀ, ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਅਤੇ ਬਾਰ ਕੌਂਸਲ ਆਫ ਇੰਡੀਆ ਨੂੰ ਇਸ ਸਮੱਸਿਆ ਨਾਲ ਨਜਿੱਠਣ ਦੇ ਤਰੀਕੇ ਲੱਭਣ ਲਈ ਨੋਟਿਸ ਜਾਰੀ ਕੀਤਾ ਸੀ। ਉੱਥੇ ਹੀ 20 ਜਨਵਰੀ ਨੂੰ ਸਿਖ਼ਰਲੀ ਅਦਾਲਤ ਨੇ ਪਤੀ-ਪਤਨੀ ਦੇ ਝਗੜਿਆਂ ਵਿੱਚ ਏ.ਆਈ. ਰਾਹੀਂ ਤਿਆਰ ਕੀਤੇ ਗਏ ਨਕਲੀ ਸਬੂਤਾਂ ਦੀ ਵਰਤੋਂ 'ਤੇ ਚਿੰਤਾ ਜਤਾਈ ਸੀ। ਅਦਾਲਤ ਨੇ ਕਿਹਾ ਸੀ ਕਿ ਅੱਜ-ਕੱਲ੍ਹ ਜੋੜੇ ਇੱਕ-ਦੂਜੇ ਨੂੰ ਸਬਕ ਸਿਖਾਉਣ ਲਈ ਤਕਨਾਲੋਜੀ ਦੀ ਗਲਤ ਵਰਤੋਂ ਕਰਕੇ ਝੂਠੇ ਇਲਜ਼ਾਮ ਅਤੇ ਨਕਲੀ ਸਬੂਤ ਤਿਆਰ ਕਰ ਰਹੇ ਹਨ। ਦਿੱਲੀ ਦੇ ਇੱਕ ਜੋੜੇ ਦਾ ਤਲਾਕ ਮਨਜ਼ੂਰ ਕਰਦਿਆਂ ਅਦਾਲਤ ਨੇ ਟਿੱਪਣੀ ਕੀਤੀ, 'ਅੱਜ ਦੇ ਸਮੇਂ ਵਿੱਚ ਝੂਠੇ ਇਲਜ਼ਾਮ ਲਗਾਉਣਾ ਆਮ ਹੋ ਗਿਆ ਹੈ। ਏ.ਆਈ. ਦੇ ਯੁੱਗ ਵਿੱਚ ਸਬੂਤ ਸਿਰਫ਼ ਇਕੱਠੇ ਹੀ ਨਹੀਂ ਕੀਤੇ ਜਾਂਦੇ, ਸਗੋਂ ਆਪਣੀ ਮਰਜ਼ੀ ਮੁਤਾਬਕ ਘੜੇ ਵੀ ਜਾਂਦੇ ਹਨ ਤਾਂ ਜੋ ਦੂਜੀ ਧਿਰ ਨੂੰ ਨੀਵਾਂ ਦਿਖਾਇਆ ਜਾ ਸਕੇ।'

## ਕੇਜਰੀਵਾਲ ਅਤੇ ਮਾਨ ਵੱਲੋਂ 109 ਆਮ ਆਦਮੀ ਕਲੀਨਿਕ

ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕਰ ਰਹੀ ਹੈ, ਜਿਨ੍ਹਾਂ ਵਿੱਚੋਂ 30 ਲੱਖ ਕਾਰਡ ਪਹਿਲਾਂ ਹੀ ਬਣ ਚੁੱਕੇ ਹਨ ਅਤੇ 1.65 ਲੱਖ ਲੋਕਾਂ ਨੇ ਇਸ ਨਾਲ ਇਲਾਜ ਦਾ ਲਾਭ ਉਠਾਇਆ ਲਿਆ ਹੈ। ਆਪਣੇ ਵਿਰੁੱਧ ਦੋਸ਼ਾਂ ਅਤੇ ਕਾਨੂੰਨੀ ਕਾਰਵਾਈਆਂ ਦਾ ਹਵਾਲਾ ਦਿੰਦੇ ਦਿੰਦਿਆਂ ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਦੀ 'ਕੰਮ ਦੀ ਰਾਜਨੀਤੀ' ਨੂੰ ਰੋਕਣ ਲਈ ਲਈ ਮੈਨੂੰ ਅਤੇ ਮੇਰੀ ਪਾਰਟੀ ਦੇ ਹੋਰ ਆਗੂਆਂ ਨੂੰ ਝੂਠੇ ਮਾਮਲਿਆਂ ਵਿੱਚ ਜੇਲ੍ਹ ਭੇਜਿਆ ਗਿਆ ਸੀ। ਉਨ੍ਹਾਂ ਕਿਹਾ ਕਿ ਅਦਾਲਤ ਨੂੰ ਉਨ੍ਹਾਂ ਵਿਰੁੱਧ ਕੋਈ ਸਬੂਤ ਨਹੀਂ ਮਿਲਿਆ ਅਤੇ ਅਦਾਲਤ ਦੇ ਫ਼ੈਸਲੇ ਨੇ ਉਨ੍ਹਾਂ ਦੀ 'ਕੱਟੜ ਇਮਾਨਦਾਰੀ' (ਕੱਟੜ ਇਮਾਨਦਾਰੀ) ਨੂੰ ਕਾਇਮ ਰੱਖਿਆ। ਦਿੱਲੀ ਦੇ ਸਾਬਕਾ ਮੁੱਖ ਮੰਤਰੀ ਨੇ ਦਿੱਲੀ ਨਾਲ ਤੁਲਨਾ ਕਰਦਿਆਂ ਪੰਜਾਬ ਦੇ ਵੋਟਰਾਂ ਨੂੰ ਭਾਜਪਾ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਸਾਵਧਾਨ ਕਰਦਿਆਂ ਕਿਹਾ ਕਿ ਜੇ ਬੀਜੇਪੀ ਦੀ ਸਰਕਾਰ ਆਉਂਦੀ ਹੈ ਤਾਂ ਉਹ ਦਿੱਲੀ ਵਾਂਗ ਮੁਫਤ ਬਿਜਲੀ, ਸਿਹਤ ਸੰਭਾਲ ਅਤੇ ਹੋਰ ਜਨਤਕ ਸੇਵਾਵਾਂ ਵਰਗੇ ਭਲਾਈ ਉਪਾਵਾਂ ਨੂੰ ਵਾਪਸ ਲੈ ਲਵੇਗੀ।

ਫਤਿਹਗੜ੍ਹ ਸਾਹਿਬ ਵਿੱਚ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦੇ ਕਰਦਿਆਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ 109 ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਜਾ ਰਿਹਾ ਹੈ, ਜਿੱਥੇ ਗਰੀਬਾਂ ਨੂੰ ਇਲਾਜ ਅਤੇ ਮੁਫਤ ਦਵਾਈਆਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ 881 ਆਮ ਆਦਮੀ ਕਲੀਨਿਕ ਪਹਿਲਾਂ ਹੀ ਬਣਾਏ ਜਾ ਚੁੱਕੇ ਹਨ ਅਤੇ ਇਸ ਸੂਚੀ ਵਿੱਚ ਅੱਜ 109 ਹੋਰ ਕਲੀਨਿਕ ਜੋੜੇ ਜਾ ਰਹੇ ਹਨ, ਜਿਸ ਨਾਲ ਇਨ੍ਹਾਂ ਕਲੀਨਿਕਾਂ ਦੀ ਕੁੱਲ ਗਿਣਤੀ 990 ਹੋ ਗਈ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ 400 ਹੋਰ ਆਮ ਆਦਮੀ ਕਲੀਨਿਕ ਸਥਾਪਤ ਕੀਤੇ ਜਾਣਗੇ ਜਾਣਗੇ, ਜਿਸਦਾ ਨਾਲ ਪੰਜਾਬ ਭਰ ਵਿੱਚ ਲਗਭਗ 1500 ਆਮ ਆਦਮੀ ਕਲੀਨਿਕ ਕਾਰਜਸ਼ੀਲ ਹੋ ਜਾਣਗੇ।

ਉਨ੍ਹਾਂ ਕਿਹਾ ਪੰਜਾਬ ਦੇ ਹਰ ਕੋਨੇ, ਹਰ ਪਿੰਡ ਅਤੇ 'ਮੁਹੱਲੇ' ਵਿੱਚ ਤੁਹਾਨੂੰ ਇੱਕ ਆਮ ਆਦਮੀ ਕਲੀਨਿਕ ਮਿਲੇਗਾ। ਜੇਕਰ ਤੁਹਾਨੂੰ ਕੋਈ ਛੋਟੀ ਸਮੱਸਿਆ ਹੈ ਤਾਂ ਤੁਸੀਂ ਇਲਾਜ ਲਈ ਉੱਥੇ ਜਾ ਸਕਦੇ ਹੋ, ਜਿੱਥੇ ਡਾਕਟਰ ਦੀ ਸਲਾਹ, ਇਲਾਜ, ਟੈਸਟ ਅਤੇ ਦਵਾਈਆਂ ਸਭ ਮੁਫ਼ਤ ਹਨ। ਪਿਛਲੇ 75 ਸਾਲਾਂ ਵਿੱਚ, ਬਾਕੀ ਸਾਰੀਆਂ ਪਾਰਟੀਆਂ ਨੇ ਪੰਜਾਬ ਉੱਤੇ ਰਾਜ ਕੀਤਾ, ਕਾਂਗਰਸ ਨੇ ਰਾਜ ਕੀਤਾ, ਭਾਜਪਾ ਨੇ ਰਾਜ ਕੀਤਾ, ਅਕਾਲੀ ਦਲ ਨੇ ਰਾਜ ਕੀਤਾ, ਪਰ ਉਨ੍ਹਾਂ ਵੱਲੋਂ ਅਜਿਹਾ ਇੱਕ ਵੀ ਕਲੀਨਿਕ ਨਹੀਂ ਖੋਲ੍ਹਿਆ ਗਿਆ, ਜਿੱਥੇ ਲੋਕਾਂ ਨੂੰ ਅਜਿਹੀਆਂ ਸਹੂਲਤਾਂ ਅਤੇ ਗੁਣਵੱਤਾ ਵਾਲਾ ਇਲਾਜ ਮਿਲ ਸਕੇ।

ਅਰਵਿੰਦ ਕੇਜਰੀਵਾਲ ਨੇ ਅੱਗੇ ਕਿਹਾ ਕਿ ਚਾਰ ਸਾਲਾਂ ਦੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਭਰ ਵਿੱਚ ਮੁਫ਼ਤ ਇਲਾਜ ਯਕੀਨੀ ਬਣਾਇਆ ਹੈ। ਹੁਣ ਤੱਕ 5 ਕਰੋੜ ਓਪੀਡੀ ਵਿਜ਼ਿਟਸ ਦਰਜ ਕੀਤੀਆਂ ਗਈਆਂ ਹਨ। ਪੰਜਾਬ ਦੀ ਆਬਾਦੀ 3 ਕਰੋੜ ਹੈ, ਜਿਸਦਾ ਮਤਲਬ ਹੈ ਕਿ ਬਹੁਤ ਸਾਰੇ ਲੋਕ ਕਈ-ਕਈ ਵਾਰ ਇਲਾਜ ਲਈ ਇਨ੍ਹਾਂ ਕਲੀਨਿਕਾਂ ਵਿੱਚ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਥੇ ਸ਼ੂਗਰ ਦੇ ਮਰੀਜ਼ ਹਨ, ਬਲੱਡ ਪ੍ਰੈਸ਼ਰ ਦੇ ਮਰੀਜ਼ ਹਨ, ਜੋ ਹਰ ਮਹੀਨੇ ਇਨ੍ਹਾਂ ਕਲੀਨਕਾਂ 'ਚੋਂ ਦਵਾਈ ਲੈਂਦੇ ਹਨ ਅਤੇ ਕਈ ਅਜਿਹੇ ਹਨ ਜੋ ਇੱਕ ਵਾਰ, ਦੋ ਵਾਰ ਜਾਂ ਤਿੰਨ ਵਾਰ ਇਥੇ ਜਾ ਚੁੱਕੇ ਹੋਣਗੇ, ਕਿਉਂਕਿ ਉਨ੍ਹਾਂ ਨੂੰ ਇਨ੍ਹਾਂ ਕਲੀਨਿਕਾਂ ਵਿੱਚ ਮੁਫ਼ਤ ਇਲਾਜ ਅਤੇ ਦਵਾਈਆਂ ਮਿਲ ਰਹੀਆਂ ਹਨ।

ਫੀਡਬੈਕ ਅਤੇ ਨਿਗਰਾਨੀ ਬਾਰੇ ਦੱਸਦਿਆਂ ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫ਼ਤਰ ਤੋਂ ਆਮ ਆਦਮੀ ਕਲੀਨਿਕਾਂ ਵਿੱਚ ਆਉਣ ਵਾਲੇ ਸਾਰੇ ਮਰੀਜ਼ਾਂ ਨੂੰ ਕਾਲਾਂ ਕੀਤੀਆਂ ਗਈਆਂ। ਉਨ੍ਹਾਂ ਤੋਂ ਉਨ੍ਹਾਂ ਦੇ ਤਜਰਬੇ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਨੇ ਕਿਹਾ ਕਿ ਇਹ ਵਧੇਰੇ ਸੁਵਿਧਾਜਨਕ ਰਿਹਾ। ਜਦੋਂ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਕੀ ਉਨ੍ਹਾਂ ਨੂੰ ਕੋਈ ਸਮੱਸਿਆ ਆਈ ਹੈ, ਤਾਂ ਉਨ੍ਹਾਂ ਨੇ ਕਿਹਾ ਨਹੀਂ ਕੋਈ ਸਮੱਸਿਆ ਨਹੀਂ ਆਈ। ਉਨ੍ਹਾਂ ਨੇ ਪੁਸ਼ਟੀ ਕੀਤੀ ਕਿ ਉਨ੍ਹਾਂ ਨੂੰ ਡਾਕਟਰਾਂ ਤੋਂ ਸਹੀ ਦਵਾਈਆਂ ਅਤੇ ਇਲਾਜ ਮਿਲਿਆ ਹੈ। ਲੋਕਾਂ ਨੇ ਭਗਵੰਤ ਸਿੰਘ ਮਾਨ ਨੂੰ, ਆਮ ਆਦਮੀ ਪਾਰਟੀ ਨੂੰ ਅਤੇ ਸਾਨੂੰ ਸਾਰਿਆਂ ਨੂੰ ਫ਼ੋਨ 'ਤੇ ਢੇਰ ਸਾਰੀਆਂ ਅਸੀਸਾਂ ਦਿੱਤੀਆਂ। ਕਿਸੇ ਇੱਕ ਵਿਅਕਤੀ ਵੱਲੋਂ ਵੀ ਸ਼ਿਕਾਇਤ ਨਹੀਂ ਕੀਤੀ ਗਈ। ਕਿਉਂ? ਕਿਉਂਕਿ ਮੁੱਖ ਮੰਤਰੀ ਦਫ਼ਤਰ ਤੋਂ ਹਰ ਚੀਜ਼ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਦਵਾਈਆਂ ਦੀ ਕੋਈ ਕਮੀ ਨਹੀਂ ਹੈ, ਟੈਸਟਾਂ ਦੀ ਕੋਈ ਕਮੀ ਨਹੀਂ ਹੈ, ਡਾਕਟਰਾਂ ਦੀ ਕੋਈ ਕਮੀ ਨਹੀਂ ਹੈ।

ਉਨ੍ਹਾਂ ਕਿਹਾ ਕਿ ਜਦੋਂ ਵੀ ਕੋਈ ਛੋਟੀ ਤੋਂ ਛੋਟੀ ਮੁਸ਼ਕਿਲ ਵੀ ਦਰਪੇਸ਼ ਆਉਂਦੀਹੈ ਤਾਂ ਉੱਪਰੋਂ ਤੁਰੰਤ ਇਸ ਨੂੰ ਠੀਕ ਕਰਨ ਲਈ ਨਿਰਦੇਸ਼ ਜਾਰੀ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਆਮ ਤੌਰ 'ਤੇ ਦੇਖਿਆ ਜਾਵੇ ਤਾਂ ਅਕਸਰ ਅਜਿਹਾ ਹੁੰਦਾ ਹੈ ਕਿ ਸਰਕਾਰੀ ਡਿਸਪੈਂਸਰੀਆਂ ਅਤੇ ਕਲੀਨਿਕ ਬਣ ਤਾਂ ਜਾਂਦੇ ਹਨ ਪਰ ਕੰਮ ਨਹੀਂ ਕਰਦੇ ਅਤੇ ਦਸ ਦਿਨਾਂ ਦੇ ਅੰਦਰ ਉਹ ਖਾਲੀ ਹੋ ਜਾਂਦੇ ਹਨ। ਪਰ ਆਮ ਆਦਮੀ ਕਲੀਨਿਕ ਅਜਿਹੇ ਨਹੀਂ ਹਨ। ਹਰੇਕ ਕਲੀਨਿਕ ਦੀ ਮੁੱਖ ਮੰਤਰੀ ਦਫ਼ਤਰ ਵੱਲੋਂ ਨੇੜਿਓਂ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਸਾਰਾ ਕੰਮ ਸਹੀ ਢੰਗ ਨਾਲ ਕੀਤਾ ਜਾ ਰਿਹਾ ਹੈ। ਇਨ੍ਹਾਂ 5 ਕਰੋੜ ਓਪੀਡੀ ਵਿਜ਼ਿਟਸ ਤੋਂ ਲਗਭਗ 1.5 ਤੋਂ 2 ਕਰੋੜ ਲੋਕਾਂ ਨੇ ਇਲਾਜ ਕਰਵਾਇਆ ਹੈ ਅਤੇ ਆਪਣੀਆਂ ਅਸੀਸਾਂ ਦਿੱਤੀਆਂ। ਪਿਛਲੇ ਚਾਰ ਸਾਲਾਂ ਵਿੱਚ, ਅਸੀਂ ਤੁਹਾਡੀਆਂ ਅਸੀਸਾਂ ਕਮਾਈਆਂ ਹਨ, ਨਾ ਕਿ ਪੈਸਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਸੀਂ ਇੱਕ ਪੈਸਾ ਵੀ ਨਹੀਂ ਕਮਾਇਆ, ਸਗੋਂ ਸਿਰਫ਼ ਤੇ ਸਿਰਫ਼ ਤੁਹਾਡਾ ਆਸ਼ੀਰਵਾਦ ਕਮਾਇਆ ਹੈ।

'ਆਪ' ਮੁਖੀ ਨੇ ਅੱਗੇ ਕਿਹਾ ਕਿ ਬਹੁਤ ਸਾਰੇ ਲੋਕਾਂ ਨੇ ਮੇਰੇ ਵਿਰੁੱਧ, ਮਨੀਸ਼ ਸਿਸੋਦੀਆ ਵਿਰੁੱਧ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਵਿਰੁੱਧ ਝੂਠੇ ਦੋਸ਼ ਲਾਏ। ਉਨ੍ਹਾਂ ਵੱਲੋਂ ਕਿਹਾ ਗਿਆ ਕਿ ਕੇਜਰੀਵਾਲ ਨੇ ਪੈਸੇ ਲਏ, ਕੇਜਰੀਵਾਲ ਨੇ ਭ੍ਰਿਸ਼ਟਾਚਾਰ ਕੀਤਾ, ਕੇਜਰੀਵਾਲ ਨੇ 100 ਕਰੋੜ ਰੁਪਏ ਲਏ, ਅਤੇ ਸ਼ਰਾਬ ਘੁਟਾਲਾ ਕੀਤਾ। ਉਨ੍ਹਾਂ ਨੇ ਸਾਨੂੰ ਜੇਲ੍ਹਾਂ ਵਿੱਚ ਪਾ ਦਿੱਤਾ, ਮੈਨੂੰ ਛੇ ਮਹੀਨੇ ਜੇਲ੍ਹ ਵਿੱਚ ਰੱਖਿਆ ਗਿਆ, ਮਨੀਸ਼ ਸਿਸੋਦੀਆ ਨੂੰ ਡੇਢ ਸਾਲ ਜੇਲ੍ਹ ਵਿੱਚ ਰੱਖਿਆ ਗਿਆ। ਅਜਿਹੀਆਂ ਸ਼ਕਤੀਸ਼ਾਲੀ ਤਾਕਤਾਂ ਸਾਡੇ ਪਿੱਛੇ ਹਨ। ਪਰ ਹੁਣ ਅਦਾਲਤ ਦੇ ਫ਼ੈਸਲੇ ਨੇ ਸਭ ਕੁਝ ਸਾਫ਼ ਕਰ ਦਿੱਤਾ ਕਿ ਕੇਜਰੀਵਾਲ ਵਿਰੁੱਧ ਕੋਈ ਸਬੂਤ ਨਹੀਂ ਹੈ, ਇੱਕ ਵੀ ਸਬੂਤ ਨਹੀਂ।

ਉਸ ਨੇ ਸਾਂਝਾ ਕੀਤਾ ਕਿ ਅਦਾਲਤ ਨੇ ਆਪਣੇ ਹੁਕਮਾਂ ਵਿੱਚ ਕਿਹਾ ਕਿ ਕੇਜਰੀਵਾਲ 'ਕੱਟੜ ਇਮਾਨਦਾਰ' ਹੈ ਅਤੇ ਉਸ ਨੇ ਕੋਈ ਗਲਤ ਕੰਮ ਨਹੀਂ ਕੀਤਾ ਅਤੇ ਭਾਜਪਾ ਆਗੂ ਝੂਠ ਬੋਲ ਰਹੇ ਹਨ। ਲੋਕਾਂ ਨੇ ਮੈਨੂੰ ਪੁੱਛਿਆ ਕਿ ਅਜਿਹਾ ਚਮਤਕਾਰ ਕਿਵੇਂ ਹੋਇਆ। ਮੈਂ ਕਿਹਾ ਕਿ ਮੈਨੂੰ ਵਿਸ਼ਵਾਸ ਕਰਨਾ ਮੁਸ਼ਕਲ ਹੈ। ਪਰ ਇੱਕ ਸਰਵਉੱਚ ਤਾਕਤ ਹੈ ਜੋ ਸੱਚ ਦੇ ਨਾਲ ਖੜ੍ਹੀ ਰਹਿੰਦੀ ਹੈ ਅਤੇ ਇਮਾਨਦਾਰ ਲੋਕਾਂ ਦਾ ਸਾਥ ਦਿੰਦੀ ਹੈ। ਅਜਿਹਾ ਇਸ ਲਈ ਹੋਇਆ, ਕਿਉਂਕਿ ਦਿੱਲੀ ਵਿਚ ਅਸੀਂ ਗਰੀਬਾਂ ਦਾ ਮੁਫ਼ਤ ਇਲਾਜ ਕੀਤਾ। ਹਸਪਤਾਲ ਖੋਲ੍ਹੇ ਅਤੇ ਮੁਹੱਲਾ ਕਲੀਨਿਕ ਸਥਾਪਿਤ ਕੀਤੇ। ਅਸੀਂ ਕਰੋੜਾਂ ਲੋਕਾਂ ਦਾ ਇਲਾਜ ਕੀਤਾ ਅਤੇ ਗਰੀਬ ਬੱਚਿਆਂ ਲਈ ਸਕੂਲ ਖੋਲ੍ਹੇ। ਗਰੀਬਾਂ ਦੀਆਂ ਅਸੀਸਾਂ ਅਤੇ ਅਰਦਾਸਾਂ ਸਾਡੇ ਨਾਲ ਹਨ, ਪ੍ਰਮਾਤਮਾ ਸਾਡੇ ਨਾਲ ਹੈ, ਗੁਰੂ ਮਹਾਰਾਜ ਸਾਡੇ ਨਾਲ ਹਨ ਅਤੇ ਜਦੋਂ ਤੱਕ ਪ੍ਰਮਾਤਮਾ ਸਾਡੇ ਨਾਲ ਹੈ, ਕੋਈ ਵੀ ਤਾਕਤ ਸਾਡਾ ਨੁਕਸਾਨ ਨਹੀਂ ਕਰ ਸਕਦੀ।

ਸਿਹਤ ਸਕੀਮ ਬਾਰੇ ਦੱਸਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਸ਼ੁਰੂ ਕੀਤੀ ਹੈ। ਹਰ ਗਰੀਬ ਪਰਿਵਾਰ ਲਈ ਤੁਹਾਡੇ ਘਰ ਦੇ ਨੇੜੇ ਆਮ ਆਦਮੀ ਕਲੀਨਿਕ ਬਣਾਏ ਗਏ ਹਨ। ਰੱਬ ਨਾ ਕਰੇ ਤੁਹਾਨੂੰ ਕਦੇ ਇਸਦੀ ਲੋੜ ਪਵੇ, ਪਰ ਜੇਕਰ ਤੁਹਾਨੂੰ ਕੋਈ ਵੀ ਲੋੜ ਪੈਂਦੀ ਹੈ ਤਾਂ ਤੁਹਾਨੂੰ ਪੈਸੇ ਦੀ ਚਿੰਤਾ ਕਰਨ ਦੀ ਬਿਲਕੁਲ ਵੀ ਲੋੜ ਨਹੀਂ। ਜੇਕਰ ਕੋਈ ਵਿਅਕਤੀ ਦਿਲ ਦੇ ਦੌਰੇ ਜਾਂ ਕੈਂਸਰ ਵਰਗੀ ਗੰਭੀਰ ਬਿਮਾਰੀ ਤੋਂ ਪੀੜਤ ਹੈ ਜਾਂ ਕਿਸੇ ਨੇ ਗੋਡਾ ਬਦਲਾਉਣ ਹੈ ਤਾਂ ਉਹ ਕੀ ਕਰੇ? ਸਰਕਾਰੀ ਹਸਪਤਾਲਾਂ ਵਿੱਚ ਸੁਧਾਰ ਕੀਤਾ ਜਾ ਰਿਹਾ ਹੈ, ਪਰ ਉਦੋਂ ਤੱਕ ਅਸੀਂ ਇੱਕ ਅਜਿਹੀ ਸਕੀਮ ਸ਼ੁਰੂ ਕੀਤੀ ਹੈ, ਜਿਸ ਅਧੀਨ ਅਸੀਂ ਸਭ ਤੋਂ ਵਧੀਆ ਪ੍ਰਾਈਵੇਟ ਹਸਪਤਾਲਾਂ, ਜਿੱਥੇ ਭਗਵੰਤ ਸਿੰਘ ਮਾਨ ਵੀ ਇਲਾਜ ਲਈ ਜਾਂਦੇ ਹਨ, ਜਿਵੇਂ ਕਿ ਮੋਹਾਲੀ ਦਾ ਫੋਰਟਿਸ ਹਸਪਤਾਲ, ਹੁਣ ਤੁਹਾਡੇ ਲਈ ਵੀ ਇਲਾਜ ਵਾਸਤੇ ਖੋਲ੍ਹ ਦਿੱਤੇ ਹਨ। ਪੰਜਾਬ ਦਾ ਕੋਈ ਵੀ ਕਿਸਾਨ, ਮਜ਼ਦੂਰ, ਰਿਕਸ਼ਾ ਚਾਲਕ, ਅਧਿਆਪਕ ਜਾਂ ਕੋਈ ਵੀ ਨਾਗਰਿਕ ਇਨ੍ਹਾਂ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਕਰਵਾ ਸਕਦਾ ਹੈ ਜਿੱਥੇ ਮੁੱਖ ਮੰਤਰੀ, ਮੰਤਰੀਆਂ ਅਤੇ ਵਿਧਾਇਕਾਂ ਦਾ ਇਲਾਜ ਹੁੰਦਾ ਹੈ।

ਉਨ੍ਹਾਂ ਕਿਹਾ ਕਿ ਜਦੋਂ ਅਸੀਂ ਇਹ ਸਕੀਮ ਸ਼ੁਰੂ ਕੀਤੀ ਤਾਂ ਕਾਂਗਰਸ ਅਤੇ ਭਾਜਪਾ ਆਗੂਆਂ ਨੇ ਸਾਡੀ ਆਲੋਚਨਾ ਕਰਨੀ ਸ਼ੁਰੂ ਕਰ ਦਿੱਤੀ। ਉਨ੍ਹਾਂ ਕਿਹਾ ਕਿ ਇਸ ਦੀ ਕੀ ਲੋੜ ਹੈ, ਗਰੀਬ ਲੋਕ ਸਰਕਾਰੀ ਹਸਪਤਾਲ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਗਰੀਬਾਂ ਦਾ ਨੁਕਸਾਨ ਹੋਵੇਗਾ। ਮੈਂ ਤੁਹਾਨੂੰ ਪੁੱਛਣਾ ਚਾਹੁੰਦਾ ਹਾਂ ਕਿ ਕੀ ਗਰੀਬਾਂ ਦਾ ਇਲਾਜ ਵਧੀਆ ਹਸਪਤਾਲਾਂ ਵਿੱਚ ਹੋਣਾ ਚਾਹੀਦਾ ਹੈ ਜਾਂ ਨਹੀਂ? ਇਲਾਜ ਮੁਫ਼ਤ ਹੋਣਾ ਚਾਹੀਦਾ ਹੈ ਜਾਂ ਨਹੀਂ? ਬੇਸ਼ੱਕ ਅਜਿਹਾ ਹੋਣਾ ਚਾਹੀਦਾ ਹੈ। ਉਹੀ ਹਸਪਤਾਲ ਜਿੱਥੇ ਮੁੱਖ ਮੰਤਰੀ ਦਾ ਇਲਾਜ ਹੁੰਦਾ ਹੈ ਹੁਣ ਉਹ ਗਰੀਬਾਂ ਦਾ ਇਲਾਜ ਵੀ ਕਰਨਗੇ। ਜਦੋਂ ਵਿਰੋਧੀ ਪਾਰਟੀਆਂ ਨੇ ਵਿਰੋਧ ਕਰਨ ਦੀ ਕੋਸ਼ਿਸ਼ ਕੀਤੀ ਤਾਂ ਜਨਤਾ ਨੇ ਉਨ੍ਹਾਂ ਨੂੰ ਭਜਾ ਦਿੱਤਾ। ਅੱਜਕੱਲ੍ਹ ਲੋਕ ਆਪ ਹੀ ਅਜਿਹੇ ਵਿਰੋਧੀਆਂ ਨੂੰ ਭਜਾ ਦਿੰਦੇ ਹਨ।

ਬਿਜਲੀ ਅਤੇ ਸ਼ਾਸਨ ਬਾਰੇ ਗੱਲ ਕਰਦਿਆਂ 'ਆਪ' ਸੁਪਰੀਮੋ ਨੇ ਕਿਹਾ, 'ਅਸੀਂ ਪੂਰੇ ਪੰਜਾਬ ਵਿੱਚ ਬਿਜਲੀ ਮੁਫ਼ਤ ਕਰ ਦਿੱਤੀ ਹੈ। ਪੰਜਾਬ ਅਤੇ ਦਿੱਲੀ ਹੀ ਦੋ ਅਜਿਹੇ ਸੂਬੇ ਸਨ ਜਿੱਥੇ ਆਮ ਆਦਮੀ ਪਾਰਟੀ ਦੀਆਂ ਸਰਕਾਰਾਂ ਦੌਰਾਨ ਮੁਫ਼ਤ ਬਿਜਲੀ ਹੈ। ਹੁਣ ਜਦੋਂ ਦਿੱਲੀ ਵਿੱਚ ਸਾਡੀ ਸਰਕਾਰ ਨਹੀਂ ਹੈ, ਤਾਂ ਮੈਂ ਸੁਣਿਆ ਹੈ ਕਿ ਛੇ ਮਹੀਨਿਆਂ ਦੇ ਅੰਦਰ ਉੱਥੇ ਮੁਫ਼ਤ ਬਿਜਲੀ ਬੰਦ ਹੋ ਸਕਦੀ ਹੈ। ਪੰਜਾਬ ਵਿੱਚ, ਤੁਹਾਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਕਾਰਨ ਮੁਫ਼ਤ ਬਿਜਲੀ ਮਿਲ ਰਹੀ ਹੈ। ਜੇਕਰ ਗਲਤੀ ਨਾਲ ਤੁਸੀਂ ਉਨ੍ਹਾਂ ਲੋਕਾਂ ਨੂੰ ਵੋਟ ਦਿੰਦੇ ਹੋ ਤਾਂ ਸੋਚੋ ਕਿ ਪੰਜਾਬ ਵਿੱਚ ਕੀ ਹੋਵੇਗਾ।'

ਉਨ੍ਹਾਂ ਕਿਹਾ, 'ਦਿੱਲੀ ਵਿੱਚ ਸਾਡੀ ਸਰਕਾਰ ਤੋਂ ਬਾਅਦ, ਸਾਰੇ ਮੁਹੱਲਾ ਕਲੀਨਿਕ ਬੰਦ ਕਰ ਦਿੱਤੇ ਗਏ, ਸਰਕਾਰੀ ਹਸਪਤਾਲਾਂ ਵਿੱਚ ਦਵਾਈਆਂ ਅਤੇ ਟੈਸਟ ਬੰਦ ਕਰ ਦਿੱਤੇ ਗਏ ਅਤੇ ਹੁਣ ਉਹ ਮੁਫਤ ਬਿਜਲੀ ਨੂੰ ਖਤਮ ਕਰਨ ਦੀ ਯੋਜਨਾ ਬਣਾ ਰਹੇ ਹਨ। ਔਰਤਾਂ ਲਈ ਮੁਫਤ ਬੱਸ ਯਾਤਰਾ ਲਈ ਟਿਕਟਾਂ ਵੀ ਬੰਦ ਕਰ ਦਿੱਤੀਆਂ ਗਈਆਂ ਹਨ। ਇਸ ਲਈ ਆਮ ਆਦਮੀ ਪਾਰਟੀ ਜ਼ਰੂਰੀ ਹੈ। ਭੁੱਲ ਕੇ ਵੀ ਦੂਜੀਆਂ ਪਾਰਟੀਆਂ ਨੂੰ ਵੋਟ ਨਾ ਦਿਓ।'

ਕਿਸਾਨਾਂ ਨੂੰ ਦਿੱਤੇ ਜਾ ਰਹੇ ਫਾਇਦਿਆਂ 'ਤੇ ਚਾਨਣਾ ਪਾਉਂਦਿਆਂ, ਅਰਵਿੰਦ ਕੇਜਰੀਵਾਲ ਨੇ ਕਿਹਾ, 'ਕਿਸਾਨਾਂ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਹੁਤ ਕੁਝ ਕੀਤਾ ਹੈ। ਪਹਿਲਾਂ ਸਿੰਚਾਈ ਲਈ ਬਿਜਲੀ ਸਵੇਰੇ 3 ਜਾਂ 4 ਵਜੇ ਆਉਂਦੀ ਸੀ। ਕਈ ਵਾਰ ਸਿਰਫ ਅੱਧੇ ਘੰਟੇ ਲਈ ਹੀ ਬਿਜਲੀ ਦਿੱਤੀ ਜਾਂਦੀ ਸੀ। ਹੁਣ ਕਿਸਾਨਾਂ ਨੂੰ ਦਿਨ ਵਿੱਚ 7 ਤੋਂ 8 ਘੰਟੇ ਲਗਾਤਾਰ ਬਿਜਲੀ ਮਿਲਦੀ ਹੈ, ਇੱਥੋਂ ਤੱਕ ਕਿ 12 ਘੰਟੇ ਤੱਕ ਵੀ ਬਿਜਲੀ ਦਿੱਤੀ ਜਾਂਦੀ ਹੈ। ਹੁਣ ਰਾਤ ਨੂੰ ਜਾਗਣ ਦੀ ਜ਼ਰੂਰਤ ਨਹੀਂ ਹੈ। ਨਹਿਰੀ ਪਾਣੀ ਹੁਣ ਹਰ ਖੇਤ ਤੱਕ ਪਹੁੰਚ ਰਿਹਾ ਹੈ। ਪਹਿਲਾਂ ਸਿਰਫ 22 ਫੀਸਦ ਕਿਸਾਨਾਂ ਨੂੰ ਸਿੰਚਾਈ ਦਾ ਪਾਣੀ ਮਿਲਦਾ ਸੀ ਪਰ ਹੁਣ ਪੰਜਾਬ ਭਰ ਵਿੱਚ 78 ਫੀਸਦ ਕਿਸਾਨਾਂ ਨੂੰ ਨਹਿਰੀ ਪਾਣੀ ਮਿਲ ਰਿਹਾ ਹੈ। ਪਹਿਲਾਂ, ਮੰਡੀਆਂ ਵਿੱਚ ਫਸਲ ਵੇਚਣ ਤੋਂ ਬਾਅਦ, ਕਿਸਾਨਾਂ ਨੂੰ ਭੁਗਤਾਨ ਲਈ ਤਿੰਨ ਤੋਂ ਚਾਰ ਮਹੀਨੇ ਉਡੀਕ ਕਰਨੀ ਪੈਂਦੀ ਸੀ। ਹੁਣ ਤੁਸੀਂ ਸਵੇਰੇ ਆਪਣੀ ਫਸਲ ਮੰਡੀਆਂ ਵਿੱਚ ਲੈ ਜਾਂਦੇ ਹੋ ਅਤੇ ਸ਼ਾਮ ਨੂੰ ਘਰ ਵਾਪਸ ਆਉਣ ਤੱਕ ਤੁਹਾਨੂੰ ਸੁਨੇਹਾ ਮਿਲ ਜਾਂਦਾ ਹੈ ਕਿ ਤੁਹਾਨੂੰ ਭੁਗਤਾਨ ਕਰ ਦਿੱਤਾ ਗਿਆ ਹੈ। ਭੁਗਤਾਨ ਹੁਣ ਉਸੇ ਦਿਨ ਕੀਤੇ ਜਾਂਦੇ ਹਨ।'

ਭਲਾਈ ਸਬੰਧੀ ਗਰੰਟੀਆਂ ਦਾ ਵੇਰਵਾ ਦਿੰਦਿਆਂ ਉਨ੍ਹਾਂ ਕਿਹਾ, 'ਇਹ ਸਾਰੀਆਂ ਸਹੂਲਤਾਂ ਆਮ ਆਦਮੀ ਪਾਰਟੀ ਸਰਕਾਰ ਦੀ ਬਦੌਲਤ ਹਨ। ਜਲਦੀ ਹੀ ਸਭ ਤੋਂ ਵੱਡਾ ਐਲਾਨ ਕੀਤਾ ਜਾਵੇਗਾ, ਜਿਸ ਤਹਿਤ ਹਰ ਔਰਤ ਦੇ ਖਾਤੇ ਵਿੱਚ 1000 ਰੁਪਏ ਪ੍ਰਤੀ ਮਹੀਨਾ ਜਮ੍ਹਾਂ ਕੀਤੇ ਜਾਣਗੇ। ਰਜਿਸਟ੍ਰੇਸ਼ਨ ਵਿਸਾਖੀ ਦੇ ਆਸਪਾਸ ਸ਼ੁਰੂ ਹੋ ਜਾਵੇਗੀ। ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1500 ਰੁਪਏ ਦਿੱਤੇ ਜਾਣਗੇ। 18 ਸਾਲ ਤੋਂ ਵੱਧ ਉਮਰ ਦੀ ਕੋਈ ਵੀ ਔਰਤ ਜੋ ਪੰਜਾਬ ਦੀ ਵਸਨੀਕ ਹੈ, ਇਸ ਯੋਜਨਾ ਤਹਿਤ ਰਜਿਸਟਰ ਕਰਕੇ ਲਾਭ ਪ੍ਰਾਪਤ ਕਰਨਾ ਸ਼ੁਰੂ ਕਰ ਸਕਦੀ ਹੈ। ਇਸ ਦੇ ਨਾਲ, ਅਸੀਂ ਆਪਣੀਆਂ ਸਾਰੀਆਂ ਗਰੰਟੀਆਂ ਪੂਰੀਆਂ ਕਰ ਲਈਆਂ ਹਨ।'

ਆਪ ਸੁਪਰੀਮੋ ਨੇ ਕਿਹਾ, '2022 ਦੀਆਂ ਚੋਣਾਂ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਮੈਂ ਕਈ ਵਾਅਦੇ ਕੀਤੇ ਸਨ ਅਤੇ ਹੁਣ ਇੱਕ ਵੀ ਗਰੰਟੀ ਅਧੂਰੀ ਨਹੀਂ ਰਹੀ। ਹਰ ਵਾਅਦਾ ਪੂਰਾ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਅਸੀਂ ਹੋਰ ਵੀ ਬਹੁਤ ਸਾਰੇ ਕੰਮ ਕੀਤੇ ਹਨ। ਪਿੰਡਾਂ ਨੂੰ ਜੋੜਨ ਵਾਲੀਆਂ 4000 ਕਿਲੋਮੀਟਰ ਸੜਕਾਂ ਬਣਾਈਆਂ ਜਾ ਰਹੀਆਂ ਹਨ। ਹਰ ਪਿੰਡ ਵਿੱਚ ਖੇਡ ਦੇ ਮੈਦਾਨ ਬਣਾਏ ਜਾ ਰਹੇ ਹਨ ਅਤੇ ਜਲਦ ਹੀ ਖੇਡਾਂ ਦਾ ਸਮਾਨ ਵੀ ਪ੍ਰਦਾਨ ਕੀਤਾ ਜਾਵੇਗਾ। ਸਰਕਾਰ ਵੱਲੋਂ ਹੋਰ ਬਹੁਤ ਸਾਰੇ ਕੰਮ ਕੀਤੇ ਗਏ ਹਨ ਅਤੇ ਇਹ ਕੰਮ ਭਵਿੱਖ ਵਿੱਚ ਵੀ ਜਾਰੀ ਰਹਿਣਗੇ।'

ਆਪਣੇ ਸੰਬੋਧਨ ਦੇ ਅੰਤ ਵਿੱਚ ਅਰਵਿੰਦ ਕੇਜਰੀਵਾਲ ਨੇ ਕਿਹਾ, 'ਹੋਰ ਪਾਰਟੀਆਂ ਕੋਲ ਕਹਿਣ ਲਈ ਕੁਝ ਨਹੀਂ ਬਚਿਆ। ਉਹ ਸਿਰਫ਼ ਟਵਿੱਟਰ 'ਤੇ ਸਾਨੂੰ ਗਾਲ੍ਹਾਂ ਕੱਢਦੀਆਂ ਹਨ। ਜਦੋਂ ਇਹ ਪਾਰਟੀਆਂ ਪਿੰਡਾਂ ਵਿੱਚ ਜਾਂਦੀਆਂ ਹਨ, ਤਾਂ ਲੋਕ ਉਨ੍ਹਾਂ ਨੂੰ ਭਜਾ ਦਿੰਦੇ ਹਨ। ਹੁਣ ਇਹ ਸਿਰਫ ਟਵਿੱਟਰ (ਹੁਣ ਐਕਸ) 'ਤੇ ਬਿਆਨਬਾਜ਼ੀ ਕਰਨ ਵਾਲੀਆਂ ਪਾਰਟੀਆਂ ਬਣ ਗਈਆਂ ਹਨ। ਆਮ ਆਦਮੀ ਪਾਰਟੀ ਨੂੰ ਵਾਪਸ ਲਿਆਉਣਾ ਚਾਹੀਦਾ ਹੈ। ਪਿਛਲੀ ਵਾਰ ਤੁਸੀਂ 92 ਸੀਟਾਂ ਦਿੱਤੀਆਂ ਸਨ। ਇਸ ਵਾਰ ਇਹਨਾਂ ਪਾਰਟੀਆਂ ਨੂੰ ਇੱਕ ਵੀ ਸੀਟ ਨਾ ਦਿਓ। ਆਮ ਆਦਮੀ ਪਾਰਟੀ ਨੂੰ ਸਾਰੀਆਂ 117 ਸੀਟਾਂ ਦਿਓ ਤਾਂ ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਥ ਮਜ਼ਬੂਤ ਹੋਣ ਅਤੇ ਅਸੀਂ ਹੋਰ ਵੀ ਸਖ਼ਤ ਮਿਹਨਤ ਕਰ ਸਕੀਏ।'

ਇਸ ਦੌਰਾਨ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਇਸ ਸਟੇਜ ਤੋਂ ਅਸੀਂ ਸਿੱਖਿਆ, ਸਿਹਤ, ਬਿਜਲੀ, ਖੇਤੀਬਾੜੀ ਅਤੇ ਹੋਰ ਖੇਤਰਾਂ ਬਾਰੇ ਗੱਲ ਕਰ ਰਹੇ ਹਾਂ ਜਦੋਂ ਕਿ ਦੂਜੀਆਂ ਪਾਰਟੀਆਂ ਦੇ ਸਟੇਜਾਂ 'ਤੇ, ਸਿਰਫ਼ ਸੱਤਾ ਹਥਿਆਉਣ ਦੇ ਦਾਅਵੇ ਕੀਤੇ ਜਾ ਰਹੇ ਹਨ। ਇਹ ਮੌਕਾਪ੍ਰਸਤ ਆਗੂ ਹੈਰਾਨ ਹਨ ਕਿਉਂਕਿ ਲੋਕ ਉਨ੍ਹਾਂ ਨੂੰ ਜਵਾਬ ਨਹੀਂ ਦੇ ਰਹੇ ਹਨ। ਉਨ੍ਹਾਂ ਦਾ ਏਜੰਡਾ ਲੋਕਾਂ ਦੀ ਭਲਾਈ ਲਈ ਨਹੀਂ, ਸਗੋਂ ਉਨ੍ਹਾਂ ਦੇ ਆਪਣੇ ਪਰਿਵਾਰਾਂ ਦੀ ਭਲਾਈ ਤੱਕ ਸੀਮਤ ਹੈ। ਸੁਖਬੀਰ ਬਾਦਲ ਸੂਬੇ ਨੂੰ ਲੁੱਟਣ ਲਈ 'ਸਮੈਕ ਆਰਗੇਨਾਈਜ਼ੇਸ਼ਨ ਆਫ਼ ਇੰਡੀਆ' ਦੇ ਆਗੂਆਂ ਨੂੰ ਸਰਪ੍ਰਸਤੀ ਦੇ ਰਹੇ ਹਨ ਅਤੇ ਇਹ ਸਵੀਕਾਰਯੋਗ ਨਹੀਂ ਹੈ।'

ਸ਼ਾਸਨ ਅਤੇ ਸਿੰਚਾਈ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ, 'ਲੋਕ ਅਕਾਲੀਆਂ ਅਤੇ ਬਾਦਲ ਪਰਿਵਾਰ ਦੇ ਅਸਲੀ ਕਿਰਦਾਰ ਨੂੰ ਜਾਣਦੇ ਹਨ, ਇਸੇ ਕਰਕੇ ਲੋਕ ਉਨ੍ਹਾਂ ਦੇ ਝਾਂਸੇ ਵਿੱਚ ਨਹੀਂ ਆ ਰਹੇ। ਅਸੀਂ 6900 ਕਿਲੋਮੀਟਰ ਲੰਬੇ ਨਾਲਿਆਂ ਅਤੇ 18,349 ਚੈਨਲਾਂ ਨੂੰ ਮੁੜ ਸੁਰਜੀਤ ਕੀਤਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਨਹਿਰੀ ਪਾਣੀ ਸੂਬੇ ਦੇ ਹਰ ਕੋਨੇ ਤੱਕ ਪਹੁੰਚ ਸਕੇ ਜਿਸ ਨਾਲ ਕਿਸਾਨਾਂ ਨੂੰ ਬਹੁਤ ਫਾਇਦਾ ਹੋਇਆ। ਪਹਿਲਾਂ, ਨਹਿਰਾਂ ਕੁਝ ਆਗੂਆਂ ਦੇ ਘਰਾਂ ਤੱਕ ਜਾਂਦੀਆਂ ਸਨ ਅਤੇ ਉਨ੍ਹਾਂ ਨੇ ਕਦੇ ਵੀ ਕਿਸਾਨਾਂ ਦੀ ਪਰਵਾਹ ਨਹੀਂ ਕੀਤੀ।'

ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ, 'ਅਜਿਹੇ ਫੈਸਲੇ ਸਿਰਫ ਉਹ ਲੋਕ ਲੈ ਸਕਦੇ ਹਨ ਜੋ ਜ਼ਮੀਨੀ ਹਕੀਕਤਾਂ ਤੋਂ ਜਾਣੂ ਹੁੰਦੇ ਹਨ, ਪਹਾੜੀਆਂ ਦੇ ਕਾਨਵੈਂਟ ਸਕੂਲਾਂ ਵਿੱਚ ਪੜ੍ਹੇ ਲਿਖੇ ਲੋਕ ਨਹੀਂ ਲੈ ਸਕਦੇ। ਰਵਾਇਤੀ ਪਾਰਟੀਆਂ ਨੇ ਹਮੇਸ਼ਾ ਪੰਜਾਬ ਅਤੇ ਇਸਦੇ ਲੋਕਾਂ ਨਾਲ ਧੋਖਾ ਕੀਤਾ ਹੈ। ਉਹ ਈਰਖਾ ਕਰਦੇ ਹਨ, ਕਿਉਂਕਿ ਸਾਡਾ ਏਜੰਡਾ ਆਮ ਆਦਮੀ ਦੀ ਭਲਾਈ 'ਤੇ ਕੇਂਦ੍ਰਿਤ ਹੈ ਜਦੋਂ ਕਿ ਉਨ੍ਹਾਂ ਨੇ ਸਿਰਫ ਵਾਰੋ-ਵਾਰੀ ਸੂਬੇ ਨੂੰ ਲੁੱਟਿਆ ਹੈ।'

ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਮਨੀਸ਼ ਸਿਸੋਦੀਆ, ਕੈਬਨਿਟ ਮੰਤਰੀ ਅਮਨ ਅਰੋੜਾ, ਡਾ. ਬਲਬੀਰ ਸਿੰਘ, ਤਰੁਨਪ੍ਰੀਤ ਸਿੰਘ ਸੌਂਦ, ਬਰਿੰਦਰ ਗੋਇਲ, ਗੁਰਮੀਤ ਸਿੰਘ ਖੁੱਡੀਆਂ, ਡਾ. ਰਵਜੋਤ, ਹਰਭਜਨ ਸਿੰਘ ਈ.ਟੀ.ਓ., ਮੋਹਿੰਦਰ ਭਗਤ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

## ਮੋਦੀ 'ਚ ਇਜ਼ਰਾਈਲ ਦਾ ਵਿਰੋਧ

ਇਜ਼ਰਾਈਲ ਨੇ (i) ਗਾਜ਼ਾ ਦੇ ਲੋਕਾਂ 'ਤੇ ਆਪਣੀ ਬੇਰਹਿਮੀ ਜਾਰੀ ਰੱਖੀ ਹੈ; ਦੱਖਣੀ ਲੇਬਨਾਨ ਵਿੱਚ ਆਪਣੇ ਲਈ ਇੱਕ ਵੱਡਾ ਬਫਰ ਜ਼ੋਨ ਬਣਾਉਣ ਲਈ ਕਾਰਵਾਈਆਂ ਸ਼ੁਰੂ ਕਰ ਦਿੱਤੀਆਂ ਹਨ; ਅਤੇ (iii) ਪੱਛਮੀ ਕੰਢੇ ਦੇ ਆਪਣੇ ਕਬਜ਼ੇ ਨੂੰ ਪੱਕੇ ਕਬਜ਼ੇ ਵਿੱਚ ਬਦਲਣ ਲਈ ਨਿਰਣਾਇਕ ਕਦਮ ਚੁੱਕੇ ਹਨ।' ਉਨ੍ਹਾਂ ਕਿਹਾ ਕਿ ਮੌਜੂਦਾ ਪੱਛਮੀ ਏਸ਼ੀਆ ਜੰਗ ਇਜ਼ਰਾਈਲ ਨੂੰ ਗ੍ਰੇਟਰ ਇਜ਼ਰਾਈਲ ਦੇ ਆਪਣੇ ਵਿਜ਼ਨ 'ਤੇ ਅੱਗੇ ਵਧਣ ਲਈ ਆੜ ਪ੍ਰਦਾਨ ਕਰ ਰਹੀ ਹੈ ਅਤੇ ਫਲਸਤੀਨੀ ਰਾਜ ਦੀ ਕਿਸੇ ਵੀ ਉਮੀਦ ਨੂੰ ਵੀ ਖਤਮ ਕਰ ਰਹੀ ਹੈ। ਰਮੇਸ਼ ਨੇ ਕਿਹਾ, 'ਈਰਾਨ 'ਤੇ ਅਮਰੀਕਾ-ਇਜ਼ਰਾਈਲ ਦੀ ਬੰਬਾਰੀ ਮੋਦੀ ਦੇ ਇਜ਼ਰਾਈਲ ਛੱਡਣ ਦੇ ਸਿਰਫ ਦੋ ਦਿਨ ਬਾਅਦ ਸ਼ੁਰੂ ਹੋਈ ਸੀ। ਜੋ ਗੱਲ ਸਮਝ ਨਹੀਂ ਆ ਰਹੀ ਉਹ ਇਹ ਹੈ ਕਿ ਉਨ੍ਹਾਂ ਦੇ ਉੱਥੇ ਪਹੁੰਚਣ ਤੋਂ ਕੁਝ ਦਿਨ ਪਹਿਲਾਂ ਹੀ ਇਜ਼ਰਾਈਲੀ ਕੈਬਨਿਟ ਨੇ 1967 ਤੋਂ ਬਾਅਦ ਪਹਿਲੀ ਵਾਰ ਕਬਜ਼ੇ ਵਾਲੇ ਪੱਛਮੀ ਕੰਢੇ ਦੇ ਲੱਗਭੱਗ ਅੱਧੇ ਹਿੱਸੇ ਵਿੱਚ ਜ਼ਮੀਨ ਰਜਿਸਟ੍ਰੇਸ਼ਨ ਨੂੰ ਮਨਜ਼ੂਰੀ ਦਿੱਤੀ ਸੀ।'

## ਸਿੱਖ ਮਾਮਲਿਆਂ ਬਾਰੇ ਕਈ ਮਤੇ ਪਾਸ

ਹੋਣ ਦੀ ਅਪੀਲ ਕਰਨ, ਪੰਜਾਬ ਸਰਕਾਰ ਵੱਲੋਂ ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025 ਦੇ ਸਬੰਧ ਵਿਚ ਅਪਣਾਈ ਜਾ ਰਹੀ ਪਹੁੰਚ ਅਤੇ ਮੁੱਖ ਮੰਤਰੀ ਵੱਲੋਂ ਦਿੱਤੇ ਜਾ ਰਹੇ ਬਿਆਨਾਂ ਨਾਲ ਪੈਦਾ ਹੋ ਰਹੇ ਭਰਮ, ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ, ਏਆਈ ਦੀ ਹੋਰ ਰਹੀ ਦੁਰਵਰਤੋਂ 'ਤੇ ਫਿਕਰਮੰਦੀ ਪ੍ਰਗਟ ਕਰਨ ਦੇ ਨਾਲ-ਨਾਲ ਵੱਖ-ਵੱਖ ਸੂਬਿਆਂ ਵਿਚ ਪ੍ਰੀਖਿਆਵਾਂ ਦੌਰਾਨ ਸਿੱਖ ਵਿਦਿਆਰਥੀਆਂ ਨੂੰ ਕਕਾਰ ਉਤਾਰਨ ਲਈ ਮਜ਼ਬੂਰ ਕਰਨ, ਪੰਜਾਬ ਵਿਚ ਨੌਜੁਆਨਾਂ ਦੇ ਵਧ ਰਹੇ ਪੁਲਿਸ ਮੁਕਾਬਲਿਆਂ 'ਤੇ ਫ਼ਿਕਰਮੰਦੀ ਪ੍ਰਗਟ ਕਰਨ, ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦਾ ਲਾਂਘਾ ਮੁੜ ਖੋਲ੍ਹਣ ਅਤੇ ਵਿਦੇਸ਼ਾਂ ਅੰਦਰ ਸਿੱਖਾਂ ਦੀਆਂ ਸਮੱਸਿਆਵਾਂ ਨੂੰ ਨਜਿੱਠਣ ਲਈ ਭਾਰਤ ਸਰਕਾਰ ਨੂੰ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਅਪੀਲ ਸਮੇਤ ਹੋਰ ਮਤੇ ਸ਼ਾਮਲ ਹਨ।

ਪਾਸ ਕੀਤੇ ਗਏ ਅਹਿਮ ਮਤੇ ਰਾਹੀਂ ਸਿੱਖ ਕੌਮ ਦੇ ਮਹਾਨ ਇਤਿਹਾਸ, ਅਟੱਲ ਸਿਧਾਂਤਾਂ ਅਤੇ ਵਿਲੱਖਣ ਧਾਰਮਿਕ ਪਰੰਪਰਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਸਮੇਂ-ਸਮੇਂ 'ਤੇ ਨੀਤੀਗਤ ਏਜੰਡਿਆਂ ਤਹਿਤ ਸਿੱਖਾਂ ਦੀ ਮੌਲਿਕ ਅਤੇ ਅੱਡਰੀ ਪਛਾਣ ਨੂੰ ਰਲਗੱਡ ਕਰਨ ਦੀਆਂ ਹੋ ਰਹੀਆਂ ਕੋਸ਼ਿਸ਼ਾਂ ਪ੍ਰਤੀ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਅਜਿਹੀਆਂ ਹਰਕਤਾਂ ਕੇਵਲ ਸਿੱਖ ਕੌਮ ਦੀ ਵੱਖਰੀ ਪਛਾਣ ਨੂੰ ਨਿਸ਼ਾਨਾ ਬਣਾਉਣ ਤੱਕ ਹੀ ਸੀਮਤ ਨਹੀਂ ਹਨ, ਸਗੋਂ ਇਹ ਸਿੱਖ ਧਰਮ ਦੀ ਪਵਿੱਤਰਤਾ, ਅਜ਼ਾਦ ਹਸਤੀ ਅਤੇ ਮਾਨਵਤਾ ਨੂੰ ਪ੍ਰਦਾਨ ਕੀਤੇ ਉਸ ਦੇ ਉੱਚੇ ਆਦਰਸ਼ਾਂ ਲਈ ਵੀ ਸਿੱਧੀ ਚੁਣੌਤੀ ਹਨ। ਇਹ ਵਰਤਾਰਾ ਘੱਟ ਗਿਣਤੀਆਂ ਪ੍ਰਤੀ ਬਹੁਗਿਣਤੀ ਕੌਮਾਂ ਦੀਆਂ ਧਾਰਮਿਕ ਸੰਸਥਾਵਾਂ ਦੇ ਆਗੂਆਂ ਦੇ ਨਾਲ-ਨਾਲ ਇਸੇ ਸੋਚ ਵਾਲੇ ਲੋਕਾਂ ਵੱਲੋਂ ਸ਼ੋਸ਼ਲ ਮੀਡੀਆ ਉੱਤੇ ਪਰੋਸੀ ਜਾ ਰਹੀ ਵਿਚਾਰਧਾਰਾ ਨਾਲ ਸਬੰਧਤ ਹੈ। ਮਤੇ ਵਿਚ ਕਿਹਾ ਗਿਆ ਕਿ ਸਿੱਖ ਕੌਮ ਇੱਕ ਵੱਖਰੀ ਅਤੇ ਸੁਤੰਤਰ ਧਾਰਮਿਕ ਕੌਮ ਹੈ। ਇਸ ਦਾ ਆਪਣਾ ਮਹਾਨ ਇਤਿਹਾਸ, ਵਿਲੱਖਣ ਦਰਸ਼ਨ, ਅਲੱਗ ਸਿਧਾਂਤ, ਕਦਰਾਂ-ਕੀਮਤਾਂ, ਤਿਉਹਾਰ, ਰਹਿਣ ਸਹਿਣ ਅਤੇ ਮਰਯਾਦਾਵਾਂ ਹਨ। ਸਿੱਖ ਧਰਮ ਨੇ ਮਨੁੱਖਤਾ ਨੂੰ ਸੱਚ, ਨਿਆਂ, ਬਰਾਬਰਤਾ, ਭਾਈਚਾਰੇ ਅਤੇ ਸੇਵਾ ਦੇ ਉੱਚ ਆਦਰਸ਼ ਹਨ। ਇਸ ਲਈ ਸਿੱਖਾਂ ਦੀ ਮੌਲਿਕ ਤੇ ਅੱਡਰੀ ਹਸਤੀ ਨੂੰ ਰਲਗੱਡ ਕਰਨ ਵਾਲੀ ਹਰ ਵਿਚਾਰਧਾਰਾ ਨੂੰ ਰੱਦ ਕਰਦਿਆਂ ਸਮੂਹ ਸਿੱਖ ਸੰਸਥਾਵਾਂ, ਵਿਦਵਾਨਾਂ ਅਤੇ ਸੰਸਾਰ ਭਰ ਦੀ ਸੰਗਤ ਨੂੰ ਅਪੀਲ ਕੀਤੀ ਕਿ ਸਿੱਖ ਧਰਮ ਦੀ ਮੌਲਿਕਤਾ, ਪਵਿੱਤਰਤਾ ਅਤੇ ਵਿਲੱਖਣ ਹੋਂਦ ਹਸਤੀ ਨੂੰ ਮੁੱਖ ਰੱਖਦਿਆਂ ਸਦਾ ਜਾਗਰੂਕ ਰਹਿੰਦੇ ਹੋਏ ਇਸ ਨੂੰ ਰਲਗੱਡ ਕਰਨ ਦੀ ਹਰ ਚਾਲ ਵਿਰੁੱਧ ਇਕਜੁੱਟਤਾ ਨਾਲ ਅਵਾਜ਼ ਬੁਲੰਦ ਕੀਤੀ ਜਾਵੇ।

ਇਕ ਹੋਰ ਅਹਿਮ ਮਤੇ ਰਾਹੀਂ ਪੰਜਾਬ ਸਰਕਾਰ ਵੱਲੋਂ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025" ਦੇ ਸਬੰਧ ਵਿਚ ਅਪਣਾਈ ਜਾ ਰਹੀ ਪਹੁੰਚ ਅਤੇ ਮੁੱਖ ਮੰਤਰੀ ਵੱਲੋਂ ਦਿੱਤੇ ਜਾ ਰਹੇ ਬਿਆਨ ਨਾਲ ਸੰਗਤਾਂ ਅੰਦਰ ਭਰਮ ਪੈਦਾ ਹੋਣ ਦਾ ਜ਼ਿਕਰ ਕਰਨ ਦੇ ਨਾਲ-ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਲਗਾਤਾਰ ਵੱਧ ਰਹੇ ਮਾਮਲਿਆਂ ਪ੍ਰਤੀ ਗੰਭੀਰ ਚਿੰਤਾ ਪ੍ਰਗਟਾਈ ਗਈ। ਮਤੇ ਵਿਚ ਕਿਹਾ ਗਿਆ ਕਿ ਰਾਜਸੀ ਪਾਰਟੀਆਂ ਨੇ ਇਸ ਮਾਮਲੇ ਉੱਤੇ ਸਰਕਾਰਾਂ ਬਣਾਉਣ ਲਈ ਸਿਆਸਤ ਤਾਂ ਕੀਤੀ, ਪਰ ਸੰਗਤਾਂ ਦੀਆਂ ਭਾਵਨਾਵਾਂ ਦੀ ਤਰਜ਼ਮਾਨੀ ਨਾ ਕਰ ਸਕੀਆਂ। ਪੰਜਾਬ ਦੀ ਮੌਜੂਦਾ ਸਰਕਾਰ ਦੇ ਸਮੇਂ ਦੌਰਾਨ ਬੇਅਦਬੀ ਦੇ ਬੇਅੰਤ ਮਾਮਲੇ ਸਾਹਮਣੇ ਆਏ ਹਨ, ਪਰੰਤੂ ਨਾ ਤਾਂ ਉਨ੍ਹਾਂ ਦੀ ਪੂਰੀ ਜਾਂਚ ਕੀਤੀ ਗਈ ਅਤੇ ਨਾ ਹੀ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ ਮਿਲੀਆਂ। ਸਰਕਾਰ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਦੋਸ਼ੀ ਬਚ ਕੇ ਨਿਕਲ ਰਹੇ ਹਨ। ਮਤੇ ਵਿਚ ਮੌਜੂਦਾ ਪੰਜਾਬ ਸਰਕਾਰ ਦੀ ਗੈਰ-ਸੰਜੀਦਗੀ ਇਸ ਗੱਲ ਕਰਦਿਆਂ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਲਈ ਕੀਤੀ ਜਾ ਰਹੀ ਕਾਰਵਾਈ ਨੂੰ ਸਿਰਫ਼ ਇੱਕ ਰਸਮੀ ਅਤੇ ਮਨਮਰਜ਼ੀ ਦੀ ਕਾਰਵਾਈ ਕਰਾਰ ਦਿੱਤਾ ਗਿਆ। ਕਿਹਾ ਗਿਆ ਕਿ ਸਰਕਾਰ ਦੀ ਸਿਲੈਕਟ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਤੋਂ ਸੁਝਾਅ ਤਾਂ ਮੰਗੇ ਗਏ, ਪਰ ਜਦੋਂ ਸ਼੍ਰੋਮਣੀ ਕਮੇਟੀ ਦੀ ਬਣਾਈ ਕਮੇਟੀ ਨੇ ਸਰਕਾਰ ਨੂੰ ਕਈ ਪੱਤਰ ਭੇਜ ਕੇ ਲੋੜੀਂਦੀ ਜਾਣਕਾਰੀ ਮੰਗੀ ਤਾਂ ਸਰਕਾਰ ਨੇ ਉਹ ਜਾਣਕਾਰੀ ਦੇਣਾ ਵੀ ਮੁਨਾਸਿਬ ਨਹੀਂ ਸਮਝਿਆ। ਦੂਜੇ ਪਾਸੇ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਅਖ਼ਬਾਰੀ ਬਿਆਨਾਂ ਵਿਚ "ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2008" ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਬਾਰੇ ਹੈ, ਵਿਚ ਸੋਧ ਦੀ ਗੱਲ ਕਰਨ ਨਾਲ ਹੋਰ ਵੀ ਸਵਾਲ ਪੈਦਾ ਹੋਏ ਹਨ। ਮਤੇ 'ਚ ਇਸ ਅਹਿਮ ਮਸਲੇ ਪ੍ਰਤੀ ਮੰਗ ਕੀਤੀ ਗਈ ਕਿ ਬੇਅਦਬੀ ਦੀਆਂ ਘਟਨਾਵਾਂ ਰੋਕਣ ਲਈ ਪੰਜਾਬ ਸਰਕਾਰ ਬਿੱਲ ਨੂੰ ਲੈ ਕੇ ਸੰਗਤਾਂ ਦੀਆਂ ਭਾਵਨਾਵਾਂ ਦੀ ਤਰਜਮਾਨੀ ਯਕੀਨੀ ਬਣਾਵੇ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਮੰਗੀਆਂ ਗਈਆਂ ਸਾਰੀਆਂ ਜਾਣਕਾਰੀਆਂ ਤੁਰੰਤ ਮੁਹੱਈਆ ਕਰਵਾਏ। ਇਹ ਵੀ ਕਿਹਾ ਗਿਆ ਕਿ "ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2008" ਨਾਲ ਕੋਈ ਛੇੜਛਾੜ ਨਾ ਕੀਤੀ ਜਾਵੇ।

ਇਕ ਹੋਰ ਮਤੇ ਰਾਹੀਂ ਸ਼੍ਰੋਮਣੀ ਕਰੀਬ ਤਿੰਨ ਤਿੰਨ ਦਹਾਕਿਆਂ ਤੋਂ ਜੇਲ੍ਹਾਂ ਅੰਦਰ ਨਜ਼ਰਬੰਦ ਸਿੰਘਾਂ ਦੀ ਰਿਹਾਈ ਲਈ ਸਿੱਖ ਕੌਮ ਵੱਲੋਂ ਲਗਾਤਾਰ ਉਠਾਈ ਜਾ ਰਹੀ ਮੰਗ ਪ੍ਰਤੀ ਕੇਂਦਰ ਅਤੇ ਰਾਜ ਸਰਕਾਰਾਂ ਦੇ ਅੜੀਅਲ ਤੇ ਪੱਖਪਾਤੀ ਰਵੱਈਏ ਦੀ ਕਰੜੀ ਨਿੰਦਾ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਲਈ ਪਾਈ ਗਈ ਪਟੀਸ਼ਨ ਨੂੰ 14 ਸਾਲ ਪੂਰੇ ਹੋ ਗਏ ਹਨ, ਪ੍ਰੰਤੂ ਸਿੱਖ ਭਾਵਨਾਵਾਂ ਨਾਲ ਜੁੜੇ ਇਸ ਗੰਭੀਰ ਮਾਮਲੇ ਪ੍ਰਤੀ ਅਪਣਾਈ ਜਾ ਰਹੀ ਪਹੁੰਚ ਸਰਕਾਰ ਦੀ ਨੀਤੀ ਤੇ ਨੀਤ 'ਤੇ ਵੱਡੇ ਸਵਾਲ ਪੈਦਾ ਕਰਦੀ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਭਾਰਤ ਸਰਕਾਰ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਹੋਰ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕੀਤਾ ਸੀ, ਪਰ ਇਸ ਨੂੰ ਲਾਗੂ ਨਾ ਕੀਤਾ ਗਿਆ। ਭਾਈ ਬਲਵੰਤ ਸਿੰਘ ਰਾਜੋਆਣਾ ਜੋ ਫਾਂਸੀ ਦੀ ਚੱਕੀ ਵਿਚ ਲੰਮੇ ਸਮੇਂ ਤੋਂ ਸਜ਼ਾ ਭੁਗਤ ਰਹੇ ਹਨ, ਉਨ੍ਹਾਂ ਨਾਲ ਕੀਤਾ ਜਾ ਰਿਹਾ ਅਜਿਹਾ ਵਿਤਕਰਾ ਸਮੁੱਚੀ ਕੌਮ ਨੂੰ ਪੀੜਾ ਦੇਣ ਵਾਲਾ ਹੈ। ਮਤੇ ਵਿਚ ਮੰਗ ਕੀਤੀ ਗਈ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਸਬੰਧੀ ਪਟੀਸ਼ਨ ਨੂੰ ਕੇਂਦਰ ਸਰਕਾਰ ਹੋਰ ਨਾ ਲਮਕਾਵੇ ਅਤੇ ਹਾਂ ਜਾ ਨਾਂ ਵਿਚ ਤੁਰੰਤ ਫ਼ੈਸਲਾ ਕਰੇ।

ਇਸ ਮਤੇ ਵਿਚ ਦਿੱਲੀ ਦੀ ਭਾਜਪਾ ਸਰਕਾਰ ਵੱਲੋਂ ਭਾਈ ਦਵਿੰਦਰਪਾਲ ਸਿੰਘ ਭੁੱਲਰ ਦੇ ਮਾਮਲੇ ਵਿਚ ਕੀਤੇ ਜਾ ਰਹੇ ਵਿਤਕਰੇ ਦੀ ਵੀ ਨਿੰਦਾ ਕੀਤੀ ਗਈ। ਕਿਹਾ ਗਿਆ ਕਿ ਪਹਿਲਾਂ ਆਮ ਆਦਮੀ ਪਾਰਟੀ ਦੀ ਕੇਜਰੀਵਾਲ ਸਰਕਾਰ ਇਸ ਵਿਚ ਅੜਿੱਕਾ ਬਣਦੀ ਰਹੀ ਅਤੇ ਹੁਣ ਭਾਜਪਾ ਦੀ ਸਰਕਾਰ ਵੀ ਉਸੇ ਰਾਹ ਉੱਤੇ ਹੈ। ਮਤੇ ਵਿਚ ਭਾਜਪਾ ਦੇ ਸਿੱਖ ਆਗੂਆਂ ਦੀ ਖਾਮੋਸ਼ੀ 'ਤੇ ਵੀ ਸਵਾਲ ਚੁੱਕੇ ਗਏ। ਇਸ ਦੇ ਨਾਲ ਹੀ ਲੰਮੇ ਸਮੇਂ ਤੋਂ ਜੇਲ੍ਹਾਂ ਅੰਦਰ ਨਜ਼ਰਬੰਦ ਭਾਈ ਗੁਰਦੀਪ ਸਿੰਘ ਖੈੜਾ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਪਰਮਜੀਤ ਸਿੰਘ ਭਿਉਰਾ, ਭਾਈ ਜਗਤਾਰ ਸਿੰਘ ਤਾਰਾ ਸਮੇਤ ਹੋਰ ਸਿੰਘਾਂ ਦੀ ਤੁਰੰਤ ਰਿਹਾਈ ਦੀ ਵੀ ਮੰਗ ਕੀਤੀ ਗਈ।

ਇਕ ਹੋਰ ਮਤੇ 'ਚ ਏਆਈ ਤਕਨਾਲੋਜੀ ਦੀ ਦੁਰਵਰਤੋਂ ਕਰਕੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਇਤਰਾਜ਼ਯੋਗ ਸਮੱਗਰੀ ਦੇ ਪ੍ਰਸਾਰ 'ਤੇ ਫ਼ਿਕਰਮੰਦੀ ਪ੍ਰਗਟ ਕਰਦਿਆਂ ਇਸ ਦੀ ਰੋਕਥਾਮ ਲਈ ਭਾਰਤ ਸਰਕਾਰ ਨੂੰ ਇੱਕ ਠੋਸ ਨੀਤੀ ਬਣਾਉਣ ਲਈ ਆਖਿਆ ਗਿਆ। ਮਤੇ ਰਾਹੀਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਏਆਈ ਦੀ ਦੁਰਵਰਤੋਂ ਨੂੰ ਰੋਕਣ ਲਈ ਸਖ਼ਤ ਅਤੇ ਢੁੱਕਵੀਂ ਨੀਤੀ ਬਣਾਈ ਜਾਵੇ ਅਤੇ ਅਜਿਹੇ ਮਾਮਲਿਆਂ ਵਿੱਚ ਤੁਰੰਤ ਕਾਰਵਾਈ ਯਕੀਨੀ ਬਣੇ। ਇਸ ਸਬੰਧੀ ਕੇਂਦਰ ਸਰਕਾਰ ਸੂਬਾਂ ਸਰਕਾਰਾਂ ਨੂੰ ਵੀ ਸਖਤ ਆਦੇਸ਼ ਜਾਰੀ ਕੀਤੇ ਜਾਣ।

ਇਕ ਹੋਰ ਮਤੇ ਰਾਹੀਂ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਪ੍ਰੀਖਿਆਵਾਂ ਦੌਰਾਨ ਸਿੱਖ ਵਿਦਿਆਰਥੀਆਂ ਨੂੰ ਕਕਾਰ ਉਤਾਰਨ ਲਈ ਮਜ਼ਬੂਰ ਕਰਨ ਦੀਆਂ ਘਟਨਾਵਾਂ 'ਤੇ ਦੁੱਖ ਜ਼ਾਹਰ ਕੀਤਾ ਗਿਆ। ਕਿਹਾ ਗਿਆ ਕਿ ਸਿੱਖਾਂ ਲਈ ਕਕਾਰਾਂ ਦੀ ਮਹੱਤਤਾ ਤੋਂ ਜਾਣੂ ਹੋਣ ਦੇ ਬਾਵਜੂਦ ਵੀ ਅਕਸਰ ਹੀ ਮੁਕਾਬਲਾ ਪ੍ਰੀਖਿਆਵਾਂ ਸਮੇਂ ਸਿੱਖ ਵਿਦਿਆਰਥੀਆਂ ਨੂੰ ਪ੍ਰੇਸ਼ਾਨ ਕੀਤਾ ਜਾਂਦਾ ਹੈ। ਇਸ ਨਾਲ ਸਿੱਖ ਭਾਵਨਾਵਾਂ ਆਹਤ ਹੋਣ ਦੇ ਨਾਲ-ਨਾਲ ਵਿਦਿਆਰਥੀਆਂ ਦੀ ਪ੍ਰੀਖਿਆ 'ਤੇ ਵੀ ਅਸਰ ਪੈਂਦਾ ਹੈ। ਮੰਗ ਕੀਤੀ ਗਈ ਕਿ ਜੇਕਰ ਕੋਈ ਵਿਅਕਤੀ ਸਿੱਖ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੌਰਾਨ ਕਕਾਰ ਉਤਾਰਨ ਲਈ ਮਜ਼ਬੂਰ ਕਰੇ ਤਾਂ ਉਸ ਖ਼ਿਲਾਫ਼ ਕਾਰਵਾਈ ਯਕੀਨੀ ਬਣਾਈ ਜਾਵੇ।

ਇਕ ਹੋਰ ਮਤੇ ਰਾਹੀਂ ਪੰਜਾਬ ਅੰਦਰ ਨੌਜਵਾਨਾਂ ਦੇ ਵੱਧ ਰਹੇ ਪੁਲਿਸ ਮੁਕਾਬਲਿਆਂ 'ਤੇ ਫ਼ਿਕਰਮੰਦੀ ਪ੍ਰਗਟ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਪੰਜਾਬ ਅੰਦਰ ਪੈਦਾ ਕੀਤਾ ਜਾ ਰਿਹਾ ਇਹ ਰੁਝਾਨ ਨਾ ਸਿਰਫ਼ ਕਾਨੂੰਨ-ਵਿਵਸਥਾ ਉੱਤੇ ਸਵਾਲ ਖੜ੍ਹੇ ਕਰਦਾ ਹੈ, ਸਗੋਂ ਸਮਾਜ ਵਿਚ ਡਰ ਅਤੇ ਅਸੁਰੱਖਿਆ ਦਾ ਮਾਹੌਲ ਵੀ ਪੈਦਾ ਕਰਦਾ ਹੈ। ਇਸ ਲਈ ਪੁਲਿਸ ਮੁਕਾਬਲਿਆਂ ਦੇ ਨਾਂ 'ਤੇ ਹੋ ਰਹੀਆਂ ਘਟਨਾਵਾਂ ਦੀ ਪੂਰੀ ਪਾਰਦਰਸ਼ਤਾ ਅਤੇ ਨਿਆਂਪੂਰਕ ਜਾਂਚ ਹੋਣੀ ਚਾਹੀਦੀ ਹੈ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ ਨੂੰ ਰੋਕਿਆ ਜਾ ਸਕੇ।

ਇਕ ਮਤੇ ਰਾਹੀਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ) ਦਾ ਲਾਂਘਾ ਪਹਿਲਾਂ ਦੀ ਤਰ੍ਹਾਂ ਤੁਰੰਤ ਚਾਲੂ ਕੀਤੇ ਜਾਣ ਦੀ ਮੰਗ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਦੋਵਾਂ ਦੇਸ਼ਾਂ ਅੰਦਰ ਤਲਖ਼ੀ ਹੋਣ ਕਾਰਨ ਇਹ ਲਾਂਘਾ ਬੰਦ ਹੋਣ ਨਾਲ ਸਿੱਖ ਸੰਗਤਾਂ ਦੀ ਆਸਥਾ ਨੂੰ ਸੱਟ ਵੱਜ ਰਹੀ ਹੈ। ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਸਮਝਦੇ ਹੋਏ ਇਹ ਲਾਂਘਾ ਤੁਰੰਤ ਖੋਲ੍ਹਿਆ ਜਾਵੇ।

ਇਕ ਹੋਰ ਮਤੇ ਰਾਹੀਂ ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਦੀਆਂ ਸਮੱਸਿਆਵਾਂ ਨੂੰ ਨਜਿੱਠਣ ਲਈ ਭਾਰਤ ਸਰਕਾਰ ਨੂੰ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਅਪੀਲ ਕੀਤੀ ਗਈ। ਮਤੇ ਵਿਚ ਕੇਂਦਰ ਕਿਹਾ ਗਿਆ ਕਿ ਕੇਂਦਰ ਸਰਕਾਰ ਦੇਸ਼ ਦੁਨੀਆ ਅੰਦਰ ਸਿੱਖਾਂ ਦੇ ਧਾਰਮਿਕ ਅਧਿਕਾਰਾਂ ਅਤੇ ਰਹੁ-ਰੀਤਾਂ ਨਿਭਾਉਣ ਦੀ ਆਜ਼ਾਦੀ ਦੀ ਰੱਖਿਆ ਹਰ ਹਾਲਤ ਵਿਚ ਯਕੀਨੀ ਬਣਾਵੇ। ਇਸ ਦੇ ਮੱਦੇਨਜ਼ਰ ਸਰਕਾਰ ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਨਾਲ ਕਿਸੇ ਵੀ ਤਰ੍ਹਾਂ ਦੀ ਨਸਲੀ ਹਿੰਸਾ, ਭੇਦਭਾਵ ਰੋਕਣ ਲਈ ਕੂਟਨੀਤਕ ਯਤਨ ਕਰੇ।

ਹੋਰ ਮਤੇ ਰਾਹੀਂ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ (ਹਰਿਆਣਾ) 'ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਦੀ ਵੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਸਿੱਖ ਸੰਸਥਾ ਨੂੰ ਕਮਜ਼ੋਰ ਕਰਨ ਵਾਲੀਆਂ ਅਜਿਹੀਆਂ ਹਰਕਤਾਂ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ।

ਇਸ ਤੋਂ ਇਲਾਵਾ ਸ਼ੋਕ ਮਤਿਆਂ 'ਚ ਬਾਬਾ ਸੁੱਚਾ ਸਿੰਘ ਕਾਰਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ, ਸ਼੍ਰੋਮਣੀ ਕਮੇਟੀ ਮੈਂਬਰ ਸ. ਅਮੀਰ ਸਿੰਘ ਰਸੀਦਾਂ, ਸਾਬਕਾ ਮੈਂਬਰ ਜਥੇਦਾਰ ਸੁਰਜੀਤ ਸਿੰਘ ਚੀਮਾ, ਸ. ਬੀਰ ਸਿੰਘ ਤੇ ਸ. ਸੰਤੋਖ ਸਿੰਘ ਖੀਰਾਂਵਾਲੀ ਦੇ ਅਕਾਲ ਚਲਾਣਾ ਕਰ ਜਾਣ ਸਬੰਧੀ ਮੂਲਮੰਤਰ ਅਤੇ ਗੁਰਮੰਤਰ ਦਾ ਜਾਪ ਕਰਕੇ ਸਤਿਕਾਰ ਭੇਟ ਕੀਤਾ ਗਿਆ।

## ਪੰਜਾਬ ਦੇ ਸਾਬਕਾ ਮੰਤਰੀ

ਲਾਲ ਸਿੰਘ ਪਹਿਲਾਂ ਹਲਕਾ ਦਕਾਲਾ ਅਤੇ ਫਿਰ ਹਲਕਾ ਸਨੌਰ ਤੋਂ 7 ਵਾਰ ਵਿਧਾਇਕ ਰਹਿ ਚੁੱਕੇ ਹਨ ਅਤੇ ਕਈ ਵਾਰ ਕੈਬਨਿਟ ਮੰਤਰੀ ਵੀ ਰਹੇ। ਉਹ ਇਕ ਦਰਜਨ ਦੇ ਲੱਗਭੱਗ ਕਈ ਵਿਭਾਗਾਂ ਦੇ ਮੰਤਰੀ ਰਹੇ। ਉਹ ਕੈਪਟਨ ਸਰਕਾਰ ਵਿਚ ਵਿੱਤ ਮੰਤਰੀ ਵੀ ਰਹੇ। ਇਸ ਦੇ ਨਾਲ ਹੀ ਉਹ ਮੰਡੀ ਬੋਰਡ ਦੇ ਚੇਅਰਮੈਨ ਤੋਂ ਲੈ ਕੇ ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਵੀ ਰਹੇ। ਉਨ੍ਹਾਂ ਦਾ ਜੱਦੀ ਪਿੰਡ ਪਟਿਆਲਾ ਦੇ ਕੋਲ ਜੋਗੀਪੁਰ ਹੈ। ਲਾਲ ਸਿੰਘ ਦਾ ਅੰਤਿਮ ਸੰਸਕਾਰ ਵੀਰ ਜੀ ਦੀਆਂ ਮੜੀਆਂ ਪਟਿਆਲਾ ਵਿਖੇ ਐਤਵਾਰ ਮਿਤੀ 29 ਮਾਰਚ ਬਾਅਦ ਦੁਪਹਿਰ ਤਿੰਨ ਵਜੇ ਕੀਤਾ ਜਾਵੇਗਾ।

## ਫ਼ੌਜ ਨੂੰ 2000 ਪ੍ਰਹਾਰ ਮਸ਼ੀਨ ਗੰਨਾਂ ਦੀ

ਸੌਂਪਣ ਲਈ ਸ਼ਨੀਵਾਰ ਨੂੰ ਸੰਬੰਧਤ ਕੰਪਲੈਕਸ 'ਚ ਇਕ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ 'ਚ ਰੱਖਿਆ ਮੰਤਰਾਲਾ ਦੇ ਡਾਇਰੈਕਟਰ ਜਨਰਲ (ਖਰੀਦ) ਏ. ਅੰਬਰਾਸੂ ਅਤੇ 'ਅਡਾਨੀ ਡਿਫੈਂਸ ਐਂਡ ਏਰੋਸਪੇਸ' ਦੇ ਮੁੱਖ ਕਾਰਜਕਾਰੀ ਅਧਿਕਾਰੀ ਆਸ਼ੀਸ਼ ਰਾਜਵੰਸ਼ੀ ਅਤੇ ਨਿੱਜੀ ਕੰਪਨੀ ਦੇ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਹੋਏ। ਬਾਅਦ 'ਚ, ਅੰਬਰਾਸੂ ਨੇ ਫ਼ੌਜ ਲਈ ਬਣੀ ਐੱਲ.ਐੱਮ.ਜੀ. ਦੀ ਪਹਿਲੀ ਖੇਪ ਲਿਜਾ ਰਹੇ ਟਰੱਕਾਂ ਨੂੰ ਹਰੀ ਝੰਡੀ ਦਿਖਾਈ।

## ਭਾਰਤ ਸਭ ਤੋਂ ਵੱਧ ਜਣੇਪਾ

ਵਿੱਚ ਕ੍ਰਮਵਾਰ 11,900 ਅਤੇ 32,900 ਜਣੇਪਾ ਮੌਤਾਂ ਹੋਈਆਂ। ਵਾਸ਼ਿੰਗਟਨ ਯੂਨੀਵਰਸਿਟੀ ਦੇ ਇੰਸਟੀਚਿਊਟ ਫਾਰ ਹੈਲਥ ਮੈਟ੍ਰਿਕਸ ਐਂਡ ਇਵੈਲੂਏਸ਼ਨ (ਆਈ.ਐੱਚ.ਐੱਮ.ਈ.) ਦੇ ਖੋਜਕਰਤਾਵਾਂ ਅਤੇ ਵਿਸ਼ਵਵਿਆਪੀ ਸਹਿਯੋਗੀਆਂ ਦੀ ਅਗਵਾਈ ਵਾਲੀ ਟੀਮ ਨੇ ਨੋਟ ਕੀਤਾ ਕਿ ਹਾਲਾਂਕਿ ਪਿਛਲੇ ਤਿੰਨ ਦਹਾਕਿਆਂ ਵਿੱਚ ਜਣੇਪਾ ਮੌਤਾਂ ਵਿੱਚ ਕਮੀ ਆਈ ਹੈ, ਪਰ ਹਾਲ ਹੀ ਦੇ ਸਾਲਾਂ ਵਿੱਚ ਰਫ਼ਤਾਰ ਮੱਠੀ ਪੈ ਗਈ ਹੈ ਅਤੇ ਵੱਖ-ਵੱਖ ਦੇਸ਼ਾਂ ਵਿੱਚ ਅਸਮਾਨ ਰਹੀ ਹੈ। ਉਨ੍ਹਾਂ ਕਿਹਾ ਕਿ 'ਗਲੋਬਲ ਬਰਡਨ ਆਫ ਡਿਜ਼ੀਜ਼' (ਜੀ.ਬੀ.ਡੀ.)-2023 ਦੀ ਖੋਜ 2023 ਤੱਕ 204 ਦੇਸ਼ਾਂ ਅਤੇ ਖੇਤਰਾਂ ਵਿੱਚ ਜਣੇਪਾ ਮੌਤ ਦਰ ਦੇ ਰੁਝਾਨਾਂ ਦਾ ਸਭ ਤੋਂ ਤਾਜ਼ਾ ਵਿਸ਼ਵਵਿਆਪੀ ਮੁਲਾਂਕਣ ਪ੍ਰਦਾਨ ਕਰਦੀ ਹੈ। ਤਾਜ਼ਾ ਸੈਂਪਲ ਰਜਿਸਟ੍ਰੇਸ਼ਨ ਸਿਸਟਮ (ਐੱਸ.ਆਰ.ਐੱਸ.) 2021-23 ਅਨੁਸਾਰ ਦੇਸ਼ ਦੀ ਜਣੇਪਾ ਮੌਤ ਦਰ (ਐੱਮ.ਐੱਮ.ਆਰ.) ਪ੍ਰਤੀ ਲੱਖ ਜੀਵਿਤ ਜਨਮਾਂ ਪਿੱਛੇ 88 ਹੈ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਜੱਚਾ-ਬੱਚਾ ਸਿਹਤ ਸੰਭਾਲ 'ਚ ਕ੍ਰਾਂਤੀ ਲਿਆਉਣ ਲਈ ਐਨ.ਐਚ.ਐਮ. ਪੰਜਾਬ ਵੱਲੋਂ ਜੇਐਚਪੀਆਈਜੀਓ ਨਾਲ ਭਾਈਵਾਲੀ

## ਉੱਚ-ਜੋਖਮ ਵਾਲੀਆਂ ਗਰਭ ਅਵਸਥਾਵਾਂ ਦੀ ਅਸਲ-ਸਮੇਂ ਦੀ ਟਰੈਕਿੰਗ ਨੂੰ ਯਕੀਨੀ ਬਣਾਉਣ ਲਈ ਡਿਜੀਟਲ ਸਿਹਤ ਤੇ ਏਆਈ-ਸੰਚਾਲਿਤ ਨਿਗਰਾਨੀ ਦਾ ਏਕੀਕਰਨ ਕੀਤਾ : ਡਾ. ਬਲਬੀਰ ਸਿੰਘ

ਚੰਡੀਗੜ੍ਹ, 28 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਸੂਬੇ ਵਿੱਚ ਜੱਚਾ-ਬੱਚਾ ਦੇਖਭਾਲ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ, ਰਾਸ਼ਟਰੀ ਸਿਹਤ ਮਿਸ਼ਨ (ਐਨਐਚਐਮ) ਪੰਜਾਬ ਨੇ ਅੰਤਰਰਾਸ਼ਟਰੀ ਗੈਰ-ਸਰਕਾਰੀ ਸੰਸਥਾ ਜੇਐਚਪੀਆਈਜੀਓ ਨਾਲ ਲੰਬੇ ਸਮੇਂ ਲਈ ਸਮਝੌਤਾ ਸਹੀਬੱਧ ਕੀਤਾ ਹੈ। ਇਸ ਸਮਝੌਤੇ 'ਤੇ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਪ੍ਰਮੁੱਖ ਸਕੱਤਰ ਸਿਹਤ ਤੇ ਪਰਿਵਾਰ ਭਲਾਈ ਕੁਮਾਰ ਰਾਹੁਲ ਤੇ ਜੇਐਚਪੀਆਈਜੀਓ ਦੇ ਕੰਟਰੀ ਡਾਇਰੈਕਟਰ ਡਾ. ਅਮਿਤ ਅਰੁਣ ਸ਼ਾਹ ਨੇ ਹਸਤਾਖਰ ਕੀਤੇ। ਇਸ ਸਮਝੌਤੇ ਬਾਰੇ ਜਾਣਕਾਰੀ ਦਿੰਦਿਆਂ, ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਭਾਈਵਾਲੀ ਪ੍ਰਜਨਨ, ਜਣੇਪਾ, ਨਵਜੰਮੇ, ਬੱਚੇ, ਕਿਸ਼ੋਰ ਸਿਹਤ ਅਤੇ ਪੋਸ਼ਣ (ਆਰਐਮਐਨਸੀਐਚਏ +ਐਨ) ਸੇਵਾਵਾਂ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।




ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਨਵੀਨਤਾ-ਅਧਾਰਤ ਜਨਤਕ ਸਿਹਤ ਸੁਧਾਰਾਂ ਤੇ ਪੰਜਾਬ ਨੂੰ ਡਿਜੀਟਲ ਸਿਹਤ ਵਿੱਚ ਮੋਹਰੀ ਸੂਬਾ ਬਣਾਉਣ ਪ੍ਰਤੀ ਸੂਬਾ ਦੀ ਵਚਨਬੱਧਤਾ ਨਾਲ ਮੇਲ ਖਾਂਦੀ ਹੈ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਜੱਚਾ-ਬੱਚਾ ਸਿਹਤ ਸੰਭਾਲ ਨੂੰ ਬਿਹਤਰ ਬਣਾਉਣ ਲਈ ਤਕਨੀਕੀ ਸਹਾਇਤਾ ਵਿੱਚ ਵਾਧਾ ਕਰਨਾ ਹੈ। ਉਨ੍ਹਾਂ ਅੱਗੇ ਕਿਹਾ, "ਸਾਡਾ ਧਿਆਨ ਡਿਜੀਟਲ ਅਤੇ ਡੇਟਾ-ਅਧਾਰਤ ਪਹੁੰਚਾਂ ਦੀ ਵਰਤੋਂ ਕਰਦਿਆਂ ਉੱਚ-ਜੋਖਮ ਵਾਲੀਆਂ ਗਰਭ-ਅਵਸਥਾਵਾਂ ਦੀ ਪਛਾਣ ਤੇ ਪ੍ਰਬੰਧਨ ਰਾਹੀਂ ਜਨਮ ਤੋਂ ਪਹਿਲਾਂ, ਜਨਮ ਦੌਰਾਨ ਅਤੇ ਜਨਮ ਤੋਂ ਬਾਅਦ ਦੀ ਦੇਖਭਾਲ ਨੂੰ ਮਜ਼ਬੂਤ ਕਰਨ 'ਤੇ ਕੇਂਦਰਿਤ ਹੋਵੇਗਾ।"

ਇਸ ਸਮਝੌਤੇ ਦੇ ਤਕਨੀਕੀ ਪਹਿਲੂ ਨੂੰ ਉਜਾਗਰ ਕਰਦਿਆਂ, ਸਿਹਤ ਮੰਤਰੀ ਨੇ ਕਿਹਾ ਕਿ ਸੂਬੇ ਵੱਲੋਂ ਲਾਭਪਾਤਰੀ ਟਰੈਕਿੰਗ ਪ੍ਰਣਾਲੀਆਂ, ਆਈਓਟੀ ਸਮਰੱਥ ਡਿਵਾਈਸਾਂ ਅਤੇ ਲੇਬਰ ਰੂਮ ਨਿਗਰਾਨ ਉਪਾਵਾਂ ਸਮੇਤ ਮੁੱਖ ਡਿਜੀਟਲ ਸਿਹਤ ਪਲੇਟਫਾਰਮਾਂ ਦੇ ਏਕੀਕਰਨ ਨੂੰ ਮਜ਼ਬੂਤ ਕਰੇਗਾ। ਇਸ ਨਾਲ ਗਰਭਵਤੀ ਔਰਤਾਂ ਤੇ ਨਵਜੰਮੇ ਬੱਚਿਆਂ ਦੀ ਅਸਲ-ਸਮੇਂ ਦੀ ਟਰੈਕਿੰਗ, ਉੱਚ-ਜੋਖਮ ਵਾਲੇ ਮਾਮਲਿਆਂ ਦੀ ਸ਼ੁਰੂਆਤੀ ਪੜਾਅ 'ਤੇ ਪਛਾਣ ਅਤੇ ਸਮੇਂ ਸਿਰ ਕਲੀਨਿਕਲ ਦਖਲ ਨੂੰ ਯਕੀਨੀ ਬਣਾਇਆ ਜਾ ਸਕੇਗਾ।

ਉਨ੍ਹਾਂ ਅੱਗੇ ਕਿਹਾ ਕਿ ਇਸ ਸਹਿਯੋਗ ਵਿੱਚ ਸਿਹਤ ਸੰਭਾਲ ਕਰਮਚਾਰੀਆਂ ਦੀ ਸਮਰੱਥਾ ਵਿੱਚ ਵਾਧਾ ਕਰਨਾ, ਤੀਬਰ ਨਿਗਰਾਨੀ, ਸਹਾਇਕ ਨਿਗਰਾਨੀ ਅਤੇ ਨੀਤੀ-ਪੱਧਰੀ ਤਕਨੀਕੀ ਸਹਾਇਤਾ ਵੀ ਸ਼ਾਮਲ ਹੋਵੇਗੀ। ਇਨ੍ਹਾਂ ਯਤਨਾਂ ਨਾਲ ਜੱਚਾ-ਬੱਚਾ ਮੌਤ ਦਰ ਵਿੱਚ ਕਾਫ਼ੀ ਕਮੀ ਆਉਣ ਦੀ ਸੰਭਾਵਨਾ ਹੈ ਜੋ ਸਥਾਈ ਵਿਕਾਸ ਟੀਚਿਆਂ ਦੀ ਪ੍ਰਾਪਤੀ ਵਿੱਚ ਅਹਿਮ ਯੋਗਦਾਨ ਪਾਵੇਗਾ। ਇਸ ਦੌਰਾਨ ਸਿਹਤ ਵਿਭਾਗ, ਐਨਐਚਐਮ ਪੰਜਾਬ ਦੇ ਸੀਨੀਅਰ ਅਧਿਕਾਰੀ ਅਤੇ ਵੱਖ-ਵੱਖ ਸੂਬਾ ਪੱਧਰੀ ਭਾਈਵਾਲ ਸ਼ਾਮਲ ਹੋਏ।

# ਪੰਜਾਬ ਵਿੱਚ ਨਿਵੇਸ਼ ਦੀ ਰਫ਼ਤਾਰ ਜਾਰੀ: ਅੰਮ੍ਰਿਤਸਰ ਲਈ 400 ਕਰੋੜ ਦੇ ਟ੍ਰਾਈਡੈਂਟ ਹੋਟਲ ਪ੍ਰੋਜੈਕਟ ਦਾ ਐਲਾਨ : ਸੰਜੀਵ ਅਰੋੜਾ

ਚੰਡੀਗੜ੍ਹ, 28 ਮਾਰਚ (ਚ.ਨ.ਸ.): ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਓਬਰਾਏ ਗਰੁੱਪ ਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਨੇ ਅੰਮ੍ਰਿਤਸਰ ਵਿੱਚ ਇੱਕ ਵਿਸ਼ਵ ਪੱਧਰੀ ਪ੍ਰਾਹੁਣਚਾਰੀ ਪ੍ਰੋਜੈਕਟ ਦੇ ਵਿਕਾਸ ਲਈ ਐਮ.ਓ.ਯੂ. 'ਤੇ ਹਸਤਾਖਰ ਕੀਤੇ ਹਨ, ਜੋ ਪੰਜਾਬ ਦੇ ਸੈਰ-ਸਪਾਟਾ ਅਤੇ ਪ੍ਰਾਹੁਣਚਾਰੀ ਖੇਤਰ ਨੂੰ ਵੱਡਾ ਹੁਲਾਰਾ ਦੇਵੇਗਾ। ਇਸ ਸਮਝੌਤੇ 'ਤੇ ਦੋਵਾਂ ਧਿਰਾਂ ਦੇ ਸੀਨੀਅਰ ਪ੍ਰਤੀਨਿਧੀਆਂ ਦੀ ਮੌਜੂਦਗੀ ਵਿੱਚ ਹਸਤਾਖਰ ਕੀਤੇ ਗਏ, ਜਿਨ੍ਹਾਂ ਵਿੱਚ ਕਾਰਪੋਰੇਟ ਅਤੇ ਕਾਨੂੰਨੀ ਮਾਮਲੇ, ਓਬਰਾਏ ਗਰੁੱਪ ਦੇ ਪ੍ਰਧਾਨ ਆਰ. ਸ਼ੰਕਰ ਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਦੇ ਡਾਇਰੈਕਟਰ ਡਾ. ਸ਼ਾਹਬਾਜ਼ ਸਿੰਘ, ਡਾ. ਅਵਤਾਰ ਸਿੰਘ ਤੇ ਡਾ. ਅਮਨਦੀਪ ਕੌਰ ਸ਼ਾਮਲ ਸਨ। ਸਮਝੌਤੇ 'ਤੇ ਹਸਤਾਖਰ ਸਬੰਧੀ ਰੱਖੇ ਇਸ ਸਮਾਰੋਹ ਵਿੱਚ ਪ੍ਰਸ਼ਾਸਕੀ ਸਕੱਤਰ, ਉਦਯੋਗ ਅਤੇ ਵਣਜ, ਪੰਜਾਬ ਗੁਰਕਿਰਤ ਕਿਰਪਾਲ ਸਿੰਘ ਨੇ ਵੀ ਸ਼ਿਰਕਤ ਕੀਤੀ। ਉਨ੍ਹਾਂ ਦੱਸਿਆ ਕਿ ਆਉਣ ਵਾਲਾ 150 ਕਮਰਿਆਂ ਵਾਲਾ ਪ੍ਰੋਜੈਕਟ ਓਬਰਾਏ ਗਰੁੱਪ ਦੇ ਟ੍ਰਾਈਡੈਂਟ ਬ੍ਰਾਂਡ ਤਹਿਤ ਵਿਕਸਤ ਕੀਤਾ ਜਾਵੇਗਾ ਤੇ ਇਹ ਅੰਮ੍ਰਿਤਸਰ-ਤਰਨ ਤਾਰਨ ਰੋਡ ਉੱਪਰ ਸ੍ਰੀ ਹਰਿਮੰਦਰ ਸਾਹਿਬ ਤੋਂ ਲਗਭਗ 3 ਕਿਲੋਮੀਟਰ ਦੀ ਦੂਰੀ 'ਤੇ ਹੋਵੇਗਾ। ਉਨ੍ਹਾਂ ਦੱਸਿਆ ਕਿ 3 ਏਕੜ ਵਿੱਚ ਫੈਲੇ ਇਸ ਪ੍ਰੋਜੈਕਟ ਵਿੱਚ ਲਗਭਗ 400 ਕਰੋੜ ਰੁਪਏ ਦਾ ਨਿਵੇਸ਼ ਸ਼ਾਮਲ ਹੈ ਅਤੇ ਇਸ ਨਾਲ ਅੰਮ੍ਰਿਤਸਰ ਦੇ ਪ੍ਰੀਮੀਅਮ ਪ੍ਰਾਹੁਣਚਾਰੀ ਬੁਨਿਆਦੀ ਢਾਂਚੇ ਨੂੰ ਵੱਡੀ ਮਜ਼ਬੂਤੀ ਮਿਲਣ ਦੀ ਉਮੀਦ ਹੈ।



ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਲਗਭਗ 350 ਵਿਅਕਤੀਆਂ ਲਈ ਰੋਜ਼ਗਾਰ ਪੈਦਾ ਹੋਣ ਦੀ ਉਮੀਦ ਹੈ, ਜਿਸ ਨਾਲ ਸਥਾਨਕ ਆਰਥਿਕ ਗਤੀਵਿਧੀਆਂ ਅਤੇ ਰੋਜ਼ਗਾਰ ਉੱਪਤਰੀ ਨੂੰ ਹੋਰ ਹੁਲਾਰਾ ਮਿਲੇਗਾ। ਜ਼ਿਕਰਯੋਗ ਹੈ ਕਿ ਇਹ "ਟ੍ਰਾਈਡੈਂਟ" ਬ੍ਰਾਂਡ ਤਹਿਤ ਪੰਜਾਬ ਵਿੱਚ ਪਹਿਲਾ ਹੋਟਲ ਹੋਵੇਗਾ। ਇਸ ਸਮੇਂ ਭਾਰਤ ਭਰ ਵਿੱਚ ਟ੍ਰਾਈਡੈਂਟ ਬ੍ਰਾਂਡ ਤਹਿਤ 9 ਹੋਟਲ ਚੱਲ ਰਹੇ ਹਨ। ਇਸ ਸਮੇਂ ਓਬਰਾਏ ਗਰੁੱਪ ਦੇ ਦੇਸ਼ ਭਰ ਵਿੱਚ 32 ਹੋਟਲ ਚੱਲ ਰਹੇ ਹਨ ਅਤੇ 10 ਹੋਰ ਪ੍ਰਗਤੀ ਅਧੀਨ ਹਨ। ਪੰਜਾਬ ਵਿੱਚ ਇਹ ਗਰੁੱਪ ਪਹਿਲਾਂ ਹੀ ਓਬਰਾਏ ਬ੍ਰਾਂਡ ਤਹਿਤ ਨਿਊ ਚੰਡੀਗੜ੍ਹ ਵਿਖੇ ਓਬਰਾਏ ਸੁਖਵਿਲਾਸ ਸਪਾ ਰਿਜ਼ੋਰਟ ਚਲਾ ਰਿਹਾ ਹੈ।

ਪੰਜਾਬ ਸਰਕਾਰ ਨੇ ਇਨਵੈਸਟ ਪੰਜਾਬ ਰਾਹੀਂ ਇਸ ਸਹਿਯੋਗ ਨੂੰ ਵਧੇਰੇ ਸੁਚਾਰੂ ਬਣਾਉਣ ਵਿੱਚ ਸਰਗਰਮ ਭੂਮਿਕਾ ਨਿਭਾਈ ਹੈ। ਇਨਵੈਸਟ ਪੰਜਾਬ ਡੇਢ ਸਾਲ ਤੋਂ ਵੱਧ ਸਮੇਂ ਤੋਂ ਦੋਵਾਂ ਧਿਰਾਂ ਨਾਲ ਨੇੜਿਓਂ ਜੁੜੇ ਕੇ ਉਨ੍ਹਾਂ ਨੂੰ ਇਕੱਠੇ ਲਿਆਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਸੀ, ਜੋ ਕਿ ਉੱਚ-ਮੁੱਲ ਵਾਲੇ ਨਿਵੇਸ਼ਾਂ ਨੂੰ ਆਕਰਸ਼ਿਤ ਕਰਨ ਸਬੰਧੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਦਯੋਗ ਖੇਤਰ ਵਿੱਚ ਪੰਜਾਬ ਦੀ ਲਗਾਤਾਰ ਵਧ ਰਹੀ ਰਫ਼ਤਾਰ ਨੂੰ ਉਜਾਗਰ ਕਰਦਿਆਂ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਸੂਬੇ ਨੇ ਸਾਲ 2025-26 ਵਿੱਚ 59,448 ਕਰੋੜ ਦੇ ਨਿਵੇਸ਼ ਆਕਰਸ਼ਿਤ ਕੀਤੇ ਹਨ, ਜੋ ਕਿ ਰਾਜ ਦੇ ਇਤਿਹਾਸ ਵਿੱਚ ਸਭ ਤੋਂ ਵੱਧ ਹੈ, ਜਿਸ ਨਾਲ 1,33,221 ਨੌਕਰੀਆਂ ਪੈਦਾ ਹੋਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ ਪੰਜਾਬ ਨੇ 1 ਅਪ੍ਰੈਲ, 2022 ਤੋਂ 5,57,664 ਨੌਕਰੀਆਂ ਦੀ ਸੰਭਾਵਨਾ ਵਾਲੇ 1,59,947 ਕਰੋੜ ਦੇ ਨਿਵੇਸ਼ ਆਕਰਸ਼ਿਤ ਕੀਤੇ ਹਨ, ਜੋ ਰਾਜ ਵਿੱਚ ਨਿਵੇਸ਼ਕਾਂ ਦੇ ਵਧਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਇਹ ਸਹਿਯੋਗ ਪੰਜਾਬ ਦੇ ਉੱਚ-ਪੱਧਰੀ ਸੈਰ-ਸਪਾਟਾ, ਪ੍ਰਾਹੁਣਚਾਰੀ ਤੇ ਨਿਵੇਸ਼ ਲਈ ਇੱਕ ਪਸੰਦੀਦਾ ਸਥਾਨ ਬਣਨ ਦੇ ਸਫ਼ਰ ਵਿੱਚ ਇੱਕ ਨਵਾਂ ਮੀਲ ਪੱਥਰ ਹੈ, ਜੋ ਇੱਕ ਵਿਸ਼ਵਵਿਆਪੀ ਸੱਭਿਆਚਾਰਕ ਤੇ ਅਧਿਆਤਮਿਕ ਕੇਂਦਰ ਵਜੋਂ ਪਵਿੱਤਰ ਸ਼ਹਿਰ ਅੰਮ੍ਰਿਤਸਰ ਦੀ ਸਥਿਤੀ ਨੂੰ ਵੀ ਹੋਰ ਮਜ਼ਬੂਤ ਕਰੇਗਾ। ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਨਾ ਸਿਰਫ਼ ਉਦਯੋਗ ਲਈ, ਸਗੋਂ ਪ੍ਰੀਮੀਅਮ ਸੈਰ-ਸਪਾਟਾ ਅਤੇ ਪ੍ਰਾਹੁਣਚਾਰੀ ਨਿਵੇਸ਼ਾਂ ਲਈ ਵੀ ਇੱਕ ਪਸੰਦੀਦਾ ਸਥਾਨ ਵਜੋਂ ਉੱਭਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨਵੈਸਟ ਪੰਜਾਬ ਦੇ ਸਰਗਰਮ ਸਮਰਥਨ ਨਾਲ ਅਜਿਹੇ ਮਹੱਤਵਪੂਰਨ ਪ੍ਰੋਜੈਕਟ ਹਕੀਕਤ ਬਣ ਕੇ ਰਾਜ ਦੇ ਆਰਥਿਕ ਵਿਕਾਸ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ।

# ਰਿਪੋਰਟ ਕਾਰਡਾਂ ਤੋਂ ਅਸਲ ਫੀਡਬੈਕ ਤੱਕ, ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੇ ਸਕੂਲ ਨਤੀਜਾ-ਆਧਾਰਤ ਸਿੱਖਿਆ ਮਾਡਲ ਵੱਲ ਵਧੇ : ਬੈਂਸ

ਚੰਡੀਗੜ੍ਹ, 28 ਮਾਰਚ (ਚ.ਨ.ਸ.): "ਪੰਜਾਬ ਸਿੱਖੀਆ ਕ੍ਰਾਂਤੀ" ਮੁਹਿੰਮ ਤਹਿਤ ਵਿਦਿਆਰਥੀਆਂ ਦੇ ਸਿੱਖਣ ਦੇ ਨਤੀਜਿਆਂ ਨੂੰ ਹੋਰ ਬਿਹਤਰ ਬਣਾਉਣ ਲਈ ਭਾਈਚਾਰਕ ਸ਼ਮੂਲੀਅਤ ਵਿੱਚ ਵਾਧਾ ਕਰਨ ਦੇ ਯਤਨਾਂ ਤਹਿਤ, ਪੰਜਾਬ ਸਰਕਾਰ ਵੱਲੋਂ ਸਾਰੇ ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸੂਬਾ ਪੱਧਰੀ ਮੈਗਾ ਮਾਪੇ-ਅਧਿਆਪਕ ਮਿਲਣੀ (ਪੀਟੀਐਮ) ਕਰਵਾਈ ਗਈ। ਉਸ ਤਹਿਤ ਇੱਕ ਦਿਨ ਵਿੱਚ 18 ਲੱਖ ਤੋਂ ਵੱਧ ਮਾਪਿਆਂ ਨੇ ਸ਼ਮੂਲੀਅਤ ਕੀਤੀ, ਜਿਸ ਨਾਲ ਇਹ ਦੇਸ਼ ਦੇ ਸਭ ਤੋਂ ਵੱਡੇ ਸਕੂਲ-ਸਮਾਜਿਕ ਸ਼ਮੂਲੀਅਤ ਵਾਲੇ ਅਭਿਆਸਾਂ ਵਿੱਚ ਸ਼ੁਮਾਰ ਹੋ ਗਈ। ਮੈਗਾ ਪੀਟੀਐਮ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਸਾਰੇ ਸਰਕਾਰੀ ਸਕੂਲਾਂ ਵਿੱਚ ਸਟੂਡੈਂਟ ਐਬਸੈਂਟ ਅਲਰਟ ਐਸਐਮਐਸ ਸਿਸਟਮ ਨੂੰ ਲਾਗੂ ਕਰਨ ਦੀ ਯੋਜਨਾ ਬਾਰੇ ਦੱਸਿਆ ਜਿਸਦਾ ਉਦੇਸ਼ ਰੈਗੂਲਰ ਹਾਜ਼ਰੀ ਵਿੱਚ ਵਾਧਾ ਕਰਨਾ ਤੇ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨਾ ਹੈ। ਐਸਐਮਐਸ ਅਲਰਟ ਮਾਪਿਆਂ ਨੂੰ ਉਨ੍ਹਾਂ ਦੇ ਬੱਚੇ ਦੀ ਗੈਰਹਾਜ਼ਰੀ ਬਾਰੇ ਜਾਣਕਾਰੀ ਦੇਣਗੇ। ਇਹ ਕਦਮ ਜਵਾਬਦੇਹੀ ਨੂੰ ਉਤਸ਼ਾਹਿਤ ਕਰੇਗਾ।



ਸਿੱਖਿਆ ਮੰਤਰੀ ਨੇ ਕਿਹਾ, "ਮਾਪਿਆਂ ਨੂੰ ਢਾਂਚਾਗਤ ਦਿਸ਼ਾ-ਨਿਰਦੇਸ਼ਾਂ ਤੇ ਵਿਚਾਰ ਵਟਾਂਦਰੇ ਰਾਹੀਂ ਸਟੂਡੈਂਟ ਐਬਸੈਂਟ ਅਲਰਟ ਐਸਐਮਐਸ ਸਿਸਟਮ ਬਾਰੇ ਜਾਗਰੂਕ ਕੀਤਾ ਗਿਆ ਸੀ। ਮੈਗਾ ਪੀਟੀਐਮ ਸਿਰਫ ਰਿਪੋਰਟ ਕਾਰਡ ਵੰਡ ਨਾਲ ਸਬੰਧਤ ਨਹੀਂ ਹੈ ਸਗੋਂ ਇਹ ਹਰੇਕ ਬੱਚੇ ਦੇ ਵਿਕਾਸ ਬਾਰੇ ਸੰਪੂਰਨ ਫੀਡਬੈਕ ਪੇਸ਼ ਕਰਦੀ ਹੈ। ਸਕੂਲਾਂ ਨੇ ਮਾਪਿਆਂ ਦੇ ਸਵਾਗਤ ਲਈ ਢੁੱਕਵਾਂ ਮਾਹੌਲ ਸਿਰਜਿਆ, ਪ੍ਰਦਰਸ਼ਨੀਆਂ ਰਾਹੀਂ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਪੇਸ਼ ਕੀਤੀ ਤੇ ਬਾਲਗ ਸਿਹਤ ਨੂੰ ਉਤਸ਼ਾਹਿਤ ਕਰਨ ਲਈ ਕੁੜੀਆਂ ਲਈ ਐਚਪੀਵੀ ਟੀਕਾਕਰਨ 'ਤੇ ਧਿਆਨ ਕੇਂਦਰਿਤ ਕੀਤਾ।"

ਮੈਗਾ ਪੀਟੀਐਮ ਨੂੰ ਸੂਬੇ ਦੇ ਸਿੱਖਿਆ ਈਕੋਸਿਸਟਮ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵੱਲ ਇੱਕ ਅਹਿਮ ਕਦਮ ਦੱਸਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ, "ਸਾਰੇ ਸਰਕਾਰੀ ਸਕੂਲਾਂ ਵੱਲੋਂ ਇਹ ਪੂਰਾ ਦਿਨ ਵਿਸ਼ੇਸ਼ ਤੌਰ 'ਤੇ ਮਾਪਿਆਂ-ਅਧਿਆਪਕ-ਵਿਦਿਆਰਥੀਆਂ ਦੀ ਆਪਸੀ ਗੱਲਬਾਤ ਨੂੰ ਸਮਰਪਿਤ ਕੀਤਾ ਗਿਆ ਤੇ ਇੱਕ ਜਵਾਬਦੇਹ ਅਤੇ ਸਮਾਵੇਸ਼ੀ ਜਨਤਕ ਸਿੱਖਿਆ ਪ੍ਰਣਾਲੀ ਸਿਰਜਣ ਲਈ ਕਲਾਸਰੂਮਾਂ ਨੂੰ ਨਿਯਮਤ ਅਕਾਦਮਿਕ ਸਿੱਖਿਆ ਦੀ ਬਜਾਏ ਅਰਥਪੂਰਨ ਵਿਚਾਰਾਂ 'ਤੇ ਕੇਂਦ੍ਰਿਤ ਸਥਾਨਾਂ ਵਿੱਚ ਬਦਲ ਦਿੱਤਾ।" ਉਨ੍ਹਾਂ ਕਿਹਾ, "ਪੀਟੀਐਮ ਨੇ ਸਰਕਾਰੀ ਸਕੂਲਾਂ ਵਿੱਚ ਦਾਖਲਿਆਂ ਨੂੰ ਉਤਸ਼ਾਹਿਤ ਕਰਨ ਲਈ ਨਵੇਂ ਅਕਾਦਮਿਕ ਸੈਸ਼ਨ ਸਬੰਧੀ ਦਾਖਲਾ ਮੁਹਿੰਮ ਲਈ ਇੱਕ ਮੰਚ ਵਜੋਂ ਭੂਮਿਕਾ ਨਿਭਾਈ ਤੇ ਇਸ ਦੌਰਾਨ ਮਿਸ਼ਨ ਸਮਰਥ, ਹੁਨਰ ਸਿੱਖਿਆ ਤੇ ਹੋਰ ਪ੍ਰਮੁੱਖ ਪ੍ਰੋਗਰਾਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।" ਰਿਪੋਰਟ ਕਾਰਡ ਦੀ ਵੰਡ ਨੂੰ ਅਸਲ ਵਿਚਾਰ ਵਟਾਂਦਰੇ ਵਿੱਚ ਬਦਲ ਕੇ ਸੂਬੇ ਨੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸ਼ਮੂਲੀਅਤ ਵਾਲੇ ਤੇ ਨਤੀਜਾ ਅਧਾਰਤ ਸਿੱਖਿਆ ਢਾਂਚੇ ਸਬੰਧੀ ਆਪਣੇ ਦ੍ਰਿਸ਼ਟੀਕੋਣ ਨੂੰ ਹੋਰ ਮਜ਼ਬੂਤ ਕੀਤਾ ਹੈ।

# ਗੁ. ਗੁਰਸ਼ਬਦ ਅਕਾਲ ਆਸ਼ਰਮ ਵਿਖੇ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ



ਮੋਹਾਲੀ, 28 ਮਾਰਚ (ਹਰਦੀਪ ਕੌਰ): ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਨਾਲ ਤੇ ਪੰਥ ਰਤਨ ਭਾਈ ਸਾਹਿਬ ਭਾਈ ਜਸਬੀਰ ਸਿੰਘ ਜੀ ਖਾਲਸਾ ਖੰਨੇਵਾਲਿਆਂ ਦੀ ਪਿਆਰੀ ਮਿੱਠੀ ਯਾਦ ਵਿੱਚ ਤੇ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਦੀਆਂ ਅਸੀਸਾਂ ਨਾਲ ਸਲਾਨਾ ਗੁਰਮਤਿ ਸਮਾਗਮ ਮਾਰਚ 2026 ਗੁਰਦੁਆਰਾ ਗੁਰਸ਼ਬਦ ਪ੍ਰਕਾਸ਼ ਅਕਾਲ ਆਸ਼ਰਮ, ਸੋਹਾਣਾ ਵਿਖੇ 27 (ਸ਼ੁੱਕਰਵਾਰ) ਤੋਂ 29 ਮਾਰਚ (ਐਤਵਾਰ) ਤੱਕ ਮਨਾਇਆ ਜਾ ਰਿਹਾ ਹੈ। ਇਸ 3 ਦਿਨਾਂ ਦੇ ਸਮਾਗਮ ਵਿੱਚ ਦੂਰ-ਦਰਾਜ਼ ਤੋਂ ਹਜ਼ਾਰਾਂ ਸੰਗਤਾਂ ਸ਼ਾਮਲ ਹੁੰਦੀਆਂ ਹਨ। ਦੁਨੀਆ ਭਰ ਤੋਂ ਪ੍ਰਸਿੱਧ ਰਾਗੀ ਜੱਥੇ ਜਿਵੇਂ ਕਿ ਭਾਈ ਜਗਜੀਤ ਸਿੰਘ ਬਬੀਹਾ, ਗਿਆਨੀ ਸਰਬਜੀਤ ਸਿੰਘ ਜੀ ਲੁਧਿਆਣਾ ਵਾਲੇ, ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ, ਭਾਈ ਤਰਨਵੀਰ ਸਿੰਘ ਜੀ ਰੱਬੀ, ਭਾਈ ਦਵਿੰਦਰ ਸਿੰਘ ਜੀ ਸੋਢੀ, ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ (ਹੈੱਡ ਗ੍ਰੰਥੀ ਦਰਬਾਰ ਸਾਹਿਬ), ਭਾਈ ਗੁਰਸ਼ਰਨ ਸਿੰਘ ਜੀ ਲੁਧਿਆਣਾ ਵਾਲੇ ਤੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ ਗੁਰਬਾਣੀ ਦੇ ਇਲਾਹੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।

ਇਹ ਸਮਾਗਮ ਭਾਈ ਸਾਹਿਬ ਭਾਈ ਦਵਿੰਦਰ ਸਿੰਘ ਜੀ ਖਾਲਸਾ ਖੰਨੇ ਵਾਲਿਆਂ ਦੀ ਰਹਿਨੁਮਾਈ ਹੇਠ ਕਰਵਾਇਆ ਜਾ ਰਿਹਾ ਹੈ, ਜੋ ਕਿ ਸੋਹਾਣਾ ਹਸਪਤਾਲ ਦੇ ਮੌਜੂਦਾ ਚੇਅਰਮੈਨ ਹਨ। ਸਮਾਗਮ ਵਿੱਚ ਗਿਆਨੀ ਕੁਲਦੀਪ ਸਿੰਘ ਗੜਗੱਜ ਜੀ, ਜਥੇਦਾਰ ਅਕਾਲ ਤਖ਼ਤ ਸਾਹਿਬ ਸਮੇਤ ਹੋਰ ਪ੍ਰਸਿੱਧ ਸ਼ਖਸੀਅਤਾਂ ਵੀ ਆਪਣੀ ਹਾਜ਼ਰੀ ਭਰਨਗੀਆਂ। ਇਸ 3 ਦਿਨਾਂ ਦੇ ਸਮਾਗਮ ਦੌਰਾਨ ਸੰਗਤਾਂ ਲਈ ਸਾਰਾ ਦਿਨ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਜਾਵੇਗਾ।

# ਗੈਂਗਸਟਰਵਾਦ ਖ਼ਿਲਾਫ਼ ਮਾਨ ਸਰਕਾਰ ਦੀ ਮੁਹਿੰਮ ਨੂੰ ਮਿਲ ਰਿਹੈ ਜਨਤਾ ਦਾ ਭਾਰੀ ਸਮਰਥਨ : ਪੰਨੂ

ਚੰਡੀਗੜ੍ਹ, 28 ਮਾਰਚ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਗੈਂਗਸਟਰਾਂ ਦੇ ਸਫ਼ਾਏ ਲਈ ਸ਼ੁਰੂ ਕੀਤੀ ਗਈ ਮੁਹਿੰਮ ਨੂੰ ਜਨਤਾ ਦਾ ਬੇਮਿਸਾਲ ਸਮਰਥਨ ਮਿਲ ਰਿਹਾ ਹੈ। ਪੰਨੂ ਨੇ ਦੱਸਿਆ ਕਿ ਗੈਂਗਸਟਰਾਂ ਖ਼ਿਲਾਫ਼ ਜਾਰੀ ਕੀਤੇ ਗਏ ਵਿਸ਼ੇਸ਼ ਹੈਲਪਲਾਈਨ ਨੰਬਰ 'ਤੇ ਪੰਜਾਬ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਅੱਗੇ ਆ ਕੇ ਪੁਲਿਸ ਦੀ ਮਦਦ ਕੀਤੀ ਹੈ, ਜੋ ਇਸ ਗੱਲ ਦਾ ਸਬੂਤ ਹੈ ਕਿ ਹੁਣ ਸੂਬੇ ਵਿੱਚ ਅਪਰਾਧੀਆਂ ਲਈ ਕੋਈ ਥਾਂ ਨਹੀਂ ਬਚੀ ਹੈ। ਬਲਤੇਜ ਪੰਨੂ ਨੇ ਅੰਕੜੇ ਸਾਂਝੇ ਕਰਦਿਆਂ ਦੱਸਿਆ ਕਿ ਇਸ ਹੈਲਪਲਾਈਨ 'ਤੇ ਹੁਣ ਤੱਕ ਲਗਭਗ 590 ਲੋਕਾਂ ਨੇ ਆਪਣੀਆਂ ਸ਼ਿਕਾਇਤਾਂ ਦਰਜ ਕਰਵਾਈਆਂ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰ ਦੀ ਪਹਿਲ ਸ਼ਿਕਾਇਤਕਰਤਾ ਦੀ ਸੁਰੱਖਿਆ ਹੈ, ਇਸ ਲਈ ਸੂਚਨਾ ਦੇਣ ਵਾਲੇ ਹਰ ਵਿਅਕਤੀ ਦਾ ਨਾਮ ਪੂਰੀ ਤਰ੍ਹਾਂ ਗੁਪਤ ਰੱਖਿਆ ਜਾ ਰਿਹਾ ਹੈ। ਪ੍ਰਾਪਤ ਸ਼ਿਕਾਇਤਾਂ 'ਚੋਂ 83 ਸ਼ਿਕਾਇਤਾਂ ਨਸ਼ਾ ਤਸਕਰੀ ਵਿਰੁੱਧ, 35 ਜ਼ਬਰਨ



ਵਸੂਲੀ (ਫਿਰੌਤੀ), 43 ਗੈਂਗਸਟਰਾਂ ਨਾਲ ਸਬੰਧਤ ਤੇ 86 ਗੈਰ-ਕਾਨੂੰਨੀ ਹਥਿਆਰਾਂ ਵਿਰੁੱਧ ਦਰਜ ਕੀਤੀਆਂ ਗਈਆਂ ਹਨ। ਇਨ੍ਹਾਂ ਸ਼ਿਕਾਇਤਾਂ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਦਿਆਂ ਹੁਣ ਤੱਕ 63 ਗੰਭੀਰ ਮਾਮਲਿਆਂ ਵਿੱਚ ਐਫਆਈਆਰ ਦਰਜ ਕੀਤੀ ਜਾ ਚੁੱਕੀ ਹੈ।

ਪੰਨੂ ਨੇ ਅੱਗੇ ਕਿਹਾ ਕਿ ਦਰਜ ਕੀਤੀਆਂ ਗਈਆਂ ਇਨ੍ਹਾਂ ਐਫਆਈਆਰਜ਼ ਵਿੱਚ ਵੱਖ-ਵੱਖ ਗੈਂਗਸਟਰਾਂ ਤੇ ਉਨ੍ਹਾਂ ਦੇ ਗੁਰਗਿਆਂ ਨੂੰ ਨਾਮਜ਼ਦ ਕੀਤਾ ਗਿਆ ਹੈ, ਜਿਸ ਨਾਲ ਉਨ੍ਹਾਂ ਦੇ ਨੈੱਟਵਰਕ ਦੀ ਕਮਰ ਟੁੱਟ ਗਈ ਹੈ। ਉਨ੍ਹਾਂ ਕਿਹਾ ਕਿ ਇੰਨੀ ਵੱਡੀ ਗਿਣਤੀ ਵਿੱਚ ਲੋਕਾਂ ਦਾ ਨਿਡਰ ਹੋ ਕੇ ਸ਼ਿਕਾਇਤ ਦਰਜ ਕਰਵਾਉਣਾ ਇਹ ਦਰਸਾਉਂਦਾ ਹੈ ਕਿ ਪੰਜਾਬ ਦੀ ਜਨਤਾ ਨੂੰ 'ਐਂਟੀ-ਗੈਂਗਸਟਰ ਟਾਸਕ ਫੋਰਸ' ਤੇ ਮਾਨ ਸਰਕਾਰ ਦੀ ਨੀਅਤ 'ਤੇ ਪੂਰਾ ਭਰੋਸਾ ਹੈ। ਕਈ ਹੋਰ ਸ਼ਿਕਾਇਤਾਂ 'ਤੇ ਅਜੇ ਡੂੰਘਾਈ ਨਾਲ ਜਾਂਚ ਚੱਲ ਰਹੀ ਹੈ, ਜਿਨ੍ਹਾਂ 'ਤੇ ਜਲਦੀ ਹੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਬਲਤੇਜ ਪੰਨੂ ਨੇ ਕਿਹਾ ਕਿ ਜਨਤਾ ਦੇ ਇਸੇ ਅਟੁੱਟ ਵਿਸ਼ਵਾਸ ਕਾਰਨ ਹੀ ਅੱਜ ਏਜੀਟੀਐਫ ਨੂੰ ਗੈਂਗਸਟਰਵਾਦ ਵਿਰੁੱਧ ਜੰਗ ਵਿੱਚ ਇੰਨੀ ਵੱਡੀ ਸਫਲਤਾ ਹਾਸਲ ਹੋ ਰਹੀ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸੂਬੇ ਨੂੰ ਅਪਰਾਧ ਮੁਕਤ ਅਤੇ ਸੁਰੱਖਿਅਤ ਬਣਾਉਣ ਦੀ ਇਹ ਮੁਹਿੰਮ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਪੰਜਾਬ ਵਿੱਚੋਂ ਗੈਂਗਸਟਰਵਾਦ ਦਾ ਸਫ਼ਾਇਆ ਨਹੀਂ ਹੋ ਜਾਂਦਾ।

# "ਗੈਂਗਸਟਰਾਂ 'ਤੇ ਵਾਰ" ਦੇ 67ਵੇਂ ਦਿਨ 526 ਥਾਵਾਂ ਉੱਤੇ ਛਾਪੇਮਾਰੀ ਦੌਰਾਨ 214 ਕਾਬੂ

ਚੰਡੀਗੜ੍ਹ, 28 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 67ਵੇਂ ਦਿਨ ਪੰਜਾਬ ਪੁਲਿਸ ਨੇ ਅੱਜ

**ਗੈਂਗਸਟਰਾਂ 'ਤੇ ਵਾਰ**

ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 526 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

67ਵੇਂ ਦਿਨ, ਪੁਲਿਸ ਟੀਮਾਂ ਨੇ 214 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 17,482 ਹੋ ਗਈ ਹੈ। ਇਸ ਤੋਂ ਇਲਾਵਾ 64 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 103 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 2 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ ਨੂੰ 392ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 90 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 488 ਗ੍ਰਾਮ ਹੈਰੋਇਨ, 173 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 2340 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਨਾਲ ਸਿਰਫ਼ 392 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 55,877 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ ਪੰਜਾਬ ਪੁਲਿਸ ਨੇ ਅੱਜ 12 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ।




| Entry | Educational Qualification |
|---|---|
| AGNIVEER SSR (Senior Secondary Recruit) | Qualified in 10+2 with Mathematics & Physics from Boards of School Education recognized by Ministry of Education, Govt of India, with minimum 50% marks in aggregate. OR Passed Three years diploma course in Engineering (Mechanical/ Electrical/ Automobiles/ Computer Science/ Instrumentation Technology/ Information Technology) from Central, State and UT recognized Polytechnic Institute with 50% marks in aggregate. OR Passed Two years Vocational Course with Non-vocational subject viz, Physics and Mathematics from Education Boards recognized by Central, State and UT with 50% marks in aggregate. |
| AGNIVEER MR (Matric Recruit) | Matriculation Examination with minimum 50% marks in aggregate from the Board of School Education recognized by Ministry of Education, Govt of India. |
| SSR (Medical) | Qualified in 10+2 examination with Physics, Chemistry, Biology (PCB) from the Boards of School Education recognized by Ministry of Education, Govt of India with 50% marks in aggregate and minimum 40% in each subject. |

## ਸੰਪਾਦਕੀ

# ਸਮਾਜਿਕ ਸੋਚ ਕਾਨੂੰਨੀ ਸਖ਼ਤੀ ਦੀ ਲੋੜ

ਇਹ ਵਿਡੰਬਨਾ ਹੈ ਕਿ ਦੇਸ਼ ਵਿੱਚ ਸਖ਼ਤ ਕਾਨੂੰਨੀ ਪ੍ਰਬੰਧਾਂ ਦੇ ਬਾਵਜੂਦ, ਦਾਜ ਲਈ ਵਿਆਹੀਆਂ ਔਰਤਾਂ ਦੇ ਕਤਲ ਜਾਂ ਖ਼ੁਦਕੁਸ਼ੀ ਦੀਆਂ ਘਟਨਾਵਾਂ ਲਗਾਤਾਰ ਜਾਰੀ ਹਨ। ਇੱਕੀਵੀਂ ਸਦੀ ਦੀ ਸਿੱਖਿਆ ਅਤੇ ਵਿਗਿਆਨ ਵਿੱਚ ਤਰੱਕੀ ਦੇ ਬਾਵਜੂਦ, ਸਮਾਜ ਦੇ ਇੱਕ ਹਿੱਸੇ ਦੀ ਰੂੜੀਵਾਦੀ ਮਾਨਸਿਕਤਾ ਅਜੇ ਵੀ ਬਰਕਰਾਰ ਹੈ। ਇਸ ਤੋਂ ਇਲਾਵਾ, ਕਾਨੂੰਨਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਵਿੱਚ ਵੱਖ-ਵੱਖ ਪੱਧਰਾਂ @ਤੇ ਲਾਪਰਵਾਹੀ ਦੇਖੀ ਜਾ ਰਹੀ ਹੈ, ਜਿਸ ਨਾਲ ਇਸ ਬੁਰਾਈ ਪ੍ਰਥਾ ਨੂੰ ਖਤਮ ਕਰਨ ਦੀ ਬਜਾਏ ਹੋਰ ਡੂੰਘਾ ਹੁੰਦਾ ਜਾ ਰਿਹਾ ਹੈ। ਇਸਦੀ ਬਿਪਤਾ ਔਰਤਾਂ ਵਿਰੁੱਧ ਹਿੰਸਾ ਅਤੇ ਪਰੇਸ਼ਾਨੀ ਤੱਕ ਸੀਮਿਤ ਨਹੀਂ ਹੈ; ਇਹ ਉਨ੍ਹਾਂ ਦੀਆਂ ਜ਼ਿੰਦਗੀਆਂ @ਤੇ ਵੀ ਮਾੜਾ ਪ੍ਰਭਾਵ ਪਾ ਰਹੀ ਹੈ। ਸੁਪਰੀਮ ਕੋਰਟ ਨੇ ਇੱਕ ਫੈਸਲੇ ਵਿੱਚ ਇਸ ਮੁੱਦੇ @ਤੇ ਡੂੰਘੀ ਚਿੰਤਾ ਪ੍ਰਗਟ ਕੀਤੀ, ਦਾਜ ਦੇ ਮਾਮਲਿਆਂ ਵਿੱਚ ਔਰਤਾਂ ਦੀਆਂ ਮੌਤਾਂ ਨੂੰ ਸਮਾਜ @ਤੇ ਇੱਕ ਗੰਭੀਰ ਧੱਬਾ ਕਿਹਾ। ਸੁਪਰੀਮ ਕੋਰਟ ਨੇ ਕਿਹਾ ਕਿ ਹਜ਼ਾਰਾਂ ਔਰਤਾਂ ਅਜੇ ਵੀ ਇਸ ਸਮਾਜਿਕ ਬੁਰਾਈ ਕਾਰਨ ਮਰ ਰਹੀਆਂ ਹਨ। ਜਦੋਂ ਕਿ ਸਰਕਾਰ ਦੇਸ਼ ਵਿੱਚ ਦਾਜ ਪ੍ਰਥਾ ਨੂੰ ਰੋਕਣ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਅਸਲ ਸਥਿਤੀ ਬਹੁਤ ਚਿੰਤਾਜਨਕ ਹੈ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੀ ਇੱਕ ਰਿਪੋਰਟ ਦੇ ਅਨੁਸਾਰ, 2023 ਵਿੱਚ ਦਾਜ ਨਾਲ ਸਬੰਧਤ ਅਪਰਾਧਾਂ ਦੇ ਤਹਿਤ ਦਰਜ ਮਾਮਲਿਆਂ ਦੀ ਗਿਣਤੀ ਵਿੱਚ 14 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ। ਦੇਸ਼ ਭਰ ਵਿੱਚ 15,000 ਤੋਂ ਵੱਧ ਮਾਮਲੇ ਦਰਜ ਕੀਤੇ ਗਏ ਸਨ, ਜਿਸ ਦੇ ਨਤੀਜੇ ਵਜੋਂ 6,000 ਤੋਂ ਵੱਧ ਔਰਤਾਂ ਦੀ ਮੌਤ ਹੋਈ ਸੀ। ਇਹ ਅੰਕੜਾ 2022 ਅਤੇ 2021 ਵਿੱਚ ਕ੍ਰਮਵਾਰ 13,479 ਅਤੇ 13,568 ਸੀ। ਸਵਾਲ ਇਹ ਹੈ ਕਿ ਅਜਿਹੀਆਂ ਘਟਨਾਵਾਂ ਨੂੰ ਕਿਉਂ ਨਹੀਂ ਰੋਕਿਆ ਜਾ ਰਿਹਾ ਹੈ? ਕੀ ਇਹ ਇਸ ਲਈ ਹੈ ਕਿਉਂਕਿ ਦਾਜ ਪ੍ਰਥਾ ਨੂੰ ਉਤਸ਼ਾਹਿਤ ਕਰਨ ਵਾਲਿਆਂ ਨੂੰ ਕਾਨੂੰਨ ਦਾ ਕੋਈ ਡਰ ਨਹੀਂ ਹੈ? ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦਾ ਢਿੱਲਾ ਰਵੱਈਆ ਇਸ ਲਈ ਜ਼ਿੰਮੇਵਾਰ ਹੈ। ਪੁਲਿਸ ਦੀ ਲਾਪਰਵਾਹੀ ਕਾਰਨ, ਦਾਜ ਨਾਲ ਸਬੰਧਤ ਮਾਮਲਿਆਂ ਦੇ ਦੋਸ਼ੀਆਂ ਨੂੰ ਅਕਸਰ ਸਬੂਤਾਂ ਦੀ ਘਾਟ ਕਾਰਨ ਅਦਾਲਤ ਵਿੱਚ ਬਰੀ ਕਰ ਦਿੱਤਾ ਜਾਂਦਾ ਹੈ। ਅਕਸਰ, ਪੀੜਤ ਔਰਤਾਂ ਨੂੰ ਸ਼ਿਕਾਇਤਾਂ ਦਰਜ ਕਰਨ ਵਿੱਚ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜੋ ਪੁਲਿਸ ਦੇ ਕੰਮਕਾਜ @ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਦਾਜ ਪ੍ਰਥਾ ਨਾ ਸਿਰਫ਼ ਇੱਕ ਸਮਾਜਿਕ ਬੁਰਾਈ ਹੈ, ਸਗੋਂ ਮਨੁੱਖੀ ਅਧਿਕਾਰਾਂ ਅਤੇ ਸਨਮਾਨ ਦੀ ਗੰਭੀਰ ਉਲੰਘਣਾ ਵੀ ਹੈ। ਹਾਲਾਂਕਿ, ਬਹੁਤ ਸਾਰੇ ਮਾਮਲਿਆਂ ਵਿੱਚ, ਪੀੜਤ ਔਰਤਾਂ ਦੇ ਪਰਿਵਾਰ ਕਾਨੂੰਨੀ ਜਾਗਰੂਕਤਾ ਦੀ ਘਾਟ ਅਤੇ ਸਮਾਜਿਕ ਦਬਾਅ ਕਾਰਨ ਪੁਲਿਸ ਸ਼ਿਕਾਇਤ ਦਰਜ ਕਰਨ ਤੋਂ ਵੀ ਅਸਮਰੱਥ ਹੁੰਦੇ ਹਨ। ਅਜਿਹੀ ਸਥਿਤੀ ਵਿੱਚ, ਇਸ ਗੱਲ @ਤੇ ਡੂੰਘਾਈ ਨਾਲ ਵਿਚਾਰ ਕਰਨ ਦੀ ਲੋੜ ਹੈ ਕਿ ਕੀ ਭੌਤਿਕ ਸਮਾਨ, ਪੈਸਾ ਅਤੇ ਝੂਠਾ ਹੰਕਾਰ ਇੱਕ ਔਰਤ ਦੀ ਜਾਨ ਨਾਲੋਂ ਜ਼ਿਆਦਾ ਕੀਮਤੀ ਹਨ! ਦਾਜ ਉਤਪੀੜਨ ਜਾਂ ਕਤਲ ਦੇ ਮਾਮਲਿਆਂ ਵਿੱਚ ਸ਼ਿਕਾਇਤਾਂ ਦਰਜ ਕਰਨ ਦੀ ਪ੍ਰਕਿਰਿਆ ਨੂੰ ਸਰਲ ਬਣਾਉਣਾ ਅਤੇ ਅਜਿਹੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਣਾ ਅਤੇ ਉਨ੍ਹਾਂ ਦੀ ਪੂਰੀ ਤਰ੍ਹਾਂ ਜਾਂਚ ਕਰਨਾ ਵੀ ਜ਼ਰੂਰੀ ਹੈ। ਅਜਿਹੇ ਮਾਮਲਿਆਂ ਦੀ ਸੁਣਵਾਈ ਫਾਸਟ-ਟਰੈਕ ਅਦਾਲਤਾਂ ਵਿੱਚ ਹੋਣੀ ਚਾਹੀਦੀ ਹੈ ਤਾਂ ਜੋ ਪੀੜਤਾਂ ਨੂੰ ਜਲਦੀ ਨਿਆਂ ਮਿਲ ਸਕੇ। ਇਸ ਤੋਂ ਇਲਾਵਾ, ਸਮਾਜਿਕ ਜਾਗਰੂਕਤਾ ਅਤੇ ਹੋਰ ਪਹਿਲਕਦਮੀਆਂ ਨੂੰ ਉਤਸ਼ਾਹਿਤ ਕਰਨ ਦੀ ਲੋੜ ਹੈ, ਜਿਵੇਂ ਕਿ ਸਿੱਖਿਅਤ ਅਤੇ ਵਿੱਤੀ ਤੌਰ @ਤੇ ਨਿਰਭਰ ਔਰਤਾਂ, ਅਤੇ ਧੀਆਂ ਪ੍ਰਤੀ ਬਰਾਬਰੀ-ਅਧਾਰਤ ਪਹੁੰਚ ਨੂੰ ਸੱਚਮੁੱਚ ਲਾਗੂ ਕਰਨਾ। ਸੱਚਾਈ ਇਹ ਹੈ ਕਿ ਜਦੋਂ ਤੱਕ ਸਮਾਜਿਕ ਸੋਚ ਕਾਨੂੰਨੀ ਸਖ਼ਤੀ ਦੇ ਨਾਲ ਨਹੀਂ ਬਦਲਦੀ, ਕਿਸੇ ਵੀ ਬੁਰਾਈ ਨੂੰ ਪੂਰੀ ਤਰ੍ਹਾਂ ਖਤਮ ਕਰਨਾ ਅਸੰਭਵ ਹੈ।

-ਜਗਜੀਤ ਸਿੰਘ ਦਰਦੀ

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਲਾਨਾ ਬਜਟ 2026-27

# ਸ਼੍ਰੋਮਣੀ ਕਮੇਟੀ ਲਈ ਅੱਜ ਗੁਰੂਆਂ ਦਾ ਉਪਦੇਸ਼ ਤੇ ਨਵੀਂ ਪੀੜ੍ਹੀ ਨੂੰ ਗੁਰੂ ਵਿਰਾਸਤ ਨਾਲ ਜੋੜਨ ਦਾ ਵੇਲਾ

### ਏਆਈ ਡਿਜੀਟਲ ਤਕਨੀਕ ਨਾਲ ਗੁਰਬਾਣੀ ਪ੍ਰਚਾਰ ਪ੍ਰਸਾਰ ਦਾ ਨਵਾਂ ਉਪਰਾਲਾ ਕਰਨ ਦੀ ਜ਼ਰੂਰਤ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਸ਼੍ਰੋਮਣੀ ਕਮੇਟੀ ਨੂੰ ਅੱਜ ਵੱਡੀ ਪੱਧਰ ਤੇ ਨਵੀਂ ਪੀੜ੍ਹੀ ਨੂੰ ਗੁਰਮਤ ਸਿਧਾਂਤਾਂ ਤੇ ਆਪਣੀ ਵਿਰਾਸਤ ਨਾਲ ਜੋੜਨ ਦਾ ਆਹਿਦ ਕਰਨਾ ਚਾਹੀਦਾ ਹੈ। ਅੱਜ ਰਵਾਇਤੀ ਸੇਵਾ ਜਾਂ ਨਵੀਂ ਪੀੜ੍ਹੀ ਲਈ ਡਿਜੀਟਲ ਤਬਦੀਲੀ ਦੀ ਲੋੜ ਹੈ? ਕੱਲ੍ਹ, 28 ਮਾਰਚ 2026 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਤੇਜਾ ਸਿੰਘ ਸਮੁੰਦਰੀ ਹਾਲ, ਅੰਮ੍ਰਿਤਸਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਵਿੱਚ ਆਪਣਾ ਸਾਲਾਨਾ ਬਜਟ ਪੇਸ਼ ਕੀਤਾ। ਇਸ ਬਜਟ ਦਾ ਅੰਦਾਜ਼ਨ ਆਕਾਰ ਲਗਭਗ 1487 ਕਰੋੜ ਰੁਪਏ ਤੱਕ ਪਹੁੰਚਣ ਦੀ ਉਮੀਦ ਹੈ (ਪਿਛਲੇ ਸਾਲ ਦੇ 1386.47 ਕਰੋੜ ਤੋਂ ਵਾਧਾ)। ਇਹ ਬਜਟ ਸਿੱਖ ਧਰਮ ਦੇ ਸਾਰੇ ਇਤਿਹਾਸਕ ਗੁਰਦੁਆਰਿਆਂ, ਵਿਦਿਅਕ ਸੰਸਥਾਵਾਂ, ਧਰਮ ਪ੍ਰਚਾਰ ਅਤੇ ਜਨ ਕਲਿਆਣੀ ਕਾਰਜਾਂ ਲਈ ਵਿਤੀ ਖਾਕਾ ਤਿਆਰ ਕਰਦਾ ਹੈ। ਬਜਟ ਵਿੱਚ ਗੁਰਦੁਆਰਾ ਸਾਹਿਬਾਂ ਦੀ ਮੁਰੰਮਤ ਤੇ ਪ੍ਰਬੰਧ ਲਈ ਵੱਡੀ ਰਕਮ (ਲਗਭਗ 1062 ਕਰੋੜ ਤੋਂ ਵੱਧ), ਧਰਮ ਪ੍ਰਚਾਰ ਕਮੇਟੀ ਲਈ 110 ਕਰੋੜ, ਵਿਦਿਅਕ ਸੰਸਥਾਵਾਂ ਲਈ 295 ਕਰੋੜ ਤੱਕ ਦੀ ਉਮੀਦ ਹੈ।

ਇਸ ਵਿੱਚ ਅੰਮ੍ਰਿਤਧਾਰੀ ਵਿਦਿਆਰਥੀਆਂ ਲਈ ਫ੍ਰੀ ਐਜੂਕੇਸ਼ਨ, ਖੇਡਾਂ, ਆਫ਼ਤ ਰਾਹਤ ਅਤੇ ਸਿਹਤ ਸੇਵਾਵਾਂ ਲਈ ਵੀ ਰਕਮਾਂ ਰੱਖੀਆਂ ਗਈਆਂ ਹਨ।ਇਹ ਬਜਟ ਸੰਖਿਆਤਮਕ ਤੌਰ ਤੇ ਛਾਪਾ ਮਾਰਦਾ ਹੈ ਅਤੇ SGPC ਦੀ ਵਿਸ਼ਾਲ ਢਾਂਚਾਗਤ ਸਮਰੱਥਾ ਨੂੰ ਦਰਸਾਉਂਦਾ ਹੈ। ਪਰ ਨਵੀਂ ਸਦੀ ਦੇ ਡਿਜੀਟਲ ਯੁੱਗ ਵਿੱਚ, ਜਿੱਥੇ ਯੁਵਕ ਆਰਟੀਫਿਸ਼ੀਅਲ ਇੰਟੈਲੀਜੈਂਸ (19), ਡਿਜੀਟਲ ਪਲੇਟਫਾਰਮ ਅਤੇ ਵਿਸ਼ਵਵਿਆਪੀ ਚੁਣੌਤੀਆਂ ਨਾਲ ਜੂਝ ਰਹੇ ਹਨ, ਇਸ ਬਜਟ ਵਿੱਚ ਕੀ ਨਵੀਂ ਸੋਚ, ਨਵੀਂ ਖੋਜ ਅਤੇ ਨਵੀਂ ਪੀੜ੍ਹੀ ਲਈ ਗੁਰੂ ਬਾਣੀ ਦੀ ਆਧੁਨਿਕ ਵਿਆਖਿਆ ਵਾਲੀ ਰਣਨੀਤੀ ਹੈ?

ਇਸ ਬਜਟ ਦਾ ਵਿਸਥਾਰ ਨਾਲ ਆਕਲਨ ਕਰਦੇ ਹੋਏ ਇਸ ਸਵਾਲ ਉੱਤੇ ਚਰਚਾ ਕਰਾਂਗੇ ਕਿ SGPC ਨੂੰ ਰਵਾਇਤੀ ਗੁਰਦੁਆਰਾ ਪ੍ਰਬੰਧ ਤੋਂ ਉੱਪਰ ਉਠ ਕੇ ਪੰਜਾਬੀ ਤੇ ਸਿੱਖ ਯੁਵਕਾਂ ਲਈ ਏਆਈ ਯੁੱਗ ਦੀ ਖੋਜ ਇੰਸਟੀਚਿਊਟ, ਗੁਰੂ ਬਾਣੀ ਦਾ ਆਧੁਨਿਕ ਅਨੁਵਾਦ, ਧਰਮ ਪ੍ਰਚਾਰ ਵਿੱਚ ਡਿਜੀਟਲ ਟੂਲਜ਼ ਅਤੇ ਰੋਜ਼ਗਾਰ ਉਤਪਾਦਨ ਵਾਲੀਆਂ ਵਿਦਿਅਕ ਯੋਜਨਾਵਾਂ ਵੱਲ ਵਧਣਾ ਚਾਹੀਦਾ ਹੈ ਜਾਂ ਨਹੀਂ। ਅੱਜ SGPC ਦੀ ਭੂਮਿਕਾ ਅਤੇ ਬਜਟ ਦਾ ਇਤਿਹਾਸਕ ਸੰਦਰਭ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 1925 ਦੇ ਸਿੱਖ ਗੁਰਦੁਆਰਾ ਐਕਟ ਤਹਿਤ ਸਥਾਪਿਤ ਹੋਈ ਸੀ। ਇਹ ਸੰਸਥਾ ਸਿੱਖ ਧਰਮ ਦੇ ਇਤਿਹਾਸਕ ਗੁਰਦੁਆਰਿਆਂ (ਜਿਵੇਂ ਸ੍ਰੀ ਹਰਿਮੰਦਰ ਸਾਹਿਬ, ਅਕਾਲ ਤਖ਼ਤ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਦਿ) ਦਾ ਪ੍ਰਬੰਧ ਕਰਦੀ ਹੈ ਅਤੇ ਲੱਖਾਂ ਸੰਗਤ ਦੀ ਭਾਵਨਾਤਮਕ ਤੇ ਧਾਰਮਿਕ ਲੋੜਾਂ ਨੂੰ ਪੂਰਾ ਕਰਦੀ ਹੈ। SGPC ਦਾ ਆਮਦਨੀ ਦਾ ਮੁੱਖ ਸਰੋਤ ਸੰਗਤ ਦਾ ਦਸਵੰਦ (ਦਸਵੀਂ ਹਿੱਸਾ) ਅਤੇ ਗੁਰਦੁਆਰਾ ਫੰਡ ਹੈ। ਇਸ ਬਜਟ ਵਿੱਚ ਵੀ ਗੁਰਦੁਆਰਾ ਸਾਹਿਬਾਂ ਲਈ 1062 ਕਰੋੜ ਤੋਂ ਵੱਧ ਰਕਮ ਰੱਖਣ ਦੀ ਉਮੀਦ ਹੈ, ਜੋ ਮੁਰੰਮਤ, ਲੰਗਰ, ਸਰਾਈਆਂ ਅਤੇ ਰੋਜ਼ਾਨਾ ਪ੍ਰਬੰਧ ਲਈ ਵਰਤੀ ਜਾਵੇਗੀ। ਪਿਛਲੇ ਸਾਲਾਂ ਵਾਂਗ ਇਸ ਵਾਰ ਵੀ ਧਰਮ ਪ੍ਰਚਾਰ ਕਮੇਟੀ ਲਈ 110 ਕਰੋੜ, ਵਿਦਿਅਕ ਖੇਤਰ ਲਈ ਵੱਡੀ ਰਕਮ ਅਤੇ ਜਨ ਕਲਿਆਣ ਲਈ ਛੋਟੀਆਂ-ਛੋਟੀਆਂ ਰਕਮਾਂ (ਜਿਵੇਂ ਆਫ਼ਤ ਰਾਹਤ ਲਈ 1.5 ਕਰੋੜ, ਖੇਡਾਂ ਲਈ 3 ਕਰੋੜ ਆਦਿ) ਹਨ। ਇਹ ਰਵਾਇਤੀ ਢੰਗ ਨਾਲ ਚੰਗਾ ਲੱਗਦਾ ਹੈ, ਪਰ ਸਮੱਸਿਆ ਇਹ ਹੈ ਕਿ ਇਸ ਵਿੱਚ ਨਵੀਂ ਤਕਨੀਕੀ ਤਬਦੀਲੀ, ਏਆਈ ਯੁੱਗ ਦੀਆਂ ਚੁਣੌਤੀਆਂ ਅਤੇ ਯੁਵਕਾਂ ਲਈ ਰੋਜ਼ਗਾਰ-ਉਤਪਾਦਕ ਖੋਜ ਦਾ ਘਾਟਾ ਸਾਫ਼ ਨਜ਼ਰ ਆਉਂਦਾ ਹੈ। ਇਤਿਹਾਸਕ ਤੌਰ ਤੇ SGPC ਨੇ ਬਹੁਤ ਵੱਡੀਆਂ ਸੇਵਾਵਾਂ ਨਿਭਾਈਆਂ ਹਨ — ਗੁਰਦੁਆਰਾ ਸੁਧਾਰ ਲਹਿਰ, ਸਿੱਖ ਇਤਿਹਾਸ ਦੀ ਰੱਖਿਆ, ਵਿਦਿਅਕ ਸੰਸਥਾਵਾਂ (ਜਿਵੇਂ ਖਾਲਸਾ ਕਾਲਜ, ਸ੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਅਤੇ ਧਰਮ ਪ੍ਰਚਾਰ ਪਰ 21ਵੀਂ ਸਦੀ ਵਿੱਚ ਯੁਵਕ ਟਿਕਟਾਕ, ਯੂਟਿਊਬ ਅਤੇ ਏਆਈ ਚੈਟਬੋਟ ਰਾਹੀਂ ਧਰਮ ਬਾਰੇ ਜਾਣਕਾਰੀ ਲੈ ਰਹੇ ਹਨ। ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦਾ ਅੰਗਰੇਜ਼ੀ, ਹਿੰਦੀ ਤੇ ਹੋਰ ਭਾਸ਼ਾਵਾਂ ਵਿੱਚ ਆਧੁਨਿਕ, ਸੰਦਰਭ-ਸਹਿਤ ਅਨੁਵਾਦ ਅਤੇ ਏਆਈ ਟੂਲਜ਼ ਰਾਹੀਂ ਇਸ ਨੂੰ ਇੰਟਰਐਕਟਿਵ ਬਣਾਉਣਾ ਲਾਜ਼ਮੀ ਹੈ। ਇਸ ਬਜਟ ਵਿੱਚ ਇਸ ਲਈ ਵੱਡੀ ਰਕਮ ਜਾਂ ਵਿਸ਼ੇਸ਼ ਇੰਸਟੀਚਿਊਟ ਦਾ ਐਲਾਨ ਨਜ਼ਰ ਨਹੀਂ ਆਉਂਦਾ।ਬਜਟ ਦਾ ਵਿਸਥਾਰ ਆਕਲਨ ਕਰਦਿਆਂ ਗੁਰਦੁਆਰਾ ਪ੍ਰਬੰਧ ਲਈ ਵੱਡੀ ਰਕਮ ਇਤਿਹਾਸਕ ਧਰੋਹਰ ਦੀ ਰੱਖਿਆ ਯਕੀਨੀ ਬਣਾਉਂਦੀ ਹੈ। ਧਰਮ ਪ੍ਰਚਾਰ ਲਈ 110 ਕਰੋੜ ਰੁਪਏ ਅੰਮ੍ਰਿਤ ਸੰਚਾਰ, ਕੱਕਾਰ ਵੰਡ ਅਤੇ ਪੰਥਕ ਵੈਲਫੇਅਰ ਲਈ ਵਰਤੇ ਜਾਣਗੇ। ਵਿਦਿਅਕ ਸੰਸਥਾਵਾਂ ਲਈ ਰਕਮ ਅੰਮ੍ਰਿਤਧਾਰੀ ਵਿਦਿਆਰਥੀਆਂ ਲਈ ਫ੍ਰੀ ਐਜੂਕੇਸ਼ਨ ਤੱਕ ਵਧਾਈ ਗਈ ਹੈ। ਆਫ਼ਤ ਰਾਹਤ, ਸਿਹਤ ਅਤੇ ਖੇਡਾਂ ਵਰਗੇ ਖੇਤਰਾਂ ਵਿੱਚ ਛੋਟੀਆਂ ਰਕਮਾਂ ਸੰਗਤ ਨਾਲ ਜੋੜਦੀਆਂ ਹਨ।

ਅੱਜ ਕਮਜ਼ੋਰੀਆਂ ਅਤੇ ਘਾਟ ਕਾਰਨ ਬਜਟ ਵਿੱਚ ਨਵੀਂ ਪੀੜ੍ਹੀ ਲਈ ਡਿਜੀਟਲ ਧਰਮ ਪ੍ਰਚਾਰ, ਏਆਈ ਆਧਾਰਿਤ ਖੋਜ ਇੰਸਟੀਚਿਊਟ, ਗੁਰੂ ਬਾਣੀ ਦਾ ਮਲਟੀ-ਲਿੰਗੁਅਲ 19-ਪਾਵਰਡ ਅਨੁਵਾਦ ਅਤੇ ਰੋਜ਼ਗਾਰ-ਉਤਪਾਦਕ ਕੋਰਸਾਂ ਲਈ ਵੱਡੀ ਰਕਮ ਨਜ਼ਰ ਨਹੀਂ ਆਉਂਦੀ। ਪੰਜਾਬ ਦੇ ਯੁਵਕ ਬੇਰੁਜ਼ਗਾਰੀ, ਡਰੱਗਸ ਅਤੇ ਵਿਦੇਸ਼ ਪ੍ਰਵਾਸ ਦੀਆਂ ਚੁਣੌਤੀਆਂ ਨਾਲ ਘਿਰੇ ਹੋਏ ਹਨ। SGPC ਵੱਲੋਂ ਚਲਾਈਆਂ ਵਿਦਿਅਕ ਸੰਸਥਾਵਾਂ ਰਵਾਇਤੀ ਐਜੂਕੇਸ਼ਨ ਤੱਕ ਸੀਮਤ ਹਨ।

ਹੁਣ ਸਮੇਂ ਦੇ ਨਾਲ ਏਆਈ ਯੁੱਗ ਵਿੱਚ ਇੱਕ ਵੱਡਾ ਇੰਸਟੀਚਿਊਟ ਖੋਲ੍ਹਣਾ ਚਾਹੀਦਾ ਹੈ ਜਿੱਥੇ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨੂੰ ਆਧੁਨਿਕ ਵਿਗਿਆਨ, ਭਾਸ਼ਾ ਵਿਗਿਆਨ, ਏਆਈ ਐਥਿਕਸ ਅਤੇ ਪੰਜਾਬੀ ਵਿਰਾਸਤ ਨਾਲ ਜੋੜਿਆ ਜਾਵੇ। ਇਸ ਵਿੱਚ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਜੀ ਤੱਕ ਦੀਆਂ ਬਾਣੀਆਂ ਦਾ ਡਿਜੀਟਲ ਡਾਟਾਬੇਸ, ਰੀਅਲ-ਟਾਈਮ ਅਨੁਵਾਦ ਟੂਲ ਅਤੇ ਯੁਵਕਾਂ ਲਈ ਸਰਟੀਫਿਕੇਟ ਕੋਰਸ ਬਣਾਏ ਜਾ ਸਕਦੇ ਹਨ।ਏਆਈ ਦੇ ਖਤਰਿਆਂ ਬਾਰੇ ਵੀ ਚਰਚਾ ਲਾਜ਼ਮੀ ਹੈ। ਏਆਈ ਫੇਕ ਵੀਡੀਓਜ਼, ਡੀਪਫੇਕ ਰਾਹੀਂ ਬੇਅਦਬੀ ਵਾਲੀਆਂ ਘਟਨਾਵਾਂ ਫੈਲਾ ਸਕਦਾ ਹੈ। ਧਰਮ ਪ੍ਰਚਾਰ ਕਮੇਟੀ ਨੂੰ ਕਾਨੂੰਨੀ ਮਾਹਰਾਂ ਨਾਲ ਮਿਲ ਕੇ ਏਆਈ ਰੈਗੂਲੇਸ਼ਨ ਲਈ ਆਵਾਜ਼ ਉਠਾਉਣੀ ਚਾਹੀਦੀ ਸੀ। ਬਜਟ ਵਿੱਚ ਇਸ ਲਈ ਕੋਈ ਵਿਸ਼ੇਸ਼ ਫੰਡ ਜਾਂ ਟਾਸਕ ਫੋਰਸ ਨਜ਼ਰ ਨਹੀਂ ਆਉਂਦੀ। ਬੇਅਦਬੀ ਦੇ ਮਾਮਲਿਆਂ ਵਿੱਚ SGPC ਨੇ ਅਕਸਰ ਰਵਾਇਤੀ ਤਰੀਕਿਆਂ ਨਾਲ ਹੀ ਕੰਮ ਲਿਆ ਹੈ, ਜਦਕਿ ਡਿਜੀਟਲ ਯੁੱਗ ਵਿੱਚ ਤੇਜ਼ ਰਿਸਪਾਂਸ ਅਤੇ ਟੈਕਨਾਲੋਜੀਕਲ ਟੂਲਜ਼ ਲੋੜੀਂਦੇ ਹਨ।

ਅੱਜ ਨਵੀਂ ਪੀੜ੍ਹੀ ਲਈ ਚੁਣੌਤੀਆਂ ਅਤੇ SGPC ਦੀਆਂ ਕੋਸ਼ਿਸ਼ਾਂ ਪੰਜਾਬ ਦੇ ਸਿੱਖ ਯੁਵਕ ਅੱਜ ਇੱਕ ਤਬਦੀਲੀ ਵਾਲੇ ਸਮੇਂ ਵਿੱਚ ਹਨ। ਇੱਕ ਪਾਸੇ ਗੁਰੂਆਂ ਦੀ ਵਰਸੋਈ ਧਰਤੀ ਦੀ ਮਹਾਨਤਾ, ਇਤਿਹਾਸ ਅਤੇ ਬਾਣੀ ਹੈ, ਦੂਜੇ ਪਾਸੇ ਗਲੋਬਲਾਈਜ਼ੇਸ਼ਨ, ਏਆਈ ਅਤੇ ਡਿਜੀਟਲ ਮੀਡੀਆ। ਬਹੁਤ ਸਾਰੇ ਯੁਵਕ ਧਰਮ ਤੋਂ ਦੂਰ ਹੋ ਰਹੇ ਹਨ ਕਿਉਂਕਿ ਧਰਮ ਪ੍ਰਚਾਰ ਰਵਾਇਤੀ ਰੂਪ ਵਿੱਚ (ਕਥਾ, ਕੀਰਤਨ) ਤੱਕ ਸੀਮਤ ਹੈ। ਯੂਟਿਊਬ, ਇੰਸਟਾਗ੍ਰਾਮ ਅਤੇ ਏਆਈ ਐਪਾਂ ਉਨ੍ਹਾਂ ਲਈ ਆਕਰਸ਼ਕ ਹਨ। SGPC ਨੂੰ ਇੱਕ ਵੱਡਾ ਸਿੱਖ ਧਰਮ ਐਂਡ ਪੰਜਾਬੀ ਵਿਰਾਸਤ ਰਿਸਰਚ ਇੰਸਟੀਚਿਊਟ ਖੋਲ੍ਹਣਾ ਚਾਹੀਦਾ ਹੈ ਜਿੱਥੇ ਗੁਰੂ ਬਾਣੀ ਦਾ ਏਆਈ-ਆਧਾਰਿਤ ਮਲਟੀ-ਲਿੰਗੁਅਲ ਅਨੁਵਾਦ ਅਤੇ ਐਕਸਪਲੇਨੇਸ਼ਨ ਟੂਲ ਤਿਆਰ ਕੀਤਾ ਜਾਵੇ। ਏਆਈ ਐਥਿਕਸ ਨੂੰ ਗੁਰੂ ਨਾਨਕ ਦੇਵ ਜੀ ਦੀਆਂ ਸਿਖਿਆਵਾਂ (ਇੱਕ ਓਅੰਕਾਰ, ਸਰਬਤ ਦਾ ਭਲਾ) ਨਾਲ ਜੋੜਿਆ ਜਾਵੇ। ਯੁਵਕਾਂ ਲਈ ਡਿਜੀਟਲ ਸਟੋਰੀਟੈਲਿੰਗ, ਐਨੀਮੇਸ਼ਨ ਅਤੇ ਵਰਚੁਅਲ ਰਿਐਲਿਟੀ ਰਾਹੀਂ ਸਿੱਖ ਇਤਿਹਾਸ ਸਿਖਾਇਆ ਜਾਵੇ। ਰੋਜ਼ਗਾਰ ਲਈ ਕੋਰਸ ਜਿਵੇਂ ਡਿਜੀਟਲ ਧਰਮ ਪ੍ਰਚਾਰ, ਏਆਈ ਭਾਸ਼ਾ ਮਾਡਲਿੰਗ ਅਤੇ ਪੰਜਾਬੀ ਕੰਟੈਂਟ ਕ੍ਰੀਏਸ਼ਨ ਚਲਾਏ ਜਾਣ।

ਇਸ ਇੰਸਟੀਚਿਊਟ ਲਈ ਬਜਟ ਵਿੱਚ ਘੱਟੋ-ਘੱਟ 50-100 ਕਰੋੜ ਰੁਪਏ ਦੀ ਵੱਖਰੀ ਰਕਮ ਰੱਖੀ ਜਾਣੀ ਚਾਹੀਦੀ ਸੀ। ਇਸ ਨਾਲ ਨਵੀਂ ਪੀੜ੍ਹੀ ਨੂੰ ਗੁਰੂਆਂ ਦੀ ਵਰਸੋਈ ਧਰਤੀ (ਪੰਜਾਬ) ਦੀ ਮਹੱਤਤਾ ਨੂੰ ਨਵੀਂ ਭਾਸ਼ਾ ਵਿੱਚ ਸਮਝਾਇਆ ਜਾ ਸਕਦਾ ਹੈ। ਧਰਮ ਪ੍ਰਚਾਰ ਕਮੇਟੀ ਨੂੰ ਏਆਈ ਖਤਰਿਆਂ ਤੋਂ ਬਚਾਅ ਲਈ ਕਾਨੂੰਨੀ ਟੀਮ ਬਣਾਉਣੀ ਚਾਹੀਦੀ ਸੀ ਤਾਂ ਜੋ ਬੇਅਦਬੀ ਵਾਲੀਆਂ ਘਟਨਾਵਾਂ ਵਿੱਚ ਤੁਰੰਤ ਡਿਜੀਟਲ ਰਿਸਪਾਂਸ ਦਿੱਤਾ ਜਾ ਸਕੇ।

ਅੱਜ ਏਆਈ ਯੁੱਗ ਵਿੱਚ ਧਰਮ ਪ੍ਰਚਾਰ ਅਤੇ ਵਿਦਿਆ ਦੀ ਨਵੀਂ ਰਣਨੀਤੀਏਆਈ ਇੱਕ ਤਾਕਤਵਰ ਟੂਲ ਹੈ। ਇਸ ਰਾਹੀਂ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨੂੰ ਆਪਣੀ ਭਾਸ਼ਾ ਵਿੱਚ ਪੁੱਛਣ ਤੇ ਤੁਰੰਤ ਵਿਆਖਿਆ ਮਿਲ ਸਕਦੀ ਹੈ। ਪਰ ਇਸ ਵਿੱਚ ਖਤਰਾ ਵੀ ਹੈ — ਗਲਤ ਵਿਆਖਿਆ, ਫੇਕ ਕੰਟੈਂਟ ਅਤੇ ਬਾਣੀ ਨਾਲ ਛੇੜਛਾੜ। SGPC ਨੂੰ ਇੱਕ ਆਪਣਾ ਏਆਈ ਲੈਬ ਬਣਾਉਣੀ ਚਾਹੀਦੀ ਹੈ ਜਿੱਥੇ ਗੁਰੂ ਬਾਣੀ ਨੂੰ ਟ੍ਰੇਨਿੰਗ ਡਾਟਾ ਬਣਾ ਕੇ ਸੁਰੱਖਿਅਤ ਮਾਡਲ ਤਿਆਰ ਕੀਤਾ ਜਾਵੇ। ਇਸ ਨਾਲ ਯੁਵਕਾਂ ਨੂੰ ਰੋਜ਼ਗਾਰ ਵੀ ਮਿਲੇਗਾ — ਡਿਜੀਟਲ ਕੰਟੈਂਟ ਕ੍ਰੀਏਟਰ, ਏਆਈ ਟ੍ਰੇਨਰ ਅਤੇ ਭਾਸ਼ਾ ਐਕਸਪਰਟ ਵਜੋਂ।ਪੰਜਾਬ ਵਿੱਚ ਬੇਰੁਜ਼ਗਾਰੀ ਉੱਚ ਹੈ। SGPC ਦੀਆਂ ਵਿਦਿਅਕ ਸੰਸਥਾਵਾਂ ਨੂੰ ਸਟੈਮ (Science, Technology, Engineering, Mathematics) ਨਾਲ ਗੁਰੂ ਬਾਣੀ ਦੀਆਂ ਸਿੱਖਿਆਵਾਂ ਜੋੜ ਕੇ ਨਵੀਆਂ ਡਿਗਰੀਆਂ ਚਲਾਉਣੀਆਂ ਚਾਹੀਦੀਆਂ ਹਨ। ਉਦਾਹਰਨ ਲਈ ਸਿੱਖ ਐਥਿਕਸ ਐਂਡ ਏਆਈ ਵਰਗਾ ਕੋਰਸ, ਜੋ ਯੁਵਕਾਂ ਨੂੰ ਨੈਤਿਕ ਏਆਈ ਡਿਵੈਲਪਰ ਬਣਾਏ। ਇਸ ਤਰ੍ਹਾਂ ਧਰਮ ਨੂੰ ਰੋਜ਼ਾਨਾ ਜੀਵਨ ਅਤੇ ਰੋਜ਼ਗਾਰ ਨਾਲ ਜੋੜਿਆ ਜਾ ਸਕਦਾ ਹੈ।

ਬਜਟ ਵਿੱਚ ਇਸ ਤਰ੍ਹਾਂ ਦੀਆਂ ਯੋਜਨਾਵਾਂ ਲਈ ਵੱਖਰਾ ਫੰਡ ਰੱਖਣਾ ਲਾਜ਼ਮੀ ਹੈ। ਨਹੀਂ ਤਾਂ ਨਵੀਂ ਪੀੜ੍ਹੀ SGPC ਨੂੰ ਰਵਾਇਤੀ ਅਤੇ ਪੁਰਾਣੀ ਸੰਸਥਾ ਸਮਝੇਗੀ, ਜੋ ਉਸਦੀਆਂ ਆਧੁਨਿਕ ਲੋੜਾਂ ਨੂੰ ਨਹੀਂ ਸਮਝਦੀ। ਅੱਜ ਰਾਜਨੀਤਿਕ ਅਤੇ ਪੰਥਕ ਮੁੱਦੇ ਬਜਟ ਤੋਂ ਉੱਪਰ ਦੀਆਂ ਚੁਣੌਤੀਆਂਬਜਟ ਸੈਸ਼ਨ ਦੌਰਾਨ ਤਖ਼ਤ ਜਥੇਦਾਰਾਂ ਦੀਆਂ ਨਿਯੁਕਤੀਆਂ ਉੱਤੇ ਵੀ ਵਿਵਾਦ ਰਿਹਾ ਹੈ। ਇਸ ਤੋਂ ਬਾਹਰ ਧਰਨੇ ਵੀ ਹੋਏ। SGPC ਦੀ ਆਮ ਚੋਣਾਂ ਲੰਬੇ ਸਮੇਂ ਤੋਂ ਲੰਬਿਤ ਹਨ ਅਤੇ ਇਸ ਬਾਰੇ ਅਸੰਤੋਸ਼ ਵਧ ਰਿਹਾ ਹੈ।

ਬਜਟ ਤੋਂ ਇਲਾਵਾ SGPC ਨੂੰ ਆਪਣੀ ਲੋਕਤੰਤਰੀ ਢਾਂਚੇ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ ਤਾਂ ਜੋ ਯੁਵਕਾਂ ਦੀ ਭਾਗੀਦਾਰੀ ਵਧੇ।ਧਰਮ ਪ੍ਰਚਾਰ ਕਮੇਟੀ ਨੂੰ ਏਆਈ ਖਤਰਿਆਂ ਤੋਂ ਇਲਾਵਾ ਬੇਅਦਬੀ ਵਾਲੀਆਂ ਘਟਨਾਵਾਂ ਵਿੱਚ ਵਧੇਰੇ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ। ਕਾਨੂੰਨੀ ਮਾਹਰਾਂ ਨਾਲ ਮਿਲ ਕੇ ਡਿਜੀਟਲ ਬੇਅਦਬੀ ਲਈ ਫਾਸਟ ਟ੍ਰੈਕ ਕਾਨੂੰਨੀ ਰਣਨੀਤੀ ਤਿਆਰ ਕਰਨੀ ਚਾਹੀਦੀ ਹੈ।

ਅੱਜ ਨਵੀਂ ਸੋਚ ਵਾਲੀ SGPC ਦੀ ਲੋੜ ਹੈ ਅਤੇ SGPC ਦਾ ਬਜਟ 2026-27 ਰਵਾਇਤੀ ਤੌਰ ਤੇ ਠੀਕ ਹੈ ਅਤੇ ਗੁਰਦੁਆਰਾ ਪ੍ਰਬੰਧ ਵਿੱਚ ਇਸਦੀ ਮਹੱਤਤਾ ਅਨਮੋਲ ਹੈ। ਪਰ ਨਵੀਂ ਜੁਗ ਨਵੀਂ ਦੁਨੀਆਂ ਵਿੱਚ ਇਹ ਲੋੜੀਂਦਾ ਹੈ ਕਿ SGPC ਰਵਾਇਤ ਤੋਂ ਉੱਪਰ ਉਠ ਕੇ ਡਿਜੀਟਲ ਤਬਦੀਲੀ ਅਪਣਾਵੇ। ਇੱਕ ਵੱਡਾ ਸਿੱਖ ਵਿਰਾਸਤ ਐਂਡ ਏਆਈ ਰਿਸਰਚ ਇੰਸਟੀਚਿਊਟ ਖੋਲ੍ਹਿਆ ਜਾਵੇ, ਜਿੱਥੇ ਗੁਰੂ ਬਾਣੀ ਦਾ ਆਧੁਨਿਕ ਅਨੁਵਾਦ, ਏਆਈ ਟੂਲਜ਼ ਅਤੇ ਯੁਵਕਾਂ ਲਈ ਰੋਜ਼ਗਾਰ ਵਾਲੀਆਂ ਸਿਖਲਾਈਆਂ ਚਲਾਈਆਂ ਜਾਣ। ਧਰਮ ਪ੍ਰਚਾਰ ਕਮੇਟੀ ਨੂੰ ਏਆਈ ਖਤਰਿਆਂ ਤੋਂ ਬਚਾਅ ਲਈ ਆਵਾਜ਼ ਉਠਾਉਣੀ ਚਾਹੀਦੀ ਹੈ ਅਤੇ ਬੇਅਦਬੀ ਵਿਰੋਧੀ ਡਿਜੀਟਲ ਰਣਨੀਤੀ ਤਿਆਰ ਕਰਨੀ ਚਾਹੀਦੀ ਹੈ।ਨਵੀਂ ਪੀੜ੍ਹੀ ਲਈ ਪੰਜਾਬ ਦੀ ਸਿੱਖ ਵਿਰਾਸਤ ਅਤੇ ਗੁਰੂਆਂ ਦੀ ਵਰਸੋਈ ਧਰਤੀ ਦੀ ਮਹੱਤਤਾ ਨੂੰ ਪਹੁੰਚਾਉਣ ਲਈ SGPC ਨੂੰ ਆਪਣੀਆਂ ਕੋਸ਼ਿਸ਼ਾਂ ਨੂੰ ਨਵੀਂ ਸੋਚ ਨਾਲ ਰੂਪ ਦੇਣਾ ਚਾਹੀਦਾ ਹੈ।

ਇਸ ਤਰ੍ਹਾਂ ਹੀ ਸਿੱਖ ਧਰਮ ਨਵੀਂ ਸਦੀ ਵਿੱਚ ਵੀ ਪ੍ਰਸੰਗਿਕ ਰਹੇਗਾ ਅਤੇ ਯੁਵਕ ਆਪਣੀ ਵਿਰਾਸਤ ਨਾਲ ਜੁੜੇ ਰਹਿਣਗੇ। ਬਜਟ ਇੱਕ ਸ਼ੁਰੂਆਤ ਹੈ, ਪਰ ਅਸਲ ਤਬਦੀਲੀ ਰਣਨੀਤਕ ਵਿਜ਼ਨ ਤੋਂ ਆਵੇਗੀ। SGPC ਨੂੰ ਇਸ ਨਵੇਂ ਯੁੱਗ ਦੀ ਸੇਧ ਵਿੱਚ ਆਪਣੀਆਂ ਕੋਸ਼ਿਸ਼ਾਂ ਨੂੰ ਵਧਾਉਣਾ ਚਾਹੀਦਾ ਹੈ ਤਾਂ ਜੋ ਗੁਰੂਆਂ ਦੀ ਬਾਣੀ ਅਤੇ ਪੰਜਾਬੀ ਵਿਰਾਸਤ ਨਵੀਂ ਪੀੜ੍ਹੀ ਤੱਕ ਜੀਵੰਤ ਰੂਪ ਵਿੱਚ ਪਹੁੰਚ ਸਕੇ।

## ਈਰਾਨ ਦਾ ਪਰਮਾਣੂ ਸਿਧਾਂਤ ਅਤੇ ਭਾਰਤ ਦੀ ਭੂਮਿਕਾ

# ਕੀ ਭਾਰਤ ਵਿਸ਼ਵ ਸ਼ਾਂਤੀ ਦਾ ਨਵਾਂ ਕੇਂਦਰ ਬਣ ਸਕਦਾ ਹੈ?



ਵਿਕਰਮਜੀਤ ਸਿੰਘ ਸਰਾ
9501477889

21ਵੀਂ ਸਦੀ ਦੀ ਭੂ-ਰਾਜਨੀਤੀ ਅਤੇ ਪਰਮਾਣੂ ਚੁਣੌਤੀ : ਅਜੋਕੇ ਦੌਰ ਵਿੱਚ ਵਿਸ਼ਵ ਰਾਜਨੀਤੀ ਇੱਕ ਅਜਿਹੇ ਗੁੰਝਲਦਾਰ ਮੋੜ ਤੇ ਖੜ੍ਹੀ ਹੈ ਜਿੱਥੇ ਤਾਕਤ ਦੀ ਪਰਿਭਾਸ਼ਾ ਸਿਰਫ਼ ਆਰਥਿਕ ਮਜ਼ਬੂਤੀ ਤੱਕ ਸੀਮਤ ਨਹੀਂ ਰਹੀ ਸਗੋਂ ਇਹ ਪਰਮਾਣੂ ਸਮਰੱਥਾ ਅਤੇ ਕੂਟਨੀਤਿਕ ਪ੍ਰਭਾਵ ਦੇ ਆਲੇ-ਦੁਆਲੇ ਘੁੰਮਦੀ ਹੈ। ਪਰਮਾਣੂ ਹਥਿਆਰਾਂ ਨੂੰ ਹੁਣ ਸਿਰਫ਼ ਜੰਗ ਦੇ ਸੰਦ ਵਜੋਂ ਨਹੀਂ ਸਗੋਂ ਇੱਕ ਰਣਨੀਤਿਕ ਰੋਕ ਵਜੋਂ ਦੇਖਿਆ ਜਾਂਦਾ ਹੈ। ਇਸ ਖੇਡ ਵਿੱਚ ਈਰਾਨ ਇੱਕ ਅਜਿਹਾ ਧੁਰਾ ਬਣ ਕੇ ਉਭਰਿਆ ਹੈ ਜਿਸਦਾ ਪਰਮਾਣੂ ਪ੍ਰੋਗਰਾਮ ਦਹਾਕਿਆਂ ਤੋਂ ਪੱਛਮੀ ਦੇਸ਼ਾਂ ਲਈ ਚਿੰਤਾ ਦਾ ਵਿਸ਼ਾ ਰਿਹਾ ਹੈ। ਹਾਲ ਹੀ ਵਿੱਚ ਈਰਾਨੀ ਲੀਡਰਸ਼ਿਪ ਵੱਲੋਂ ਆਏ ਬਿਆਨਾਂ ਨੇ ਇੱਕ ਨਵੀਂ ਬਹਿਸ ਛੇੜ ਦਿੱਤੀ ਹੈ। ਈਰਾਨ ਨੇ ਜਿੱਥੇ ਆਪਣੇ ਪਰਮਾਣੂ ਪ੍ਰੋਗਰਾਮ ਨੂੰ ਨੈਤਿਕਤਾ ਅਤੇ ਧਰਮ ਦੀ ਕਸੌਟੀ 'ਤੇ ਪਰਖਿਆ ਹੈ ਉੱਥੇ ਹੀ ਭਾਰਤ ਨੂੰ ਵਿਸ਼ਵ ਸ਼ਾਂਤੀ ਲਈ ਇੱਕ ਨਿਰਣਾਇਕ ਵਿਚੋਲੇ ਵਜੋਂ ਸਵੀਕਾਰਿਆ ਹੈ। ਇਹ ਸਿਰਫ਼ ਇੱਕ ਸਿਆਸੀ ਬਿਆਨ ਨਹੀਂ, ਸਗੋਂ ਬਦਲ ਰਹੀ ਵਿਸ਼ਵ ਵਿਵਸਥਾ ਦਾ ਸੰਕੇਤ ਹੈ ਜਿੱਥੇ ਹੁਣ ਭਾਰਤ ਵਰਗੀਆਂ ਉੱਭਰ ਰਹੀਆਂ ਸ਼ਕਤੀਆਂ ਨੂੰ ਗੁੰਝਲਦਾਰ ਕੌਮਾਂਤਰੀ ਮਸਲਿਆਂ ਦੇ ਹੱਲ ਲਈ ਸਦਾ ਦਿੱਤਾ ਜਾ ਰਿਹਾ ਹੈ।

**ਈਰਾਨ ਦਾ ਪਰਮਾਣੂ ਰੁਖ ; ਨੈਤਿਕਤਾ, ਧਰਮ ਅਤੇ ਰਣਨੀਤਿਕ ਹੇਜਿੰਗ** : ਈਰਾਨ ਦੇ ਪਰਮਾਣੂ ਪ੍ਰੋਗਰਾਮ ਨੂੰ ਸਮਝਣ ਲਈ ਇਸਦੇ ਪਰਮਾਣੂ ਸਿਧਾਂਤ ਦੀਆਂ ਡੂੰਘੀਆਂ ਤਹਿਆਂ ਨੂੰ ਫਰੋਲਣਾ ਜ਼ਰੂਰੀ ਹੈ। ਈਰਾਨੀ ਸਰਵੋਚ ਨੇਤਾ ਆਇਤੁੱਲਾ ਅਲੀ ਖ਼ਮੇਨੇਈ ਨੇ ਕਈ ਵਾਰ ਸਪੱਸ਼ਟ ਕੀਤਾ ਹੈ ਕਿ ਉਹਨਾਂ ਦਾ ਦੇਸ਼ ਪਰਮਾਣੂ ਹਥਿਆਰਾਂ ਦੇ ਨਿਰਮਾਣ ਦੇ ਵਿਰੁੱਧ ਹੈ। ਇਸਦਾ ਸਭ ਤੋਂ ਵੱਡਾ ਆਧਾਰ ਇੱਕ ਧਾਰਮਿਕ ਫਤਵਾ ਹੈ ਜਿਸ ਅਨੁਸਾਰ ਇਸਲਾਮ ਅਜਿਹੇ ਹਥਿਆਰਾਂ ਦੀ ਮਨਾਹੀ ਕਰਦਾ ਹੈ ਜੋ ਮਨੁੱਖਤਾ ਦਾ ਵੱਡੇ ਪੱਧਰ 'ਤੇ ਵਿਨਾਸ਼ ਕਰਦੇ ਹੋਣ। ਇਹ ਨੈਤਿਕ ਪੱਖ ਈਰਾਨ ਨੂੰ ਅੰਤਰਰਾਸ਼ਟਰੀ ਮੰਚ 'ਤੇ ਇੱਕ ਸਿਧਾਂਤਕ ਦੇਸ਼ ਵਜੋਂ ਪੇਸ਼ ਕਰਦਾ ਹੈ। ਹਾਲਾਂਕਿ, ਰਣਨੀਤਿਕ ਮਾਹਿਰ ਇਸ ਨੂੰ ਈਰਾਨ ਦੀ ਹੇਜਿੰਗ ਰਣਨੀਤੀ ਵਜੋਂ ਦੇਖਦੇ ਹਨ ਭਾਵ ਹਥਿਆਰ ਨਾ ਬਣਾ ਕੇ ਵੀ ਤਕਨੀਕੀ ਤੌਰ 'ਤੇ ਉਸ ਪੱਧਰ ਤੱਕ ਪਹੁੰਚਣਾ ਕਿ ਲੋੜ ਪੈਣ 'ਤੇ ਬਹੁਤ ਘੱਟ ਸਮੇਂ ਵਿੱਚ ਹਥਿਆਰ ਤਿਆਰ ਕੀਤੇ ਜਾ ਸਕਣ। ਇਹ ਸਥਿਤੀ ਈਰਾਨ ਨੂੰ ਇੱਕ ਅਜਿਹੀ ਢਾਲ ਪ੍ਰਦਾਨ ਕਰਦੀ ਹੈ ਜੋ ਵਿਰੋਧੀਆਂ ਨੂੰ ਸਿੱਧੀ ਫੌਜੀ ਕਾਰਵਾਈ ਤੋਂ ਰੋਕਦੀ ਹੈ।

**ਭਾਰਤ ਦਾ ਕੇਂਦਰੀ ਸਥਾਨ ਅਤੇ ਈਰਾਨੀ ਭਰੋਸਾ** : ਜਦੋਂ ਈਰਾਨ ਭਾਰਤ ਦੀ ਵਿਚੋਲਗੀ ਦੀ ਮੰਗ ਕਰਦਾ ਹੈ ਤਾਂ ਇਸਦੇ ਪਿੱਛੇ ਸਦੀਆਂ ਪੁਰਾਣੇ ਸੱਭਿਆਚਾਰਕ ਅਤੇ ਇਤਿਹਾਸਕ ਸਬੰਧ ਹੁੰਦੇ ਹਨ। ਈਰਾਨ ਲਈ ਭਾਰਤ ਸਿਰਫ਼ ਇੱਕ ਵਪਾਰਕ ਭਾਈਵਾਲ ਨਹੀਂ ਸਗੋਂ ਇੱਕ ਅਜਿਹੀ ਲੋਕਤੰਤਰੀ ਸ਼ਕਤੀ ਹੈ ਜਿਸਦੀ ਆਵਾਜ਼ ਪੱਛਮ (ਅਮਰੀਕਾ-ਯੂਰਪ) ਅਤੇ ਪੂਰਬ (ਰੂਸ-ਚੀਨ) ਦੋਵਾਂ ਪਾਸੇ ਸਤਿਕਾਰ ਨਾਲ ਸੁਣੀ ਜਾਂਦੀ ਹੈ। ਭਾਰਤ ਨੇ ਹਮੇਸ਼ਾਂ ਰਣਨੀਤਿਕ ਖ਼ੁਦਮੁਖਤਿਆਰੀ ਦੀ ਪਾਲਣਾ ਕੀਤੀ ਹੈ ਅਤੇ ਕਿਸੇ ਵੀ ਬਾਹਰੀ ਦਬਾਅ ਹੇਠ ਆ ਕੇ ਈਰਾਨ ਨਾਲ ਆਪਣੇ ਰਿਸ਼ਤੇ ਖਤਮ ਨਹੀਂ ਕੀਤੇ। ਇਹ ਭਰੋਸੇਯੋਗਤਾ ਹੀ ਉਹ ਕਾਰਕ ਹੈ ਜੋ ਭਾਰਤ ਨੂੰ ਵਿਸ਼ਵ ਸ਼ਾਂਤੀ ਦੇ ਨਵੇਂ ਕੇਂਦਰ ਵਜੋਂ ਉਭਾਰਦੀ ਹੈ। ਈਰਾਨ ਨੂੰ ਯਕੀਨ ਹੈ ਕਿ ਭਾਰਤ ਉਸਦੇ ਪੱਖ ਨੂੰ ਨਿਰਪੱਖ ਤਰੀਕੇ ਨਾਲ ਵਿਸ਼ਵ ਦੇ ਸਾਹਮਣੇ ਰੱਖ ਕੇ ਅਮਰੀਕਾ ਨਾਲ ਪੈਦਾ ਹੋਏ ਪਾੜੇ ਨੂੰ ਪੂਰਨ ਵਿੱਚ ਪੁਲ ਦਾ ਕੰਮ ਕਰ ਸਕਦਾ ਹੈ।

**ਚਾਬਹਾਰ ਬੰਦਰਗਾਹ; ਰਣਨੀਤਿਕ ਸਬੰਧਾਂ ਦੀ ਜੀਵਨ ਰੇਖਾ** : ਚਾਬਹਾਰ ਬੰਦਰਗਾਹ ਭਾਰਤ ਦੀ ਵਿਦੇਸ਼ ਨੀਤੀ ਦਾ ਉਹ ਮਾਸਟਰ ਸਟ੍ਰੋਕ ਹੈ ਜਿਸ ਨੇ ਮੱਧ ਏਸ਼ੀਆ ਦੇ ਭੂਗੋਲਿਕ ਨਕਸ਼ੇ ਨੂੰ ਭਾਰਤ ਦੇ ਪੱਖ ਵਿੱਚ ਮੋੜ ਦਿੱਤਾ ਹੈ। ਪਾਕਿਸਤਾਨ ਨੂੰ ਬਾਈਪਾਸ ਕਰਕੇ ਅਫਗਾਨਿਸਤਾਨ ਅਤੇ ਮੱਧ ਏਸ਼ੀਆ ਤੱਕ ਪਹੁੰਚ ਬਣਾਉਣਾ ਭਾਰਤ ਲਈ ਜਿੱਥੇ ਵਪਾਰਕ ਲੋੜ ਸੀ ਉੱਥੇ ਹੀ ਇਹ ਚੀਨ ਦੇ ਬੈਲਟ ਐਂਡ ਰੋਡ ਇਨੀਸ਼ੀਏਟਿਵ ਦਾ ਠੋਸ ਜਵਾਬ ਵੀ ਸੀ। ਈਰਾਨ ਲਈ ਚਾਬਹਾਰ ਇੱਕ ਅਜਿਹੀ ਜੀਵਨ ਰੇਖਾ ਹੈ ਜੋ ਉਸ ਨੂੰ ਅੰਤਰਰਾਸ਼ਟਰੀ ਪਾਬੰਦੀਆਂ ਦੇ ਬਾਵਜੂਦ ਵਿਸ਼ਵ ਆਰਥਿਕਤਾ ਨਾਲ ਜੋੜੀ ਰੱਖਦੀ ਹੈ। ਭਾਰਤ ਨੇ ਇਸ ਪ੍ਰੋਜੈਕਟ ਵਿੱਚ ਭਾਰੀ ਨਿਵੇਸ਼ ਕਰਕੇ ਇਹ ਸਾਬਤ ਕੀਤਾ ਹੈ ਕਿ ਉਹ ਈਰਾਨ ਦਾ ਇੱਕ ਭਰੋਸੇਯੋਗ ਅਤੇ ਦੂਰਦਰਸ਼ੀ ਸਾਥੀ ਹੈ। ਇਹ ਬੰਦਰਗਾਹ ਭਾਰਤ ਅਤੇ ਈਰਾਨ ਨੂੰ ਇੱਕ-ਦੂਜੇ ਦੇ ਇੰਨਾ ਕਰੀਬ ਲੈ ਆਈ ਹੈ ਕਿ ਹੁਣ ਆਰਥਿਕ ਹਿੱਤ ਰਾਜਨੀਤਿਕ ਹਿੱਤਾਂ ਵਿੱਚ ਤਬਦੀਲ ਹੋ ਰਹੇ ਹਨ।

**ਭਾਰਤ-ਅਮਰੀਕਾ ਸਬੰਧ ਅਤੇ ਸੰਤੁਲਨ ਦੀ ਕਲਾ** : ਭਾਰਤ ਦੀ ਅਸਲੀ ਪ੍ਰੀਖਿਆ ਅਮਰੀਕਾ ਨਾਲ ਉਸਦੇ ਵਧਦੇ ਰਣਨੀਤਿਕ ਸਬੰਧਾਂ ਅਤੇ ਈਰਾਨ ਨਾਲ ਉਸਦੀ ਪੁਰਾਣੀ ਦੋਸਤੀ ਦੇ ਵਿਚਕਾਰ ਹੁੰਦੀ ਹੈ। ਅਮਰੀਕਾ ਲਈ ਈਰਾਨ ਇੱਕ ਵੱਡੀ ਚੁਣੌਤੀ ਹੈ ਜਦਕਿ ਭਾਰਤ ਲਈ ਈਰਾਨ ਊਰਜਾ ਸੁਰੱਖਿਆ ਲਈ ਲਾਜ਼ਮੀ ਹੈ। ਭਾਰਤ ਨੇ ਬੜੀ ਚਤੁਰਾਈ ਨਾਲ ਮਲਟੀ-ਅਲਾਈਨਮੈਂਟ ਦੀ ਨੀਤੀ ਅਪਣਾਈ ਹੈ। ਅਮਰੀਕਾ ਵੱਲੋਂ ਈਰਾਨ 'ਤੇ ਲਗਾਈਆਂ ਪਾਬੰਦੀਆਂ ਦੇ ਬਾਵਜੂਦ ਭਾਰਤ ਨੇ ਚਾਬਹਾਰ ਲਈ ਵਿਸ਼ੇਸ਼ ਛੋਟ ਪ੍ਰਾਪਤ ਕੀਤੀ ਜੋ ਭਾਰਤੀ ਕੂਟਨੀਤੀ ਦੀ ਇੱਕ ਮਹੱਤਵਪੂਰਨ ਜਿੱਤ ਹੈ। ਭਾਰਤ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਕਿਸੇ ਇੱਕ ਧੜੇ ਦਾ ਹਿੱਸਾ ਬਣਨ ਦੀ ਬਜਾਏ ਰਾਸ਼ਟਰੀ ਹਿੱਤਾਂ ਅਤੇ ਵਿਸ਼ਵ ਸਥਿਰਤਾ ਨੂੰ ਪਹਿਲ ਦੇਵੇਗਾ। ਇਹੀ ਕਾਰਨ ਹੈ ਕਿ ਭਾਰਤ ਅੱਜ ਅਮਰੀਕਾ ਅਤੇ ਈਰਾਨ ਵਿਚਕਾਰ ਇੱਕ ਇਮਾਨਦਾਰ ਵਿਚੋਲਾ ਬਣਨ ਦੀ ਸਮਰੱਥਾ ਰੱਖਦਾ ਹੈ।

**ਵਿਸ਼ਵ ਸ਼ਾਂਤੀ ਦਾ ਕੇਂਦਰ; ਸੰਭਾਵਨਾਵਾਂ ਅਤੇ ਚੁਣੌਤੀਆਂ** : ਵਿਸ਼ਵ ਰਾਜਨੀਤੀ ਵਿੱਚ ਪੈਦਾ ਹੋਏ ਖਲਾਅ ਨੂੰ ਭਰਨ ਲਈ ਦੁਨੀਆ ਹੁਣ ਭਾਰਤ ਵੱਲ ਦੇਖ ਰਹੀ ਹੈ। ਸੰਯੁਕਤ ਰਾਸ਼ਟਰ ਵਰਗੀਆਂ ਸੰਸਥਾਵਾਂ ਦੀ ਸੀਮਤ ਸਫਲਤਾ ਤੋਂ ਬਾਅਦ ਭਾਰਤ ਦੀ ਨੈਤਿਕ ਅਥਾਰਟੀ ਉਸਨੂੰ ਇੱਕ ਪ੍ਰਭਾਵਸ਼ਾਲੀ ਆਰਬਿਟਰੇਟਰ (ਨਿਰਣਾਇਕ) ਬਣਾਉਂਦੀ ਹੈ। ਜੇਕਰ ਭਾਰਤ ਈਰਾਨੀ ਪਰਮਾਣੂ ਸਮਝੌਤੇ ਨੂੰ ਮੁੜ ਸੁਰਜੀਤ ਕਰਨ ਵਿੱਚ ਮਦਦ ਕਰਦਾ ਹੈ, ਤਾਂ ਇਹ 21ਵੀਂ ਸਦੀ ਦੀ ਸਭ ਤੋਂ ਵੱਡੀ ਕੂਟਨੀਤਿਕ ਜਿੱਤ ਹੋਵੇਗੀ। ਹਾਲਾਂਕਿ ਇਹ ਰਾਹ ਕੰਡਿਆਂ ਭਰਿਆ ਹੈ। ਇਸਰਾਈਲ ਦੀਆਂ ਸੁਰੱਖਿਆ ਚਿੰਤਾਵਾਂ ਅਤੇ ਅਮਰੀਕੀ ਕਾਂਗਰਸ ਦੇ ਸਖ਼ਤ ਰੁਖ ਨੂੰ ਸੰਭਾਲਣਾ ਭਾਰਤ ਲਈ ਇੱਕ ਵੱਡੀ ਚੁਣੌਤੀ ਹੋਵੇਗੀ। ਭਾਰਤ ਨੂੰ ਇਹ ਯਕੀਨੀ ਬਣਾਉਣਾ ਪਵੇਗਾ ਕਿ ਉਹ ਪਰਮਾਣੂ ਅਪ੍ਰਸਾਰ (Non-Proliferation) ਦੇ ਕੌਮਾਂਤਰੀ ਨਿਯਮਾਂ ਨਾਲ ਸਮਝੌਤਾ ਕੀਤੇ ਬਿਨਾਂ ਈਰਾਨ ਦੀ ਮਦਦ ਕਰੇ।

**ਇੱਕ ਨਵੇਂ ਵਿਸ਼ਵ ਗੁਰੂ ਦਾ ਉਭਾਰ** : ਈਰਾਨ ਦਾ ਪਰਮਾਣੂ ਰੁਖ ਅਤੇ ਭਾਰਤ ਦੀ ਭੂਮਿਕਾ ਇਹ ਦਰਸਾਉਂਦੀ ਹੈ ਕਿ ਹੁਣ ਸਮਾਂ ਬਦਲ ਚੁੱਕਾ ਹੈ। ਭਾਰਤ ਹੁਣ ਸਿਰਫ਼ ਇੱਕ ਖੇਤਰੀ ਤਾਕਤ ਨਹੀਂ ਸਗੋਂ ਵਿਸ਼ਵ ਦੀਆਂ ਉਲਝੀਆਂ ਹੋਈਆਂ ਤਾਣੀਆਂ ਨੂੰ ਸੁਲਝਾਉਣ ਵਾਲਾ ਇੱਕ ਕੇਂਦਰ ਬਣ ਚੁੱਕਾ ਹੈ। ਵਸੁਧੈਵ ਕੁਟੁੰਬਕਮ ਦੀ ਸੋਚ ਨੂੰ ਲੈ ਕੇ ਚੱਲਣ ਵਾਲਾ ਭਾਰਤ ਅੱਜ ਤੇਹਰਾਨ ਅਤੇ ਵਾਸ਼ਿੰਗਟਨ ਵਿਚਕਾਰ ਇੱਕ ਸਾਂਝੀ ਭਾਸ਼ਾ ਲੱਭਣ ਦੀ ਸਮਰੱਥਾ ਰੱਖਦਾ ਹੈ। ਅਸਲ ਤਾਕਤ ਹਥਿਆਰਾਂ ਵਿੱਚ ਨਹੀਂ ਸਗੋਂ ਸੰਵਾਦ ਅਤੇ ਧੀਰਜ ਵਿੱਚ ਹੁੰਦੀ ਹੈ। ਜੇਕਰ ਭਾਰਤ ਇਸ ਮੌਕੇ ਨੂੰ ਸਹੀ ਢੰਗ ਨਾਲ ਵਰਤਦਾ ਹੈ ਤਾਂ ਉਹ ਨਾ ਸਿਰਫ਼ ਆਪਣੇ ਦੇਸ਼ ਦੇ ਹਿੱਤਾਂ ਦੀ ਰੱਖਿਆ ਕਰੇਗਾ ਸਗੋਂ ਮਨੁੱਖਤਾ ਨੂੰ ਇੱਕ ਸੰਭਾਵੀ ਪਰਮਾਣੂ ਸੰਕਟ ਤੋਂ ਬਚਾ ਕੇ ਵਿਸ਼ਵ ਸ਼ਾਂਤੀ ਦਾ ਸੱਚਾ ਪਹਿਰੇਦਾਰ ਸਾਬਤ ਹੋਵੇਗਾ। ਈਰਾਨ ਦੀ ਮੰਗ ਅਤੇ ਭਾਰਤ ਦੀ ਸਮਰੱਥਾ ਦਾ ਇਹ ਮੇਲ ਇੱਕ ਨਵੇਂ ਯੁੱਗ ਦਾ ਆਗਾਜ਼ ਹੈ ਜਿੱਥੇ ਸ਼ਾਂਤੀ ਦਾ ਰਾਹ ਭਾਰਤ ਦੀ ਕੂਟਨੀਤੀ ਰਾਹੀਂ ਹੋ ਕੇ ਗੁਜ਼ਰਦਾ ਹੈ।

# ਅਲਵਿਦਾ ਪੰਜਾਬ ਕਾਂਗਰਸ ਦੇ ਭੀਸ਼ਮ ਪਿਤਾਮਾ : ਲਾਲ ਸਿੰਘ !

ਉਜਾਗਰ ਸਿੰਘ
ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ
94178 13072



ਪੰਜਾਬ ਕਾਂਗਰਸ ਦੇ ਸਭ ਤੋਂ ਸੀਨੀਅਰ ਦਿਗਜ਼ ਨੇਤਾ ਲਾਲ ਸਿੰਘ 84 ਸਾਲ ਦੀ ਉਮਰ ਵਿੱਚ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ। 1977 ਤੋਂ ਲੈ ਕੇ ਲਗਪਗ ਅੱਧੀ ਸਦੀ ਉਹ ਪੰਜਾਬ ਕਾਂਗਰਸ ਦੀ ਸਿਆਸਤ ਵਿੱਚ ਧਰੂ ਤਾਰੇ ਦੀ ਤਰ੍ਹਾਂ ਚਮਕਦੇ ਰਹੇ। ਉਸਨੂੰ ਮਾਣ ਜਾਂਦਾ ਹੈ ਕਿ ਉਹ ਪੰਜਾਬ ਦੇ ਦਰਬਾਰਾ ਸਿੰਘ, ਬੇਅੰਤ ਸਿੰਘ, ਹਰਚਰਨ ਸਿੰਘ ਬਰਾੜ ਅਤੇ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਦਾ ਚਹੇਤਾ ਰਿਹਾ ਹੈ। ਉਹ ਟਕਸਾਲੀ ਕਾਂਗਰਸੀ ਸੀ। ਜਿਸ ਦਿਨ ਤੋਂ ਉਹ ਕਾਂਗਰਸ ਵਿੱਚ ਆਇਆ ਮੁੜਕੇ ਕਦੀ ਵੀ ਕਾਂਗਰਸ ਤੋਂ ਮੁੱਖ ਨਹੀਂ ਮੋੜਿਆ। ਉਸਨੇ ਆਪਣਾ ਸਿਆਸੀ ਜੀਵਨ ਪਟਿਆਲਾ ਤੋਂ ਲੋਕ ਸਭਾ ਦੇ ਮੈਂਬਰ ਸਤ ਪਾਲ ਕਪੂਰ ਦੇ ਨਿੱਜੀ ਸਕੱਤਰ ਤੋਂ ਸ਼ੁਰੂ ਕਰਕੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਤੱਕ ਪਹੁੰਚ ਗਿਆ। ਕਾਂਗਰਸ ਪਾਰਟੀ ਦੀਆਂ ਮੀਟਿੰਗਾਂ ਲਈ ਦਰੀਆਂ ਵਿਛਾਉਣ ਤੋਂ ਲੈ ਕੇ ਕਾਂਗਰਸ ਪਾਰਟੀ ਦੇ ਸਟੇਟ ਪੱਧਰ ਦੇ ਸਮਾਗਮਾ ਦੀ ਪ੍ਰਧਾਨਗੀ ਕਰਦਾ ਰਿਹਾ। ਭਾਵੇਂ ਉਹ ਬਹੁਤਾ ਪੜ੍ਹਿਆ ਲਿਖਿਆ ਨਹੀਂ ਸੀ, ਪ੍ਰੰਤੂ ਸਿਆਸਤ ਵਿੱਚ ਉਹ ਇਤਨਾ ਗੁੜ੍ਹਿਆ ਹੋਇਆ ਸੀ ਕਿ ਛੇਤੀ ਕੀਤਿਆਂ ਕਦੇ ਮਾਰ ਨਹੀਂ ਖਾਧੀ। ਉਹ ਇੱਕ ਅਜਿਹਾ ਤਿਗੜਬਾਜ਼ ਹੰਢਿਆ ਵਰਤਿਆ ਸਿਆਸਤਦਾਨ ਸੀ, ਜਿਹੜਾ ਆਪਣੀ ਲਿਆਕਤ ਨਾਲ ਕਹਿੰਦੇ ਕਹਾਉਂਦੇ ਸਿਆਸਤਦਾਨਾ ਨੂੰ ਉਂਗਲਾਂ 'ਤੇ ਨਚਾਉਂਦਾ ਰਿਹਾ ਹੈ। ਉਸਦੀ ਸਫਲਤਾ ਦਾ ਸਭ ਤੋਂ ਵੱਡਾ ਰਾਜ ਇਹ ਸੀ ਕਿ ਉਹ ਜਿਸ ਵੀ ਸਿਆਸਤਦਾਨ ਨਾਲ ਜਿਤਨਾ ਸਮਾਂ ਰਿਹਾ, ਉਹ ਉਸਦਾ ਵਫ਼ਾਦਾਰ ਰਿਹਾ, ਪ੍ਰੰਤੂ ਜਦੋਂ ਉਹ ਉਸ ਸਿਆਸਤਦਾਨ ਤੋਂ ਦੂਰ ਹੋ ਗਿਆ ਤਾਂ ਉਸਦਾ ਸਭ ਤੋਂ ਵੱਡਾ ਸਿਆਸੀ ਵਿਰੋਧੀ ਬਣਕੇ ਵਿਚਰਿਆ। ਸਭ ਤੋਂ ਪਹਿਲਾਂ ਡਕਾਲਾ ਹਲਕੇ ਤੋਂ ਲਾਲ ਸਿੰਘ ਨੂੰ ਟਿਕਟ ਮਿਲਣ ਦਾ ਕਿੱਸਾ ਵਿਲੱਖਣ ਕਿਸਮ ਦਾ ਹੈ। ਲਾਲ ਸਿੰਘ ਨੂੰ ਡਿਕਾਲਾ ਵਿਧਾਨ ਸਭਾ ਹਲਕੇ ਤੋਂ ਟਿਕਟ ਮਿਲਣ ਨੂੰ ਵੀ ਉਸਨੂੰ ਕਿਸਮਤ ਦਾ ਧਨੀ ਕਿਹਾ ਜਾ ਸਕਦਾ ਹੈ। 1977 ਵਿੱਚ ਡਕਾਲਾ ਹਲਕੇ ਤੋਂ ਕਾਂਗਰਸ ਦਾ ਟਿਕਟ ਚਪੜ ਪਿੰਡ ਦੇ ਸ੍ਰ.ਸਾਹਿਬ ਸਿੰਘ ਨੂੰ ਮਿਲ ਰਿਹਾ ਸੀ। ਸਾਹਿਬ ਸਿੰਘ ਦੀ ਉਮੀਦਵਾਰੀ ਲਗਪਗ ਤਹਿ ਹੋ ਗਈ ਸੀ, ਪ੍ਰੰਤੂ ਐਨ ਮੌਕੇ 'ਤੇ ਸਾਹਿਬ ਸਿੰਘ ਚਪੜ ਇਨਕਾਰ ਕਰ ਗਿਆ। ਫਿਰ ਜਦੋਂ ਲਾਲ ਸਿੰਘ ਨੂੰ ਪੁੱਛਿਆ ਗਿਆ ਤਾਂ ਉਹ ਤੁਰੰਤ ਸਹਿਮਤ ਹੋ ਗਿਆ ਅਤੇ 1977 ਵਿੱਚ ਚੋਣ ਜਿੱਤਕੇ ਉਹ ਵਿਧਾਨਕਾਰ ਬਣ ਗਿਆ। ਉਸ ਤੋਂ ਬਾਅਦ ਤਾਂ ਚਲ ਸੋ ਚਲ ਲਾਲ ਸਿੰਘ ਪੰਜ ਵਾਰ 1977, 1980, 1992, 2002 ਅਤੇ 2007 ਵਿੱਚ ਵਿਧਾਨਕਾਰ ਬਣ ਗਿਆ। ਇਕੱਲਾ ਵਿਧਾਨਕਾਰ ਹੀ ਸਿਰਫ 1977 ਵਿੱਚ ਵਿਧਨਕਾਰ ਅਤੇ ਬਾਕੀ ਚਾਰੇ ਟਰਮਾ ਵਿੱਚ ਮੰਤਰੀ ਵੀ ਬਣਦਾ ਰਿਹਾ। ਉਸ ਸਮੇਂ ਨਵਜੋਤ ਸਿੰਘ ਸਿੱਧੂ ਦੇ ਪਿਤਾ ਸ੍ਰ. ਭਗਵੰਤ ਸਿੰਘ ਸਿੱਧੂ ਪਟਿਆਲਾ ਦਿਹਾਤੀ ਕਾਂਗਰਸ ਦੇ ਪ੍ਰਧਾਨ ਹੁੰਦੇ ਸਨ। ਲਾਲ ਸਿੰਘ, ਬ੍ਰਹਮ ਮਹਿੰਦਰਾ ਅਤੇ ਬੀਰਦਵਿੰਦਰ ਸਿੰਘ ਭਗਵੰਤ ਸਿੰਘ ਸਿੱਧੂ ਦੇ ਸਭ ਤੋਂ ਨੇੜੇ ਹੁੰਦੇ ਸਨ। ਇਹ ਸਾਰੇ ਉਸ ਸਮੇਂ ਮਰਹੂਮ ਸ੍ਰ.ਦਰਬਾਰਾ ਸਿੰਘ ਦੇ ਖੇਮੇ ਵਿੱਚ ਚਲੇ ਗਏ। ਉਸ ਸਮੇਂ ਪੰਜਾਬ ਪ੍ਰਦੇਸ਼ ਕਾਂਗਰਸ ਵਿੱਚ ਦੂਜਾ ਧੜਾ ਗਿਆਨੀ ਜ਼ੈਲ ਸਿੰਘ ਦਾ ਹੁੰਦਾ ਸੀ। ਸ੍ਰ.ਦਰਬਾਰਾ ਸਿੰਘ ਨੇ ਲਾਲ ਸਿੰਘ ਨੂੰ ਪਨਸਪ ਦਾ ਚੇਅਰਮੈਨ ਬਣਾ ਦਿੱਤਾ। ਲਾਲ ਸਿੰਘ ਪਟਿਆਲਾ ਜਿਲ੍ਹੇ ਦੇ ਬਾਕੀ ਨੇਤਾ, ਜਿਹੜੇ ਅਚਕਨਾ ਸੁਆਈ ਬੈਠੇ ਰਹਿ ਗਏ ਸਨ, ਉਨ੍ਹਾਂ ਨੂੰ ਠਿੱਬੀ ਲਾ ਗਿਆ।



ਮਾਰਚ 1986 ਵਿੱਚ ਸ੍ਰ.ਬੇਅੰਤ ਸਿੰਘ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਬਣ ਗਏ। ਲਾਲ ਸਿੰਘ ਚੁਸਤ ਚਲਾਕ ਸਿਆਸਤਦਾਨ ਸੀ, ਜਦੋਂ ਉਸਨੂੰ ਦਰਬਾਰਾ ਸਿੰਘ ਦੇ ਧੜੇ ਦਾ ਡਾਊਨ ਫਾਲ ਦਿਸਣ ਲੱਗਿਆ ਤਾਂ ਉਹ 1991 ਵਿੱਚ ਸ੍ਰ.ਬੇਅੰਤ ਸਿੰਘ ਦੇ ਧੜੇ ਵਿੱਚ ਸ਼ਾਮਲ ਹੋ ਕੇ ਪਟਿਆਲਾ ਜਿਲ੍ਹਾ ਕਾਂਗਰਸ ਦਿਹਾਤੀ ਦੇ ਪ੍ਰਧਾਨ ਬਣ ਗਏ। ਫਰਵਰੀ 1992 ਵਿੱਚ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਨੇ 92 ਸੀਟਾਂ ਜਿੱਤਕੇ ਸ੍ਰ.ਬੇਅੰਤ ਸਿੰਘ ਮੁੱਖ ਮੰਤਰੀ ਦੀ ਅਗਵਾਈ ਵਿੱਚ ਸਰਕਾਰ ਬਣਾ ਲਈ। ਲਾਲ ਸਿੰਘ ਨੂੰ ਸਿਹਤ ਮੰਤਰੀ ਬਣਾਇਆ ਗਿਆ। ਸ੍ਰ.ਬੇਅੰਤ ਸਿੰਘ ਦੀ ਸਰਕਾਰ ਵਿੱਚ ਲਾਲ ਸਿੰਘ ਦੀ ਤੂਤੀ ਬੋਲਦੀ ਸੀ। ਉਹ ਮੁੱਖ ਮੰਤਰੀ ਦਾ ਸਭ ਤੋਂ ਨਜ਼ਦੀਕੀ ਮੰਤਰੀ ਗਿਣਿਆਂ ਜਾਂਦਾ ਸੀ। ਜੇ ਇਉਂ ਕਹਿ ਲਿਆ ਜਾਵੇ ਕਿ ਉਸਨੇ ਚੰਮ ਦੀਆਂ ਚਲਾਈਆਂ ਤਾਂ ਵੀ ਕੋਈ ਅਤਕਥਨੀ ਨਹੀਂ। ਲਾਲ ਸਿੰਘ ਦੀ ਸਿਆਸੀ ਜ਼ਿੰਦਗੀ ਦਾ ਉਹ ਸਮਾਂ ਸਭ ਤੋਂ ਬਿਹਤਰੀਨ ਸਮਾਂ ਰਿਹਾ ਹੈ। ਹਰਚਰਨ ਸਿੰਘ ਬਰਾੜ ਦੀ ਸਰਕਾਰ ਵਿੱਚ ਵੀ ਲਾਲ ਸਿੰਘ ਹੀ ਇੱਕ ਕਿਸਮ ਨਾਲ ਸਰਕਾਰ ਚਲਾਉਂਦਾ ਰਿਹਾ, ਕਿਉਂਕਿ ਹਰਚਰਨ ਸਿੰਘ ਬਰਾੜ ਨਿਹਾਇਤ ਹੀ ਸ਼ਰੀਫ ਮੁੱਖ ਮੰਤਰੀ ਸੀ। ਉਹ ਆਰਾਮਪ੍ਰਸਤ ਖਾਨਦਾਨੀ ਵਿਅਕਤੀ ਸੀ, ਜਿਹੜਾ ਨਾਮ ਦਾ ਹੀ ਮੁੱਖ ਮੰਤਰੀ ਸੀ। ਕੈਪਟਨ ਅਮਰਿੰਦਰ ਸਿੰਘ ਦੇ ਕਾਂਗਰਸ ਪਾਰਟੀ ਵਿੱਚ ਆ ਜਾਣ ਤੋਂ ਬਾਅਦ ਲਾਲ ਸਿੰਘ ਨੇ ਉਸ ਨਾਲ ਆਪਣੀਆਂ ਨਜ਼ਦੀਕੀਆਂ ਬਣਾ ਲਈਆਂ, ਕਿਉਂਕਿ ਕੈਪਟਨ ਅਮਰਿੰਦਰ ਸਿੰਘ ਬਲਿਊ ਸਟਾਰ ਅਪ੍ਰੇਸ਼ਨ ਤੋਂ ਬਾਅਦ ਕਾਂਗਰਸ ਛੱਡਣ ਕਰਕੇ ਪੰਜਾਬ ਕਾਂਗਰਸ ਦੀ ਸਿਆਸਤ ਤੋਂ ਦੂਰ ਰਿਹਾ ਸੀ। ਲਾਲ ਸਿੰਘ ਕਿਉਂਕਿ ਪੰਜਾਬ ਕਾਂਗਰਸ ਦੀ ਸਿਆਸਤ ਵਿੱਚ ਲੰਬਾ ਸਮਾਂ ਰਹਿਣ ਕਰਕੇ ਕਾਂਗਰਸ ਦੇ ਤਾਣੇ ਬਾਣੇ ਬਾਰੇ ਭਲੀ ਭਾਂਤ ਜਾਣਦਾ ਸੀ। ਇਸ ਕਰਕੇ ਕੈਪਟਨ ਅਮਰਿੰਦਰ ਸਿੰਘ ਨੂੰ ਕੋਈ ਅਜਿਹਾ ਸਿਆਸਤਦਾਨ ਚਾਹੀਦਾ ਸੀ, ਜਿਹੜਾ ਦਿਲਚਸਪੀ ਨਾਲ ਕੰਮ ਕਰ ਸਕੇ। ਲਾਲ ਸਿੰਘ ਇਸ ਮੌਕੇ ਦਾ ਲਾਭ ਉਠਾਕੇ ਕੈਪਟਨ ਅਮਰਿੰਦਰ ਸਿੰਘ ਦਾ ਵਿਸ਼ਵਾਸ਼ ਪਾਤਰ ਬਣ ਗਿਆ। ਉਸਨੇ 2002 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹੀ ਕੈਪਟਨ ਅਮਰਿੰਦਰ ਸਿੰਘ ਨੂੰ ਆਪਣੇ ਚੁੰਗਲ ਵਿੱਚ ਫਸਾ ਲਿਆ ਸੀ। ਵਿਧਾਨ ਸਭਾ ਦੀ ਟਿਕਟ ਲੈਣ ਦੇ ਚਾਹਵਾਨ ਪਹਿਲਾਂ ਲਾਲ ਸਿੰਘ ਕੋਲ ਜਾਂਦੇ ਸਨ ਤੇ ਫਿਰ ਉਹ ਉਸਨੂੰ ਆਪਣੇ ਨਾਲ ਲਿਜਾਕੇ ਕੈਪਟਨ ਅਮਰਿੰਦਰ ਸਿੰਘ ਨੂੰ ਮਿਲਾਉਂਦੇ ਸਨ। 2002 ਤੋਂ 2007 ਤੱਕ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵਿੱਚ ਵੀ ਲਾਲ ਸਿੰਘ ਮਨਮਾਨੀਆਂ ਕਰਦਾ ਰਿਹਾ। ਲਾਲ ਸਿੰਘ ਦੀ ਇੱਕ ਖ਼ੂਬੀ ਰਹੀ ਕਿ ਉਸਨੇ ਪੰਜਾਬ ਦੇ ਅਤੇ ਖਾਸ ਕਰਕੇ ਡਕਾਲਾ ਹਲਕੇ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਿਆ ਅਤੇ ਵਿਕਾਸ ਦੇ ਕੰਮ ਕਰਵਾਕੇ ਨਾਮਣਾ ਖੱਟਿਆ। ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵਿੱਚ ਮੰਤਰੀ ਬਣਾਉਣ 'ਤੇ ਕੱਢਣ ਲਈ ਕਿਹੜਾ ਫਾਰਮੂਲਾ ਬਣਾਉਣਾ ਹੁੰਦਾ, ਕਿਹੜੀ ਗੁਪਤ ਥਾਂ ਬੈਠਕੇ ਅਜਿਹੇ ਫ਼ੈਸਲੇ ਕਰਨੇ ਹੁੰਦੇ ਸਨ, ਉਹ ਲਾਲ ਸਿੰਘ ਦੇ ਛਾਤਰ ਦਿਮਾਗ ਦੀ ਕਾਢ ਹੁੰਦਾ ਸੀ। ਸਿਆਸਤਦਾਨ ਕੈਪਟਨ ਅਮਰਿੰਦਰ ਸਿੰਘ ਨਾਲੋਂ ਜ਼ਿਆਦਾ ਲਾਲ ਸਿੰਘ ਦੇ ਦੁਆਲੇ ਮਖਿਆਲ ਦੀਆਂ ਮੱਖੀਆਂ ਦੀ ਤਰ੍ਹਾਂ ਫਿਰਦੇ ਰਹਿੰਦੇ ਸਨ। 2017 ਵਿੱਚ ਲਾਲ ਸਿੰਘ ਨੇ ਆਪਣੇ ਲੜਕੇ ਰਾਜਿੰਦਰ ਸਿੰਘ ਸਮਾਣਾ ਹਲਕੇ ਤੋਂ ਟਿਕਟ ਦਵਾਕੇ ਵਿਧਾਇਕ ਬਣਾ ਲਿਆ। ਉਹ ਆਪ ਪੰਜਾਬ ਸਰਕਾਰ ਦੇ ਸਭ ਤੋਂ ਮਹੱਤਵਪੂਰਨ ਅਦਾਰੇ ਪੰਜਾਬ ਮੰਡੀ ਬੋਰਡ ਦਾ ਚੇਅਰਮੈਨ ਬਣ ਗਿਆ। ਲਾਲ ਸਿੰਘ ਦੀ ਇੱਕ ਹੋਰ ਖ਼ੂਬੀ ਰਹੀ ਕਿ ਉਹ ਡੁਬਦੀ ਸਿਆਸੀ ਕਿਸ਼ਤੀ ਵਿੱਚ ਛਾਲ ਮਾਰਕੇ ਉਤਰਨ ਦਾ ਮਾਹਰ ਗਿਣਿਆਂ ਜਾਂਦਾ ਸੀ। ਉਹ ਹਮੇਸ਼ਾ ਵਿਤ, ਸਿਹਤ, ਖ਼ੁਰਾਕ ਤੇ ਸਿਵਲ ਸਪਲਾਈ, ਦਿਹਾਤੀ ਵਿਕਾਸ ਵਰਗੇ ਮਹੱਤਵਪੂਰਨ ਵਿਭਾਗਾਂ ਦਾ ਮੰਤਰੀ ਰਿਹਾ ਹੈ। ਲਾਲ ਸਿੰਘ ਸਿਰਫ਼ ਇੱਕ ਵਾਰ ਧੋਖਾ ਖਾ ਗਿਆ ਜਦੋਂ ਉਸਦੀ ਇੱਕ ਵੀਡੀਓ ਵਿੱਚ ਧਰਮਵੀਰ ਗਾਂਧੀ ਨੂੰ ਲੋਕ ਸਭਾ ਦੀ ਚੋਣ ਵਿੱਚ ਵੋਟਾਂ ਨਾ ਪਾਉਣ ਦੀ ਗੱਲ ਆਪਣੇ ਕਿਸੇ ਵਿਸ਼ਵਾਸ਼ ਪਾਤਰ ਨੂੰ ਕਹਿ ਰਿਹਾ ਸੀ, ਜਿਸਨੇ ਇਹ ਵੀਡੀਓ ਲੀਕ ਕਰ ਦਿੱਤੀ ਸੀ। ਇਸ ਤੋਂ ਬਿਨਾ ਲਾਲ ਸਿੰਘ ਦੀ ਕੋਈ ਵੀ ਵਿਚਾਰ ਚਰਚਾ ਲੀਕ ਨਹੀਂ ਹੋਈ। ਉਹ ਹੋਰ ਸਿਆਸੀ ਪਾਰਟੀਆਂ ਦੇ ਨੇਤਾਵਾਂ ਨਾਲ ਗੰਢ ਤਰੁਪ ਕਰਨ ਦਾ ਵੀ ਮਾਹਰ ਗਿਣਿਆਂ ਜਾਂਦਾ ਸੀ।

ਲਾਲ ਸਿੰਘ ਦਾ ਜਨਮ 1942 ਵਿੱਚ ਹੋਇਆ ਸੀ। ਉਸਦੇ ਦੇ ਇੱਕ ਲੜਕਾ ਰਾਜਿੰਦਰ ਸਿੰਘ ਅਤੇ ਇੱਕ ਲੜਕੀ ਹੈ। ਲਾਲ ਸਿੰਘ ਦਾ ਸਸਕਾਰ 29 ਮਾਰਚ ਕੀਤਾ ਜਾਵੇਗਾ।

# ਫ਼ਾਜ਼ਿਲ ਕਾ ਬੰਗਲਾ

ਡਾ. ਨਿਸ਼ਾਨ ਸਿੰਘ ਰਾਠੌਰ
90414-98009

ਸਾਲ 2011 ਦੀ ਗੱਲ ਹੈ। ਮੇਰੀ ਬਦਲੀ ਪੱਛਮੀ ਬੰਗਾਲ ਦੇ ਬਿੰਨਾਗੁੜੀ ਕਸਬੇ ਤੋਂ ਪੰਜਾਬ ਦੇ ਫ਼ਾਜ਼ਿਲਕਾ ਸ਼ਹਿਰ ਵਿਖੇ ਹੋ ਗਈ। ਅਸਲ ਵਿੱਚ ਇਸ ਸ਼ਹਿਰ (ਫ਼ਾਜ਼ਿਲਕਾ) ਨੂੰ ਪਾਕਿਸਤਾਨ ਦੀ ਸਰਹੱਦ ਲੱਗਦੀ ਹੈ ਅਤੇ ਇਸਦੇ ਬਾਰਡਰ 'ਤੇ ਹਰ ਰੋਜ਼ 'ਫ਼ੌਜੀ ਪਰੇਡ' ਹੁੰਦੀ ਹੈ। ਭਾਰਤ ਅਤੇ ਪਾਕਿਸਤਾਨ ਦੀ ਸਰਹੱਦ ਤੇ ਸਿਰਫ਼ ਤਿੰਨ ਹੀ ਬਾਰਡਰ ਹਨ ਜਿੱਥੇ ਹਰ ਰੋਜ਼ ਫ਼ੌਜੀ ਪਰੇਡ ਹੁੰਦੀ ਹੈ। ਪਹਿਲਾ ਹੈ ਅੰਮ੍ਰਿਤਸਰ ਦਾ ਵਾਹਗਾ ਬਾਰਡਰ, ਦੂਜਾ ਹੈ ਫ਼ਿਰੋਜਪੁਰ ਦਾ ਹੁਸੈਨੀਵਾਲਾ ਬਾਰਡਰ ਅਤੇ ਤੀਜਾ ਹੈ ਫ਼ਾਜ਼ਿਲਕਾ ਦਾ ਸਾਦਕੀ ਬਾਰਡਰ। ਆਪਣੇ ਵਾਲੇ ਪਾਸੇ (ਹਿੰਦੋਸਤਾਨ) ਵਿੱਚ ਫ਼ਾਜ਼ਿਲਕਾ ਵਾਲੇ ਬਾਰਡਰ ਨੂੰ 'ਸਾਦਕੀ ਬਾਰਡਰ' ਕਹਿੰਦੇ ਹਨ ਪਰ ਪਾਕਿਸਤਾਨ ਵਾਲੇ ਪਾਸੇ ਇਸਨੂੰ ' ਸਰਦਾਰ ਗੰਡਾ ਸਿੰਘ ਬਾਰਡਰ' ਕਿਹਾ ਜਾਂਦਾ ਹੈ। ਇਸ ਤੋਂ ਇਲਾਵਾ ਕਿਸੇ ਹੋਰ ਥਾਂ 'ਤੇ ਪਰੇਡ ਨਹੀਂ ਹੁੰਦੀ। ਖ਼ੈਰ!

ਮੈਨੂੰ ਫ਼ਾਜ਼ਿਲਕਾ ਆਏ ਨੂੰ ਅਜੇ ਕੁਝ ਦਿਨ ਹੀ ਹੋਏ ਸਨ ਕਿ ਇੱਕ ਦਿਨ ਮੇਰੇ ਇੱਕ ਮਿੱਤਰ ਦਾ ਫ਼ੋਨ ਆਇਆ ਕਿ ਚੱਲ ਸਾਦਕੀ ਬਾਰਡਰ 'ਤੇ ਫ਼ੌਜੀਆਂ ਦੀ ਪਰੇਡ ਦੇਖਣ ਚੱਲੀਏ। ਮੇਰਾ ਮਨ ਨਹੀਂ ਸੀ ਕਿਉਂਕਿ ਅਜੇ ਚੰਗੀ ਤਰ੍ਹਾਂ ਕੁਆਟਰ ਦਾ ਸਾਮਾਨ ਹੀ ਸੈੱਟ ਨਹੀਂ ਸੀ ਹੋਇਆ। ਪਰ! ਫੇਰ ਵੀ ਅਣਮਨੇ ਜਿਹੇ ਮਨ ਨਾਲ ਮੈਂ 'ਹਾਂ' ਕਹਿ ਦਿੱਤੀ। ਫੇਰ ਸ਼ਾਮੀਂ ਪੰਜ ਕੁ ਵਜੇ ਅਸੀਂ ਬੱਸ ਵਿੱਚ ਬੈਠ ਕੇ 'ਸਾਦਕੀ ਬਾਰਡਰ' ਵਾਲੇ ਪਾਸੇ ਨੂੰ ਚੱਲ ਪਏ। ਪਾਕਿਸਤਾਨ ਦੀ ਸਰਹੱਦ ਜਿਵੇਂ- ਜਿਵੇਂ ਨੇੜੇ ਆ ਰਹੀ ਸੀ ਮੇਰੇ ਦਿਲ ਦੀ ਧੜਕਨ ਵੱਧਦੀ ਜਾ ਰਹੀ ਸੀ। ਦੂਰ ਜਿੱਥੋਂ ਤੱਕ ਨਜ਼ਰ ਜਾਂਦੀ ਸੀ ਉੱਥੇ ਤੱਕ ਪਾਕਿਸਤਾਨ ਦੇ ਹਰੇ- ਭਰੇ ਖ਼ੇਤ ਅਤੇ ਰੁੱਖ਼ ਨਜ਼ਰ ਆਉਣ ਲੱਗੇ ਸਨ। ਖੁੱਲ੍ਹੇ ਵਾਤਾਵਰਣ ਵਿੱਚ ਪਤਾ ਹੀ ਨਹੀਂ ਲੱਗ ਰਿਹਾ ਸੀ ਕਿ ਭਾਰਤ ਕਿਹੜੇ ਪਾਸੇ ਹੈ ਅਤੇ ਪਾਕਿਸਤਾਨ ਕਿਹੜੇ ਪਾਸੇ ਹੈ? ਖ਼ੈਰ! ਸ਼ਾਮ ਨੂੰ ਤਕਰੀਬਨ ਸਾਢੇ ਕੁ ਪੰਜ ਵਜੇ ਅਸੀਂ 'ਸਾਦਕੀ ਬਾਰਡਰ' ਦੇ ਨੇੜੇ ਪਹੁੰਚ ਗਏ। ਸਾਡੇ ਨਾਲ ਬੱਸ ਵਿੱਚ ਇੱਕ ਅਜਿਹਾ ਸ਼ਖ਼ਸ਼ ਵੀ ਆਇਆ ਸੀ ਜਿਹੜਾ ਪਹਿਲਾਂ ਵੀ ਇਹ ਪਰੇਡ ਕਈ ਵਾਰ ਦੇਖ ਚੁਕਿਆ ਸੀ। ਉਸਨੇ ਦੱਸਿਆ ਕਿ ਬਾਰਡਰ ਦੇ ਉਸ ਪਾਰ ਤਕਰੀਬਨ 15 ਕੁ ਕਿਲੋਮੀਟਰ ਦੀ ਵਿੱਥ ਤੇ ਪਾਕਿਸਤਾਨ ਦਾ ਕਸੂਰ ਸ਼ਹਿਰ ਹੈ ਅਤੇ ਇੱਧਰ ਆਪਣੇ ਵਾਲੇ ਪਾਸੇ 14 ਕੁ ਕਿਲੋਮੀਟਰ ਦੀ ਵਿੱਥ ਤੇ ਫ਼ਾਜ਼ਿਲਕਾ ਸ਼ਹਿਰ ਵੱਸਦਾ ਹੈ। ਅਸਲ ਵਿੱਚ ਫ਼ਾਜ਼ਿਲਕਾ ਨੂੰ ਫ਼ਾਜ਼ਿਲ- ਕਾ- ਬੰਗਲਾ ਕਿਹਾ ਜਾਂਦਾ ਸੀ। ਅੱਜ ਵੀ ਪੁਰਾਣਾ ਲੋਕ ਫ਼ਾਜ਼ਿਲਕਾ ਸ਼ਹਿਰ ਨੂੰ ਫ਼ਾਜ਼ਿਲ- ਕਾ- ਬੰਗਲਾ ਹੀ ਆਖਦੇ ਸੁਣੇ ਜਾ ਸਕਦੇ ਹਨ। ਫ਼ਾਜ਼ਿਲਕਾ ਸ਼ਹਿਰ ਦੇ ਮੁੱਖ ਬਾਜ਼ਾਰ ਦਾ ਘੰਟਾਘਰ ਪੂਰੇ ਸੰਸਾਰ ਵਿੱਚ ਪ੍ਰਸਿੱਧ ਹੈ। ਖ਼ੈਰ!

ਸਾਡੀ ਬੱਸ ਨੂੰ ਗੇਟ ਦੇ ਬਾਹਰ ਹੀ ਰੋਕ ਦਿੱਤਾ ਗਿਆ। ਇੱਥੇ ਹੀ ਸਾਰੀਆਂ ਗੱਡੀਆਂ, ਕਾਰਾਂ, ਬੱਸਾਂ ਨੂੰ ਰੋਕਿਆ ਜਾਂਦਾ ਹੈ ਕਿਉਂਕਿ ਇੱਥੋਂ ਅੱਗੇ ਅਸਲ ਕੰਟਰੋਲ ਰੇਖਾ ਅੱਧਾ ਕਿਲੋਮੀਟਰ ਹੀ ਦੂਰ ਰਹਿ ਜਾਂਦਾ ਹੈ। ਇਸ ਜਗ੍ਹਾ ਤੋਂ ਯਾਤਰੀ ਪੈਦਲ ਹੀ ਬਾਰਡਰ ਵਾਲੇ ਪਾਸੇ ਨੂੰ ਜਾਂਦੇ ਹਨ। ਅਸੀਂ ਵੀ ਪੈਦਲ ਹੀ ਬਾਰਡਰ ਵਾਲੇ ਪਾਸੇ ਨੂੰ ਤੁਰ ਪਏ। ਰਾਹ ਵਿਚ ਬੀ. ਐੱਸ. ਐੱਫ਼. ਦੇ ਜਵਾਨਾਂ ਦੀ 'ਚੈੱਕ ਪੋਸਟ' ਉੱਪਰ ਸਾਡੀ ਤਲਾਸ਼ੀ ਲਈ ਗਈ। ਪਰੇਡ ਦੇਖਣ ਆਈਆਂ ਔਰਤਾਂ ਲਈ ਵੱਖਰੇ ਪ੍ਰਬੰਧ ਕੀਤੇ ਗਏ ਸਨ ਜਿੱਥੇ ਔਰਤ ਕਾਂਸਟੇਬਲਾਂ ਤਲਾਸ਼ੀ ਲੈ ਰਹੀਆਂ ਸਨ। ਉਨ੍ਹਾਂ ਲਈ ਪਰਦਾ ਲਾ ਕੇ ਇੱਕ ਟੈਂਟ ਸੈੱਟ ਕੀਤਾ ਹੋਇਆ ਸੀ। ਪਾਣੀ ਦੀਆਂ ਬੋਤਲਾਂ, ਖਾਣ- ਪੀਣ ਵਾਲੀਆਂ ਚੀਜ਼ਾਂ ਨੂੰ ਉੱਥੇ ਟੈਂਟ ਦੇ ਕੋਲ ਹੀ ਰੱਖਵਾਇਆ ਜਾ ਰਿਹਾ ਸੀ। ਕਿਸੇ ਤਰ੍ਹਾਂ ਦੀ ਆਵਾਜ਼ ਕਰਦੇ ਖਿਡੌਣੇ, ਸੀਟੀਆਂ ਅਤੇ ਪੋਸਟਰ ਅੱਗੇ ਲੈ ਕੇ ਜਾਣ ਦੀ ਮਨਾਹੀ ਸੀ। ਤਲਾਸ਼ੀ ਤੋਂ ਉਪਰੰਤ ਬੀ. ਐੱਸ. ਐੱਫ਼. ਦੇ ਜਵਾਨਾਂ ਨੇ ਸਾਨੂੰ ਅੱਗੇ ਭੇਜ ਦਿੱਤਾ ਜਿੱਥੇ ਵੱਡਾ ਸਾਰਾ ਚਬੂਤਰਾ ਬਣਿਆ ਹੋਇਆ ਸੀ। ਮੈਂ ਆਪਣੇ ਦੋਸਤ ਨਾਲ ਇੱਕ ਥਾਂ ਤੇ ਬੈਠ ਗਿਆ।

ਸਾਡੇ ਐਨ ਸਾਹਮਣੇ ਪਾਕਿਸਤਾਨ ਦਾ ਕੌਮੀ ਝੰਡਾ ਲਹਿਰਾ ਰਿਹਾ ਸੀ ਅਤੇ ਆਪਣੇ ਵਾਲੇ ਪਾਸੇ ਸਾਡੇ ਮੁਲਕ ਦਾ ਤਿਰੰਗਾ ਝੰਡਾ ਹਵਾ ਵਿੱਚ ਝੂਲ ਰਿਹਾ ਸੀ। ਦੋਹਾਂ ਦੇ ਵਿਚਕਾਰ ਮੋਟੀ ਸਾਰੀ ਕੰਡਿਆਲੀ ਤਾਰ ਲੱਗੀ ਹੋਈ ਸੀ। ਪਰੇਡ ਸ਼ੁਰੂ ਹੋਣ ਵਿੱਚ ਅਜੇ ਕੁਝ ਟਾਈਮ ਬਾਕੀ ਸੀ, ਇਸ ਲਈ ਸਾਹਮਣੇ (ਦੂਜੇ ਪਾਸੇ) ਪਾਕਿਸਤਾਨੀ ਫ਼ੌਜੀ ਤਿਆਰ ਹੋ ਰਹੇ ਸਨ। ਉੱਚਾ ਲੰਮਾ ਕਦ, ਕਾਲੀਆਂ ਸਲਵਾਰ- ਕਮੀਜ਼ਾਂ ਪਾ ਕੇ ਖੜ੍ਹੇ ਫ਼ੌਜੀ ਜਵਾਨ ਬੜੇ ਸੋਹਣੇ ਲੱਗ ਰਹੇ ਸਨ। ਇੱਧਰ ਆਪਣੇ ਵਾਲੇ ਪਾਸੇ ਵੀ ਫ਼ੌਜੀ ਜਵਾਨ ਤਿਆਰ ਹੋ ਰਹੇ ਸਨ। ਉਹ ਆਪਣੀਆਂ ਟੋਪੀਆਂ ਅਤੇ ਪੱਗਾਂ ਨੂੰ ਸਵਾਰ ਰਹੇ ਸਨ ਅਤੇ ਇੱਕ- ਦੂਜੇ ਨਾਲ ਹਾਸਾ- ਠੱਠਾ ਕਰ ਰਹੇ ਸਨ। ਸਾਡਾ ਧਿਆਨ ਪਾਕਿਸਤਾਨੀ ਫ਼ੌਜੀਆਂ ਅਤੇ ਲੋਕਾਂ ਵੱਲ ਵਧੇਰੇ ਸੀ ਕਿਉਂਕਿ ਉਨ੍ਹਾਂ ਨੂੰ ਅਸੀਂ ਆਪਣੀ ਜ਼ਿੰਦਗੀ ਵਿੱਚ ਪਹਿਲੀ ਵਾਰ ਦੇਖ ਰਹੇ ਸਾਂ। ਪਰਲੇ ਪਾਸੇ ਲੋਕਾਂ ਦਾ ਇੰਨਾ ਇਕੱਠ ਨਹੀਂ ਸੀ। ਔਰਤਾਂ ਵੱਖ ਬੈਠੀਆਂ ਸਨ ਅਤੇ ਬਹੁਤੀਆਂ ਨੇ ਕਾਲ਼ੇ ਰੰਗੇ ਦੇ ਬੁਰਕੇ ਪਹਿਨੇ ਹੋਏ ਸਨ। ਨਿੱਕੇ ਬੱਚੇ ਫ਼ੌਜੀਆਂ ਦੇ ਨੇੜੇ ਖੇਡ ਰਹੇ ਸਨ ਅਤੇ ਮਰਦ ਆਪਣੀਆਂ ਗੱਲਾਂ ਵਿੱਚ ਰੁੱਝੇ ਹੋਏ ਸਨ ਕਿਉਂਕਿ ਪਰੇਡ ਅਜੇ ਸ਼ੁਰੂ ਨਹੀਂ ਸੀ ਹੋਈ।

ਉਨ੍ਹਾਂ ਦੀ ਪੋਸਟ 'ਤੇ 'ਪਾਕਿਸਤਾਨ ਜ਼ਿੰਦਾਬਾਦ' ਅੰਗਰੇਜ਼ੀ ਵਿੱਚ ਲਿਖਿਆ ਹੋਇਆ ਸੀ। ਕੁਝ ਉਰਦੂ ਵਿੱਚ ਵੀ ਲਿਖਿਆ ਹੋਇਆ ਸੀ ਪਰ! ਉਰਦੂ ਨਾ ਆਉਣ ਕਰਕੇ ਪਤਾ ਨਹੀਂ ਲੱਗਿਆ ਕਿ ਉੱਥੇ ਕੀ ਲਿਖਿਆ ਹੋਇਆ ਸੀ? ਮੇਰੇ ਅੰਦਾਜ਼ੇ ਮੁਤਾਬਕ ਉੱਥੇ ਵੀ ਪਾਕਿਸਤਾਨ ਜ਼ਿੰਦਾਬਾਦ ਹੀ ਲਿਖਿਆ ਹੋਵੇਗਾ ਸ਼ਾਇਦ। ਪਰ! ਸਾਡੀ ਪੋਸਟ ਤੇ 'ਮੇਰਾ ਭਾਰਤ ਮਹਾਨ' ਲਿਖਿਆ ਹੋਇਆ ਸੀ। ਦੋਹਾਂ ਪਾਸੇ ਵੱਡੇ- ਵੱਡੇ ਸਪੀਕਰ ਚੱਲ ਰਹੇ ਸਨ। ਸਾਡੇ ਵਾਲੇ ਪਾਸੇ 'ਮੇਰਾ ਰੰਗ ਦੇ ਬਸੰਤੀ ਚੋਲਾ' ਅਤੇ 'ਜ਼ਰਾ ਯਾਦ ਕਰੋ ਕੁਰਬਾਨੀ' ਗੀਤ ਵੱਜ ਰਹੇ ਸਨ। ਪਾਕਿਸਤਾਨ ਵਾਲੇ ਪਾਸੇ 'ਮੇਲਾ ਵੇਖਣ ਆਈਆਂ ਕੁੜੀਆਂ ਲਾਹੌਰ ਦੀਆਂ' ਗੀਤ ਉੱਚੀ ਆਵਾਜ਼ ਵਿੱਚ ਵੱਜ ਰਿਹਾ ਸੀ। ਉਨ੍ਹਾਂ ਵਾਲੇ ਪਾਸੇ ਤੋਂ ਇੱਕ- ਦੋ ਪਾਕਿਸਤਾਨੀ ਮੁੰਡੇ ਨੱਚ ਵੀ ਰਹੇ ਸਨ। ਖ਼ੈਰ!

ਠੀਕ ਸਾਢੇ ਛੇ ਵਜੇ ਭਾਰਤ ਵਾਲੇ ਪਾਸੇ ਤੋਂ ਫ਼ੌਜੀ ਪਰੇਡ ਸ਼ੁਰੂ ਹੋ ਗਈ। ਦੂਜੇ ਪਾਸੇ, ਪਾਕਿਸਤਾਨੀ ਫ਼ੌਜੀ ਵੀ ਤਿਆਰ ਸਨ, ਉਨ੍ਹਾਂ ਨੇ ਵੀ ਪਰੇਡ ਸ਼ੁਰੂ ਕਰ ਦਿੱਤੀ। ਪਾਕਿਸਤਾਨ ਦੇ ਫ਼ੌਜੀ ਕਮਾਂਡਰ ਨੇ ਸਾਡੇ ਮੁਲਕ ਦੇ ਤਿਰੰਗੇ ਝੰਡੇ ਨੂੰ ਸਲੂਟ ਮਾਰਿਆ ਅਤੇ ਸਾਡੇ ਫ਼ੌਜੀ ਅਫ਼ਸਰ ਨੇ ਪਾਕਿਸਤਾਨੀ ਕੌਮੀ ਝੰਡੇ ਨੂੰ ਸਲੂਟ ਮਾਰਿਆ। ਲੋਕਾਂ ਨੇ ਤਾੜੀਆਂ ਮਾਰ ਕੇ ਦੋਹਾਂ ਅਫ਼ਸਰਾਂ ਦਾ ਸੁਆਗਤ ਕੀਤਾ। ਫਿਰ ਫ਼ੌਜੀ ਡਰਿੱਲ ਆਰੰਭ ਹੋ ਗਈ। ਸਾਡੇ ਫ਼ੌਜੀਆਂ ਦਾ ਕੱਦ ਛੇ ਫੁੱਟ ਤੋਂ ਵੀ ਵੱਧ ਸੀ ਅਤੇ ਉੱਧਰ ਪਾਕਿਸਤਾਨ ਦੇ ਫ਼ੌਜੀ ਵੀ ਰੱਜ ਕੇ ਜੁਆਨ। ਮੈਨੂੰ ਦੇਖ ਕੇ ਬਹੁਤ ਵਧੀਆ ਲੱਗ ਰਿਹਾ ਸੀ ਕਿਉਂਕਿ ਇੰਨੀ ਨੇੜੇ ਤੋਂ ਪਾਕਿਸਤਾਨ ਦੇ ਫ਼ੌਜੀ ਅਤੇ ਲੋਕ ਪਹਿਲੀ ਵਾਰ ਦੇਖ ਰਹੇ ਸਾਂ।

ਉਨ੍ਹਾਂ ਦੇ ਫ਼ੌਜੀ ਜਵਾਨ ਸਾਡੇ ਜਵਾਨਾਂ ਵੱਲ ਦੇਖ ਕੇ ਅੱਖਾਂ ਕੱਢਣ ਅਤੇ ਸਾਡੇ ਜੁਆਨ ਉਨ੍ਹਾਂ ਦੇ ਜਵਾਨਾਂ ਨੂੰ ਦੇਖ ਕੇ ਗੁੱਸੇ ਦਾ ਪ੍ਰਗਟਾਵਾ ਕਰਨ। ਇੰਝ ਲੱਗ ਰਿਹਾ ਸੀ ਜਿਵੇਂ ਦੋਹਾਂ ਮੁਲਕਾਂ ਵਿੱਚ ਸਦੀਆਂ ਦਾ ਵੈਰ ਹੋਵੇ। ਸਾਡੇ ਜਵਾਨਾਂ ਦੀ ਚੰਗੀ ਡਰਿੱਲ ਤੇ ਅਸੀਂ ਤਾੜੀਆਂ ਮਾਰੀਏ ਅਤੇ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਜੈਕਾਰੇ ਬੁਲਾਈਏ ਅਤੇ ਉਨ੍ਹਾਂ ਦੀ ਚੰਗੀ ਡਰਿੱਲ ਤੇ 'ਪਾਕਿਸਤਾਨ ਜ਼ਿੰਦਾਬਾਦ' ਅਤੇ 'ਨਾਅਰੇ ਤੱਕਬੀਰ ਅੱਲ੍ਹਾ ਹੂ ਅਕਬਰ' ਦੇ ਨਾਅਰੇ ਲਗਾਉਣ; ਜਿਵੇਂ ਕੋਈ ਜੰਗ ਦਾ ਮੈਦਾਨ ਭੱਖਿਆ ਹੋਵੇ। ਇਸ ਤਰ੍ਹਾਂ ਦੀ ਡਰਿੱਲ ਤਕਰੀਬਨ ਵੀਹ ਕੁ ਮਿੰਟ ਚੱਲਦੀ ਰਹੀ। ਫ਼ੌਜੀ ਜਵਾਨ ਕਦੇ ਤਾਰਾਂ ਦੇ ਬਿਲਕੁਲ ਕੋਲ ਚਲੇ ਜਾਣ ਅਤੇ ਕਦੇ ਪਿਛਾਂਹ ਮੁੜ ਆਉਣ। ਇਸੇ ਤਰ੍ਹਾਂ ਉੱਧਰ ਵੀ ਦੇਖਣ ਨੂੰ ਮਿਲ ਰਿਹਾ ਸੀ। ਕਦੇ ਸਾਡੇ ਜਵਾਨ ਆਪਣੀਆਂ ਪੱਗਾ ਅਤੇ ਟੋਪੀਆਂ ਠੀਕ ਕਰਨ, ਕਦੇ ਅੱਖਾਂ ਕੱਢਣ, ਆਪਣੀਆਂ ਮੁੱਛਾਂ ਨੂੰ ਤਾਅ ਦੇਣ ਅਤੇ ਦੂਜੇ ਪਾਸੇ ਪਾਕਿਸਤਾਨ ਦੇ ਫ਼ੌਜੀ ਵੀ ਕਦੇ ਆਪਣੀਆਂ ਟੋਪੀਆਂ ਸਹੀ ਕਰਨ, ਕਦੇ ਅੱਖਾਂ ਕੱਢਣ ਅਤੇ ਕਦੇ ਡੌਲੇ ਦਿਖਾਉਣ। ਇਸ ਤਰ੍ਹਾਂ ਦੀ ਕਾਰਵਾਈ ਦੇ ਅੱਧੇ ਕੁ ਘੰਟੇ ਬਾਅਦ ਦੋਹਾਂ ਦੇਸ਼ਾਂ ਦੇ ਕੌਮੀ ਝੰਡੇ ਲਾਹ ਲਏ ਗਏ। ਫ਼ੌਜੀ ਜਵਾਨ (ਦੋਹਾਂ ਪਾਸਿਆਂ ਤੋਂ) ਤਾਰਾਂ ਦੇ ਐਨ ਨੇੜੇ ਆ ਕੇ ਖੜੇ ਹੋ ਗਏ। ਲੋਕ ਵੀ ਆਪਣੀ ਥਾਂ ਤੋਂ ਉੱਠ ਕੇ ਤਾਰਾਂ ਦੇ ਐਨ ਨੇੜੇ ਆ ਗਏ। ਫ਼ੌਜੀ ਜਵਾਨ ਉਨ੍ਹਾਂ ਨੂੰ ਅੱਗੇ ਜਾਣ ਤੋਂ ਰੋਕਦੇ ਅਤੇ ਦੋਹਾਂ ਦੇਸ਼ਾਂ ਦੇ ਲੋਕਾਂ ਵਿੱਚ ਇਹ ਦੂਰੀ ਮਹਿਜ਼ 10 ਕੁ ਫੁੱਟ ਦੀ ਰਹਿ ਗਈ ਜਾਪਦੀ ਸੀ। ਪਾਕਿਸਤਾਨ ਦੇ ਲੋਕ ਸਾਡੇ ਵੱਲ ਹੱਥ ਹਿਲਾਉਂਦੇ ਰਹੇ ਅਤੇ ਸਾਡੇ ਵਾਲੇ ਪਾਸੇ ਦੇ ਲੋਕ ਉਨ੍ਹਾਂ ਨੂੰ ਹੱਥ ਹਿਲਾ ਕੇ ਦੇਖਦੇ ਰਹੇ। ਫ਼ੌਜੀਆਂ ਨੇ ਕਿਹਾ ਕਿ ਬਹੁਤਾ ਅੱਗੇ ਨਾ ਜਾਓ ਕਿਉਂਕਿ ਅੱਗੇ ਤਾਰਾਂ ਕੋਲ ਜਾਣ ਦੀ ਆਗਿਆ ਨਹੀਂ ਹੈ। ਦੋਹਾਂ ਦੇਸ਼ਾਂ ਦੇ ਲੋਕ ਇੱਕ- ਦੂਜੇ ਨੂੰ ਦੇਖਦੇ ਰਹੇ, ਹੱਥ ਹਿਲਾਉਂਦੇ ਰਹੇ ਪਰ! ਗੱਲਬਾਤ ਕੋਈ ਨਹੀਂ ਸੀ ਕਰ ਸਕਦਾ ਅਤੇ ਨਾ ਹੀ ਇਸਦੀ ਕੋਈ ਸੰਭਾਵਨਾ ਸੀ। ਖ਼ੈਰ! ਸਹਿਜੇ- ਸਹਿਜੇ ਲੋਕਾਂ ਦਾ ਹਜੂਮ ਪਿੱਛੇ ਨੂੰ ਮੁੜਨ ਲੱਗਾ। ਉੱਚੀ ਆਵਾਜ਼ ਵਿੱਚ ਵੱਜਦੇ ਸਪੀਕਰ ਬੰਦ ਹੋ ਗਏ ਅਤੇ ਲੋਕਾਂ ਦੀ ਭੀੜ ਘੱਟਨ ਲੱਗੀ। ਸਾਡੇ ਵਾਲੇ ਪਾਸੇ ਦੇ ਲੋਕ ਪੈਦਲ ਆਪਣੀਆਂ ਗੱਡੀਆਂ ਕੋਲ ਜਾਣ ਲਈ ਰਵਾਨਾ ਹੋ ਗਏ ਅਤੇ ਦੂਜੇ ਪਾਸੇ ਪਾਕਿਸਤਾਨ ਦੇ ਲੋਕ ਵੀ ਸਹਿਜੇ- ਸਹਿਜੇ ਅੱਖਾਂ ਤੋਂ ਦੂਰ ਹੋਣ ਲੱਗੇ। ਭੀੜ ਖਿੱਲਰ ਗਈ ਅਤੇ ਲੋਕਾਂ ਨਾਲ ਨੱਕੋ- ਨੱਕ ਭਰੇ ਚਬੂਤਰੇ ਝੱਟਪਟ ਖ਼ਾਲੀ ਹੋ ਗਏ।

ਫ਼ਾਜ਼ਿਲਕਾ ਪਾਸੇ ਮੁੜਦਿਆਂ ਮੇਰੇ ਮਨ ਵਿੱਚ ਵਿਚਾਰ ਆਏ ਕਿ ਕੈਸੀ ਦੀਵਾਰ ਹੈ ਜਿਸਨੇ ਬੰਦੇ ਨੂੰ ਬੰਦਿਆਂ ਨਾਲੋਂ ਵੰਡ ਕੇ ਰੱਖ ਦਿੱਤਾ ਹੈ। ਕੈਸਾ ਵੈਰ ਹੈ, ਵਿਰੋਧ ਹੈ, ਕੈਸਾ ਧਰਮ ਹੈ ਜਿਸਨੇ ਬੰਦੇ ਨੂੰ ਬੰਦੇ ਦੇ ਹੀ ਵੈਰੀ ਬਣਾ ਕੇ ਰੱਖ ਦਿੱਤਾ ਹੈ। ਅਸੀਂ ਇੱਕ- ਦੂਜੇ ਦੇ ਲਹੂ ਦੇ ਪਿਆਸੇ ਹੋ ਗਏ ਹਾਂ। ਪਰਲੇ ਪਾਰ (ਪਾਕਿਸਤਾਨ) ਵਾਲੇ ਪਾਸੇ ਵੀ ਸਾਡੇ ਵਰਗੇ ਲੋਕ ਹਨ, ਸਾਡੇ ਬੱਚਿਆਂ ਵਾਂਗ ਉਹਨਾਂ ਦੇ ਵੀ ਬੱਚੇ ਹਨ, ਸਾਡੀਆਂ ਔਰਤਾਂ ਵਾਂਗ ਉਹਨਾਂ ਦੀਆਂ ਵੀ ਔਰਤਾਂ ਹਨ, ਫੇਰ ਨਫ਼ਰਤ ਕਿੱਥੇ ਹੈ? ਵੈਰ ਕਿੱਥੇ ਹਨ, ਵਿਰੋਧ ਕਿੱਥੇ ਹੈ? ਮੈਂ ਅਜੇ ਇਨ੍ਹਾਂ ਖ਼ਿਆਲਾਂ ਵਿੱਚ ਹੀ ਗੁਆਚਾ ਸਾਂ ਕਿ ਇੱਕ ਕਬੂਤਰ ਜਿਹੜਾ ਕਿ ਸਾਡੇ ਵਾਲੀ ਪੋਸਟ ਦੇ ਐਨ ਉੱਪਰ ਬੈਠਾ ਸੀ, ਝੱਟਪਟ ਉੱਡਿਆ 'ਤੇ ਪਲਾਂ ਵਿੱਚ ਹੀ ਮੇਰੀਆਂ ਨਜ਼ਰਾਂ ਦੇ ਸਾਹਮਣੇ ਪਾਕਿਸਤਾਨ ਵਾਲੀ ਪੋਸਟ ਦੀ ਛੱਤ ਤੇ ਬਹਿ ਗਿਆ। ਚੰਦ ਕੁ ਪਲ ਉੱਥੇ ਬੈਠਣ ਤੋਂ ਬਾਅਦ ਉਹ ਮੁੜ ਫੇਰ ਉੱਡਿਆ ਤੇ ਪਾਕਿਸਤਾਨ ਦੀਆਂ ਫ਼ਿਜ਼ਾਵਾਂ ਵਿੱਚ ਉਡਾਰੀਆਂ ਮਾਰਦਾ ਨਜ਼ਰਾਂ ਤੋਂ ਲੋਪ ਹੋ ਗਿਆ।

ਮੈਨੂੰ ਜਾਪਿਆ ਜਿਵੇਂ ਉਹ ਪੰਛੀ ਸਾਡੇ ਇਨਸਾਨਪੁਣੇ ਦਾ ਮਖ਼ੌਲ ਉਡਾ ਰਿਹਾ ਹੈ ਅਤੇ ਕਹਿ ਰਿਹਾ ਹੈ, 'ਦੇਖੋ ਦੇਖੋ, ਤੁਸੀਂ ਇਨਸਾਨ ਬਹੁਤ ਸਿਆਣੇ ਬਣਦੇ ਹੋ, ਤੁਸੀਂ ਭਾਵੇਂ ਚੰਨ ਤੇ ਅੱਪੜ ਗਏ ਹੋ ਪਰ! ਇੱਧਰ- ਉੱਧਰ (ਇੱਕ- ਦੂਜੇ ਦੇ ਮੁਲਕ ਵਿੱਚ) ਨਹੀਂ ਜਾ ਸਕਦੇ। ਤੁਸੀਂ ਧਰਤੀ ਵੰਡ ਲਈ ਹੈ, ਲੋਕ ਵੰਡ ਲਏ ਹਨ ਅਤੇ ਬਹੁਤ ਵਾਰ ਸਾਨੂੰ ਵੀ ਕੈਦ ਕਰ ਲੈਂਦੇ ਹੋ ਪਰ! ਤੁਸੀਂ ਆਜ਼ਾਦ ਨਹੀਂ ਹੋ। ਤੁਸੀਂ ਧਰਤੀ 'ਤੇ ਵਾਹਿਆ ਲਕੀਰਾਂ ਦੀ ਬੰਦਿਸ਼ ਵਿੱਚ ਘੁਟ- ਘੁਟ ਕੇ ਮਰਨ ਲਈ ਮਜ਼ਬੂਰ ਹੋ। ਪਰ ਅਸੀਂ ਆਜ਼ਾਦ ਹਾਂ, ਜਿੱਥੇ ਮਰਜ਼ੀ ਜਾਈਏ। ਦੇਖੋ ਮੇਰੇ ਵੱਲ, ਮੈਂ ਕੁਝ ਨਹੀਂ ਵੰਡਣਾ, ਨਾ ਧਰਤੀ, ਨਾ ਪਾਣੀ, ਨਾ ਰੁੱਖ ਅਤੇ ਨਾ ਹੀ ਅੰਬਰ। ਸਭ ਕੁਝ ਮੇਰਾ ਹੈ, ਤੁਹਾਡਾ 'ਸਿਆਣਿਆਂ' ਦਾ ਕੁਝ ਵੀ ਨਹੀਂ, ਕੁਝ ਵੀ ਨਹੀਂ।

ਮੈਂ ਕਦੇ ਉਸ ਕਬੂਤਰ ਵੱਲ ਦੇਖਦਾ ਅਤੇ ਕਦੇ ਬੰਦੂਕਾਂ ਫੜ ਕੇ ਖੜੇ ਉੱਚੇ- ਲੰਮੇ ਫ਼ੌਜੀ ਜਵਾਨਾਂ ਵੱਲ, ਜਿਹੜੇ ਸਾਨੂੰ ਤਾਰਾਂ ਦੇ ਨੇੜੇ ਨਹੀਂ ਸੀ ਜਾਣ ਦੇ ਰਹੇ। ਮੇਰੇ ਮਨ ਵਿੱਚ ਵਿਚਾਰ ਆਇਆ ਕਿ 'ਹਾਕਮੋ', ਤੁਸੀਂ ਇਨਸਾਨਾਂ ਨੂੰ ਤਾਂ ਧਰਮਾਂ, ਜਾਤਾਂ, ਗੋਤਾਂ, ਮੁਲਕਾਂ ਵਿੱਚ ਵੰਡ ਸਕਦੇ ਹੋ ਪਰ! ਇਨ੍ਹਾਂ ਪੰਛੀਆਂ ਨੂੰ ਰੋਕ ਦੇ ਦਿਖਾਓ, ਦੋਹਾਂ ਮੁਲਕਾਂ ਵਿੱਚ ਵਰ੍ਹਦੀ ਵਰਖ਼ਾ ਨੂੰ ਰੋਕ ਦੇ ਦਿਖਾਓ, ਉੱਡਦੇ ਬੱਦਲਾਂ ਨੂੰ ਰੋਕ ਕੇ ਦਿਖਾਓ, ਦੋਹਾਂ ਮੁਲਕਾਂ ਵਿੱਚ ਵਗਦੀਆਂ ਠੰਢੀਆਂ ਪੌਣਾਂ ਨੂੰ ਰੋਕ ਕੇ ਦਿਖਾਓ। ਇਹ ਤੁਹਾਡੇ ਵੱਸ ਦੀ ਗੱਲ ਨਹੀਂ। ਤੁਸੀਂ ਇਨਸਾਨਾਂ ਵਿੱਚ ਹੀ ਵੰਡੀਆਂ ਪਾ ਸਕਦੇ ਹੋ। ਕੁਦਰਤ ਵਿੱਚ ਨਹੀਂ। ਖ਼ੈਰ! ਇਹ ਸੋਚਦਿਆਂ ਮੈਂ ਤੇ ਮੇਰਾ ਮਿੱਤਰ ਫ਼ਾਜ਼ਿਲਕਾ ਵਾਲੇ ਪਾਸੇ ਨੂੰ ਤੁਰ ਪਏ ਅਤੇ ਪਿੱਛੇ ਛੱਡ ਆਏ ਅਣਗਿਣਤ ਯਾਦਾਂ ਅਤੇ ਮਣਾਂ- ਮੂੰਹੀਂ ਸਿਆਣਪ। ਖ਼ੈਰ!

# ਅਕਾਲ ਅਕੈਡਮੀਆਂ ਵਿੱਚ ਸ਼ਾਨਦਾਰ ਲਾਇਬ੍ਰੇਰੀਆਂ ਦੀ ਮਹੱਤਤਾ

ਬਹਾਦਰ ਸਿੰਘ ਗੋਸਲ
ਮੋ: 98764-52223

ਬਹੁਤ ਸਾਰੇ ਬੁੱਧੀਜੀਵੀਆਂ ਦਾ ਇਹ ਵਿਚਾਰ ਬਿਲਕੁਲ ਸਹੀ ਹੈ ਕਿ ਅੱਜ ਦਾ ਨੌਜਵਾਨ ਕਿਤਾਬਾਂ ਨਾਲੋਂ ਟੁੱਟਦਾ ਜਾ ਰਿਹਾ ਹੈ। ਜੇ ਅਸੀਂ ਪੰਜਾਬ ਪ੍ਰਾਂਤ ਦੀ ਗੱਲ ਹੀ ਕਰੀਏ ਤਾਂ ਪੰਜਾਬੀ ਨੌਜਵਾਨ ਕਿਤਾਬਾਂ ਤੋਂ ਬਹੁਤ ਦੂਰ ਹੁੰਦਾ ਨਜ਼ਰ ਆ ਰਿਹਾ ਹੈ। ਇਸ ਦਾ ਨਤੀਜਾ ਵੀ ਅਸੀਂ ਗੰਭੀਰ ਹੀ ਦੇਖ ਰਹੇ ਹਾਂ। ਪੰਜਾਬ ਦਾ ਨੌਜਵਾਨ ਨਸ਼ਿਆਂ ਅਤੇ ਗੈਂਗਸਟਰ ਵਾਦ ਦੇ ਚੱਕਰ ਵਿਚ ਵੱਡੀ ਗਿਣਤੀ ਵਿਚ ਫਸ ਚੁੱਕਿਆ ਹੈ। ਕਿਸੇ ਵੀ ਇਨਸਾਨ ਨੂੰ ਸੇਧ ਪੁਸਤਕਾਂ ਤੋਂ ਹੀ ਮਿਲਦੀ ਹੈ। ਵੈਸੇ ਵੀ ਪੁਸਤਕਾਂ ਪੜ੍ਹਨ ਨਾਲ ਜਿੱਥੇ ਗਿਆਨ ਵਿਚ ਵਾਧਾ ਹੁੰਦਾ ਹੈ ਉੱਥੇ ਹੀ ਉਨ੍ਹਾਂ ਦੀ ਰੌਚਿਕਤਾ ਤਨ-ਮਨ ਨੂੰ ਠਾਰ ਦੇਂਦੀ ਹੈ।

ਬੱਚਿਆਂ ਅਤੇ ਨੌਜਵਾਨਾਂ ਵਿਚ ਕਿਤਾਬਾਂ ਪੜ੍ਹਨ ਦੀ ਰੁਚੀ ਪੈਦਾ ਕਰਨਾ ਪੂਰੇ ਸਮਾਜ ਦੀ ਜ਼ੁੰਮੇਵਾਰੀ ਹੁੰਦੀ ਹੈ। ਭਾਵੇਂ ਅਧਿਆਪਕ ਦਾ ਰੋਲ ਵੱਧ ਮਹੱਤਵਪੂਰਨ ਹੁੰਦਾ ਹੈ। ਅਧਿਆਪਕ ਅਤੇ ਮਾਪੇ ਮਿਲ ਕੇ ਬੱਚਿਆਂ ਨੂੰ ਕਿਤਾਬਾਂ ਰਾਹੀਂ ਚੰਗੀ ਸੇਧ ਦੇ ਸਕਦੇ ਹਨ। ਬਚਪਨ ਵਿਚ ਜਿਨ੍ਹਾਂ ਬੱਚਿਆਂ ਨੂੰ ਕਿਤਾਬ ਪੜ੍ਹਨ ਦੀ ਰੁਚੀ ਪੈਦਾ ਹੋ ਜਾਵੇ ਉਹ ਸਾਰੀ ਉਮਰ ਕਿਤਾਬਾਂ ਦਾ ਦੀਵਾਨਾ ਬਣੇ ਰਹਿੰਦੇ ਹਨ ਕਿਉਂਕਿ "ਇਕ ਚੰਗੀ ਕਿਤਾਬ ਇਕ ਚੰਗਾ ਮਿੱਤਰ" ਹੁੰਦੀ ਹੈ ਇਸ ਲਈ ਬੱਚਿਆਂ ਅਤੇ ਖਾਸ ਕਰਕੇ ਨੌਜਵਾਨਾਂ ਨੂੰ ਕਿਤਾਬਾਂ ਨਾਲ ਦੋਸਤੀ ਬਣਾਉਣੀ ਜ਼ਰੂਰੀ ਹੈ। ਪਰ ਇਸ ਲਈ ਚੰਗੀਆਂ ਕਿਤਾਬਾਂ ਦਾ ਆਸਾਨੀ ਨਾਲ ਮਿਲਣਾ ਵੀ ਜ਼ਰੂਰੀ ਹੁੰਦਾ ਹੈ। ਇਸ ਲਈ ਲਾਇਬ੍ਰੇਰੀਆਂ ਦਾ ਰੋਲ ਬਹੁਤ ਵੱਧ ਜਾਂਦਾ ਹੈ।

ਅੱਜ ਦੇ ਜ਼ਮਾਨੇ ਵਿਚ ਪੜ੍ਹਿਆ ਲਿਖਿਆਂ ਦੀ ਗਿਣਤੀ ਤਾਂ ਵਧਦੀ ਜਾਂਦੀ ਹੈ ਪਰ ਪੜ੍ਹੇ ਲਿਖੇ ਲੋਕ ਵੀ ਕਿਤਾਬਾਂ ਤੋਂ ਦੂਰੀ ਬਣਾਉਣ ਲੱਗੇ ਹਨ। ਟੀ▲ਵੀ▲, ਮੋਬਾਈਲ ਅਤੇ ਸੋਸ਼ਲ ਮੀਡੀਆ ਨੇ ਹਰ ਵਿਅਕਤੀ ਨੂੰ ਕਿਤਾਬਾਂ ਤੋਂ ਦੂਰ ਕਰ ਦਿੱਤਾ ਹੈ। ਲੋਕ ਕਿਤਾਬਾਂ ਨੂੰ ਛੱਡ ਆਪਣੇ ਮਨੋਰੰਜਨ ਲਈ ਹੋਰ ਸਾਧਨਾਂ ਦੀ ਵਰਤੋਂ ਕਰਦੇ ਹਨ ਪਰ ਇਹ ਗੱਲ ਵੀ ਸਹੀ ਹੈ ਕਿ ਉਹ ਕਿਤਾਬ ਪੜ੍ਹਨ ਜਿਹਾ ਅਨੰਦ ਪ੍ਰਾਪਤ ਨਹੀਂ ਕਰ ਸਕਦੇ। ਦੇਸ਼ ਦੀ ਆਜ਼ਾਦੀ ਤੋਂ ਬਾਅਦ ਦੇਸ਼ ਵਿਚ ਸਕੂਲਾਂ-ਕਾਲਜਾਂ ਅਤੇ ਯੂਨੀਵਰਸਿਟੀਆਂ ਦੀ ਗਿਣਤੀ ਬਹੁਤ ਵੱਧ ਚੁੱਕੀ ਹੈ ਅਤੇ ਇਨ੍ਹਾਂ ਅਦਾਰਿਆਂ ਰਾਹੀਂ ਵਿਦਿਆਰਥੀਆਂ ਨੂੰ ਕਿਤਾਬਾਂ ਨਾਲ ਜੋੜਨ ਵਾਸਤੇ ਲਾਇਬ੍ਰੇਰੀਆਂ ਦੇ ਚੰਗੇ ਉਪਰਾਲੇ ਕੀਤੇ ਜਾਂਦੇ ਹਨ, ਪਰ ਵਿਦਿਆਰਥੀ ਇਨ੍ਹਾਂ ਤੋਂ ਬਹੁਤ ਘੱਟ ਲਾਭ ਉਠਾਉਂਦੇ ਹਨ।

ਪੇਂਡੂ ਵਿਦਿਆਰਥੀਆਂ ਨੂੰ ਉਤਸ਼ਾਹ ਦੇਣ ਲਈ ਕਲਗੀਧਰ ਟਰੱਸਟ ਬੜੂ-ਸਾਹਿਬ ਵਲੋਂ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਯੂ▲ਪੀ▲ ਵਰਗੇ ਪ੍ਰਾਂਤਾਂ ਵਿਚ ਟਰੱਸਟ ਵਲੋਂ ਚਲਾਏ ਜਾਣ ਵਾਲੇ 129 ਸਕੂਲ ਖੋਲ੍ਹੇ ਗਏ ਹਨ। ਇਨ੍ਹਾਂ ਵਿਚੋਂ ਜ਼ਿਆਦਾਤਰ ਸਕੂਲ ਪੰਜਾਬ ਖੇਤਰ ਵਿਚ ਹਨ ਅਤੇ ਇਨ੍ਹਾਂ ਸਕੂਲਾਂ ਨੂੰ ਟਰੱਸਟ ਵਲੋਂ ਅਕਾਲ ਅਕੈਡਮੀਆਂ ਦਾ ਨਾਂ ਦਿੱਤਾ ਜਾਂਦਾ ਹੈ। ਇਹ ਅਕਾਲ ਅਕੈਡਮੀਆਂ ਉੱਤਰੀ ਭਾਰਤ ਵਿੱਚ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਯੂ▲ਪੀ▲ ਵਿਚ ਚੰਗਾ ਰਸੂਕ ਰੱਖਦੀਆਂ ਹਨ ਅਤੇ ਵਿਦਿਆ ਦੇ ਖੇਤਰ ਵਿਚ ਚੰਗਾ ਯੋਗਦਾਨ ਪਾ ਰਹੀਆਂ ਹਨ। ਭਾਵੇਂ ਕਲਗੀਧਰ ਟਰੱਸਟ ਵਲੋਂ ਚਲਾਈਆਂ ਜਾਣ ਵਾਲੀਆਂ ਇਹ ਅਕਾਲ ਅਕੈਡਮੀਆਂ ਬਾਣੀ ਅਤੇ ਬਾਣੇ ਪਰ ਵਿਸ਼ੇਸ਼ ਤੌਰ ਤੇ ਜ਼ੋਰ ਦੇਂਦੀਆਂ ਹਨ ਪਰ ਉਨ੍ਹਾਂ ਦਾ ਪ੍ਰਮੁੱਖ ਕਾਰਜ ਬੱਚਿਆਂ ਨੂੰ ਸਿੱਖਿਆ ਰਾਹੀਂ ਚੰਗੇ ਇਨਸਾਨ ਬਣਾਉਣਾ ਹੈ। ਇਹੀ ਕਾਰਣ ਹੈ ਕਿ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਧਾਨ ਬਾਬਾ ਡਾ. ਦੇਵਿੰਦਰ ਸਿੰਘ ਜੀ ਦੀ ਦੇਖ-ਰੇਖ ਵਿਚ ਚਲਦੀਆਂ ਇਹ ਅਕੈਡਮੀਆਂ ਕਿਤਾਬਾਂ ਦੀ ਮਹੱਤਤਾ ਨੂੰ ਸਮਝਦੇ ਹੋਏ ਲਾਇਬ੍ਰੇਰੀਆਂ ਪਰ ਵਿਸ਼ੇਸ਼ ਧਿਆਨ ਰੱਖਦੀਆਂ ਹਨ। ਮੈਨੂੰ ਵੀ ਪਿਛਲੇ ਬਹੁਤ ਸਾਲਾਂ ਤੋਂ ਇਨ੍ਹਾਂ ਅਕਾਲ ਅਕੈਡਮੀਆਂ ਵਿਚ ਜਾਣ ਦਾ ਸੁਭਾਗ ਪ੍ਰਾਪਤ ਹੈ ਜਿਸ ਸਦਕਾ ਮੈਂ ਇਨ੍ਹਾਂ ਅਕੈਡਮੀਆਂ ਦੀਆਂ ਵਿਦਿਅਕ, ਸੱਭਿਆਚਾਰਿਕ ਅਤੇ ਧਾਰਮਿਕ ਗਤੀਵਿਧੀਆਂ ਤੋਂ ਚੰਗੀ ਤਰ੍ਹਾਂ ਜਾਣੂ ਹਾਂ। ਭਾਵੇਂ ਬੱਚਿਆਂ ਨੂੰ ਹਰ ਪ੍ਰਕਾਰ ਦੀਆਂ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ ਅਤੇ ਚੰਗੇ ਅਧਿਆਪਕਾਂ ਨਾਲ ਚੰਗੀ ਸਿੱਖਿਆ ਦੇਣ ਦਾ ਪ੍ਰਬੰਧ ਕੀਤਾ ਜਾਂਦਾ ਹੈ। ਪਰ ਸਭ ਤੋਂ ਵੱਧ ਵਿਸ਼ੇਸ਼ ਧਿਆਨ ਲਾਇਬ੍ਰੇਰੀਆਂ ਸਥਾਪਿਤ ਕਰਨ ਵੱਲ ਦਿੱਤਾ ਜਾਂਦਾ ਹੈ। ਇਹ ਗੱਲ ਦੱਸਣਯੋਗ ਹੈ ਕਿ ਹਰ ਇਕ ਅਕੈਡਮੀ ਵਿਚ ਬਹੁਤ ਹੀ ਸ਼ਾਨਦਾਰ ਲਾਇਬ੍ਰੇਰੀ ਸਥਾਪਿਤ ਕੀਤੀ ਗਈ ਹੈ ਅਤੇ ਬੱਚਿਆਂ ਨੂੰ ਪੁਸਤਕ ਕਲਚਰ ਨਾਲ ਜੋੜਨ ਦਾ ਪ੍ਰਬੰਧ ਕੀਤਾ ਗਿਆ ਹੈ। ਵੱਡੀ ਗੱਲ ਤਾਂ ਇਹ ਹੈ ਕਿ ਇਹ ਲਾਇਬ੍ਰੇਰੀਆਂ ਬਹੁਤ ਹੀ ਵੱਡੇ-ਖੁੱਲ੍ਹੇ ਕਮਰਿਆਂ ਵਿਚ ਵਧੀਆ ਤਰਤੀਬ ਨਾਲ ਬਣਾਈਆਂ ਗਈਆਂ ਹਨ। ਹਜ਼ਾਰਾਂ ਦੀ ਗਿਣਤੀ ਵਿਚ ਵੱਖ-ਵੱਖ ਵਿਸ਼ਿਆਂ ਦੀਆਂ ਕਿਤਾਬਾਂ ਵਧੀਆ ਢੰਗ ਨਾਲ ਸਜਾਈਆਂ ਜਾਂਦੀਆਂ ਹਨ ਅਤੇ ਇਨ੍ਹਾਂ ਦੀ ਦੇਖ-ਰੇਖ ਲਈ ਇਕ ਪੱਕੇ ਤੌਰ ਤੇ ਲਾਇਬ੍ਰੇਰੀਅਨ ਨਿਯੁਕਤ ਕੀਤਾ ਜਾਂਦਾ ਹੈ। ਬੱਚਿਆਂ ਨੂੰ ਪੜ੍ਹਨ ਲਈ ਲਾਇਬ੍ਰੇਰੀ ਪੀਰੀਅਡ ਦਿੱਤੇ ਜਾਂਦੇ ਹਨ ਅਤੇ ਉਂਝ ਵੀ ਬੱਚਿਆਂ ਨੂੰ ਘਰ ਪੜ੍ਹਨ ਲਈ ਕਿਤਾਬਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ, ਜੋ ਇਕ ਵਧੀਆ ਕਾਰਜਕਾਰਨੀ ਤਰੀਕੇ ਨਾਲ ਦਿੱਤੀਆ ਅਤੇ ਵਾਪਸ ਲਈਆਂ ਜਾਂਦੀਆਂ ਹਨ।

ਮੈਂ ਆਪ ਇਕ ਸਾਹਿਤਕਾਰ ਅਤੇ ਪੰਜਾਬੀ ਲੇਖਕ ਹੋਣ ਕਾਰਨ ਪੁਸਤਕਾਂ ਨਾਲ ਚੰਗਾ ਸਨੇਹ ਰੱਖਦਾ ਹਾਂ। ਇਸ ਲਈ ਜਦੋਂ ਵੀ ਮੈਂ ਕਿਸੇ ਅਕਾਲ ਅਕੈਡਮੀ ਵਿਚ ਜਾਂਦਾ ਹਾਂ ਤਾਂ ਮੈਂ ਉੱਥੋਂ ਦੀ ਲਾਇਬ੍ਰੇਰੀ ਜ਼ਰੂਰ ਦੇਖਦਾ ਹਾਂ ਅਤੇ ਲਾਇਬ੍ਰੇਰੀ ਦੇ ਪ੍ਰਬੰਧ ਲਈ ਲਾਇਬ੍ਰੇਰੀਅਨ ਨੂੰ ਮਿਲਦਾ ਹਾਂ। ਮੈਨੂੰ ਇਹ ਦੱਸਣ ਵਿਚ ਖੁਸ਼ੀ ਮਿਲਦੀ ਹੈ ਕਿ ਹਰ ਅਕਾਲ ਅਕੈਡਮੀ ਵਿਚ ਤਕਰੀਬਨ 4000 ਤੋਂ ਵੱਧ ਵੱਖ-ਵੱਖ ਪ੍ਰਕਾਰ ਦੀਆਂ ਪੁਸਤਕਾਂ ਬੜੇ ਸਲੀਕੇ ਨਾਲ ਰੱਖੀਆਂ ਹੁੰਦੀਆਂ ਹਨ ਅਤੇ ਬੱਚਿਆਂ ਦੇ ਬੈਠਣ ਲਈ ਜਾਂ ਪੁਸਤਕਾਂ ਪੜ੍ਹਨ ਲਈ ਵਿਸ਼ੇਸ਼ ਪ੍ਰਬੰਧ ਹੁੰਦੇ ਹਨ। ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਭਾਸ਼ਾ ਵਿਚ ਅਲੱਗ-ਅਲੱਗ ਪੁਸਤਕਾਂ ਹੁੰਦੀਆਂ ਹਨ। ਇੰਗਲਿਸ਼ ਮੀਡੀਅਮ ਹੋਣ ਦੇ ਨਾਲ-ਨਾਲ ਬੱਚਿਆਂ ਨੂੰ ਪੰਜਾਬੀ ਨਾਲ ਜੋੜਨ ਲਈ, ਪੰਜਾਬੀ ਅਖਬਾਰਾਂ ਅਤੇ ਪੰਜਾਬੀ ਮੈਗਜ਼ੀਨ ਨਿੱਕੀਆਂ ਕਰੂੰਬਲਾਂ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਹਰ ਮਹੀਨੇ ਪ੍ਰਕਾਸ਼ਿਤ ਹੋਣ ਵਾਲੇ ਪੰਜਾਬੀ ਬਾਲ ਮੈਗਜ਼ੀਨ ਹਰ ਅਕੈਡਮੀ ਵਿਚ ਲਗਾਤਾਰ ਆਉਂਦੇ ਹਨ ਜਿਨ੍ਹਾਂ ਨੂੰ ਛੋਟੇ ਬੱਚੇ ਬਹੁਤ ਹੀ ਦਿਲਚਸਪੀ ਨਾਲ ਪੜ੍ਹਦੇ ਹਨ। ਸ਼ਾਨਦਾਰ ਖੁਲ੍ਹੀ ਅਤੇ ਕਿਤਾਬੀ ਵਾਤਾਵਰਨ ਸਦਕਾ ਬੱਚਿਆਂ ਦਾ ਮੋਹ ਆਪਣੇ ਆਪ ਹੀ ਪੈਦਾ ਹੋ ਜਾਂਦਾ ਹੈ ਅਤੇ ਉਨ੍ਹਾਂ ਵਿੱਚ ਕਿਤਾਬਾਂ ਪੜ੍ਹਨ ਦੀ ਰੁਚੀ ਪੈਦਾ ਹੁੰਦੀ ਹੈ।

ਭਾਵੇਂ ਹਰ ਸਕੂਲ ਵਿਚ ਹੀ ਲਾਇਬ੍ਰੇਰੀ ਹੁੰਦੀ ਹੈ ਅਤੇ ਅੱਜ ਕੱਲ ਤਾਂ ਪਿੰਡਾਂ ਵਿਚ ਹੋਰ ਵੀ ਲਾਇਬ੍ਰੇਰੀਆਂ ਖੋਲ੍ਹੀਆਂ ਜਾ ਰਹੀਆਂ ਹਨ ਪਰ ਅਕਾਲ ਅਕੈਡਮੀਆਂ ਵਿਚ ਸਥਾਪਤ ਲਾਇਬ੍ਰੇਰੀਆਂ ਬਹੁਤ ਹੀ ਸ਼ਾਨਦਾਰ ਅਤੇ ਵਿਲੱਖਣ ਹਨ। ਯੂ ਪੀ ਵਿਚ ਸਥਾਪਿਤ ਵੱਡੀਆਂ ਅਕਾਲ ਅਕੈਡਮੀਆਂ, ਖਾਸ ਕਰਕੇ ਅਕਾਲ ਅਕੈਡਮੀ ਗੋਮਤੀ ਪੁਲ ਅਤੇ ਅਕਾਲ ਅਕੈਡਮੀ ਕਜਰੀ ਦੀਆਂ ਲਾਇਬ੍ਰੇਰੀਆਂ ਦੇਖਣਯੋਗ ਹਨ। ਇਸ ਤਰ੍ਹਾਂ ਇਹ ਲਾਇਬ੍ਰੇਰੀਆਂ ਸਿੱਖਿਆ ਦਾ ਇਕ ਨਵਾਂ ਧੁਰਾ ਬਣੀਆਂ ਹੋਈਆਂ ਹਨ, ਜੋ ਹਰ ਅਕੈਡਮੀ ਲਈ ਮਾਣ ਦਾ ਵਿਸ਼ਾ ਹੈ।

# ਦਰਦ ਦਾ ਲੇਖਕ, ਮਹਾਨ ਵਿਦਵਾਨ ਖ਼ਵਾਜਾ ਹਸਨ ਨਿਜ਼ਾਮੀ

ਬਲਵਿੰਦਰ ਸਿੰਘ ਭੁੱਲਰ
ਮੋ: 098882 75913

ਅੰਗਰੇਜੀ ਰਾਜ ਸਮੇਂ 1911 ਵਿੱਚ ਇਸ ਲਾਲ ਕਿਲ੍ਹੇ ਵਿੱਚ ਇੱਕ ਕਵੀ ਦਰਬਾਰ ਹੋਇਆ, ਜਿਸ ਵਿੱਚ ਸਮਰਾਟ ਜਾਰਜ ਪੰਚਮ ਤੇ ਉਸਦੀ ਮਹਾਰਾਣੀ ਨੇ ਸ਼ਿਰਕਤ ਕੀਤੀ। ਇਸ ਦਰਬਾਰ ਲਈ ਦਿੱਲੀ ਦੀਆਂ ਅਹਿਮ ਸਖ਼ਸੀਅਤਾਂ ਨੂੰ ਸੱਦਾ ਪੱਤਰ ਭੇਜੇ ਗਏ, ਜਿਹਨਾਂ ਵਿੱਚ ਖ਼ਵਾਜਾ ਹਸਨ ਨਿਜ਼ਾਮੀ ਦਾ ਨਾਂ ਵੀ ਸ਼ਾਮਲ ਸੀ। ਪਰ ਉਹ ਇਸ ਦਰਬਾਰ ਵਿੱਚ ਪਹੁੰਚਣ ਦੀ ਬਜਾਏ ਆਪਣੇ ਘਰ ਰਜ਼ਾਈ ਵਿੱਚ ਹੀ ਬੈਠੇ ਰਹੇ। ਉਹਨਾਂ ਦਾ ਕਹਿਣਾ ਸੀ, "ਮੁਝਸੇ ਯੇਹ ਦੇਖਾ ਨਹੀਂ ਜਾਏਗਾ ਕਿ ਯਹਾਂ ਸ਼ਾਹਜਹਾਂ ਔਰ ਉਨਕੀ ਔਲਾਦ ਨੇ ਦਰਸ਼ਨ ਦੀਏ, ਵਹਾਂ ਜਾਰਜ ਪੰਚਮ ਬਿਰਾਜਮਾਨ ਹੋ। ਉਸ ਸੇ ਰਜ਼ਾਈ ਦਾ ਲੁਤਫ਼ ਬੇਹਤਰ ਹੈ।" ਗੇਰੂਆ ਲੰਬਾ ਕੁੜਤਾ, ਫਕੀਰਾਨਾ ਟੋਪੀ, ਸੂਫੀਆਨਾ ਦੁਪੱਟਾ, ਲੰਬੇ ਵਾਲ, ਪ੍ਰਭਾਵਿਤ ਚਿਹਰਾ, ਮੋਹ ਲੈਣ ਵਾਲੀ ਸ਼ਹਿਦ ਘੁਲੀ ਬੋਲੀ। ਇਹਨਾਂ ਗੁਣਾਂ ਨਾਲ ਭਰਪੂਰ ਸੀ ਦਿੱਲੀ ਦਾ ਸੂਫ਼ੀ ਪਰਿਵਾਰ ਨਾਲ ਸਬੰਧਤ ਖ਼ਵਾਜਾ ਹਸਨ ਨਿਜ਼ਾਮੀ। ਜਿਸਨੇ ਤੰਗੀ ਤੁਰਸ਼ੀਆਂ ਨਾਲ ਜੀਵਨ ਹੰਢਾਉਂਦਿਆਂ ਦਰਦ ਦਾ ਲੇਖਕ ਬਣ ਕੇ ਉੱਚ ਦਰਜੇ ਦੀ ਪ੍ਰਸਿੱਧੀ ਘਰ ਹਾਸਲ ਕੀਤੀ। ਖ਼ਵਾਜਾ ਹਸਨ ਨਿਜ਼ਾਮੀ, ਜਿਹਨਾਂ ਦਾ ਅਸਲ ਨਾਂ ਸੱਯਦ ਅਲੀ ਹਸਨ ਸੀ, ਦਾ ਜਨਮ 1879 ਈਸਵੀ ਵਿੱਚ ਬਸਤੀ ਹਜ਼ਰਤ ਨਿਜਾਮੁਦੀਨ ਦਿੱਲੀ ਵਿਖੇ ਪਿਤਾ ਹਾਫਿਜ਼ ਸੱਯਦ ਦੇ ਘਰ ਮਾਤਾ ਸਾਜਿਦਾ ਚਹੇਤੀ ਬੇਗਮ ਦੀ ਕੁੱਖੋਂ ਹੋਇਆ। ਘਰ ਵਿੱਚ ਬਹੁਤ ਗਰੀਬੀ ਸੀ, ਉਹਨਾਂ ਦਾ ਪਿਤਾ ਜਿਲਦਸਾਜ ਸੀ, ਜਿਸਦੇ ਇਸ ਛੋਟੇ ਕੰਮ ਨਾਲ ਘਰ ਦਾ ਗੁਜਾਰਾ ਚੱਲਣਾ ਅਤੀ ਮੁਸਕਿਲ ਸੀ। ਨਿਜ਼ਾਮੀ ਦੇ ਜਦ ਹਾਣੀਆਂ ਨਾਲ ਖੇਡਣ ਦੇ ਦਿਨ ਸਨ, ਉਹ ਪਿਤਾ ਦਾ ਮੱਦਦਗਾਰ ਬਣਦਿਆਂ ਦਰਗਾਹ ਮੂਹਰੇ ਲੋਕਾਂ ਦੀਆਂ ਜੁੱਤੀਆਂ ਦੀ ਰਖਵਾਲੀ ਕਰਕੇ ਕੁੱਝ ਪੈਸੇ ਕਮਾਉਂਦਾ, ਫੇਰ ਉਹ ਦਿੱਲੀ ਦੀਆਂ ਧਾਰਮਿਕ ਤੇ ਇਤਿਹਾਸਕ ਇਮਾਰਤਾਂ ਦੀਆਂ ਤਸਵੀਰਾਂ ਵੇਚਣ ਲੱਗ ਪਿਆ। ਇਸੇ ਦੌਰਾਨ ਉਹਨਾਂ ਮੌਲਾਨਾ ਰਸੀਦ ਅਹਿਮਦ ਗੰਗੋਈ ਦੇ ਮਦਰੱਸੇ ਤੋਂ ਮੁੱਢਲੀ ਵਿੱਦਿਆ ਹਾਸਲ ਕੀਤੀ। ਇਸ ਉਪਰੰਤ ਪਰਿਵਾਰਕ ਪਰੰਪਰਾਵਾਂ ਅਨੁਸਾਰ ਉਹ ਖ਼ਵਾਜਾ ਗੁਲਾਮ ਫਰੀਦ ਦਾ ਮੁਰੀਦ ਬਣ ਗਿਆ।

ਖ਼ਵਾਜਾ ਨਿਜ਼ਾਮੀ ਦੇ ਖਿਆਲ ਉੱਚੇ ਤੇ ਅਗਾਂਹਵਧੂ ਸਨ। ਇਸ ਲਈ ਫਕੀਰਾਂ ਦਾ ਚੇਲਾ ਬਣ ਕੇ ਜੀਵਨ ਬਿਤਾਉਣਾ ਉਸਨੂੰ ਚੰਗਾ ਨਾ ਲੱਗਾ। ਇਸ ਲਈ ਉਹ ਪੀਰਜਾਦਗੀ ਛੱਡ ਕੇ ਪੱਤਰਕਾਰੀ ਕਿੱਤੇ ਨਾਲ ਜੁੜ ਗਏ। ਉਹ ਸਮੇਂ ਦੀਆਂ ਅਖ਼ਬਾਰਾਂ ਲਈ ਖ਼ਬਰਾਂ ਦੇ ਨਾਲ ਆਰਟੀਕਲ ਵੀ ਭੇਜਦੇ ਰਹਿੰਦੇ। ਘਰ ਦੇ ਗੁਜਾਰੇ ਲਈ ਉਹਨਾਂ ਕਿਤਾਬਾਂ ਵੇਚਣ ਦਾ ਧੰਦਾ ਸੁਰੂ ਕਰ ਲਿਆ ਅਤੇ ਇੱਕ ਦਵਾਖਾਨਾ ਵੀ ਖੋਹਲ ਲਿਆ, ਜਿੱਥੇ ਉਹ ਅੱਖਾਂ ਲਈ ਇੱਕ ਚੰਗਾ ਸੁਰਮਾਂ ਤਿਆਰ ਕਰਕੇ ਵੇਚਦੇ। ਫੇਰ ਉਹਨਾਂ ਆਪਣੀ ਆਰਟੀਕਲ ਲਿਖਣ ਦੀ ਰੁਚੀ ਨੂੰ ਅੱਗੇ ਵਧਾਉਂਦਿਆਂ ਰਚਨਾਵਾਂ ਰਚਨੀਆਂ ਆਰੰਭ ਕਰ ਦਿੱਤੀਆਂ। ਇਸ ਤਰ੍ਹਾਂ ਉਹ ਪੱਤਰਕਾਰ ਦੇ ਨਾਲ ਨਾਲ ਵੈਦ, ਦੁਕਾਨਦਾਰ ਤੇ ਲੇਖਕ ਵੀ ਬਣ ਗਏ। ਉਹਨਾਂ ਦੇ ਇਹਨਾਂ ਗੁਣਾਂ ਨੂੰ ਬਰਦਾਸਤ ਨਾ ਕਰਦਿਆਂ ਕੁੱਝ ਲੋਕ ਉਹਨਾਂ ਦਾ ਵਿਰੋਧ ਵੀ ਕਰਨ ਲੱਗੇ। ਉਹ ਖ਼ਵਾਜਾ ਨਿਜ਼ਾਮੀ ਨੂੰ ਅੰਗਰੇਜਾਂ ਦਾ ਜਸੂਸ ਹੋਣ ਦਾ ਦੋਸ਼ ਵੀ ਲਾਉਂਦੇ ਰਹੇ, ਪਰ ਉਹਨਾਂ ਕਿਸੇ ਦੀ ਪਰਵਾਹ ਨਾ ਕਰਦਿਆਂ ਆਪਣੀ ਮਿਹਨਤ ਜਾਰੀ ਰੱਖੀ।

ਖ਼ਵਾਜਾ ਨਿਜ਼ਾਮੀ ਨੇ ਆਪਣਾ ਰਚਨਾ ਕਾਰਜ ਵਧਾਉਂਦਿਆਂ ਹਰ ਵਿਸ਼ੇ ਤੇ ਕਲਮ ਚਲਾਈ। ਉਹਨਾਂ ਨਜ਼ਮ, ਲੇਖ, ਕਹਾਣੀ, ਸਵੈਜੀਵਨੀ, ਸਫਰਨਾਮੇ ਆਦਿ ਦੀਆਂ ਅਨੇਕਾਂ ਪੁਸਤਕਾਂ ਲਿਖੀਆਂ। 1857 ਦੇ ਗਦਰ ਉਪਰੰਤ ਜਦੋਂ ਦਿੱਲੀ ਤੇ ਅੰਗਰੇਜਾਂ ਨੇ ਕਬਜਾ ਕਰ ਲਿਆ ਸੀ, ਤਾਂ ਬਾਦਸ਼ਾਹ ਪਰਿਵਾਰਾਂ ਨਾਲ ਸਬੰਧਤ ਬਹੁਤੇ ਲੋਕ, ਜਿਹਨਾਂ ਭਾਰੀ ਦੁਖੜੇ ਜਰੇ ਤੇ ਹੀਰੇ ਜਵਾਹਰਾਂ 'ਚ ਖੇਡਣ ਵਾਲੇ ਰੋਟੀ ਤੋਂ ਵੀ ਆਤੁਰ ਹੋ ਗਏ, ਉਹਨਾਂ ਚੋਂ ਬਹੁਤੇ ਨਿਜ਼ਾਮੁਦੀਨ ਵਿੱਚ ਹੀ ਰਹਿਣ ਲੱਗ ਪਏ ਸਨ। ਉਹਨਾਂ ਦੇ ਵਿੱਚ ਰਹਿੰਦਿਆਂ ਖਵਾਜਾ ਸਾਹਿਬ ਨੇ ਉਹਨਾਂ ਦੇ ਦੁੱਖਾਂ ਦਰਦਾਂ ਦੀਆਂ ਕਹਾਣੀਆਂ ਸੁਣੀਆਂ, ਚਰਚਾਵਾਂ ਕੀਤੀਆਂ ਅਤੇ ਫਿਰ ਉਹਨਾਂ ਬਾਰੇ ਕਿਤਾਬਾਂ ਲਿਖੀਆਂ। ਉਹਨਾਂ ਨੇ ਸਭ ਤੋਂ ਪਹਿਲੀ ਪੁਸਤਕ "ਗਪਰੇ ਦਿੱਲੀ ਕੇ ਅਫ਼ਸਾਨੇ" ਲਿਖੀ, ਜੋ ਕਈ ਵਾਰ ਪ੍ਰਕਾਸ਼ਿਤ ਹੋਈ ਤੇ ਕਈ ਵਾਰ ਜ਼ਬਤ ਕੀਤੀ ਗਈ। ਇਹ ਪੁਸਤਕ ਹੀ ਬਾਅਦ ਵਿੱਚ 'ਬੇਗਮਾਤ ਕੇ ਆਂਸੂ' ਦੇ ਟਾਈਟਲ ਹੇਠ ਛਾਪੀ ਗਈ। ਇਸ ਕਿਤਾਬ ਵਿੱਚ ਉਹਨਾਂ ਬੇਗਮਾਂ ਦੇ ਦਰਦ ਨੂੰ ਇਸ ਤਰ੍ਹਾਂ ਪਾਠਕਾਂ ਦੇ ਰੂਬਰੂ ਕੀਤਾ ਹੈ ਕਿ ਅੱਜ ਵੀ ਪੜ੍ਹਦਿਆਂ ਪਾਠਕ ਦਾ ਦਿਲ ਕੰਬਣ ਲੱਗ ਜਾਂਦਾ ਹੈ ਤੇ ਅੱਖਾਂ ਚੋਂ ਅੱਥਰੂ ਡਿੱਗਣ ਲੱਗ ਪੈਂਦੇ ਹਨ। ਇਸ ਗਦਰ ਨਾਲ ਹੀ ਸਬੰਧਤ ਉਹਨਾਂ ਗਦਰ ਏ ਅਖ਼ਬਾਰ, ਬਹਾਦੁਰ ਸ਼ਾਹ ਜਫ਼ਰ ਦਾ ਮੁਕੱਦਮਾ, ਗਦਰ ਕੀ ਸੁਬਾ ਸ਼ਾਮ ਆਦਿ ਕਿਤਾਬਾਂ ਵੀ ਲਿਖੀਆਂ। ਉਰਦ 'ਚ ਸਰਲ ਤੇ ਟਕਸਾਲੀ ਭਾਸ਼ਾ ਵਿੱਚ ਖ਼ਵਾਜਾ ਨਿਜ਼ਾਮੀ ਨੇ ਆਪਣੇ ਜੀਵਨ ਦੌਰਾਨ ਕਰੀਬ ਪੰਜ ਸੌ ਕਿਤਾਬਾਂ ਲਿਖ ਕੇ ਵੱਡਾ ਪੁਸਤਕ ਭੰਡਾਰ ਸਾਹਿਤ ਦੀ ਝੋਲੀ ਪਾਇਆ। ਦਿੱਲੀ ਦੇ ਲਾਲ ਕਿਲ੍ਹੇ ਤੇ ਕਬਜਾ ਕਰਨ ਸਮੇਂ ਅੰਗਰੇਜਾਂ ਵੱਲੋਂ ਕੀਤੇ ਜੁਲਮੋਂ ਤਸੱਦਦ ਤੇ ਲੁੱਟਮਾਰ ਤੋਂ ਉਹਨਾਂ ਦੇ ਹਿਰਦੇ ਨੂੰ ਏਨੀ ਠੇਸ ਪਹੁੰਚੀ ਕਿ ਉਹ ਬਾਦਸ਼ਾਹੀ ਸਲਤਨਤ ਦੀ ਇਸ ਇਤਿਹਾਸਕ ਨਿਸ਼ਾਨੀ ਨੂੰ ਆਪਣੀ ਅੱਖੀਂ ਵੇਖਣ ਦਾ ਹੌਂਸਲਾ ਨਾ ਕਰ ਸਕੇ।

# ਸ਼ਾਂਤੀ ਅਤੇ ਸੰਵਾਦ ਹੀ ਤਰੱਕੀ ਅਤੇ ਹੱਲ ਦਾ ਰਾਹ



ਸੰਜੀਵ ਸਿੰਘ ਸੈਣੀ
7888966168

ਜੰਗ ਕਿਸੇ ਮਸਲੇ ਦਾ ਹੱਲ ਨਹੀਂ ਹੈ। ਇਹ ਇੱਕ ਅਟੱਲ ਸੱਚਾਈ ਹੈ ਕਿਉਂਕਿ ਯੁੱਧ ਸਿਰਫ ਤਬਾਹੀ, ਜਾਨ- ਮਾਲ ਨੁਕਸਾਨ ਤੇ ਪੀੜੀਆਂ ਤੱਕ ਦਰਦ ਲੈ ਕੇ ਆਉਂਦਾ ਹੈ।ਇਸ ਸਮੇਂ ਮੱਧ ਪੂਰਵੀ ਦੇਸ਼ਾਂ ਚ ਜੰਗ ਲੱਗੀ ਹੋਈ ਹੈ। ਇਸ ਜੰਗ ਵਿੱਚ 28 ਫ਼ਰਵਰੀ ਨੂੰ ਈਰਾਨ ਦੇ ਸੁਪਰੀਮ ਲੀਡਰ ਆਇਤੁਲਾ ਅਲੀ ਖਾਮੇਨੇਈ ,ਉੱਥੋਂ ਦੇ ਰੱਖਿਆ ਮੰਤਰੀ , ਫ਼ੌਜ ਸਮੇਤ ਕਈ ਵੱਡੇ ਅਧਿਕਾਰੀ ਮਾਰੇ ਗਏ ਹਨ। ਜੰਗ ਵਿੱਚ ਨਿਰਦੋਸ਼ ਲੋਕ ਮਾਰੇ ਜਾਂਦੇ ਹਨ ਤੇ ਖੂਨ ਦੀ ਹੋਲੀ ਖੇਡੀ ਜਾਂਦੀ ਹੈ।ਵੱਡੀ ਗਿਣਤੀ ਵਿੱਚ ਈਰਾਨ ਵਿੱਚ ਬੱਚਿਆਂ, ਬਜ਼ੁਰਗਾਂ ਸਮੇਤ ਲੋਕਾਂ ਦੀ ਮੌਤ ਹੋਈ ਹੈ। ਕੁੱਝ ਸਰੋਤਾਂ ਮੁਤਾਬਕ ਤਬਕ ਈਰਾਨ ਇਜ਼ਰਾਈਲ ਟਕਰਾਅ ਦੇ ਦੌਰਾਨ 1200 ਤੋਂ ਵੱਧ ਮੌਤਾਂ ਹੋ ਚੁੱਕੀਆਂ ਹਨ। ਤੇ ਇੱਥੋਂ ਤੱਕ ਖਾਮੇਨੇਈ ਦੇ ਪਰਿਵਾਰਿਕ ਮੈਂਬਰਾਂ ਦੇ ਮਾਰੇ ਜਾਣੇ ਦੀ ਵੀ ਖਬਰ ਹੈ। ਘਰ ਉਜੜ ਜਾਂਦੇ ਹਨ ।ਬਜ਼ੁਰਗ ਬੇਸਹਾਰਾ ਹੋ ਜਾਂਦੇ ਹਨ। ਈਰਾਨ ਦੀ ਬਾਸੀਜ ਫੋਰਸ ਦਾ ਮੁੱਖੀ ਅਤੇ ਨਵਾਂ ਰੱਖਿਆ ਮੰਤਰੀ ਮਾਜਿਦ ਇਬਨ ਅਲ -ਰਜਾ? ਵੀ ਇਜ਼ਰਾਈਲੀ ਹਮਲਿਆਂ ਵਿੱਚ ਮਾਰਿਆ ਗਿਆ ਹੈ।ਜੰਗ ਕਿਸੇ ਵੀ ਮਸਲੇ ਦਾ ਹੱਲ ਨਹੀਂ ਹੈ। ਕਿਸੇ ਵੀ ਮਸਲੇ ਦਾ ਹੱਲ ਸ਼ਾਂਤੀਮਈ ਭਾਈਚਾਰਕ ਸਾਂਝ ਨਾਲ ਹੁੰਦਾ ਹੈ। ਹਰ ਦੇਸ਼ ਚਾਹੁੰਦਾ ਹੈ ਕਿ ਉਹ ਬਹੁਤ ਤਰੱਕੀ ਕਰੇ ,ਉਸ ਦਾ ਵਿਸ਼ਵ ਵਿੱਚ ਨਾ ਹੋਏ। ਪਰ ਜੰਗ ਦੇ ਮਾਹੌਲ ਕਾਰਨ ਉਸ ਦੇਸ਼ ਦੀ ਖੁਸ਼ਹਾਲੀ ਨੂੰ ਮਿੰਟਾਂ ਸਕਿੰਟਾਂ ਵਿੱਚ ਤਬਾਹ ਕਰ ਦਿੱਤਾ ਜਾਂਦਾ ਹੈ ।ਅਸਮਾਨ ਛੂਹ ਰਹੀਆਂ ਇਮਾਰਤਾਂ ਰਾਖ ਦਾ ਢੇਰ ਬਣ ਜਾਂਦੀਆਂ ਹਨ। ਕਈ ਦੇਸ਼ ਜਿਵੇਂ ਰੂਸ, ਯੂਕਰੇਨ ,ਈਰਾਨ , ਅਮਰੀਕਾ ,ਅਫਗਾਨਿਸਤਾਨ ,ਫਿਲਸਤੀਨ , ਇਰਾਕ ਹੋਰ ਵੀ ਕਈ ਦੇਸ਼ਾਂ ਵਿੱਚ ਪਿਛਲੇ ਲੰਮੇ ਸਮੇਂ ਤੋਂ ਜੰਗਾਂ ਕਾਰਨ ਲੱਖਾਂ ਲੋਕ ਮਰ ਚੁੱਕੇ ਹਨ। ਵੱਡੀ ਵੱਡੀ ਇਮਾਰਤਾਂ ਗੋਲਾ ਬਾਰੂਦ ਗਿਰਨ ਕਾਰਨ ਖਤਮ ਹੋ ਚੁੱਕੀਆਂ ਹਨ। ਮਨੁੱਖੀ ਅਧਿਕਾਰਾਂ ਦਾ ਘਾਣ ਹੋ ਰਿਹਾ ਹੈ ਪਰ ਕਈ ਵੱਡੇ ਦੇਸ਼ਾਂ ਨੇ ਇਸ ਤਬਾਹੀ ਤੋਂ ਕੋਈ ਵੀ ਸਬਕ ਨਹੀਂ ਲਿਆ ਹੈ। ਅਫਗਾਨਿਸਤਾਨ ਅਤੇ ਪਾਕਿਸਤਾਨ ਵਿਚਾਲੇ ਤਨਾਅ 2021 ਵਿੱਚ ਤਾਲੀਬਾਨ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਲਗਾਤਾਰ ਵਧਿਆ ਹੈ। ਜਿਸ ਵਿੱਚ ਟੀਟੀਪੀ ਅੱਤਵਾਦੀਆਂ ਨੂੰ ਪਨਾਹ ਦੇਣ ਦੇ ਦੋਸ਼ਾਂ ਕਾਰਨ ਸਰਹੱਦੀ ਝੜਪਾਂ ਅਤੇ ਏਅਰ ਸਟਰਾਈਕ (ਹਵਾਈ ਹਮਲੇ )ਹੋਏ ਹਨ। ਮਾਰਚ ਵਿੱਚ ਹੀ ਕਾਬੁਲ ਅਤੇ ਹੋਰ ਸਰਹੱਦੀ ਇਲਾਕਿਆਂ ਵਿੱਚ ਪਾਕਿਸਤਾਨ ਵੱਲੋਂ ਹਵਾਈ ਹਮਲਿਆਂ ਦੀ ਖਬਰ ਹੈ ਜਿਸ ਵਿੱਚ ਨੁਕਸਾਨ ਹੋਣ ਦਾ ਦਾਅਵਾ ਕੀਤਾ ਗਿਆ ਹੈ ਉੱਧਰ ਅਫਗਾਨਿਸਤਾਨ ਨੇ ਦੋਸ਼ ਲਾਇਆ ਹੈ ਕਿ ਪਾਕਿਸਤਾਨ ਨੇ ਨਸ਼ਾ ਮੁਕਤੀ ਕੇਂਦਰਾਂ ਨੂੰ ਨਿਸ਼ਾਨਾ ਬਣਾਇਆ। ਪਾਕਿਸਤਾਨ ਦਾ ਦੋਸ਼ ਹੈ ਕਿ ਅਫਗਾਨਿਸਤਾਨ ਦੀ ਧਰਤੀ ਉੱਤੇ ਤਹਿਰੀਕੇ -ਏ-ਤਾਲੀਬਾਨ ਪਾਕਿਸਤਾਨ ਦੇ ਅੱਤਵਾਦੀ ਪਨਾਹ ਲੈ ਰਹੇ ਹਨ। ਪਾਕਿਸਤਾਨ ਦੇ ਰੱਖਿਆ ਮੰਤਰੀ ਨੇ ÷ਖੁੱਲੀ ਜੰਗ÷ ਕਰਾਰ ਦਿੱਤਾ ਹੈ।

ਅਮਰੀਕਾ ਇਜਰਾਇਲ ਅਤੇ ਇਰਾਨ ਵਿਚਕਾਰ ਜੰਗ ਹੁਣ 25ਵੇਂ ਦਿਨ ਵਿੱਚ ਹੈ। ਈਰਾਨ ਨੇ ਐਤਵਾਰ ਸਵੇਰੇ ਇਜ਼ਰਾਈਲ ਤੇ ਵੱਡਾ ਹਮਲਾ ਕੀਤਾ। 4 ਬੈਲਿਸਟਿਕ ਮਿਜ਼ਾਈਲਾਂ ਦਾਗੀਆਂ। ਜ਼ਖਮੀਆਂ ਵਿੱਚ ਵੱਡੀ ਤਾਦਾਦ ਵਿੱਚ ਬੱਚੇ ਜਿਨਾਂ ਦਾ ਕੋਈ ਵੀ ਕਸੂਰ ਨਹੀਂ ਸੀ ,ਬੇਕਸੂਰ ਮਾਰੇ ਜਾ ਰਹੇ ਹਨ। ਅੱਜ ਕਈ ਦੇਸ਼ ਆਪਣੇ ਆਪ ਨੂੰ ਤਾਕਤਵਰ ਮਜਬੂਤ ਸਾਬਤ ਕਰਨ ਦੀ ਦੌੜ ਵਿੱਚ ਲੱਗੇ ਹੋਏ ਹਨ। ਹਰ ਦੇਸ਼ ਕੋਲ ਆਪਣੇ ਪੜ੍ਹੇ ਲਿਖੇ ਲੋਕ ,ਰੁਜ਼ਗਾਰ ਦੇ ਮੌਕੇ, ਵਿਗਿਆਨਿਕ ਲੋਕਾਂ ਦਾ ਰਹਿਣ ਸਹਿਣ ਵਧੀਆ ਹੈ। ਅਕਸਰ ਅਮਰੀਕਾ, ਚੀਨ ਤੇ ਕਈ ਹੋਰ ਦੇਸ਼ ਪਰਮਾਣੂ ਸ਼ਕਤੀ ਹੋਣ ਦਾ ਵੱਡਾ ਸਬੂਤ ਦਿੰਦੇ ਹਨ। ਅਜਿਹੇ ਵੱਡੇ ਮੁਲਕ ਛੋਟੇ ਮੁਲਕਾਂ ਜਿਨ੍ਹਾਂ ਵਿੱਚ ਵੱਡੀ ਤਾਦਾਦ ਵਿੱਚ ਕੁਦਰਤੀ ਸਰੋਤ ਤੇ ਆਮਦਨ ਦੇ ਵਸੀਲੇ ਜਿਆਦਾ ਹਨ ਉਹਨਾਂ ਨੂੰ ਧਮਕੀਆਂ ਦੇ ਕੇ ਕਬਜ਼ਾ ਕਰ ਰਹੇ ਹਨ। ਛੋਟੇ ਮੁਲਕ ਤੇ ਆਪਣਾ ਰੋਅਬ ਝਾੜ ਰਹੇ ਹਨ। ਸਾਡੇ ਸਾਹਮਣੇ ਈਰਾਨ ਇੱਕ ਵੱਡੀ ਉਦਾਹਰਣ ਹੀ ਹੈ। ਅੱਜ ਦੇਖ ਰਹੇ ਹਾਂ ਕਿ ਜੰਗ ਛਿੜਨ ਕਾਰਨ ਕਈ ਦੇਸ਼ਾਂ ਵਿੱਚ ਗੈਸ ਸਪਲਾਈ, ਪੈਟਰੋਲ, ਡੀਜ਼ਲ ਪ੍ਰਭਾਵਿਤ ਹੋਏ ਹਨ। ਹਾਲਾਂਕਿ ਈਰਾਨ ਨੇ ਹੋਰਮੁਜ਼(ਜਲਡਮਰੂ) ਭਾਰਤ ਤੇ ਕਈ ਹੋਰ ਮੁਲਕਾਂ ਲਈ ਖੋਲਿਆ ਹੋਇਆ ਹੈ ।ਪਾਕਿਸਤਾਨ ਵਿੱਚ ਤੇਲ ਕੀਮਤਾਂ ਵਿੱਚ 100 ਰੁਪਏ ਤੱਕ ਦਾ ਵਾਧਾ ਹੋਇਆ ਹੈ। ਹਾਹਾਕਾਰ ਮੱਚੀ ਹੋਈ ਹੈ ।ਇੱਥੋਂ ਤੱਕ ਕਿ ਸਾਡੇ ਮੁਲਕ ਵਿੱਚ ਵੀ ਦੋ ਤੋਂ ਤਿੰਨ ਰੁਪਏ (ਪ੍ਰੀਮੀਅਮ)ਪੈਟਰੋਲ ਵਿੱਚ ਵਾਧਾ ਕੀਤਾ ਗਿਆ ਹੈ। ਗੈਸ ਸਿਲੰਡਰਾਂ ਦੀ ਤਾਂ ਗੱਲ ਹੀ ਛੱਡ ਦਿਓ। 60 ਰੁਪਏ ਗੈਸ ਵਿੱਚ ਵਾਧਾ ਕਰਕੇ ਘਰੇਲੂ ਰਸੋਈ ਦਾ ਬਜਟ ਵਿਗੜ ਗਿਆ ਹੈ। ਜੰਗ ਨਾਲ ਦੇਸ਼ ਦੀ ਆਰਥਿਕਤਾ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਜਾਂਦੀ ਹੈ। ਕਾਲਾ ਬਾਜ਼ਾਰੀ ਜ਼ੋਰਾਂ ਤੇ ਹੈ। ਦੇਸ਼ ਦੇ ਕਈ ਸ਼ਹਿਰਾਂ ਵਿੱਚ 3000 ਤੋਂ 3500 ਤੱਕ ਘਰੇਲੂ ਸਿਲੰਡਰ ਬਲੈਕ ਵਿੱਚ ਮਿਲ ਰਿਹਾ ਹੈ। ਛੋਟੇ ਢਾਬੇ ਬੰਦ ਹੋ ਚੁੱਕੇ ਹਨ ।ਮਹਿੰਗਾਈ ਸਿਖਰਾਂ ਤੇ ਹੈ। ਖਬਰ ਪੜ੍ਹੀ ਕਿ ਕੁਦਰਤੀ ਤੇਲਾਂ ਵਿੱਚ ਵੀ ਵਾਧਾ ਹੋਇਆ ਹੈ ।ਆਉਣ ਵਾਲੇ ਦਿਨਾਂ ਵਿੱਚ ਦਾਲਾਂ, ਸਬਜ਼ੀਆਂ ਵੀ ਅਸਮਾਨ ਛੂਣਗੀਆਂ। ਢੋਆ ਢੁਆਈ ਦੇ ਰੇਟਾਂ ਵਿੱਚ ਵਾਧਾ ਹੋਵੇਗਾ। ਲੋਕਾਂ ਦਾ ਦੋ ਸਮੇਂ ਦੀ ਰੋਟੀ ਦਾ ਹਿੱਲਾ ਕਰਨਾ ਮੁਸ਼ਕਿਲ ਹੋ ਜਾਵੇਗਾ। ਚਾਹ ਦਾ ਕੱਪ 35 ਰੁਪਏ ਤੱਕ ਵਿੱਕ ਰਿਹਾ ਹੈ। ਲੜਾਈ ਉਨਾਂ ਮੁਲਕਾਂ ਵਿੱਚ ਹੋ ਰਹੀ ਹੈ। ਅਸਰ ਉਸਦਾ ਹੋਰਾਂ ਦੇਸ਼ਾਂ ਵਿੱਚ ਦਿਖਣਾ ਸ਼ੁਰੂ ਹੋ ਚੁੱਕਿਆ ਹੈ। ਅਮਰੀਕੀ ਰਾਸ਼ਟਰਪਤੀ ਟਰੰਪ ਨੇ ਇਰਾਨ ਨੂੰ ਹੋਰਮੁਜ਼ ਖੋਲਣ ਲਈ 48 ਘੰਟਿਆਂ ਦਾ ਅਲਟੀਮੇਟਮ ਵੀ ਜਾਰੀ ਕੀਤਾ ਹੈ। ਲਗਾਤਾਰ ਮਹਿੰਗਾਈ ਬੇਲਗਾਮ ਹੁੰਦੀ ਜਾ ਰਹੀ ਹੈ। ਬਜਟ ਤੋਂ ਪਹਿਲਾਂ ਭਾਰਤ ਤੇ ਅਮਰੀਕਾ ਦਰਮਿਆਨ ਕਿਸਾਨ ਵਪਾਰ ਸਮਝੌਤਾ ਹੋਇਆ। ਹਾਲਾਂਕਿ ਕਿਸਾਨਾਂ ਵੱਲੋਂ ਵਪਾਰੀਆਂ ਵੱਲੋਂ ਲਗਾਤਾਰ ਇਸ ਦਾ ਵਿਰੋਧ ਵੀ ਹੋ ਰਿਹਾ। ਭਾਰਤ ਨੂੰ ਰੂਸ ਤੋਂ ਅਪ੍ਰੈਲ ਦੇ ਪਹਿਲੇ ਹਫਤੇ ਤੱਕ ਤੇਲ ਲੈਣ ਲਈ ਅਮਰੀਕਾ ਤੋਂ ਇਜਾਜ਼ਤ ਲੈਣੀ ਪਈ। ਸੰਯੁਕਤ ਰਾਸ਼ਟਰ ਸੰਘ ਦਾ ਮੁੱਖ ਉਦੇਸ਼ ਕੌਮਾਂਤਰੀ ਸੁਰੱਖਿਆ ਕੌਮਾਂਤਰੀ, ਕਾਨੂੰਨ, ਆਰਥਿਕ ਵਿਕਾਸ ਵਿੱਚ ਸਹਿਯੋਗ ਕਰਨਾ ਸੀ। ਸੰਯੁਕਤ ਰਾਸ਼ਟਰ ਸੰਘ ਦੇ ਉਦੇਸ਼ਾਂ ਵਿੱਚ ਹਰ ਬੰਦੇ ਨੂੰ ਜਿੰਦਾ ਰਹਿਣ, ਆਜ਼ਾਦੀ ਤੇ ਸੁਰੱਖਿਆ ਦਾ ਅਧਿਕਾਰ ਦੇਣਾ ਮਿਥਿਆ ਗਿਆ ਹੈ। ਪੰਜ ਦੇਸ਼ਾਂ ਬਰਤਾਨੀਆ, ਰੂਸ ,ਚੀਨ ,ਅਮਰੀਕਾ ਤੇ ਫਰਾਂਸ ਨੂੰ ਇਸ ਮਹਾ ਸ਼ਕਤੀ ਦੇ ਕਿਸੇ ਵੀ ਫੈਸਲੇ ਨੂੰ ਵੀਟੋ ਸ਼ਕਤੀ ਦਿੱਤੀ ਗਈ ਹੈ ।ਭਾਵ ਅਗਰ ਇਹਨਾਂ ਪੰਜਾਂ ਦੇਸ਼ਾਂ ਵਿੱਚੋਂ ਕੋਈ ਇੱਕ ਦੇਸ਼ ਵੀ ਪਾਸ ਕੀਤੇ ਮਤੇ ਫੈਸਲੇ ਨਾਲ ਸਹਿਮਤ ਨਹੀਂ ਤਾਂ ਉਹ ਫੈਸਲਾ ਲਾਗੂ ਨਹੀਂ ਹੋ ਸਕਦਾ। ਫ਼ੈਸਲਾ ਉਹੀ ਲਾਗੂ ਹੋਵੇਗਾ ਜੋ ਪੰਜ ਮਹਾਂ ਸ਼ਕਤੀਆਂ ਦੀ ਰਾਇ ਨਾਲ ਕੀਤਾ ਜਾਵੇ। ਵਿਟੋ ਪਾਵਰ ਹੋਣ ਕਾਰਨ ਅਮਰੀਕਾ ਨੇ ਪਾਕਿਸਤਾਨ ਵਿੱਚ ਲਾਦੇਨ(ਅੱਤਵਾਦੀ )ਨੂੰ ਮਾਰਿਆ ਸੀ।ਇਸ ਵਕਤ ਯੂਐਨਓ ਇਹਨਾਂ ਪੰਜ ਦੇਸ਼ਾਂ ਦੇ ਕਰਮ ਤੇ ਹੀ ਕੰਮ ਕਰ ਰਹੀ ਹੈ। ਅੱਜ ਅਮਰੀਕਾ ਆਪਣੀ ਸ਼ਕਤੀ ਨੂੰ ਮੁੜ ਹਾਸਲ ਕਰਨ ਅਤੇ ਆਰਥਿਕ ਮੰਦਵਾੜੇ ਚੋਂ ਨਿਕਲਣ ਲਈ ਕੋਈ ਵੀ ਕਹਿਰ ਢਾਹ ਸਕਦਾ ਹੈ। ਯੂਐਨਓ ਦੀ ਸਾਰਥਿਕਤਾ ਖਤਮ ਹੁੰਦੀ ਜਾ ਰਹੀ ਹੈ। ਕਿਉਂਕਿ ਦੋ ਮੁਲਕਾਂ ਵਿੱਚ ਹੋ ਰਿਹਾ ਯੁੱਧ ਬੇਗੁਨਾਹ ਲੋਕਾਂ ਤੇ ਹੋ ਰਿਹਾ ਜ਼ੁਲਮ ਨੂੰ ਨਹੀਂ ਰੋਕਿਆ ਜਾ ਰਿਹਾ। ਸ਼ਾਂਤਮਈ ਤਰੀਕੇ ਨਾਲ ਮਨੁੱਖਤਾ ਤੇ ਇਨਸਾਨੀਅਤ ਨੂੰ ਹੀ ਬਚਾਇਆ ਜਾ ਸਕਦਾ ਹੈ। ਹੀਰੋਸੀਮਾ- ਨਾਗਾਸਾਕੀ ਵਰਗੀਆਂ ਮਿਸਾਲਾਂ ਦੱਸਦੀਆਂ ਹਨ ਕਿ ਪਰਮਾਣੂ ਹਮਲੇ ਨਸਲਾਂ ਨੂੰ ਤਬਾਹ ਕਰ ਦਿੰਦੇ ਹਨ। ਦੇਸ਼ ਅੰਦਰ ਮੱਤਭੇਦਾਂ ਨੂੰ ਗੱਲਬਾਤ ਰਾਹੀਂ ਸ਼ਾਂਤੀਪੂਰਨ ਤਰੀਕੇ ਨਾਲ ਸੁਝਾਇਆ ਜਾਣਾ ਚਾਹੀਦਾ ਹੈ ਨਾ ਕਿ ਯੁੱਧ ਰਾਹੀਂ।

# ਪੰਜ ਦਰਿਆਵਾਂ ਦੀ ਧਰਤੀ ਦੇ ਲੋਕ ਪਾਣੀ ਵੱਲੋਂ ਤਿਹਾਏ

ਡਾ. ਰਾਏ ਸਿੰਘ ਢਿੱਲੋਂ
(9501889375)

ਪੰਜਾਬ ਨੂੰ ਪੰਜ ਦਰਿਆਵਾਂ ਦੀ ਧਰਤੀ ਕਿਹਾ ਜਾਂਦਾ ਹੈ। ਇਸ ਨਾਮ ਦੇ ਪਿੱਛੇ ਇਸ ਧਰਤੀ ਦੀ ਉਹ ਇਤਿਹਾਸਕ ਅਤੇ ਭੂਗੋਲਿਕ ਪਹਿਚਾਣ ਹੈ ਜੋ ਪਾਣੀ ਨਾਲ ਭਰਪੂਰ ਰਹੀ ਹੈ। ਸਤਲੁਜ, ਬਿਆਸ, ਰਾਵੀ, ਚਿਨਾਬ ਅਤੇ ਜਿਹਲਮ ਵਰਗੇ ਦਰਿਆ ਪੰਜਾਬ ਦੀਆਂ ਰਗਾਂ ਵਿੱਚ ਵਗਦੇ ਰਹੇ ਹਨ। ਇਨ੍ਹਾਂ ਦਰਿਆਵਾਂ ਨੇ ਪੰਜਾਬ ਨੂੰ ਨਾ ਸਿਰਫ਼ ਖੇਤੀਬਾੜੀ ਵਿੱਚ ਅੱਗੇ ਵਧਾਇਆ, ਸਗੋਂ ਇਸ ਦੀ ਸੰਸਕ੍ਰਿਤੀ, ਜੀਵਨ-ਸ਼ੈਲੀ ਅਤੇ ਆਰਥਿਕਤਾ ਨੂੰ ਵੀ ਮਜ਼ਬੂਤ ਕੀਤਾ। ਪਰ ਅੱਜ ਦੇ ਸਮੇਂ ਵਿੱਚ ਇਹ ਧਰਤੀ ਪਾਣੀ ਦੀ ਕਮੀ ਨਾਲ ਜੂਝ ਰਹੀ ਹੈ। ਇਹ ਇੱਕ ਐਸੀ ਵਿਡੰਬਨਾ ਹੈ ਜੋ ਹਰ ਪੰਜਾਬੀ ਨੂੰ ਸੋਚਣ ਲਈ ਮਜਬੂਰ ਕਰਦੀ ਹੈ ਕਿ ਜਿਸ ਧਰਤੀ 'ਤੇ ਕਦੇ ਪਾਣੀ ਦੀ ਕੋਈ ਘਾਟ ਨਹੀਂ ਸੀ, ਉਹ ਅੱਜ ਤਿਹਾਈ ਕਿਉਂ ਹੋ ਗਈ ਹੈ।

ਸਭ ਤੋਂ ਪਹਿਲਾਂ ਜੇ ਅਸੀਂ ਪਾਣੀ ਦੀ ਕਮੀ ਦੇ ਮੁੱਖ ਕਾਰਨਾਂ ਦੀ ਗੱਲ ਕਰੀਏ ਤਾਂ ਸਭ ਤੋਂ ਵੱਡਾ ਕਾਰਨ ਭੂਗਰਭ ਪਾਣੀ ਦੀ ਬੇਹੱਦ ਖਪਤ ਹੈ। ਹਰੀ ਕ੍ਰਾਂਤੀ ਤੋਂ ਬਾਅਦ ਪੰਜਾਬ ਵਿੱਚ ਖੇਤੀਬਾੜੀ ਦਾ ਰੂਪ ਬਦਲ ਗਿਆ। ਉੱਚ ਉਤਪਾਦਨ ਵਾਲੀਆਂ ਕਿਸਮਾਂ ਅਤੇ ਰਸਾਇਣਕ ਖਾਦਾਂ ਦੇ ਵਰਤੋਂ ਨਾਲ ਪੈਦਾਵਾਰ ਤਾਂ ਵਧੀ, ਪਰ ਨਾਲ ਹੀ ਪਾਣੀ ਦੀ ਮੰਗ ਵੀ ਬਹੁਤ ਵਧ ਗਈ। ਖਾਸ ਕਰਕੇ ਧਾਨ (ਝੋਨਾ) ਦੀ ਫਸਲ ਨੂੰ ਵੱਡੀ ਮਾਤਰਾ ਵਿੱਚ ਪਾਣੀ ਦੀ ਲੋੜ ਹੁੰਦੀ ਹੈ। ਕਿਸਾਨਾਂ ਨੇ ਇਸ ਲੋੜ ਨੂੰ ਪੂਰਾ ਕਰਨ ਲਈ ਟਿਊਬਵੈੱਲਾਂ ਦਾ ਸਹਾਰਾ ਲਿਆ ਅਤੇ ਲਗਾਤਾਰ ਭੂਗਰਭ ਪਾਣੀ ਕੱਢਿਆ। ਇਸ ਦੇ ਨਤੀਜੇ ਵਜੋਂ ਜ਼ਮੀਨ ਦੇ ਹੇਠਾਂ ਪਾਣੀ ਦੀ ਸਤ੍ਹਾ ਲਗਾਤਾਰ ਹੇਠਾਂ ਜਾਂਦੀ ਗਈ। ਦੂਜਾ ਮਹੱਤਵਪੂਰਨ ਕਾਰਨ ਦਰਿਆਵਾਂ ਅਤੇ ਨਹਿਰਾਂ ਦੇ ਪਾਣੀ ਵਿੱਚ ਆ ਰਹੀ ਘਟੋਤਰੀ ਹੈ। ਸਮੇਂ ਦੇ ਨਾਲ ਕਈ ਦਰਿਆ ਸੁੱਕਣ ਦੇ ਕਿਨਾਰੇ ਤੇ ਪਹੁੰਚ ਗਏ ਹਨ ਜਾਂ ਉਨ੍ਹਾਂ ਵਿੱਚ ਪਾਣੀ ਦੀ ਧਾਰਾ ਘੱਟ ਹੋ ਗਈ ਹੈ। ਦਰਿਆਵਾਂ ਦੇ ਪਾਣੀ ਦੀ ਵੰਡ ਅਤੇ ਰਾਜਨੀਤਿਕ ਮਸਲੇ ਵੀ ਇਸ ਸਥਿਤੀ ਲਈ ਜ਼ਿੰਮੇਵਾਰ ਹਨ। ਇਸ ਤੋਂ ਇਲਾਵਾ ਉਦਯੋਗਿਕ ਗੰਦਗੀ ਅਤੇ ਘਰੇਲੂ ਗੰਦ ਪਾਣੀ ਨੂੰ ਸਿੱਧਾ ਦਰਿਆਵਾਂ ਵਿੱਚ ਛੱਡਣ ਨਾਲ ਪਾਣੀ ਪ੍ਰਦੂਸ਼ਿਤ ਹੋ ਰਿਹਾ ਹੈ, ਜਿਸ ਨਾਲ ਸਾਫ਼ ਪਾਣੀ ਦੀ ਉਪਲਬਧਤਾ ਹੋਰ ਘੱਟ ਰਹੀ ਹੈ।

ਜਲਵਾਯੂ ਪਰਿਵਰਤਨ ਵੀ ਇੱਕ ਵੱਡਾ ਕਾਰਕ ਹੈ ਜੋ ਪਾਣੀ ਦੀ ਕਮੀ ਨੂੰ ਵਧਾ ਰਿਹਾ ਹੈ। ਮੀਂਹ ਦੇ ਪੈਟਰਨ ਵਿੱਚ ਬਦਲਾਅ ਆ ਗਿਆ ਹੈ। ਕਈ ਵਾਰ ਮੀਂਹ ਬਹੁਤ ਘੱਟ ਪੈਂਦਾ ਹੈ ਅਤੇ ਕਈ ਵਾਰ ਬੇਹੱਦ ਵੱਧ ਪੈਂਦਾ ਹੈ, ਜਿਸ ਨਾਲ ਪਾਣੀ ਦੀ ਸੰਭਾਲ ਨਹੀਂ ਹੋ ਸਕਦੀ। ਇਸ ਕਾਰਨ ਭੂਗਰਭ ਪਾਣੀ ਦੀ ਭਰਪਾਈ ਠੀਕ ਤਰੀਕੇ ਨਾਲ ਨਹੀਂ ਹੋ ਰਹੀ।

ਪਾਣੀ ਦੀ ਕਮੀ ਦੇ ਪ੍ਰਭਾਵ ਪੰਜਾਬ ਦੇ ਹਰ ਖੇਤਰ ਵਿੱਚ ਦਿਖਾਈ ਦੇ ਰਹੇ ਹਨ। ਖੇਤੀਬਾੜੀ ਸਭ ਤੋਂ ਵੱਧ ਪ੍ਰਭਾਵਿਤ ਹੋ ਰਹੀ ਹੈ। ਜਿੱਥੇ ਪਾਣੀ ਦੀ ਘਾਟ ਹੈ, ਉੱਥੇ ਫਸਲਾਂ ਠੀਕ ਤਰ੍ਹਾਂ ਨਹੀਂ ਹੋ ਰਹੀਆਂ, ਜਿਸ ਨਾਲ ਕਿਸਾਨਾਂ ਦੀ ਆਮਦਨ ਘਟ ਰਹੀ ਹੈ ਅਤੇ ਉਹ ਕਰਜ਼ੇ ਦੇ ਬੋਝ ਹੇਠਾਂ ਆ ਰਹੇ ਹਨ। ਪੀਣ ਵਾਲੇ ਪਾਣੀ ਦੀ ਸਮੱਸਿਆ ਵੀ ਗੰਭੀਰ ਬਣਦੀ ਜਾ ਰਹੀ ਹੈ। ਕਈ ਪਿੰਡਾਂ ਵਿੱਚ ਲੋਕਾਂ ਨੂੰ ਦੂਰ-ਦੂਰ ਤੋਂ ਪਾਣੀ ਲਿਆਉਣਾ ਪੈਂਦਾ ਹੈ। ਕੁਝ ਥਾਵਾਂ 'ਤੇ ਪਾਣੀ ਵਿੱਚ ਨਾਈਟ੍ਰੇਟ, ਯੂਰੇਨੀਅਮ ਅਤੇ ਹੋਰ ਹਾਨੀਕਾਰਕ ਤੱਤ ਮਿਲ ਰਹੇ ਹਨ, ਜੋ ਸਿਹਤ ਲਈ ਖ਼ਤਰਨਾਕ ਹਨ।

ਇਸ ਤੋਂ ਇਲਾਵਾ, ਪਾਣੀ ਦੀ ਕਮੀ ਨਾਲ ਵਾਤਾਵਰਣ 'ਤੇ ਵੀ ਨਕਾਰਾਤਮਕ ਪ੍ਰਭਾਵ ਪੈਂਦਾ ਹੈ। ਦਰੱਖਤ ਸੁੱਕ ਰਹੇ ਹਨ, ਜ਼ਮੀਨ ਦੀ ਉਪਜਾਊ ਸ਼ਕਤੀ ਘਟ ਰਹੀ ਹੈ ਅਤੇ ਮਿੱਟੀ ਵਿੱਚ ਲੂਣਪਣ ਵਧ ਰਿਹਾ ਹੈ। ਜੇ ਇਹ ਹਾਲਾਤ ਜਾਰੀ ਰਹੇ ਤਾਂ ਭਵਿੱਖ ਵਿੱਚ ਪੰਜਾਬ ਦੀ ਖੇਤੀਬਾੜੀ ਅਤੇ ਆਰਥਿਕਤਾ ਦੋਵੇਂ ਖਤਰੇ ਵਿੱਚ ਪੈ ਸਕਦੇ ਹਨ।

ਇਸ ਸਮੱਸਿਆ ਦਾ ਹੱਲ ਲੱਭਣਾ ਬਹੁਤ ਜ਼ਰੂਰੀ ਹੈ। ਸਭ ਤੋਂ ਪਹਿਲਾਂ, ਸਾਨੂੰ ਪਾਣੀ ਦੀ ਬਚਤ ਬਾਰੇ ਜਾਗਰੂਕਤਾ ਫੈਲਾਉਣੀ ਚਾਹੀਦੀ ਹੈ। ਕਿਸਾਨਾਂ ਨੂੰ ਘੱਟ ਪਾਣੀ ਵਾਲੀਆਂ ਫਸਲਾਂ ਜਿਵੇਂ ਕਿ ਦਾਲਾਂ, ਮੱਕੀ ਅਤੇ ਬਾਜਰਾ ਵੱਲ ਪ੍ਰੇਰਿਤ ਕਰਨਾ ਚਾਹੀਦਾ ਹੈ। ਡ੍ਰਿਪ ਇਰੀਗੇਸ਼ਨ ਅਤੇ ਸਪ੍ਰਿੰਕਲਰ ਸਿਸਟਮ ਵਰਗੀਆਂ ਆਧੁਨਿਕ ਤਕਨੀਕਾਂ ਨੂੰ ਅਪਣਾਉਣਾ ਚਾਹੀਦਾ ਹੈ, ਜਿਸ ਨਾਲ ਪਾਣੀ ਦੀ ਬਚਤ ਹੋ ਸਕਦੀ ਹੈ। ਵਰਖਾ ਜਲ ਸੰਭਾਲ ਨੂੰ ਵਧਾਵਾ ਦੇਣਾ ਬਹੁਤ ਜ਼ਰੂਰੀ ਹੈ। ਘਰਾਂ, ਸਕੂਲਾਂ ਅਤੇ ਫੈਕਟਰੀਆਂ ਵਿੱਚ ਵਰਖਾ ਦਾ ਪਾਣੀ ਇਕੱਠਾ ਕਰਕੇ ਭੂਗਰਭ ਵਿੱਚ ਭੇਜਿਆ ਜਾ ਸਕਦਾ ਹੈ, ਜਿਸ ਨਾਲ ਪਾਣੀ ਦੀ ਸਤ੍ਹਾ ਵਧ ਸਕਦੀ ਹੈ। ਸਰਕਾਰ ਨੂੰ ਵੀ ਚਾਹੀਦਾ ਹੈ ਕਿ ਉਹ ਪਾਣੀ ਦੇ ਪ੍ਰਬੰਧਨ ਲਈ ਕੜੇ ਕਾਨੂੰਨ ਬਣਾਏ ਅਤੇ ਉਨ੍ਹਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਏ। ਸਮਾਜ ਦੇ ਹਰ ਵਰਗ ਨੂੰ ਇਸ ਮੁੱਦੇ 'ਤੇ ਇਕੱਠੇ ਹੋ ਕੇ ਕੰਮ ਕਰਨ ਦੀ ਲੋੜ ਹੈ। ਸਕੂਲਾਂ ਵਿੱਚ ਬੱਚਿਆਂ ਨੂੰ ਪਾਣੀ ਦੀ ਮਹੱਤਤਾ ਬਾਰੇ ਸਿੱਖਿਆ ਦੇਣੀ ਚਾਹੀਦੀ ਹੈ, ਤਾਂ ਜੋ ਉਹ ਭਵਿੱਖ ਵਿੱਚ ਇਸ ਸੰਸਾਧਨ ਦੀ ਸੰਭਾਲ ਕਰ ਸਕਣ। ਅੰਤ ਵਿੱਚ, ਅਸੀਂ ਕਹਿ ਸਕਦੇ ਹਾਂ ਕਿ ਪੰਜਾਬ ਵਰਗੀ ਪਾਣੀ ਵਾਲੀ ਧਰਤੀ ਦਾ ਪਾਣੀ ਲਈ ਤਿਹਾਏ ਹੋਣਾ ਇੱਕ ਗੰਭੀਰ ਚੇਤਾਵਨੀ ਹੈ। ਜੇ ਅਸੀਂ ਅੱਜ ਇਸ ਸਮੱਸਿਆ ਵੱਲ ਧਿਆਨ ਨਾ ਦਿੱਤਾ ਤਾਂ ਭਵਿੱਖ ਵਿੱਚ ਹਾਲਾਤ ਹੋਰ ਵੀ ਖਰਾਬ ਹੋ ਸਕਦੇ ਹਨ। ਇਸ ਲਈ ਇਹ ਸਾਡੀ ਸਾਂਝੀ ਜ਼ਿੰਮੇਵਾਰੀ ਹੈ ਕਿ ਅਸੀਂ ਪਾਣੀ ਦੀ ਕਦਰ ਕਰੀਏ ਅਤੇ ਇਸਦੀ ਸੰਭਾਲ ਲਈ ਯਤਨ ਕਰੀਏ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਇਹ ਅਨਮੋਲ ਧਰੋਹਰ ਬਚੀ ਰਹੇ।

SMFG Grihashakti
Nayi Asha. Naya Vishwas.

**ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.**

ਕਾਰਪੋਰੇਟ ਦਫਤਰ : 503 ਅਤੇ 504, 5ਵੀਂ ਮੰਜ਼ਿਲ, ਜੀ-ਬਲਾਕ, ਇਸਪਾਇਰ ਬੀਕੇਸੀ, ਬੀਕੇਸੀ ਮੁੱਖ ਸੜਕ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਪੂਰਬ), ਮੁੰਬਈ-400051,
ਰਜਿ. ਦਫਤਰ : ਕਾਮਰਜ਼ੋਨ ਆਈਟੀ ਪਾਰਕ, ਟਾਵਰ ਬੀ, ਪਹਿਲੀ ਮੰਜ਼ਿਲ, ਨੰ. 111, ਮਾਊਂਟ ਪੂਨਾਵਾਲਾ ਰੋਡ, ਪੋਰੂਰ, ਚੇਨੱਈ-600 116, ਟੀ.ਐਨ.

**ਅਚੱਲ ਸੰਪੱਤੀ ਦੇ ਲਈ ਕਬਜ਼ਾ ਸੂਚਨਾ [(ਅੰਤਿਕਾ IV) ਨਿਯਮ 8(1)]**

ਜਿਥੇ ਕਿ, ਨਿਮਨ ਹਸਤਾਖਰੀ ਨੇ **ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.** ਇੱਕ ਹਾਊਸਿੰਗ ਫਾਇਨਾਂਸ ਕੰਪਨੀ (ਨੈਸ਼ਨਲ ਹਾਊਸਿੰਗ ਬੈਂਕ (ਪੂਰੀ ਤਰ੍ਹਾਂ **ਆਰਬੀਆਈ** ਦੀ ਮਾਲਕੀ ਹੇਠ) ਨਾਲ ਪੂਰਨ ਪੰਜੀਕ੍ਰਿਤ) (ਇੱਥੇ ਬਾਅਦ ਵਿੱਚ **"ਐਸਐਮਐਚਐਫਸੀ"** ਵੱਜੋਂ ਸੰਦਰਭਿਤ) ਦੇ **ਅਧਿਕਾਰਤ ਅਧਿਕਾਰੀ** ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਿਆਜ ਅਤੇ ਦਰਸਾਈ ਸੂਚਨਾ ਵਿੱਚ ਦਰਸਾਈ ਰਕਮ ਨੂੰ ਅਦਾ ਕਰਨ ਦੇ ਲਈ ਕਰਜ਼ਦਾਰਾਂ (**ਨਾਮ ਨਿਮਨ ਦਰਸਾਏ**) ਨੂੰ ਸੱਦਾ ਦਿੰਦੇ ਹੋਏ ਦਰਸਾਏ ਕਾਨੂੰਨ ਦੀ ਧਾਰਾ 13 (2) ਦੇ ਅਧੀਨ ਨਿਮਨ ਦਰਸਾਈ ਮਿਤੀ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ। ਇੱਥੇ ਦਰਸਾਏ ਕਰਜ਼ਦਾਰ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਨਿਮਨ ਦਰਸਾਏ ਕਰਜ਼ਦਾਰਾਂ ਨੂੰ ਅਤੇ **ਆਮ ਕਰਕੇ ਜਨਤਾ** ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖਰੀ ਨੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (4) ਅਧੀਨ ਮੈਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ** ਲੈ ਲਿਆ ਹੈ। ਉਕਤ ਦਰਸਾਏ ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚਿਤਾਵਨੀ ਦਿੱਤੀ ਜਾਂਦੀ ਹੈ ਕਿ ਦਰਸਾਈ ਸੰਪੱਤੀ ਦੀ ਕੋਈ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਨਿਮਨ ਦਰਸਾਈ ਰਕਮ ਅਤੇ ਵਿਆਜ ਦੇ ਲਈ **"ਐਸਐਮਐਚਐਫਸੀ"** ਦੇ ਚਾਰਜ ਨਾਲ ਸਬੰਧਤ ਹੋਵੇਗੀ।

| ਲ ਨੰ. | ਕਰਜ਼ਦਾਰ(ਾ)/ਜ਼ਾਮਨ(ਾ) ਦਾ ਨਾਮ ਕਰਜ਼ ਖਾਤਾ ਨੰਬਰ | ਸੁਰੱਖਿਅਤ ਅਸਾਸਿਆਂ (ਅਚੱਲ ਸੰਪੱਤੀ) ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ ਅਤੇ ਰਕਮ | ਕਬਜ਼ੇ ਦੀ ਮਿਤੀ |
|---|---|---|---|---|
| 1. | Lan :- 610239211813691<br>1. ਕਿਰਨ ਦੇਵੀ<br>2. ਮਹਾਂਵੀਰ ਪੁੱਤਰ ਗੁਲਾਬ ਜੀ | ਪ੍ਰਾਪਰਟੀ ਅਧੀਨ ਮਕਾਨ ਨੰਬਰ 49/5, ਮਾਪ 38-2/9 ਵਰਗ ਗਜ਼, ਮੋਰਾ ਵਾਲੀ ਗਲੀ, ਪਟਿਆਲਾ ਵਿਖੇ ਸਥਿਤ, ਵਿਕਰੀ ਡੀਡ ਬੇਅਰਿੰਗ ਵਸੀਕਾ ਨੰਬਰ 2024-25/11/1/10852 ਮਿਤੀ 6-9-2024 ਅਨੁਸਾਰ ਕਿਰਨ ਦੇਵੀ ਪੁੱਤਰੀ ਮਹਾਵੀਰ ਦੇ ਨਾਮ 'ਤੇ ਦਰਜ ਹੈ। ਇਸ ਤਰ੍ਹਾਂ ਹੱਦਬੰਦੀ:- ਪੂਰਬ: ਗਲੀ, ਪੱਛਮ: ਗਲੀ, ਉੱਤਰ: ਗੋਲਡੀ ਦਾ ਮਕਾਨ, ਦੱਖਣ: ਅਮਰਜੀਤ ਸਿੰਘ ਦਾ ਮਕਾਨ। | 15.12.2025<br>Rs. 18,70,192.94/-<br>(ਰੁ. ਅਠਾਰਾਂ ਲੱਖ ਸੱਤਰ ਹਜ਼ਾਰ ਇਕ ਸੌ ਬਾਹਨਵੇਂ ਅਤੇ ਚੁਰਾਨਵੇਂ ਕੇਵਲ ਕੇਵਲ) 09.12.2025 ਅਨੁਸਾਰ | 27.03.2026 |
| 2. | Lan :- 610238011822605<br>1. ਹਰਮਨਪ੍ਰੀਤ ਸਿੰਘ<br>2. ਸਿਮਰਨ ਕੌਰ | ਪ੍ਰਾਪਰਟੀ ਅਧੀਨ ਮਕਾਨ ਨੰਬਰ 917/2, ਮਾਪ 77-5/18 ਵਰਗ ਗਜ਼, ਭੀਡੀਆਂ ਵਾਲੀ ਗਲੀ, ਪਟਿਆਲਾ ਵਿਖੇ ਸਥਿਤ, ਵਿਕਰੀ ਡੀਡ ਬੇਅਰਿੰਗ ਵਸੀਕਾ ਨੰਬਰ 2024-25/11/1/10678 ਮਿਤੀ 4-9-2024 ਅਨੁਸਾਰ ਸਿਮਰਨ ਕੌਰ ਪਤਨੀ ਗੁਰਮੀਤ ਸਿੰਘ ਦੇ ਨਾਮ 'ਤੇ ਦਰਜ ਹੈ। ਹੇਠ ਲਿਖੇ ਅਨੁਸਾਰ ਹੱਦਬੰਦੀ:- ਪੂਰਬ: ਗਲੀ, ਪੱਛਮ: ਵੇਦ ਪ੍ਰਕਾਸ਼ ਦਾ ਮਕਾਨ, ਉੱਤਰ: ਨਿਰਮਾਣ ਅਧੀਨ ਮਕਾਨ, ਦੱਖਣ: ਚੰਦੂ ਲਾਲ ਦਾ ਮਕਾਨ। | 15.12.2025<br>Rs. 29,61,517.37/-<br>(ਰੁ. ਉਣੱਤੀ ਲੱਖ ਇਕਾਹਠ ਹਜ਼ਾਰ ਪੰਜ ਸੌ ਸਤਾਰਾਂ ਅਤੇ ਸੈਂਤੀ ਪੈਸੇ ਕੇਵਲ) 09.12.2025 ਅਨੁਸਾਰ | 27.03.2026 |
| 3. | Lan :- 610139511636734<br>1. ਸਿਕੰਦਰ ਸਿੰਘ ਪੁੱਤਰ ਭਾਗ ਸਿੰਘ<br>2. ਬਲਜਿੰਦਰ ਕੌਰ ਪਤਨੀ ਸਿਕੰਦਰ ਸਿੰਘ | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜਿਸਦੀ ਮਾਤਰਾ 1 ਕਨਾਲ 7 ਮਰਲੇ ਹੈ, ਖਾਤਾ ਨੰਬਰ 33/34, ਖਸਰਾ ਨੰਬਰ 1//18/2, 22, 23, 7//2, 3/1, ਰਕਬਾ 17 ਕਨਾਲ 6 ਮਰਲੇ ਵਿਚੋਂ 27/346 ਹਿਸਾ, ਸਾਲ 2018-19 ਲਈ ਜਮ੍ਹਾਂਬੰਦੀ, ਹੱਦਬਸਤ ਨੰਬਰ 20, ਗੁੱਜਰਵਾਲ ਬੇਟ, ਤਹਿਸੀਲ-ਕੂਮਕਲਾਂ, ਜ਼ਿਲ੍ਹਾ-ਲੁਧਿਆਣਾ ਵਿਖੇ ਸਥਿਤ ਹੈ, ਟ੍ਰਾਂਸਫਰ ਡੀਡ ਬੇਅਰਿੰਗ ਵਸੀਕਾ ਨੰਬਰ 2023-24/100/1/507 ਮਿਤੀ 6-9-2023 ਅਨੁਸਾਰ ਬਲਜਿੰਦਰ ਕੌਰ ਉਰਫ਼ ਸੁਖਪ੍ਰੀਤ ਕੌਰ ਪਤਨੀ ਸਿਕੰਦਰ ਸਿੰਘ ਦੇ ਨਾਮ 'ਤੇ ਦਰਜ ਹੈ। ਇਸ ਤਰ੍ਹਾਂ ਹੱਦਬੰਦੀ:- ਪੂਰਬ: ਗਲੀ, ਪੱਛਮ: ਮਨਜੀਤ ਸਿੰਘ, ਉੱਤਰ: ਸਕੂਲ, ਦੱਖਣ: ਮਾਲਕ ਖ਼ੁਦ। | 15.12.2025<br>Rs. 13,07,695/-<br>(ਰੁ. ਤੇਰਾਂ ਲੱਖ ਸੱਤ ਹਜ਼ਾਰ ਛੇ ਸੌ ਪਚਾਨਵੇਂ ਕੇਵਲ) 09.12.2025 ਅਨੁਸਾਰ | 28.03.2026 |

ਸਥਾਨ: ਪਟਿਆਲਾ/ਲੁਧਿਆਣਾ, ਪੰਜਾਬ
ਮਿਤੀ : 27.03.2026/28.03.2026

ਸਹੀ/-
ਅਧਿਕਾਰਤ ਅਧਿਕਾਰੀ, ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.

# ਸੰਯੁਕਤ ਰਾਸ਼ਟਰ 'ਚ ਉਠਿਆ ਅਰਾਘਚੀ-ਗਲੀਬਾਫ ਦੀ ਹੱਤਿਆ ਦੀ ਸਾਜਿਸ਼ ਦਾ ਮੁੱਦਾ

ਨਿਊਯਾਰਕ, 28 ਮਾਰਚ (ਚ.ਨ.ਸ): ਈਰਾਨ ਨੇ ਸੰਯੁਕਤ ਰਾਸ਼ਟਰ ਨੂੰ ਰਸਮੀ ਪੱਤਰ ਭੇਜ ਕੇ ਉਨ੍ਹਾਂ ਮੀਡੀਆ ਰਿਪੋਰਟਾਂ 'ਤੇ ਗੰਭੀਰ ਇਤਰਾਜ਼ ਪ੍ਰਗਟਾਇਆ ਹੈ, ਜਿਨ੍ਹਾਂ 'ਚ ਅਮਰੀਕਾ ਤੇ ਇਜ਼ਰਾਈਲ ਵੱਲੋਂ ਈਰਾਨ ਦੇ ਸਿਖਰਲੇ ਨੇਤਾਵਾਂ ਦੀ ਹੱਤਿਆ ਦੀ ਯੋਜਨਾ ਬਣਾਏ ਜਾਣ ਦਾ ਦਾਅਵਾ ਕੀਤਾ ਗਿਆ ਹੈ। ਈਰਾਨ ਨੇ ਕਿਹਾ ਕਿ ਸੰਸਦ ਸਪੀਕਰ ਮੁਹੰਮਦ ਬਾਕਿਰ ਗਲੀਬਾਫ ਤੇ ਵਿਦੇਸ਼ ਮੰਤਰੀ ਸਈਅਦ ਅੱਬਾਸ ਅਰਾਂਘਚੀ ਨੂੰ ਸੰਭਾਵੀ ਨਿਸ਼ਾਨੇ ਦੇ ਤੌਰ 'ਤੇ ਚੁਣਿਆ ਗਿਆ ਹੈ। ਸੰਯੁਕਤ ਰਾਸ਼ਟਰ 'ਚ ਈਰਾਨ ਦੇ ਸਥਾਈ ਪ੍ਰਤੀਨਿਧੀ ਅਮੀਰ ਸਈਦ ਇਰਾਵਾਨੀ ਨੇ ਜਨਰਲ ਸਕੱਤਰ ਐਂਟੋਨੀਓ ਗੁਤਰਸ ਤੇ ਸੁਰੱਖਿਆ ਕੌਂਸਲ ਦੇ ਚੇਅਰਮੈਨ ਨੂੰ ਭੇਜੇ ਪੱਤਰ 'ਚ ਕਿਹਾ ਕਿ ਮੀਡੀਆ ਰਿਪੋਰਟਾਂ ਦੱਸਦੀਆਂ ਹਨ ਕਿ ਅਮਰੀਕਾ ਤੇ ਇਜ਼ਰਾਈਲ ਨੇ ਈਰਾਨ ਦੇ ਸੀਨੀਅਰ ਅਧਿਕਾਰੀਆਂ ਨੂੰ ਹੱਤਿਆ ਦੇ ਟੀਚੇ ਦੇ ਤੌਰ 'ਤੇ ਸੂਚੀਬੱਧ ਕੀਤਾ ਹੈ। ਉਨ੍ਹਾਂ ਕਿਹਾ ਕਿ ਜੇ ਅਜਿਹੀ ਯੋਜਨਾ ਅਸਥਾਈ ਤੌਰ 'ਤੇ ਰੋਕੀ ਵੀ ਗਈ ਹੈ ਤਾਂ ਇਸਦਾ ਮਤਲਬ ਇਹ ਨਹੀਂ ਕਿ ਖ਼ਤਰਾ ਖ਼ਤਮ ਹੋ ਗਿਆ ਹੈ। ਇਰਾਵਾਨੀ ਨੇ ਪੱਤਰ 'ਚ ਲਿਖਿਆ ਕਿ ਇਹ ਢਾਂਚਾ ਈਰਾਨ ਦੇ ਸਰਬਉੱਚ ਸਿਆਸੀ ਅਗਵਾਈ ਨੂੰ ਨਿਸ਼ਾਨਾ ਬਣਾਉਣ ਦੀ ਨੀਤੀ ਵੱਲ ਇਸ਼ਾਰਾ ਕਰਦਾ ਹੈ। ਉਨ੍ਹਾਂ ਅਨੁਸਾਰ ਕਿਸੇ ਖ਼ੁਦਮੁਖ਼ਤਾਰ ਸੰਯੁਕਤ ਰਾਸ਼ਟਰ ਮੈਂਬਰ ਦੇਸ਼ ਦੇ ਸੀਨੀਅਰ ਅਹੁਦੇਦਾਰਾਂ ਦੀ ਹੱਤਿਆ ਦੀ ਯੋਜਨਾ ਅੰਤਰਰਾਸ਼ਟਰੀ ਕਾਨੂੰਨ, ਸੰਯੁਕਤ ਰਾਸ਼ਟਰ ਚਾਰਟਰ ਤੇ ਮਨੁੱਖੀ ਅਧਿਕਾਰ ਸਿਧਾਂਤਾਂ ਦੀ ਖੁੱਲ੍ਹੀ ਉਲੰਘਣਾ ਹੈ। ਈਰਾਨ ਨੇ ਇਸ ਨੂੰ ਦੇਸ਼ ਪ੍ਰਾਯੋਜਿਤ ਅੱਤਵਾਦ ਦੱਸਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀ ਨੀਤੀ ਅੰਤਰਰਾਸ਼ਟਰੀ ਸ਼ਾਂਤੀ ਤੇ ਕੂਟਨੀਤਕ ਸਬੰਧਾਂ ਲਈ ਗੰਭੀਰ ਖ਼ਤਰਾ ਪੈਦਾ ਕਰਦੀ ਹੈ। ਤਹਿਰਾਨ ਨੇ ਸਪੱਸ਼ਟ ਕੀਤਾ ਕਿ ਉਚ ਸਰਕਾਰੀ ਅਧਿਕਾਰੀਆਂ ਦੀ ਹੱਤਿਆ ਨੂੰ ਆਮ ਰਣਨੀਤੀ ਦੇ ਤੌਰ 'ਤੇ ਸਵੀਕਾਰ ਨਹੀਂ ਕੀਤਾ ਜਾ ਸਕਦਾ।

# ਅਮਰੀਕੀ ਫੌਜੀਆਂ ਨੂੰ ਪਨਾਹ ਦੇਣ ਵਾਲੇ ਹੋਟਲ ਹੋਣਗੇ ਸਾਡਾ ਨਿਸ਼ਾਨਾ: ਈਰਾਨ

ਤੇਹਰਾਨ, 28 ਮਾਰਚ (ਚ.ਨ.ਸ): ਈਰਾਨ ਦੀ ਫੌਜ ਨੇ ਖੇਤਰ ਵਿੱਚ ਤਾਇਨਾਤ ਅਮਰੀਕੀ ਸੈਨਿਕਾਂ ਤੇ ਉਨ੍ਹਾਂ ਨੂੰ ਰਿਹਾਇਸ਼ ਦੇਣ ਵਾਲੇ ਅਦਾਰਿਆਂ ਨੂੰ ਸਖ਼ਤ ਚੇਤਾਵਨੀ ਜਾਰੀ ਕੀਤੀ ਹੈ। ਈਰਾਨੀ ਫੌਜ ਦੇ ਬੁਲਾਰੇ ਅਬੁਲਫਜ਼ਲ ਸ਼ੇਕਰਚੀ ਨੇ ਸਰਕਾਰੀ ਟੈਲੀਵਿਜ਼ਨ 'ਤੇ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੱਧ ਪੂਰਬ (ਮਿਡਲ ਈਸਟ) ਦੇ ਜਿਹੜੇ ਵੀ ਹੋਟਲਾਂ ਵਿੱਚ ਅਮਰੀਕੀ ਫੌਜੀ ਰੁਕੇ ਹੋਏ ਹਨ, ਉਨ੍ਹਾਂ ਨੂੰ ਹੁਣ ਈਰਾਨੀ ਹਮਲਿਆਂ ਦਾ ਨਿਸ਼ਾਨਾ ਬਣਾਇਆ ਜਾਵੇਗਾ। ਈਰਾਨ ਦਾ ਕਹਿਣਾ ਹੈ ਕਿ ਜਦੋਂ ਅਮਰੀਕੀ ਫੌਜੀ ਕਿਸੇ ਨਾਗਰਿਕ ਹੋਟਲ ਵਿੱਚ ਦਾਖਲ ਹੁੰਦੇ ਹਨ ਤਾਂ ਉਹ ਸਥਾਨ ਸਾਡੀ ਨਜ਼ਰ ਵਿੱਚ ਇੱਕ ਅਮਰੀਕੀ ਫੌਜੀ ਟਿਕਾਣਾ ਬਣ ਜਾਂਦਾ ਹੈ। ਇਸ ਗੰਭੀਰ ਚੇਤਾਵਨੀ ਦੇ ਪਿੱਛੇ ਈਰਾਨ ਨੇ ਤਰਕ ਦਿੱਤਾ ਹੈ ਕਿ ਜੇਕਰ ਅਮਰੀਕਾ ਉਨ੍ਹਾਂ 'ਤੇ ਹਮਲੇ ਕਰਦਾ ਹੈ ਤਾਂ ਉਨ੍ਹਾਂ ਨੂੰ ਜਵਾਬੀ ਕਾਰਵਾਈ ਕਰਨ ਦਾ ਪੂਰਾ ਹੱਕ ਹੈ ਤੇ ਉਹ ਉਥੇ ਹੀ ਹਮਲਾ ਕਰਨਗੇ ਜਿੱਥੇ ਅਮਰੀਕੀ ਫੌਜੀ ਮੌਜੂਦ ਹੋਣਗੇ। ਜ਼ਿਕਰਯੋਗ ਹੈ ਕਿ 28 ਫਰਵਰੀ ਨੂੰ ਜੰਗ ਸ਼ੁਰੂ ਹੋਣ ਤੋਂ ਬਾਅਦ ਜਦੋਂ ਈਰਾਨ ਨੇ ਖੇਤਰ ਵਿੱਚ ਸਥਿਤ ਅਮਰੀਕੀ ਫੌਜੀ ਅੱਡਿਆਂ 'ਤੇ ਬੰਬਾਰੀ ਕੀਤੀ ਸੀ ਤਾਂ ਉਸ ਤੋਂ ਬਾਅਦ ਵੱਡੀ ਗਿਣਤੀ ਵਿੱਚ ਅਮਰੀਕੀ ਸੈਨਿਕਾਂ ਨੇ ਆਪਣੀ ਸੁਰੱਖਿਆ ਲਈ ਹੋਟਲਾਂ ਤੇ ਦਫਤਰਾਂ ਵਿੱਚ ਪਨਾਹ ਲੈ ਲਈ ਸੀ।ਨਿਊਯਾਰਕ ਟਾਈਮਜ਼ ਦੀ ਇੱਕ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਦੱਸਿਆ ਗਿਆ ਹੈ ਕਿ ਜੰਗ ਦੀ ਸ਼ੁਰੂਆਤ ਵੇਲੇ ਇਸ ਖੇਤਰ ਵਿੱਚ ਲਗਭਗ 40,000 ਅਮਰੀਕੀ ਸੈਨਿਕ ਮੌਜੂਦ ਸਨ। ਈਰਾਨੀ ਹਮਲਿਆਂ ਕਾਰਨ ਅਮਰੀਕੀ ਸੈਂਟਰਲ ਕਮਾਂਡ ਨੇ ਆਪਣੇ ਹਜ਼ਾਰਾਂ ਫੌਜੀਆਂ ਨੂੰ ਵੱਖ-ਵੱਖ ਥਾਵਾਂ 'ਤੇ ਖਿੰਡਾ ਦਿੱਤਾ ਹੈ, ਜਿਨ੍ਹਾਂ ਵਿੱਚੋਂ ਕਈਆਂ ਨੂੰ ਯੂਰਪ ਭੇਜ ਦਿੱਤਾ ਗਿਆ ਹੈ ਪਰ ਵੱਡੀ ਗਿਣਤੀ ਅਜੇ ਵੀ ਮੱਧ ਪੂਰਬ ਦੇ ਹੋਟਲਾਂ ਵਿੱਚ ਰਹਿ ਰਹੀ ਹੈ। ਈਰਾਨੀ ਅਧਿਕਾਰੀਆਂ ਨੇ ਅਮਰੀਕਾ 'ਤੇ ਦੋਸ਼ ਲਗਾਇਆ ਹੈ ਕਿ ਉਹ ਆਪਣੇ ਫੌਜੀਆਂ ਨੂੰ ਹੋਟਲਾਂ ਵਿੱਚ ਰੱਖ ਕੇ ਆਮ ਨਾਗਰਿਕਾਂ ਨੂੰ ਮਨੁੱਖੀ ਢਾਲ ਵਜੋਂ ਵਰਤ ਰਿਹਾ ਹੈ। ਈਰਾਨ ਦੀ ਫਾਰਸ ਨਿਊਜ਼ ਏਜੰਸੀ ਅਨੁਸਾਰ ਈਰਾਨ ਨੇ ਖੇਤਰ ਦੇ ਕਈ ਦੇਸ਼ਾਂ ਖਾਸ ਕਰਕੇ ਸੰਯੁਕਤ ਅਰਬ ਅਮੀਰਾਤ ਤੇ ਬਹਿਰੀਨ ਦੇ ਹੋਟਲਾਂ ਨੂੰ ਸਿੱਧੇ ਤੌਰ 'ਤੇ ਚੇਤਾਵਨੀ ਭੇਜੀ ਹੈ ਕਿ ਉਹ ਅਮਰੀਕੀ ਫੌਜੀਆਂ ਨੂੰ ਬੁਕਿੰਗ ਦੇਣੀ ਬੰਦ ਕਰਨ।ਇਸ ਤੋਂ ਇਲਾਵਾ ਸੀਰੀਆ, ਲੇਬਨਾਨ ਤੇ ਜੀਬੂਤੀ ਵਿੱਚ ਵੀ ਅਜਿਹੇ ਟਿਕਾਣਿਆਂ ਦੀ ਪਛਾਣ ਕੀਤੀ ਗਈ ਹੈ। ਦੂਜੇ ਪਾਸੇ, ਖਾੜੀ ਦੇਸ਼ਾਂ ਨੇ ਇਨ੍ਹਾਂ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਹੈ ਕਿ ਉਹ ਆਪਣੀ ਧਰਤੀ ਜਾਂ ਹਵਾਈ ਖੇਤਰ ਦੀ ਵਰਤੋਂ ਈਰਾਨ 'ਤੇ ਹਮਲੇ ਲਈ ਨਹੀਂ ਹੋਣ ਦੇਣਗੇ।ਇਸ ਤਾਜ਼ਾ ਚੇਤਾਵਨੀ ਨੇ ਪੂਰੇ ਖੇਤਰ ਵਿੱਚ ਤਣਾਅ ਨੂੰ ਹੋਰ ਵਧਾ ਦਿੱਤਾ ਹੈ।



# ਈਰਾਨ ਉਤੇ ਹਮਲੇ ਵਧਣਗੇ ਤੇ ਫੈਲਣਗੇ: ਇਜ਼ਰਾਈਲ

## ☛ਅਮਰੀਕਾ ਨੇ ਸ਼ਾਂਤੀਵਾਰਤਾ ਅੱਗੇ ਵਧਣ ਦਾ ਦਾਅਵਾ ਕੀਤਾ

ਦੁਬਈ, 28 ਮਾਰਚ (ਚ.ਨ.ਸ): ਪੱਛਮੀ ਏਸ਼ੀਆ ਵਿੱਚ ਜੰਗ ਦੇ ਮਾਹੌਲ ਦੌਰਾਨ ਇਜ਼ਰਾਈਲ ਨੇ ਈਰਾਨ ਉਤੇ ਹਮਲੇ 'ਵਧਾਉਣ ਤੇ ਫੈਲਾਉਣ' ਦੀ ਚੇਤਾਵਨੀ ਦਿੱਤੀ ਹੈ। ਦੂਜੇ ਪਾਸੇ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦਾਅਵਾ ਕੀਤਾ ਹੈ ਕਿ ਜੰਗ ਖ਼ਤਮ ਕਰਨ ਲਈ ਗੱਲਬਾਤ ਬਹੁਤ ਚੰਗੀ ਤਰ੍ਹਾਂ ਚੱਲ ਰਹੀ ਹੈ। ਪਰ ਈਰਾਨ ਨੇ ਅਮਰੀਕੀ 15-ਬਿੰਦੂ ਸ਼ਾਂਤੀਵਾਰਤਾ ਪ੍ਰਸਤਾਵ ਨੂੰ ਸਖ਼ਤੀ ਨਾਲ ਰੱਦ ਕਰ ਦਿੱਤਾ ਹੈ। ਇਜ਼ਰਾਇਲੀ ਰੱਖਿਆ ਮੰਤਰੀ ਇਜ਼ਰਾਇਲ ਕੈਟੇਜ਼ ਨੇ ਕਿਹਾ ਕਿ ਈਰਾਨ ਇਸ ਜੰਗੀ ਅਪਰਾਧ ਲਈ ਭਾਰੀ ਕੀਮਤ ਚੁਕਾਵੇਗਾ। ਹਮਲੇ ਹੋਰ ਖੇਤਰਾਂ ਵਿੱਚ ਵੀ ਵਧਾਏ ਜਾਣਗੇ। ਇਜ਼ਰਾਈਲੀ ਫੌਜ ਨੇ ਦੱਸਿਆ ਕਿ ਉਸ ਨੇ ਤੇਹਰਾਨ ਦੇ ਕੇਂਦਰ ਵਿੱਚ ਉਨ੍ਹਾਂ ਥਾਵਾਂ ਉਤੇ ਹਮਲੇ ਕੀਤੇ ਜਿੱਥੇ ਬੈਲਿਸਟਿਕ ਮਿਜ਼ਾਈਲਾਂ ਤੇ ਹੋਰ ਹਥਿਆਰ ਬਣਾਏ ਜਾਂਦੇ ਹਨ। ਇਸ ਦੇ ਨਾਲ ਹੀ ਲੈਬਨਾਨ ਦੀ ਰਾਜਧਾਨੀ ਬੇਰੂਤ ਵਿੱਚ ਵੀ ਹਮਲੇ ਹੋਏ, ਜਿੱਥੇ ਦੋ ਲੋਕਾਂ ਦੀ ਮੌਤ ਹੋ ਗਈ। ਈਰਾਨ ਨੇ ਵੀ ਆਪਣੇ ਹਮਲੇ ਤੇਜ਼ ਕਰ ਦਿੱਤੇ ਹਨ।



ਸਾਊਦੀ ਅਰਬ ਨੇ ਦੱਸਿਆ ਕਿ ਉਸ ਨੇ ਰਿਆਦ ਉਤੇ ਆਏ ਮਿਜ਼ਾਈਲ ਤੇ ਡਰੋਨ ਡਾਊਨ ਕੀਤੇ। ਕੁਵੈਤ ਨੇ ਕਿਹਾ ਕਿ ਉਸ ਦੇ ਬੰਦਰਗਾਹਾਂ ਨੂੰ ਭਾਰੀ ਨੁਕਸਾਨ ਹੋਇਆ ਹੈ। ਜੰਗ ਦੇ ਆਰਥਿਕ ਪ੍ਰਭਾਵ ਵੀ ਗੰਭੀਰ ਹਨ। ਤੇਲ ਦੀ ਕੀਮਤ ਇੱਕ ਵਾਰੀ ਘਟਣ ਤੋਂ ਬਾਅਦ ਮੁੜ 107 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਈ ਹੈ, ਜੋ ਕਿ ਹਮਲੇ ਸ਼ੁਰੂ ਹੋਣ ਫ਼ਰਵਰੀ ਤੋਂ 45 ਫੀਸਦੀ ਵੱਧ ਹੈ। ਅਮਰੀਕੀ ਸਟਾਕ ਮਾਰਕੀਟ ਪੰਜਵੇਂ ਹਫ਼ਤੇ ਵੀ ਡਿੱਗ ਗਈ ਹੈ। ਟਰੰਪ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਈਰਾਨ 6 ਅਪ੍ਰੈਲ ਤੱਕ ਹੋਰਮੁਜ਼ ਦੀ ਖਾੜੀ ਨੂੰ ਖੋਲ੍ਹਦਾ ਨਹੀਂ ਤਾਂ ਉਹ ਈਰਾਨ ਦੇ ਊਰਜਾ ਪਲਾਂਟ ਤਬਾਹ ਕਰਨ ਦਾ ਹੁਕਮ ਦੇਵੇਗਾ। ਟਰੰਪ ਦੀ ਇਹ ਮੋਹਲਤ ਉਨ੍ਹਾਂ ਵੱਲੋਂ ਪਹਿਲਾਂ ਦਿੱਤੀ ਪੰਜ ਦਿਨਾਂ ਦੀ ਮੋਹਲਤ ਖ਼ਤਮ ਹੋਣ ਤੋਂ ਬਾਅਦ ਆਈ ਹੈ। ਪਰ ਈਰਾਨ ਦਾ ਦਾਅਵਾ ਹੈ ਕਿ ਉਹ ਕਿਸੇ ਵੀ ਗੱਲਬਾਤ ਵਿੱਚ ਸ਼ਾਮਲ ਨਹੀਂ।ਸੰਯੁਕਤ ਰਾਸ਼ਟਰ ਅਧਿਕਾਰੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੰਗ ਕਾਰਨ ਈਰਾਨ ਵਿੱਚ 82,000 ਇਮਾਰਤਾਂ, ਹਸਪਤਾਲ ਤੇ ਘਰ ਤਬਾਹ ਹੋ ਚੁੱਕੇ ਹਨ। ਜਦਕਿ ਰੈਡ ਕਰਾਸ ਦਾ ਕਹਿਣਾ ਹੈ ਕਿ ਈਰਾਨ 'ਚ ਹੁਣ ਤੱਕ ਜੰਗ ਕਾਰਨ 1900 ਤੋਂ ਵੱਧ ਲੋਕਾਂ ਦੀ ਮੌਤ ਹੋ ਚੁੱਕੀ ਹੈ।ਨਾਰਵੇਜੀਅਨ ਰਿਫਿਊਜੀ ਕੌਂਸਲ ਦੇ ਸਕੱਤਰ ਜਨਰਲ ਜਾਨ ਏਗਲੈਂਡ ਨੇ ਕਿਹਾ ਕਿ ਨਾਗਰਿਕ ਸੱਭ ਤੋਂ ਵੱਧ ਕੀਮਤ ਚੁੱਕਾ ਰਹੇ ਹਨ। ਇਹ ਜੰਗ ਖ਼ਤਮ ਹੋਣੀ ਚਾਹੀਦੀ ਹੈ।'

# ਐਡ. ਧਾਲੀਵਾਲ ਨੇ 'ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ' ਮੁਹਿੰਮ ਤਹਿਤ ਮੀਟਿੰਗਾਂ ਨੂੰ ਸੰਬੋਧਨ ਕੀਤਾ



ਅਜਨਾਲਾ, 28 ਮਾਰਚ (ਸੁਖਦੇਵ ਸਿੰਘ ਖ਼ਾਲਸਾ): ਵਿਧਾਨ ਸਭਾ ਹਲਕਾ ਅਜਨਾਲਾ 'ਚ ਸ਼ੁਰੂ ਕੀਤੀ 'ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ' 10 ਰੋਜ਼ਾ ਪ੍ਰਚਾਰ ਪ੍ਰਸਾਰ ਮੁਹਿੰਮ ਦੌਰਾਨ ਪਿੰਡ ਚੇਤਨਪੁਰਾ, ਸੰਤੂ ਨੰਗਲ, ਨਵਾਂ ਪਿੰਡ, ਬੱਲ ਬਾਵਾਂ, ਗੋਲਡਨ ਕਲੋਨੀ ਵਿਖੇ ਪ੍ਰਭਾਵਸ਼ਾਲੀ ਪੇਂਡੂ ਜਨਤਕ ਮੀਟਿੰਗ ਨੂੰ ਐਡਵੋਕੇਟ ਅਮਨਦੀਪ ਧਾਲੀਵਾਲ ਨੇ ਸੰਬੋਧਨ ਕੀਤਾ। ਇਨ੍ਹਾਂ ਪੇਂਡੂ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਅਮਨਦੀਪ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਪੰਜਾਬ ਵਾਸੀਆਂ ਨੂੰ ਬੇਮਿਸਾਲ, ਪਾਰਦਰਸ਼ੀ ਸ਼ਾਸਨ ਦੇ ਕੇ ਰੰਗਲੇ ਪੰਜਾਬ ਦੀ ਨੀਂਹ ਹੀ ਨਹੀਂ ਮਜ਼ਬੂਤ ਕੀਤੀ ਤੇ ਰਾਜ ਦੇ ਹਰ ਲੋੜਵੰਦ ਨਾਗਰਿਕ ਨੂੰ ਇੱਕ ਹਜ਼ਾਰ ਦੇ ਕਰੀਬ ਆਮ ਆਦਮੀ ਕਲੀਨਿਕ, ਨਵੇਂ ਮੈਡੀਕਲ ਕਾਲਜ ਤੇ ਹਸਪਤਾਲਾਂ ਵਿੱਚ ਮੁਫਤ ਡਾਇਲਿਸਿਸ ਤੋਂ ਲੈ ਕੇ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਵਿਵਸਥਾ ਕਰਦਿਆਂ ਸਿਹਤ ਕ੍ਰਾਂਤੀ ਨੂੰ ਦੇਸ਼ 'ਚ ਅੱਵਲ ਸਥਾਨ ਦਿਵਾਇਆ। ਐਡ. ਅਮਨਦੀਪ ਧਾਲੀਵਾਲ ਨੇ ਸੂਬੇ ਵਿੱਚ ਹਰ ਰੋਜ਼ ਸੜਕੀ ਦੁਰਘਟਨਾਵਾਂ 'ਚ ਹੋ ਰਹੀਆਂ ਮੌਤਾਂ ਦੇ ਅੰਕੜੇ ਘੱਟ ਕਰਵਾਉਣ ਲਈ ਮਾਨ ਸਰਕਾਰ ਵੱਲੋਂ ਚੁੱਕੇ ਗਏ ਕਦਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸੜਕ ਸੁਰੱਖਿਆ ਫੋਰਸ ਦੀ ਸਥਾਪਨਾ ਕਰਕੇ ਸੜਕ ਹਾਦਸਿਆਂ 'ਚ ਪੀੜਤ ਲੋਕਾਂ ਨੂੰ ਮੌਕੇ 'ਤੇ ਹੀ ਮੁੱਢਲੀ ਸਿਹਤ ਸਹਾਇਤਾ ਮੁਹੱਈਆ ਕਰਵਾਉਂਦਿਆਂ ਇਤਿਹਾਸਕ ਪ੍ਰਾਪਤੀ ਕੀਤੀ, ਜਿਸ ਦਾ ਸ਼ਲਾਘਾਯੋਗ ਜ਼ਿਕਰ ਰਾਜ ਸਭਾ ਇਜਲਾਸ 'ਚ ਕੇਂਦਰੀ ਸੜਕ ਮੰਤਰੀ ਨਿਤਨ ਗਡਕਰੀ ਨੇ ਕਰਦਿਆਂ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀ ਗਈ ਸੜਕ ਸੁਰੱਖਿਆ ਫੋਰਸ ਯੋਜਨਾ ਨਾਲ ਪੰਜਾਬ 'ਚ ਪਹਿਲਾਂ ਹੁੰਦੀਆਂ ਸੜਕੀ ਦੁਰਘਟਨਾਵਾਂ ਦੀ ਮੌਤ ਦਰ 'ਚ 48 ਫੀਸਦੀ ਕਮੀ ਆਈ ਹੈ, ਜਿਸਦੀ ਪ੍ਰਸ਼ੰਸਾ ਕਰਨੀ ਬਣਦੀ ਹੈ।ਇਸ ਮੌਕੇ ਬਲਦੇਵ ਸਿੰਘ ਬੱਬੂ ਚੇਅਰਮੈਨ ਮਾਰਕੀਟ ਕਮੇਟੀ ਅਜਨਾਲਾ, ਜਸਬੀਰ ਸਿੰਘ ਸਰਪੰਚ ਚੇਤਨਪੁਰਾ, ਸੁਖਮੀਤ ਸਿੰਘ ਬਲਾਕ ਸੰਮਤੀ ਮੈਂਬਰ, ਦਲਜੀਤ ਸਿੰਘ ਸਾਬਕਾ ਸਰਪੰਚ, ਜਸਬੀਰ ਸਿੰਘ ਸਰਪੰਚ ਸੰਤੂ ਨੰਗਲ, ਪਲਵਿੰਦਰ ਕੌਰ ਬਲਾਕ ਸੰਮਤੀ ਮੈਂਬਰ, ਤਰਸੇਮ ਸਿੰਘ, ਗੁਰਸੇਵਕ ਸਿੰਘ, ਸ਼ਮਸ਼ੇਰ ਸਿੰਘ, ਬਲਰਾਜ ਸਿੰਘ, ਬਲਕਾਰ ਸਿੰਘ, ਸੰਤੋਖ ਸਿੰਘ, ਗੁਰਦੇਵ ਸਿੰਘ, ਅਜਮੇਰ ਸਿੰਘ, ਬਲਰਾਜ ਸਿੰਘ ਤੇ ਪਾਰਟੀ ਵਲੰਟੀਅਰ ਮੌਜੂਦ ਸਨ।

# ਈਰਾਨ ਦੀ ਪ੍ਰਮਾਣੂ ਨੀਤੀ 'ਚ ਨਿਊਕਲੀਅਰ ਹਥਿਆਰਾਂ ਲਈ ਕੋਈ ਥਾਂ ਨਹੀਂ: ਅਬਦੁਲ ਮਾਜਿਦ ਹਕੀਮ ਇਲਾਹੀ

ਚੇਨਈ/ਨਵੀਂ ਦਿੱਲੀ, 28 ਮਾਰਚ (ਚ.ਨ.ਸ): ਈਰਾਨ ਦੇ ਸੁਪਰੀਮ ਲੀਡਰ ਦੇ ਭਾਰਤ ਵਿੱਚ ਪ੍ਰਤੀਨਿਧ ਅਬਦੁਲ ਮਾਜਿਦ ਹਕੀਮ ਇਲਾਹੀ ਨੇ ਸਪੱਸ਼ਟ ਕੀਤਾ ਹੈ ਕਿ ਈਰਾਨ ਦੀ ਰਣਨੀਤਕ ਤੇ ਪ੍ਰਮਾਣੂ ਨੀਤੀ (ਡਾਕਟਰੇਨ) ਵਿੱਚ ਪਰਮਾਣੂ ਹਥਿਆਰਾਂ ਲਈ ਕੋਈ ਸਥਾਨ ਨਹੀਂ ਹੈ। ਇੱਕ ਵਿਸ਼ੇਸ਼ ਇੰਟਰਵਿਊ ਦੌਰਾਨ ਉਨ੍ਹਾਂ ਕਿਹਾ ਕਿ ਈਰਾਨ ਦੀਆਂ ਧਾਰਮਿਕ ਤੇ ਨੈਤਿਕ ਕਦਰਾਂ-ਕੀਮਤਾਂ ਅਜਿਹੇ ਵਿਨਾਸ਼ਕਾਰੀ ਹਥਿਆਰਾਂ ਦੀ ਇਜਾਜ਼ਤ ਨਹੀਂ ਦਿੰਦੀਆਂ। ਇਲਾਹੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਾਡੇ ਸੁਪਰੀਮ ਲੀਡਰ ਨੇ ਪਹਿਲਾਂ ਹੀ ਇੱਕ ਫਤਵਾ ਜਾਰੀ ਕੀਤਾ ਹੋਇਆ ਹੈ, ਜਿਸ ਵਿੱਚ ਸਪੱਸ਼ਟ ਕਿਹਾ ਗਿਆ ਹੈ ਕਿ ਪਰਮਾਣੂ ਹਥਿਆਰ ਰੱਖਣਾ ਜਾਂ ਬਣਾਉਣਾ ਇਸਲਾਮ ਵਿੱਚ ਹਰਾਮ (ਵਰਜਿਤ) ਹੈ। ਇਸ ਲਈ ਸਾਡੇ ਕੋਲ ਨਾ ਤਾਂ ਇਹ ਹਥਿਆਰ ਹਨ, ਨਾ ਅਸੀਂ ਇਨ੍ਹਾਂ ਨੂੰ ਹਾਸਲ ਕਰਨਾ ਚਾਹੁੰਦੇ ਹਾਂ ਤੇ ਨਾ ਹੀ ਅਸੀਂ ਅਜਿਹੀ ਕਿਸੇ ਖੋਜ ਵਿੱਚ ਲੱਗੇ ਹੋਏ ਹਾਂ। ਉਨ੍ਹਾਂ ਅੱਗੇ ਕਿਹਾ ਕਿ ਈਰਾਨ ਦਾ ਪ੍ਰਮਾਣੂ ਪ੍ਰੋਗਰਾਮ ਸਿਰਫ਼ ਮਨੁੱਖੀ ਭਲਾਈ, ਊਰਜਾ ਤੇ ਮੈਡੀਕਲ



ਖੇਤਰ ਤੱਕ ਸੀਮਿਤ ਹੈ। ਪੱਛਮੀ ਏਸ਼ੀਆ (ਮਿਡਲ ਈਸਟ) ਵਿੱਚ ਚੱਲ ਰਹੇ ਤਣਾਅ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਈਰਾਨ ਇਸ ਜੰਗ ਨੂੰ ਤੁਰੰਤ ਖ਼ਤਮ ਕਰਨ ਲਈ ਤਿਆਰ ਹੈ। ਉਨ੍ਹਾਂ ਅਨੁਸਾਰ ਜੰਗ ਦਾ ਖ਼ਾਤਮਾ ਉਨ੍ਹਾਂ ਦੇਸ਼ਾਂ 'ਤੇ ਨਿਰਭਰ ਕਰਦਾ ਹੈ ਜਿਨ੍ਹਾਂ ਨੇ ਇਸ ਦੀ ਸ਼ੁਰੂਆਤ ਕੀਤੀ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਕੁਝ ਤਾਕਤਾਂ ਸਿਰਫ਼ ਆਪਣੇ ਹਥਿਆਰ ਵੇਚਣ ਤੇ ਤੇਲ ਦੀਆਂ ਕੀਮਤਾਂ ਵਧਾਉਣ ਲਈ ਇਸ ਖੇਤਰ ਵਿੱਚ ਅਸਥਿਰਤਾ ਚਾਹੁੰਦੀਆਂ ਹਨ। ਇਲਾਹੀ ਨੇ ਭਾਰਤ ਦੀ ਅਹਿਮੀਅਤ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਸੰਕਟ ਨੂੰ ਹੱਲ ਕਰਨ ਵਿੱਚ ਭਾਰਤ ਇੱਕ ਬਹੁਤ ਹੀ ਸਾਰਥਕ ਤੇ ਵੱਡੀ ਭੂਮਿਕਾ ਨਿਭਾ ਸਕਦਾ ਹੈ। ਉਨ੍ਹਾਂ ਭਾਰਤ ਤੇ ਈਰਾਨ ਦੇ ਇਤਿਹਾਸਕ ਤੇ ਸੱਭਿਆਚਾਰਕ ਸਬੰਧਾਂ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਦੋਵਾਂ ਦੇਸ਼ਾਂ ਦੇ ਆਪਸੀ ਸਹਿਯੋਗ ਨਾਲ ਖੇਤਰ ਵਿੱਚ ਅਮਨ-ਸ਼ਾਂਤੀ ਬਹਾਲ ਕੀਤੀ ਜਾ ਸਕਦੀ ਹੈ।ਦੱਸਣਯੋਗ ਹੈ ਕਿ ਅਬਦੁਲ ਮਾਜਿਦ ਹਕੀਮ ਇਲਾਹੀ ਈਰਾਨ ਦੀ ਮੌਜੂਦਾ ਲੀਡਰਸ਼ਿਪ ਦੇ ਬਹੁਤ ਕਰੀਬੀ ਮੰਨੇ ਜਾਂਦੇ ਹਨ। ਉਨ੍ਹਾਂ ਨੇ ਮਰਹੂਮ ਆਇਤੁੱਲਾ ਅਲੀ ਖਾਮੇਨੇਈ ਨਾਲ ਲੰਬਾ ਸਮਾਂ ਕੰਮ ਕੀਤਾ ਹੈ ਤੇ ਉਹ ਈਰਾਨ ਦੇ ਮੌਜੂਦਾ ਸੁਪਰੀਮ ਲੀਡਰ ਮੋਜਤਬਾ ਖਾਮੇਨੇਈ ਦੇ ਵੀ ਨਜ਼ਦੀਕੀ ਮਿੱਤਰ ਹਨ।ਉਨ੍ਹਾਂ ਨੇ ਭਰੋਸਾ ਜਤਾਇਆ ਕਿ ਨਵੀਂ ਲੀਡਰਸ਼ਿਪ ਹੇਠ ਵੀ ਈਰਾਨ ਆਪਣੀ ਸ਼ਾਂਤੀਪੂਰਨ ਪ੍ਰਮਾਣੂ ਨੀਤੀ 'ਤੇ ਕਾਇਮ ਰਹੇਗਾ, ਬਸ਼ਰਤੇ ਕਿ ਕੌਮਾਂਤਰੀ ਭਾਈਚਾਰਾ ਵੀ ਈਰਾਨ ਦੇ ਹੱਕਾਂ ਤੇ ਮਰਿਆਦਾ ਦਾ ਸਤਿਕਾਰ ਕਰੇ।

# ਅਮਰੀਕਾ ਨੇ ਈਰਾਨ ਖ਼ਿਲਾਫ਼ ਉਤਾਰੀਆਂ ਡ੍ਰੋਨ ਸਪੀਡਬੋਟਸ

ਨਿਊਯਾਰਕ, 28 ਮਾਰਚ (ਚ.ਨ.ਸ): ਅਮਰੀਕਾ ਨੇ ਨਵੀਂ ਦਿਸ਼ਾ ਦਿੰਦੇ ਹੋਏ ਪਹਿਲੀ ਵਾਰ ਸਰਗਰਮ ਸੰਘਰਸ਼ ਖੇਤਰ 'ਚ ਮਨੁੱਖੀ ਰਹਿਤ ਸਪੀਟਬੋਟਸ ਤਾਇਨਾਤ ਕੀਤੀਆਂ ਹਨ। ਪੈਂਟਾਗਨ ਨੇ ਪੁਸ਼ਟੀ ਕੀਤੀ ਹੈ ਕਿ ਇਹ ਬੇੜੀਆਂ ਫਿਲਹਾਲ ਸਮੁੰਦਰੀ ਗਸ਼ਤ ਤੇ ਨਿਗਰਾਨੀ 'ਚ ਲਗਾਈਆਂ ਗਈਆਂ ਹਨ ਪਰ ਲੋੜ ਪੈਣ 'ਤੇ ਇਨ੍ਹਾਂ ਨੂੰ ਵਿਸਫੋਟਕ ਨਾਲ ਲੈਸ ਕਰਕੇ ਆਤਮਘਾਤੀ ਹਮਲਿਆਂ 'ਚ ਵੀ ਵਰਤਿਆ ਜਾ ਸਕਦਾ ਹੈ। ਇਹ ਤਾਇਨਾਤੀ ਅਮਰੀਕੀ ਮੁਹਿੰਮ ਆਪ੍ਰੇਸ਼ਨ ਐਪਿਕ ਫਿਊਰੀ ਦੇ ਤਹਿਤ ਕੀਤੀ ਗਈ ਹੈ। ਪੈਂਟਾਗਨ ਦੇ ਸੈਂਟਰਲ ਕਮਾਂਡ ਦੇ ਬੁਲਾਰੇ ਟਿਮ ਹਾਕਿੰਸ ਨੇ ਦੱਸਿਆ ਕਿ ਮੈਰੀਲੈਂਡ ਸਥਿਤ ਬਲੈਕਸੀ ਕੰਪਨੀ ਵੱਲੋਂ ਬਣਾਈਆਂ ਗਈਆਂ ਇਨ੍ਹਾਂ ਬੇੜੀਆਂ ਨੂੰ ਗਲੋਬਲ ਆਟੋਨਾਮਸ ਰਿਕਨਾਈਸੈਂਸ ਕ੍ਰਾਫਟ (ਜੀਏਆਰਸੀ) ਨਾਂ ਦਿੱਤਾ ਗਿਆ ਹੈ। ਕਰੀਬ ਪੰਜ ਮੀਟਰ ਲੰਬੀਆਂ ਇਹ ਤੇਜ਼ ਰਫ਼ਤਾਰ ਬੇੜੀਆਂ ਹੁਣ ਤੱਕ 450 ਘੰਟੇ ਤੋਂ ਵੱਧ ਸਮੁੰਦਰੀ ਪ੍ਰੀਖਣ ਤੇ 2200 ਨਾਟੀਕਲ ਮੀਲ (ਲਗਭਗ 4074 ਕਿਮੀ) ਦੀ ਗਸ਼ਤ ਪੂਰੀ ਕਰ ਚੁੱਕੀਆਂ ਹਨ। ਅਮਰੀਕੀ ਪੰਜਵੇਂ ਵੱਡੇ ਬੇੜੇ ਦੇ ਸੰਚਾਲਨ ਸਰਗਰਮੀਆਂ 'ਤੇ ਨਿਗਰਾਨੀ ਵਧਾਉਣ ਲਈ ਕੀਤੀ ਜਾ ਰਹੀ ਹੈ।ਈਰਾਨ ਤੇ ਯੂਕ੍ਰੇਨ ਪਹਿਲਾਂ ਤੋਂ ਕਰ ਰਹੇ ਨੇ ਵਰਤੋਂ: ਅਮਰੀਕਾ ਨੇ ਹੁਣ ਤੱਕ ਇਨ੍ਹਾਂ ਦੀ ਹਮਲਾ ਕਰਨ 'ਚ ਵਰਤੋਂ ਹੋਣ ਦੀ ਪੁਸ਼ਟੀ ਨਹੀਂ ਕੀਤੀ ਹੈ ਪਰ ਹੋਰਨਾਂ ਫ਼ੌਜੀ ਮਾਹਿਰਾਂ ਦਾ ਮੰਨਣਾ ਹੈ ਕਿ ਲੋੜ ਪੈਣ 'ਤੇ ਇਨ੍ਹਾਂ ਨੂੰ ਦੁਸ਼ਮਣ ਦੇ ਜਹਾਜ਼ਾਂ ਜਾਂ ਤਟੀ ਟਿਕਾਣਿਆਂ 'ਤੇ ਸਟੀਕ ਹਮਲੇ ਲਈ ਭੇਜਿਆ ਜਾ ਸਕਦਾ ਹੈ। ਯੂਕ੍ਰੇਨ ਪਹਿਲਾਂ ਹੀ ਕਾਲਾ ਸਾਗਰ 'ਚ ਇਸੇ ਤਰ੍ਹਾਂ ਦੀ ਵਿਸਫੋਟਕ ਡ੍ਰੋਨ ਬੇੜੀਆਂ ਨਾਲ ਰੂਸ ਦੇ ਜੰਗੀ ਬੇੜਿਆਂ ਨੂੰ ਭਾਰੀ ਨੁਕਸਾਨ ਪਹੁੰਚਾ ਚੁੱਕਾ ਹੈ। ਉਧਰ, ਈਰਾਨ ਵੀ ਹਾਲ ਦੇ ਹਫ਼ਤਿਆਂ 'ਚ ਖਾੜੀ ਖੇਤਰ 'ਚ ਘੱਟ ਤੋਂ ਘੱਟ ਦੋ ਵਾਰ ਸਮੁੰਦਰੀ ਡ੍ਰੋਨ ਦੀ ਵਰਤੋਂ ਕਰਕੇ ਤੇਲ ਟੈਂਕਰਾਂ ਤੇ ਸਮੁੰਦਰੀ ਮਾਰਗਾਂ ਨੂੰ ਨਿਸ਼ਾਨਾ ਬਣਾ ਚੁੱਕਾ ਹੈ।ਇਸ ਨਵੀਂ ਤਕਨੀਕ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਗਿਆ ਹੈ।

# ਬੱਸ ਸਟੈਂਡ ਬਣਿਆ ਸੂਬੇ ਦਾ ਪਹਿਲਾ ਹੈਲਥ ਹੱਬ ਸਰਕਾਰ ਨੇ ਖੋਲ੍ਹਿਆ ਆਮ ਆਦਮੀ ਕਲੀਨਿਕ: ਸ਼ਰਮਾ

ਗੁਰਦਾਸਪੁਰ, 28 ਮਾਰਚ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਚੇਅਰਮੈਨ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਰਾਜੀਵ ਸ਼ਰਮਾ ਦੀ ਮਿਹਨਤ ਸਦਕਾ ਅੱਜ ਭਗਵੰਤ ਮਾਨ ਸਰਕਾਰ ਵੱਲੋਂ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਇੱਕ ਨਵਾਂ ਮੀਲ ਪੱਥਰ ਸਥਾਪਤ ਕਰਦਿਆਂ ਗੁਰਦਾਸਪੁਰ ਦੇ ਬੱਸ ਸਟੈਂਡ ਵਿਖੇ ਰਾਜ ਦਾ ਪਹਿਲਾ ਬੱਸ ਸਟੈਂਡ ਆਧਾਰਿਤ 'ਆਮ ਆਦਮੀ ਕਲੀਨਿਕ' ਵਰਚੂਅਲ ਉਦਘਾਟਨ ਕਰਕੇ ਲੋਕ ਸਮਰਪਿਤ ਕੀਤਾ ਗਿਆ ਹੈ।



ਚੇਅਰਮੈਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਇਹ ਕਦਮ ਮੁਸਾਫ਼ਰਾਂ ਤੇ ਆਮ ਜਨਤਾ ਲਈ ਵੱਡੀ ਰਾਹਤ ਵਜੋਂ ਦੇਖਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਬੱਸ ਸਟੈਂਡ 'ਤੇ ਰੋਜ਼ਾਨਾ ਆਉਣ-ਜਾਣ ਵਾਲੇ ਹਜ਼ਾਰਾਂ ਮੁਸਾਫ਼ਰਾਂ ਨੂੰ ਹੁਣ ਸਫ਼ਰ ਦੌਰਾਨ ਸਿਹਤ ਸਬੰਧੀ ਕਿਸੇ ਵੀ ਐਮਰਜੈਂਸੀ ਲਈ ਸ਼ਹਿਰ ਦੇ ਹਸਪਤਾਲਾਂ ਵੱਲ ਨਹੀਂ ਭੱਜਣਾ ਪਵੇਗਾ।ਉਨ੍ਹਾਂ ਦੱਸਿਆ ਕਿ ਇਸ ਕਲੀਨਿਕ ਵਿੱਚ ਆਮ ਬਿਮਾਰੀਆਂ ਦੇ ਇਲਾਜ ਦੇ ਨਾਲ-ਨਾਲ ਕਈ ਤਰ੍ਹਾਂ ਦੇ ਮੈਡੀਕਲ ਟੈਸਟ ਤੇ ਦਵਾਈਆਂ ਬਿਲਕੁਲ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ। ਬੱਸਾਂ ਦੇ ਡਰਾਈਵਰਾਂ, ਕੰਡਕਟਰਾਂ ਤੇ ਬੱਸ ਸਟੈਂਡ ਦੇ ਵਰਕਰਾਂ ਲਈ ਇਹ ਸਹੂਲਤ ਵਰਦਾਨ ਸਾਬਤ ਹੋਵੇਗੀ, ਕਿਉਂਕਿ ਉਹ ਆਪਣੀ ਡਿਊਟੀ ਦੌਰਾਨ ਹੀ ਆਪਣਾ ਚੈਕਅੱਪ ਕਰਵਾ ਸਕਣਗੇ।

# ਕੇਂਦਰ ਸਰਕਾਰ ਦੇ ਹੁਕਮਾਂ ਅਨੁਸਾਰ ਪਾਈਪਡ ਨੈਚੁਰਲ ਗੈਸ ਨੈਟਵਰਕ ਦਾ ਤੇਜ਼ ਵਿਸਥਾਰ

ਗੁਰਦਾਸਪੁਰ, 28 ਮਾਰਚ (ਜਗੀਰ ਸਿੰਘ ਮੰਡ/ਨਾਹਰ): ਗੁਜਰਾਤ ਗੈਸ ਲਿਮਟਿਡ ਦੇ ਅਧਿਕਾਰੀ ਅਨੰਦ ਸਿੰਘ ਨੇਗੀ, ਡਿਪਟੀ ਮੈਨੇਜਰ (ਟੈਕਨੀਕਲ) ਨੇ ਜ਼ਿਲ੍ਹੇ ਵਿੱਚ ਪਾਈਪਡ ਨੈਚੁਰਲ ਗੈਸ ਨੈਟਵਰਕ ਦੇ ਤੇਜ਼ ਵਿਸਥਾਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਕਾਰਜ ਗੁਜਰਾਤ ਗੈਸ ਲਿਮਟਿਡ ਦੁਆਰਾ ਭਾਰਤ ਸਰਕਾਰ ਦੇ ਨੈਚੁਰਲ ਗੈਸ ਤੇ ਪੈਟਰੋਲੀਅਮ ਉਤਪਾਦ ਵੰਡ ਆਦੇਸ਼, 2026 ਦੇ ਤਹਿਤ ਕੀਤਾ ਜਾ ਰਿਹਾ ਹੈ, ਜੋ ਕਿ 24 ਮਾਰਚ 2026 ਨੂੰ ਅਹਿਮ ਵਸਤੂਆਂ ਕਾਨੂੰਨ, 1955 ਅਧੀਨ ਜਾਰੀ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਪ੍ਰੋਜੈਕਟ 'ਤੇ ਕਾਰਜ ਜਾਰੀ ਹੈ। ਉਨ੍ਹਾਂ ਦੱਸਿਆ ਕਿ ਉਕਤ ਕੇਂਦਰੀ ਹੁਕਮ ਤਹਿਤ ਪਾਈਪਡ ਨੈਚੁਰਲ ਗੈਸ ਨੂੰ ਅਹਿਮ ਯੂਟਿਲਿਟੀ ਸੇਵਾ ਘੋਸ਼ਿਤ ਕੀਤਾ ਗਿਆ ਹੈ, ਜਿਸ ਨਾਲ ਦੇਸ਼ ਦੀ ਊਰਜਾ ਸੁਰੱਖਿਆ ਮਜ਼ਬੂਤ ਹੋਵੇਗੀ ਤੇ ਐਲਪੀਜੀ ਉਤੇ ਨਿਰਭਰਤਾ ਘਟੇਗੀ। ਇਸ ਦੇ ਨਾਲ ਹੀ ਸਿਟੀ ਗੈਸ ਡਿਸਟ੍ਰੀਬਿਊਸ਼ਨ ਕੰਪਨੀਆਂ ਨੂੰ ਰਾਈਟ ਆਫ਼ ਵੇ ਦਿੱਤਾ ਗਿਆ ਹੈ ਤਾਂ ਜੋ ਸਰਕਾਰੀ ਤੇ ਰਿਹਾਇਸ਼ੀ ਖੇਤਰਾਂ ਵਿੱਚ ਪਾਈਪਲਾਈਨ ਕੰਮ ਨੂੰ ਤੇਜ਼ੀ ਨਾਲ ਪੂਰਾ ਕੀਤਾ ਜਾ ਸਕੇ।ਉਨ੍ਹਾਂ ਦੱਸਿਆ ਕਿ ਗੁਜਰਾਤ ਗੈਸ ਲਿਮਟਿਡ ਨੂੰ ਪੀਐਨਜੀਆਰਬੀ ਵੱਲੋਂ ਸਾਲ 2019 ਵਿੱਚ ਗੁਰਦਾਸਪੁਰ ਵਿੱਚ ਸਿਟੀ ਗੈਸ ਡਿਸਟ੍ਰੀਬਿਊਸ਼ਨ ਲਈ ਅਧਿਕਾਰਤ ਕੀਤਾ ਗਿਆ ਸੀ। ਹੁਣ ਤੱਕ ਕੰਪਨੀ ਵੱਲੋਂ 5,000 ਤੋਂ ਵੱਧ ਘਰੇਲੂ ਉਪਭੋਗਤਾਵਾਂ ਨੂੰ ਪੀਐਨਜੀ ਨਾਲ ਜੋੜਿਆ ਜਾ ਚੁੱਕਾ ਹੈ ਤੇ 20 ਤੋਂ ਵੱਧ ਸੀਐਨਜੀ ਸਟੇਸ਼ਨ ਚਾਲੂ ਹਨ।ਉਨ੍ਹਾਂ ਦੱਸਿਆ ਕਿ ਭਾਰਤ ਸਰਕਾਰ ਦੀ ਗੈਸ ਆਧਾਰਿਤ ਅਰਥ ਵਿਵਸਥਾ ਦੀ ਦ੍ਰਿਸ਼ਟੀ ਦੇ ਅਨੁਸਾਰ ਜ਼ਿਲ੍ਹੇ ਵਿੱਚ 500 ਕਿਲੋਮੀਟਰ ਤੋਂ ਵੱਧ ਸਟੀਲ ਤੇ ਐਮ.ਡੀ.ਪੀ.ਈ. ਗੈਸ ਪਾਈਪਲਾਈਨਾਂ ਵਿਛਾਉਣ ਦਾ ਕੰਮ ਵੱਖ-ਵੱਖ ਪੜਾਆਂ ਵਿੱਚ ਚੱਲ ਰਿਹਾ ਹੈ। ਕੇਂਦਰੀ ਹੁਕਮਾਂ ਅਨੁਸਾਰ ਪੀ.ਐਨ.ਜੀ. ਉਪਲਬਧ ਮਕਾਨਾਂ ਵਿੱਚ 90 ਦਿਨਾਂ ਦੇ ਅੰਦਰ ਐਲਪੀਜੀ ਤੋਂ ਪੀਐਨਜੀ ਵੱਲ ਤਬਦੀਲੀ ਲਾਜ਼ਮੀ ਹੋਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਪੰਜਾਬ ਸਰਕਾਰ ਤੇ ਗੁਜਰਾਤ ਗੈਸ ਲਿਮਟਿਡ ਨਾਲ ਤਾਲਮੇਲ ਰੱਖਦਿਆਂ ਇਸ ਪ੍ਰੋਜੈਕਟ ਨੂੰ ਸੁਚਾਰੂ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪਾਈਪ ਲਾਈਨ ਕੰਮ ਦੌਰਾਨ ਸਹਿਯੋਗ ਕਰਨ ਤੇ ਪੀਐਨਜੀ ਕੁਨੈਕਸ਼ਨ ਦੀ ਸੁਵਿਧਾ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ।



# ਚੰਨਣ ਸਿੰਘ ਖ਼ਾਲਸਾ ਵਿਧਾਇਕ ਰੰਧਾਵਾ ਦੀ ਅਗਵਾਈ 'ਚ 'ਆਪ' 'ਚ ਸ਼ਾਮਲ

ਡੇਰਾ ਬਾਬਾ ਨਾਨਕ, 28 ਮਾਰਚ (ਹੈਪੀ ਕੋਟਲੀ): ਅੱਜ ਹਲਕਾ ਡੇਰਾ ਬਾਬਾ ਨਾਨਕ ਦੇ ਵਿੱਚ ਭਾਰਤੀ ਜਨਤਾ ਪਾਰਟੀ ਤੇ ਭਾਈ ਅੰਮ੍ਰਿਤਪਾਲ ਦੀ ਪਾਰਟੀ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ, ਜਦੋਂ ਹਲਕੇ ਦੇ ਸੀਨੀਅਰ ਆਗੂ ਚੰਨਣ ਸਿੰਘ ਖ਼ਾਲਸਾ ਨੇ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਮੁੜ ਆਮ ਆਦਮੀ ਪਾਰਟੀ ਵਿੱਚ ਘਰ ਵਾਪਸੀ ਕੀਤੀ ਹੈ। ਜ਼ਿਕਰਯੋਗ ਹੈ ਕਿ ਚੰਨਣ ਸਿੰਘ ਖ਼ਾਲਸਾ ਆਮ ਆਦਮੀ ਪਾਰਟੀ ਦੇ ਪੁਰਾਣੇ ਵਰਕਰ ਸਨ ਤੇ 2024 ਦੀ ਜ਼ਿਮਨੀ ਚੋਣ ਦੌਰਾਨ ਆਪਣੀ ਮਾਂ ਪਾਰਟੀ ਆਮ ਆਦਮੀ ਨੂੰ ਛੱਡ ਕੇ ਬੀਜੇਪੀ ਵਿੱਚ ਸ਼ਾਮਲ ਹੋਏ ਸਨ ਤੇ ਉਸ ਤੋਂ ਬਾਅਦ ਬੀਜੇਪੀ ਤੋਂ ਵੱਖ ਹੋ ਕੇ ਤਰਨਤਾਰਨ ਜ਼ਿਮਨੀ ਚੋਣ ਦੌਰਾਨ ਭਾਈ ਅੰਮ੍ਰਿਤਪਾਲ ਦੀ ਪਾਰਟੀ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ ਗਿਆ ਸੀ।ਪਰ ਅੱਜ ਉਨ੍ਹਾਂ ਪਾਰਟੀਆਂ ਨੂੰ ਛੱਡ ਕੇ ਜ਼ਿਲ੍ਹਾ ਜੋਬਨ ਰੰਧਾਵਾ ਤੇ ਗੁਰਦਾਸਪੁਰ ਇੰਪਰੂਵਮੈਂਟ ਟਰੱਸਟ ਚੇਅਰਮੈਨ ਰਾਜੀਵ ਸ਼ਰਮਾ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਚੰਨਣ ਸਿੰਘ ਖ਼ਾਲਸਾ ਦੀ ਘਰ ਵਾਪਸੀ ਕਰਨ 'ਤੇ ਪਾਰਟੀ ਦਾ ਨਿਸ਼ਾਨ ਤੇ



ਗੁਰੂਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਪਾ ਕੇ ਪਾਰਟੀ ਵਿੱਚ ਜੀ ਆਇਆਂ ਨੂੰ ਕਿਹਾ। ਗੁਰਦੀਪ ਰੰਧਾਵਾ ਨੇ ਕਿਹਾ ਕਿ ਜਿਸ ਤਰ੍ਹਾਂ ਚੰਨਣ ਸਿੰਘ ਖ਼ਾਲਸਾ ਨੂੰ ਪਹਿਲਾਂ ਪਾਰਟੀ ਵਿੱਚ ਮਾਣ-ਸਨਮਾਨ ਦਿੱਤਾ ਜਾਂਦਾ ਸੀ ਉਸੇ ਤਰ੍ਹਾਂ ਅੱਗੇ ਵੀ ਦਿੱਤਾ ਜਾਵੇਗਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੰਨਣ ਸਿੰਘ ਖ਼ਾਲਸਾ ਨੇ ਦੱਸਿਆ ਕਿ ਉਹ ਅੰਨਾ ਹਜ਼ਾਰੇ ਦੀ ਮੂਵਮੈਂਟ ਵਿੱਚੋਂ ਨਿਕਲ ਆਮ ਆਦਮੀ ਪਾਰਟੀ ਨਾਲ ਬੀਤੇ ਲੰਬੇ ਸਮੇਂ ਤੋਂ ਜੁੜੇ ਸਨ ਪਰ 2024 ਦੀ ਜ਼ਿਮਨੀ ਚੋਣ ਦੌਰਾਨ ਕਿਸੇ ਦੇ ਬਹਿਕਾਵੇ ਵਿੱਚ ਆ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਸਨ ਜੋ ਕਿ ਮੇਰੀ ਸਭ ਤੋਂ ਵੱਡੀ ਗਲਤੀ ਸੀ। ਚੰਨਣ ਸਿੰਘ ਖ਼ਾਲਸਾ ਨੇ ਦੱਸਿਆ ਕਿ ਜਦ ਮੈਂ ਬੀਜੇਪੀ ਵਿੱਚ ਸ਼ਾਮਲ ਹੋਇਆ ਸੀ ਤਾਂ ਉਨ੍ਹਾਂ ਵੱਲੋਂ ਵੋਟਾਂ ਲੈਣ ਤੋਂ ਬਾਅਦ ਕਦੀ ਵੀ ਮੇਰਾ ਕੋਈ ਵੀ ਹਾਲਚਾਲ ਨਹੀਂ ਜਾਣਿਆ ਤੇ ਨਾ ਹੀ ਪਾਰਟੀ ਦੀਆਂ ਗਤੀਵਿਧੀਆਂ ਤੋਂ ਜਾਣੂੰ ਕਰਵਾਇਆ ਗਿਆ, ਉਨ੍ਹਾਂ ਕਿਹਾ ਕਿ ਮੈਂ ਬੀਜੇਪੀ ਵਿੱਚ ਗੁਟਣ ਮਹਿਸੂਸ ਕਰਦਿਆਂ ਮੁੜ ਆਪਣੀ ਮਾਂ ਪਾਰਟੀ ਆਮ ਆਦਮੀ ਪਾਰਟੀ ਵਿੱਚ ਘਰ ਵਾਪਸੀ ਕੀਤੀ ਹੈ ਤੇ ਵਿਸ਼ਵਾਸ ਦਿਵਾਉਂਦਾ ਹਾਂ ਕਿ ਪਾਰਟੀ ਜਿੱਥੇ ਵੀ ਮੇਰੀ ਡਿਊਟੀ ਲਗਾਏਗੀ ਉਸ ਨੂੰ ਮੈਂ ਬਾਖੂਬੀ ਨਾਲ ਨਿਭਾਵਾਂਗਾ।

# ਐਡ. ਐਸ.ਐਸ. ਮਾਨ ਅਕਾਲੀ ਦਲ 'ਚ ਸ਼ਾਮਲ, ਸਿਆਸੀ ਗਲਿਆਰਿਆਂ 'ਚ ਚਰਚਾ ਤੇਜ਼

ਸ੍ਰੀ ਹਰਿਗੋਬਿੰਦਪੁਰ/ਘੁਮਾਣ, 28 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ ਜਗੀਰ ਸਿੰਘ ਮੰਡ): ਪੰਜਾਬ ਦੀ ਸਿਆਸਤ ਵਿੱਚ ਅੱਜ ਇੱਕ ਮਹੱਤਵਪੂਰਨ ਵਿਕਾਸ ਦੇਖਣ ਨੂੰ ਮਿਲਿਆ, ਜਦੋਂ ਪ੍ਰਸਿੱਧ ਕਾਨੂੰਨੀ ਵਿਦਵਾਨ ਤੇ ਸਮਾਜਿਕ ਸਰਗਰਮੀਆਂ ਨਾਲ ਜੁੜੇ ਐਡਵੋਕੇਟ ਐਸ.ਐਸ. ਮਾਨ ਨੇ ਸ਼੍ਰੋਮਣੀ ਅਕਾਲੀ ਦਲ ਦਾ ਦਾਮਨ ਥਾਮ ਲਿਆ। ਇਹ ਸ਼ਾਮਲ ਹੋਣ ਦੀ ਪ੍ਰਕਿਰਿਆ ਪਾਰਟੀ ਦੇ ਸੀਨੀਅਰ ਨੇਤ੍ਰਤਵ ਦੀ ਹਾਜ਼ਰੀ ਵਿੱਚ ਸੰਪੰਨ ਹੋਈ, ਜਿਸ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਮੰਤਰੀ ਬਿਕਰਮ ਸਿੰਘ ਮਜੀਠੀਆ ਖ਼ਾਸ ਤੌਰ 'ਤੇ ਮੌਜੂਦ ਰਹੇ।ਪਾਰਟੀ ਵਿੱਚ ਸ਼ਾਮਲ ਹੋਣ ਮੌਕੇ ਐਸ.ਐਸ.ਮਾਨ ਨੇ ਕਿਹਾ ਕਿ ਉਹ ਹਮੇਸ਼ਾ ਪੰਜਾਬ ਤੇ ਪੰਜਾਬੀਆਂ ਦੇ ਹੱਕਾਂ ਲਈ ਲੜਦੇ ਆਏ ਹਨ ਤੇ ਹੁਣ ਸ਼੍ਰੋਮਣੀ ਅਕਾਲੀ ਦਲ ਦੇ ਪਲੇਟਫਾਰਮ ਰਾਹੀਂ ਉਹ ਆਪਣੀ ਲੜਾਈ ਨੂੰ ਹੋਰ ਮਜ਼ਬੂਤੀ ਨਾਲ ਜਾਰੀ ਰੱਖਣਗੇ। ਉਨ੍ਹਾਂ ਕਿਹਾ ਕਿ ਪਾਰਟੀ



ਦੀਆਂ ਨੀਤੀਆਂ ਤੇ ਇਤਿਹਾਸਕ ਵਿਰਾਸਤ ਨੇ ਉਨ੍ਹਾਂ ਨੂੰ ਇਸ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਹੈ।ਇਸ ਦੌਰਾਨ ਸੁਖਬੀਰ ਸਿੰਘ ਬਾਦਲ ਨੇ ਐਸ.ਐਸ.ਮਾਨ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਪਾਰਟੀ ਵਿੱਚ ਆਉਣ ਨਾਲ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਪਾਰਟੀ ਹਮੇਸ਼ਾ ਉਨ੍ਹਾਂ ਵਿਅਕਤੀਆਂ ਦਾ ਸਵਾਗਤ ਕਰਦੀ ਹੈ ਜੋ ਲੋਕਾਂ ਦੀ ਭਲਾਈ ਲਈ ਕੰਮ ਕਰਨ ਦੀ ਸੋਚ ਰੱਖਦੇ ਹਨ।ਉਧਰ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਐਸ.ਐਸ. ਮਾਨ ਵਰਗੇ ਪੜ੍ਹੇ-ਲਿਖੇ ਤੇ ਜ਼ਮੀਨੀ ਹਕੀਕਤਾਂ ਨਾਲ ਜੁੜੇ ਵਿਅਕਤੀ ਦੇ ਸ਼ਾਮਲ ਹੋਣ ਨਾਲ ਪਾਰਟੀ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਵੱਡਾ ਫਾਇਦਾ ਹੋਵੇਗਾ।ਸਿਆਸੀ ਮਾਹਿਰਾਂ ਦੇ ਅਨੁਸਾਰ ਐਸ.ਐਸ. ਮਾਨ ਦੀ ਐਂਟਰੀ ਨਾਲ ਖਾਸ ਤੌਰ 'ਤੇ ਉਸ ਹਲਕੇ ਵਿੱਚ ਨਵੀਂ ਸਿਆਸੀ ਗਤੀਵਿਧੀ ਦੇਖਣ ਨੂੰ ਮਿਲ ਸਕਦੀ ਹੈ, ਜਿੱਥੇ ਉਹ ਲੰਬੇ ਸਮੇਂ ਤੋਂ ਸਰਗਰਮ ਰਹੇ ਹਨ। ਇਸ ਨਾਲ ਵਿਰੋਧੀ ਪਾਰਟੀਆਂ ਲਈ ਵੀ ਚੁਣੌਤੀ ਵਧ ਸਕਦੀ ਹੈ।ਇਸ ਮੌਕੇ ਐਡ. ਐਸਐਸ ਮਾਨ ਨੇ ਸ਼੍ਰੋਮਣੀ ਅਕਾਲੀ ਦਲਪ੍ਰਧਾਨ ਸੁਖਬੀਰ ਸਿੰਘ ਬਾਦਲ, ਬਿਕਰਮ ਸਿੰਘ ਮਜੀਠੀਆ, ਕੈਪਟਨ ਬਲਬੀਰ ਸਿੰਘ ਬਾਠ, ਕੈਪਟਨ ਤਰਲੋਕ ਸਿੰਘ ਬਾਠ, ਮਲਕੀਤ ਸਿੰਘ ਚੇਅਰਮੈਨ ਮੰਦਰਾਂ, ਅੰਮ੍ਰਿਤਪਾਲ ਸਿੰਘ ਢੱਪਈ ਸੋਸ਼ਲ ਮੀਡੀਆ ਇੰਚਾਰਜ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਹੈ।

# ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਨਹਿਰੂ ਗੇਟ ਬਟਾਲਾ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਬੱਸ ਰਵਾਨਾ

ਬਟਾਲਾ, 28 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ/ ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਅੱਜ ਨਹਿਰੂ ਬਟਾਲਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਹੋਈ। ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ, ਦਵਿੰਦਰ ਸਿੰਘ, ਅੰਕੁਸ਼ ਮਹਿਤਾ, ਜਸਪਾਲ ਸਿੰਘ, ਹਰਮਨ ਸਿੰਘ ਤੇ ਬਲਜਿੰਦਰ ਸਿੰਘ ਮੌਜੂਦ ਸਨ। ਇਸ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ।ਬੱਸ ਨੂੰ ਰਵਾਨਾ ਕਰਨ ਉਪਰੰਤ ਗੱਲਬਾਤ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਅੱਜ ਉਨ੍ਹਾਂ ਦੀ ਡਿਊਟੀ ਲਗਾਈ ਗਈ ਸੀ ਤੇ ਉਨ੍ਹਾਂ ਨੂੰ ਸੁਭਾਗ



ਮਿਲਿਆ ਹੈ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਨਹਿਰੂ ਗੇਟ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਨਾ ਸਿਰਫ਼ ਲੋਕਾਂ ਦੀਆਂ ਆਸਥਾਵਾਂ ਨੂੰ ਮਜ਼ਬੂਤੀ ਮਿਲੀ ਹੈ, ਬਲਕਿ ਸਮਾਜ ਵਿੱਚ ਏਕਤਾ ਤੇ ਸਾਂਝ ਨੂੰ ਵੀ ਹੋਰ ਮਜ਼ਬੂਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਵਿੱਤਰ ਅਸਥਾਨਾਂ ਦੀ ਮੁਫ਼ਤ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਇਹ ਮੁੱਖ ਮੰਤਰੀ ਤੀਰਥ ਯਾਤਰਾ ਨੂੰ ਲੈ ਕੇ ਸਮਾਜ ਦੇ ਹਰ ਵਰਗ ਵਿੱਚ ਖੁਸ਼ੀ ਪਾਈ ਜਾ ਰਹੀ ਹੈ।ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਤੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ ਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।

# ਲਾਰੈਂਸ ਇੰਟਰਨੈਸ਼ਨਲ ਸਕੂਲ 'ਚ ਸੁਖਮਨੀ ਸਾਹਿਬ ਜੀ ਦੇ ਪਾਠ ਤੋਂ ਨਵੀਨਤਮ ਸਿੱਖਿਆ ਸੈਸ਼ਨ ਦਾ ਆਰੰਭ




ਕਾਦੀਆਂ, 28 ਮਾਰਚ (ਤਾਰੀ/ ਸੰਧੂ): ਲਾਰੈਂਸ ਇੰਟਰਨੈਸ਼ਨਲ ਸਕੂਲ, ਡੱਲਾ ਮੋੜ੍ਹ, ਕਾਦੀਆਂ ਦੇ ਨਵੇਂ ਸ਼ੁੱਭ ਸਿੱਖਿਆ ਸੈਸ਼ਨ ਦੀ ਸ਼ੁਰੂਆਤ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਆਸ਼ੀਰਵਾਦ ਦੀ ਸ਼ੁਰੂਆਤ ਤੋਂ ਹੋਈ। ਸਕੂਲ ਮੈਨੇਜਮੈਂਟ ਨੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ। ਇਸ ਤੋਂ ਬਾਅਦ ਸਕੂਲ ਦੇ ਵਿਦਿਆਰਥੀਆਂ ਨੇ ਗੁਰਬਾਣੀ ਦੇ ਕੀਰਤਨ ਤੋਂ ਸਭ ਨੂੰ ਨਿਹਾਲ ਕੀਤਾ। ਸਮੂਹ ਸੰਗਤ ਨੇ ਪੂਰੇ ਅਨੁਸ਼ਾਸਨ ਤੇ ਸ਼ਰਧਾ ਦੇ ਨਾਲ ਪਾਠ ਨੂੰ ਸਰਵਣ ਕੀਤਾ। ਅਰਦਾਸ ਤੋਂ ਉਪਰੰਤ ਬਾਅਦ ਆਈ ਸੰਗਤ ਨੂੰ ਪ੍ਰਸ਼ਾਦ ਤੇ ਅਤੁੱਟ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਸਕੂਲ ਦੇ ਚੇਅਰਮੈਨ ਸੁਖਜਿੰਦਰ ਸਿੰਘ ਮੱਲਿਆਂਵਾਲ ਨੇ ਵਿਦਿਆਰਥੀਆਂ ਨੂੰ ਨਵੀਂ ਸਿੱਖਿਆ ਸੈਸ਼ਨ 'ਤੇ ਸ਼ੁਭਕਾਮਨਾਵਾਂ ਦਿੱਤੀਆ ਤੇ ਪੂਰੀ ਲਗਨ ਤੇ ਮਿਹਨਤ ਨਾਲ ਆਪਣੀ ਪੜ੍ਹਾਈ 'ਚ ਅੱਗੇ ਆਉਣ ਲਈ ਪ੍ਰੇਰਿਤ ਕੀਤਾ। ਪ੍ਰਿੰਸਪਲ ਡਾ. ਰਮਨ ਕੁਮਾਰ ਨੇ ਬੱਚਿਆਂ ਨੂੰ ਸਿੱਖਿਆ ਦੇ ਨਾਲ ਹੀ ਕੁਦਰਤੀ ਮੁੱਲਾਂ ਨੂੰ ਵੀ ਜੀਵਨ ਵਿੱਚ ਅਪਣਾਉਣ ਉਤੇ ਬਲ ਦਿੱਤਾ। ਇੱਕ ਆਦਰਸ਼, ਸਿੱਖਿਅਕ ਤੇ ਨਾਗਰਿਕ ਬਣ ਕੇ ਸਮਾਜ ਤੇ ਦੇਸ਼ ਦੀ ਤਰੱਕੀ ਵਿੱਚ ਅਹਿਮ ਭੂਮਿਕਾ ਨਿਭਾਈ ਜਾ ਸਕਦੀ ਹੈ। ਇਸ ਮੌਕੇ 'ਤੇ ਗੁਰਪ੍ਰੀਤ ਸਿੰਘ, ਗੁਰਮੇਲ ਸਿੰਘ, ਮੰਗਲ ਸਿੰਘ, ਰਣਜੀਤ ਸਿੰਘ, ਧਰਮਿੰਦਰ ਸਿੰਘ, ਗੁਰਪ੍ਰੀਤ ਸਿੰਘ, ਕੁਲਵਿੰਦਰ ਕੌਰ, ਕਿੰਦਰ ਕੌਰ, ਸੁਖਪ੍ਰੀਤ ਕੌਰ, ਸਰਬਜੀਤ ਕੌਰ ਤੇ ਸੰਦੀਪ ਕੌਰ ਨੇ ਸੇਵਾ ਕੀਤੀ।

# ਸਰਕਾਰੀ ਪ੍ਰਾਇਮਰੀ ਸਕੂਲ ਪਾਹੜਾ ਨੇ ਸਾਲਾਨਾ ਨਤੀਜਾ ਐਲਾਨਿਆ

ਗੁਰਦਾਸਪੁਰ, 28 ਮਾਰਚ (ਸੰਧੂ/ ਬਸਰਾ): ਸਰਕਾਰੀ ਪ੍ਰਾਇਮਰੀ ਸਕੂਲ ਪਾਹੜਾ ਵਿਖੇ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਪ੍ਰੀ-ਪ੍ਰਾਇਮਰੀ ਦੇ ਵਿਦਿਆਰਥੀਆਂ ਦੀ ਗ੍ਰੈਜੂਏਸ਼ਨ ਸੈਰਾਮਨੀ ਪਹਿਲੀ ਦੂਸਰੀ ਜਮਾਤ ਦਾ ਐਫਐਲਐਨ ਮੇਲਾ ਤੇ ਸਾਲਾਨਾ ਨਤੀਜਾ ਐਲਾਨਿਆ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਵੱਲੋਂ ਬੜੇ ਹੀ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਗਈ। ਪ੍ਰਥਮ ਟੀਮ ਦੇ ਮੈਂਬਰ ਪੂਜਾ ਵੀ ਮੌਜੂਦ ਰਹੇ। ਸਕੂਲ ਮੁਖੀ ਹਰਪਾਲ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਜ ਸਕੂਲ ਦਾ ਸਾਲਾਨਾ ਨਤੀਜਾ ਐਲਾਨਿਆ ਗਿਆ। ਸਾਲਾਨਾ ਪ੍ਰੀਖਿਆ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਤੇ ਪ੍ਰੀ-ਪ੍ਰਾਇਮਰੀ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਕਾਰਗੁਜ਼ਾਰੀ ਨੂੰ ਵੇਖਦੇ ਹੋਏ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ ਚਰਨਜੀਤ ਕੌਰ, ਅਮਨਦੀਪ ਗਿੱਲ, ਸੁਰਈਆ ਕਤਰੂ ਆਦਿ ਅਧਿਆਪਕ ਹਾਜ਼ਰ ਸਨ।



# ਖ਼ਾਲਸਾ ਕਾਲਜ ਨੇ ਅੰਤਰ-ਕਾਲਜ ਯੂਨੀਵਰਸਿਟੀ ਖੇਡ ਮੁਕਾਬਲਿਆਂ 'ਚ ਓਵਰ-ਆਲ ਚੈਂਪੀਅਨਸ਼ਿਪ ਹਾਸਲ ਕੀਤੀ

ਗੜ੍ਹਦੀਵਾਲਾ, 28 ਮਾਰਚ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ (ਵਿੱਦਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਨੇ ਪੰਜਾਬ ਯੂਨੀਵਰਸਿਟੀ ਸਪੋਰਟਸ ਕੌਂਸਲ ਵੱਲੋਂ ਆਯੋਜਿਤ ਸੈਸ਼ਨ 2025-26 ਦੇ ਖੇਡ ਮੁਕਾਬਲਿਆਂ ਵਿੱਚ ਬੀ-ਡੀਵੀਜ਼ਨ (ਪੁਰਸ਼ ਵਰਗ) ਦੇ ਜਨਰਲ ਚੈਂਪੀਅਨਸ਼ਿਪ ਵਿੱਚ ਕਾਲਜ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰ-ਆਲ ਵਿਜੇਤਾ ਦਾ ਖ਼ਿਤਾਬ ਆਪਣੇ ਨਾਮ ਕੀਤਾ ਤੇ 51000/-ਰੁਪਏ ਦਾ ਨਕਦ ਇਨਾਮ ਪ੍ਰਾਪਤ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਕਾਲਜ ਦੇ ਖਿਡਾਰੀਆਂ ਨੇ ਵੱਖ-ਵੱਖ ਖੇਡਾਂ ਵਿੱਚ ਲਾਜਵਾਬ ਪ੍ਰਦਰਸ਼ਨ ਕੀਤਾ। ਵਾਲੀਬਾਲ ਤੇ ਬਾਸਕਿਟਬਾਲ



ਟੀਮਾਂ ਨੇ ਆਪਣੇ ਸ਼ਾਨਦਾਰ ਖੇਡ ਕੌਸ਼ਲ ਤੇ ਟੀਮ ਵਰਕ ਨਾਲ ਸੋਨੇ ਦੇ ਤਮਗੇ ਜਿੱਤ ਕੇ ਕਾਲਜ ਦਾ ਮਾਣ ਵਧਾਇਆ। ਕ੍ਰਿਕਟ ਟੀਮ ਨੇ ਵੀ ਬੇਹੱਦ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਫਾਈਨਲ ਤੱਕ ਦਾ ਸਫਰ ਤੈਅ ਕੀਤਾ ਤੇ ਸਿਲਵਰ ਮੈਡਲ ਹਾਸਲ ਕੀਤਾ। ਇਸਦੇ ਨਾਲ ਹੀ ਕਬੱਡੀ (ਨੈਸ਼ਨਲ ਸਟਾਈਲ) ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਤੇ ਸਿਲਵਰ ਮੈਡਲ ਜਿੱਤਿਆ। ਕਬੱਡੀ (ਪੰਜਾਬ ਸਟਾਈਲ) ਟੀਮ ਨੇ ਵੀ ਤੀਸਰਾ ਸਥਾਨ ਪ੍ਰਾਪਤ ਕਰਦਿਆਂ ਬਰਾਊਂਜ਼ ਮੈਡਲ ਹਾਸਲ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਸਰੀਰਕ ਸਿੱਖਿਆ ਵਿਭਾਗ ਦੇ ਅਧਿਆਪਕ ਸੀਮਾ ਕੁਮਾਰੀ ਤੇ ਹਰਜੋਤ ਕੌਰ ਨੂੰ ਇਸ ਜਿੱਤ ਲਈ ਵਧਾਈ ਦਿੰਦਿਆਂ ਟੀਮਾਂ ਦੇ ਖਿਡਾਰੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਆ। ਕਾਲਜ ਦੇ ਪ੍ਰਬੰਧਕਾਂ ਤੇ ਸਟਾਫ ਵੱਲੋਂ ਸਾਰੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।

# ਜ਼ਿਲ੍ਹੇ 'ਚ ਤਿੰਨ ਹੋਰ ਆਮ ਆਦਮੀ ਕਲੀਨਿਕ ਕੀਤੇ ਲੋਕਾਂ ਨੂੰ ਸਮਰਪਿਤ: ਲਲਿਤ ਮੋਹਨ ਪਾਠਕ

ਨਵਾਂਸ਼ਹਿਰ, 28 ਮਾਰਚ (ਸੁਖਦੇਵ ਸਿੰਘ ਉੜਾਪੜ): ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰੀਨ ਸਿਹਤ ਸਹੂਲਤਾਂ ਘਰ ਦੇ ਨੇੜੇ ਦੇਣ ਦੇ ਮਕਸਦ ਨਾਲ ਅੱਜ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਤਿੰਨ ਹੋਰ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ ਕੀਤੀ ਗਈ ਹੈ।ਇਹ ਨਵੇਂ ਕਲੀਨਿਕ ਮੋਤਾ ਸਿੰਘ ਨਗਰ (ਸਰਕਾਰੀ ਨਸ਼ਾ ਮੁਕਤੀ ਕੇਂਦਰ ਦੇ ਪਿੱਛੇ), ਪੰਡੋਰਾ ਮੁਹੱਲਾ (ਸੇਵਾ ਕੇਂਦਰ ਦੇ ਪਿੱਛੇ) ਤੇ ਹਰਿਗੋਬਿੰਦ ਨਗਰ (ਕੁਲਾਮ ਰੋਡ), ਨਵਾਂਸ਼ਹਿਰ ਵਿੱਚ ਸਥਾਪਤ ਕੀਤੇ ਗਏ ਹਨ।ਇਸ ਨਾਲ ਜ਼ਿਲ੍ਹੇ ਵਿੱਚ ਪਹਿਲਾਂ ਤੋਂ ਚੱਲ ਰਹੇ 19 ਕਲੀਨਿਕਾਂ ਸਮੇਤ ਕੁੱਲ ਗਿਣਤੀ 22 ਹੋ ਗਈ ਹੈ। ਸਾਰੇ ਕਲੀਨਿਕ ਆਈ.ਟੀ. ਸਮਰੱਥ ਹਨ ਤੇ ਇੱਥੇ ਡਿਜੀਟਲ ਰਜਿਸਟ੍ਰੇਸ਼ਨ, ਡਾਕਟਰੀ ਸਲਾਹ, ਲੈਬ ਟੈਸਟ ਤੇ ਦਵਾਈ ਵੰਡ ਆਦਿ ਦੀ ਸਹੂਲਤ ਉਪਲੱਬਧ ਹੈ।ਆਮ ਆਦਮੀ ਪਾਰਟੀ ਦੇ ਹਲਕਾ ਨਵਾਂਸ਼ਹਿਰ ਦੇ ਇੰਚਾਰਜ ਤੇ ਪੰਜਾਬ ਰਾਜ ਉਦਯੋਗਿਕ ਸਿਖਲਾਈ ਬੋਰਡ ਦੇ ਡਿਪਟੀ ਚੇਅਰਮੈਨ ਲਲਿਤ ਮੋਹਨ ਪਾਠਕ ਨੇ ਸ਼ਨੀਵਾਰ ਨੂੰ ਮੋਤਾ ਸਿੰਘ ਨਗਰ ਵਿਖੇ ਨਵੇਂ ਆਮ ਆਦਮੀ ਕਲੀਨਿਕ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ।ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ, ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਹਰਪਿੰਦਰ ਸਿੰਘ ਸਮੇਤ ਹੋਰ ਪ੍ਰਮੁੱਖ ਹਸਤੀਆਂ ਮੌਜੂਦ ਸਨ।ਇਸ ਮੌਕੇ ਸੰਬੋਧਨ ਕਰਦਿਆਂ ਲਲਿਤ ਮੋਹਨ ਪਾਠਕ ਨੇ ਦੱਸਿਆ ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਬਿਹਤਰ ਸਿਹਤ ਦੇਖਰੇਖ ਸੇਵਾਵਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਨਾਲ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਆਮ ਆਦਮੀ ਕਲੀਨਿਕਾਂ ਦਾ ਮੰਤਵ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮੁੱਢਲੀਆਂ ਸਿਹਤ ਸਹੂਲਤਾਂ ਪਹੁੰਚਾਉਣਾ ਹੈ।



# ਸ੍ਰੀ ਅਨੰਦਪੁਰ ਸਾਹਿਬ 'ਚ ਬਣੇਗਾ ਪ੍ਰਸ਼ਾਸਕੀ ਕੰਪਲੈਕਸ

ਸ੍ਰੀ ਅਨੰਦਪੁਰ ਸਾਹਿਬ, 28 ਮਾਰਚ (ਚ.ਨ.ਸ): ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਹੈ ਕਿ ਖ਼ਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿੱਚ ਲਗਭਗ 100 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਆਧੁਨਿਕ ਪ੍ਰਸ਼ਾਸਕੀ ਕੰਪਲੈਕਸ ਤਿਆਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਇਲਾਕੇ ਦੇ ਪ੍ਰਸ਼ਾਸਕੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਇਕੱਠੀਆਂ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਵੱਲ ਵੱਡਾ ਕਦਮ ਹੋਵੇਗਾ। ਉਨ੍ਹਾਂ ਦੱਸਿਆ ਕਿ ਇਹ ਚਾਰ ਮੰਜ਼ਿਲਾਂ ਇਮਾਰਤ ਵਿਰਾਸਤੀ ਆਰਕੀਟੈਕਚਰ ਸ਼ੈਲੀ ਵਿੱਚ ਬਣਾਈ ਜਾਵੇਗੀ, ਜਿਸ ਨਾਲ ਇਲਾਕੇ ਦੀ ਧਾਰਮਿਕ ਤੇ ਇਤਿਹਾਸਕ ਮਹੱਤਤਾ ਨੂੰ ਵੀ ਸੰਭਾਲਿਆ ਜਾਵੇਗਾ। ਇਸ ਕੰਪਲੈਕਸ ਵਿੱਚ 27 ਪ੍ਰਮੁੱਖ ਸਰਕਾਰੀ ਦਫ਼ਤਰ ਇੱਕੋ ਛੱਤ ਹੇਠ ਲਿਆਂਦੇ ਜਾਣਗੇ, ਜਿਸ ਨਾਲ ਆਮ ਲੋਕਾਂ ਨੂੰ ਵੱਖ-ਵੱਖ ਦਫ਼ਤਰਾਂ ਦੇ ਚੱਕਰ ਕੱਟਣ ਤੋਂ ਰਾਹਤ ਮਿਲੇਗੀ।



# ਰੇਲਵੇ ਵਿਭਾਗ ਵੱਲੋਂ ਬਿਆਸ ਜਾਣ ਵਾਲੀਆਂ ਸੰਗਤਾਂ ਲਈ ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾਣਗੀਆਂ

ਅੰਮ੍ਰਿਤਸਰ, 28 ਮਾਰਚ (ਚ.ਨ.ਸ): ਰੇਲਵੇ ਵਿਭਾਗ ਵੱਲੋਂ ਬਿਆਸ ਵਿਖੇ ਰਾਧਾ ਸੁਆਮੀ ਸਤਿਸੰਗ ਵਿੱਚ ਸ਼ਾਮਲ ਹੋਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਵਿਸ਼ੇਸ਼ ਕਦਮ ਚੁੱਕੇ ਗਏ ਹਨ। ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਫਿਰੋਜ਼ਪੁਰ ਪਰਮਦੀਪ ਸਿੰਘ ਸੈਣੀ ਅਨੁਸਾਰ ਰੇਲਵੇ ਨੇ ਹਜ਼ਰਤ ਨਿਜ਼ਾਮੁਦੀਨ-ਬਿਆਸ ਤੇ ਸਹਾਰਨਪੁਰ-ਬਿਆਸ ਵਿਚਕਾਰ ਵਿਸ਼ੇਸ਼ ਮੇਲ ਐਕਸਪ੍ਰੈਸ ਰੇਲਗੱਡੀਆਂ ਚਲਾਉਣ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਹਜ਼ਰਤ ਨਿਜ਼ਾਮੁਦੀਨ-ਬਿਆਸ-ਹਜ਼ਰਤ ਨਿਜ਼ਾਮੁਦੀਨ 04451/0445 ਇਹ ਵਿਸ਼ੇਸ਼ ਟਰੇਨ ਸ਼ਰਧਾਲੂਆਂ ਦੇ ਸਫ਼ਰ ਨੂੰ ਸੁਖਾਲਾ ਬਣਾਉਣ ਲਈ ਦੋ ਗੇੜੇ ਲਗਾਏਗੀ। 04451 ਇਹ ਟਰੇਨ ਹਜ਼ਰਤ ਨਿਜ਼ਾਮੁਦੀਨ ਤੋਂ 23 ਅਪ੍ਰੈਲ 2026 ਤੇ 7 ਮਈ 2026 ਨੂੰ ਸ਼ਾਮ 19.40 ਵਜੇ ਰਵਾਨਾ ਹੋਵੇਗੀ ਤੇ ਅਗਲੇ ਦਿਨ ਸਵੇਰੇ 4.05 ਵਜੇ ਬਿਆਸ ਪਹੁੰਚੇਗੀ। 04452 ਵਾਪਸੀ 'ਤੇ ਇਹ ਟਰੇਨ ਬਿਆਸ ਤੋਂ 26 ਅਪ੍ਰੈਲ 2026 ਤੇ 10 ਮਈ 2026 ਨੂੰ ਰਾਤ 20.35 ਵਜੇ ਚੱਲੇਗੀ ਤੇ ਸਵੇਰੇ 4 ਵਜੇ ਹਜ਼ਰਤ ਨਿਜ਼ਾਮੁਦੀਨ ਪਹੁੰਚੇਗੀ। ਇਹ ਟਰੇਨ ਰਸਤੇ ਵਿੱਚ ਨਵੀਂ ਦਿੱਲੀ, ਸਬਜ਼ੀ ਮੰਡੀ, ਅੰਬਾਲਾ ਕੈਂਟ, ਲੁਧਿਆਣਾ ਤੇ ਜਲੰਧਰ ਸਿਟੀ ਰੇਲਵੇ ਸਟੇਸ਼ਨਾਂ 'ਤੇ ਦੋਵਾਂ ਦਿਸ਼ਾਵਾਂ ਵਿੱਚ ਰੁਕੇਗੀ। ਸਹਾਰਨਪੁਰ-ਬਿਆਸ-ਸਹਾਰਨਪੁਰ 04565/04566 ਇਹ ਟਰੇਨ ਸਹਾਰਨਪੁਰ ਤੋਂ ਆਉਣ ਵਾਲੇ ਸ਼ਰਧਾਲੂਆਂ ਲਈ ਤਿੰਨ ਗੇੜੇ ਲਗਾਏਗੀ। 04565 ਇਹ ਟਰੇਨ ਸਹਾਰਨਪੁਰ ਤੋਂ 24 ਅਪ੍ਰੈਲ, 1 ਮਈ ਤੇ 8 ਮਈ 2026 ਨੂੰ ਰਾਤ 20.50 ਵਜੇ ਚੱਲੇਗੀ ਤੇ ਸਵੇਰੇ 02.15 ਵਜੇ ਬਿਆਸ ਪਹੁੰਚੇਗੀ। ਇਹ ਟਰੇਨ ਨੰਬਰ /04566 ਵਾਪਸੀ ਦੀ ਗੱਡੀ ਬਿਆਸ ਤੋਂ 26/ਅਪ੍ਰੈਲ, 3 ਮਈ ਤੇ 10 ਮਈ 2026 ਨੂੰ ਦੁਪਹਿਰ ਬਾਅਦ 15.00 ਵਜੇ ਰਵਾਨ ਹੋ ਕੇ ਰਾਤ 21.10 ਵਜੇ ਸਹਾਰਨਪੁਰ ਪਹੁੰਚੇਗੀ। ਇਹ ਟਰੇਨ ਯਮੁਨਾਨਗਰ ਜਗਾਧਰੀ, ਜਗਾਧਰੀ ਵਰਕਸ਼ਾਪ, ਅੰਬਾਲਾ ਕੈਂਟ, ਲੁਧਿਆਣਾ ਤੇ ਜਲੰਧਰ ਸਿਟੀ ਸਟੇਸ਼ਨਾਂ 'ਤੇ ਰੁਕੇਗੀ। ਰੇਲਵੇ ਦੇ ਇਸ ਫ਼ੈਸਲੇ ਨਾਲ ਸਤਿਸੰਗ ਦੌਰਾਨ ਹੋਣ ਵਾਲੀ ਭੀੜ ਤੋਂ ਰਾਹਤ ਮਿਲੇਗੀ ਤੇ ਸੰਗਤਾਂ ਨੂੰ ਆਉਣ-ਜਾਣ ਵਿੱਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਵੇਗਾ।



# ਪੰਜਾਬ ਦੇ ਜਲਗਾਹ ਬਣੇ ਪਰਿੰਦਿਆਂ ਦਾ ਆਸਰਾ, 304 ਪ੍ਰਜਾਤੀਆਂ ਦੀ ਰਿਕਾਰਡਿੰਗ ਨੇ ਵਧਾਈ ਮਹੱਤਤਾ

ਮੋਹਾਲੀ, 28 ਮਾਰਚ (ਚ.ਨ.ਸ): ਪੰਜਾਬ ਦੇ ਜਲਗਾਹ ਇੱਕ ਵਾਰ ਫਿਰ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਵਾਤਾਵਰਣਕ ਮਹੱਤਤਾ ਸਾਬਤ ਕਰਦੇ ਨਜ਼ਰ ਆਏ ਹਨ। ਜਨਵਰੀ 2026 ਦੌਰਾਨ ਕੀਤੀ ਗਈ ਏਸ਼ੀਅਨ ਵਾਟਰਬਰਡ ਜਨਗਣਨਾ ਅਨੁਸਾਰ ਸੂਬੇ ਵਿੱਚ ਕੁੱਲ 304 ਪੰਛੀਆਂ ਦੀਆਂ ਪ੍ਰਜਾਤੀਆਂ ਦਰਜ ਕੀਤੀਆਂ ਗਈਆਂ ਹਨ, ਜੋ ਪਿਛਲੇ ਸਾਲ ਦੇ ਮੁਕਾਬਲੇ ਵੱਡਾ ਵਾਧਾ ਦਰਸਾਉਂਦੀਆਂ ਹਨ। ਮੁੱਖ ਜੰਗਲੀ ਜੀਵ ਵਾਰਡਨ ਪੰਜਾਬ ਬਸੰਤ ਰਾਜ ਕੁਮਾਰ (ਆਈਐਫ਼ਐਸ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਗਿਣਤੀ ਏਸ਼ੀਅਨ ਵਾਟਰਬਰਡ ਜਨਗਣਨਾ ਦੇ ਪ੍ਰੋਟੋਕੋਲ ਅਧੀਨ ਕੀਤੀ ਗਈ। ਇਸ ਵਿੱਚ ਹਰੀਕੇ, ਨੰਗਲ, ਕੇਸ਼ੋਪੁਰ, ਰਣਜੀਤ ਸਾਗਰ, ਰੋਪੜ ਤੇ ਕਾਂਜਲੀ ਵਰਗੇ ਪ੍ਰਮੁੱਖ ਜਲਗਾਹਾਂ ਨੂੰ ਕਵਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਵਿਆਪਕ ਸਰਵੇਖਣ ਜੰਗਲਾਤ ਵਿਭਾਗ ਵੱਲੋਂ ਬੰਬੇ ਨੈਚੂਰਲ ਹਿਸਟਰੀ ਸੁਸਾਇਟੀ, ਵਾਈਲਡ ਲਾਈਫ਼ ਇੰਸਟੀਚਿਊਟ ਆਫ਼ ਇੰਡੀਆ, ਇੰਡੀਅਨ ਇੰਸਟੀਚਿਊਟ ਆਫ਼ ਸਾਇੰਸ ਐਜੂਕੇਸ਼ਨ ਐਂਡ ਰਿਸਰਚ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਗੁਰੂ ਨਾਨਕ ਦੇਵ ਯੂਨੀਵਰਸਿਟੀ ਤੇ ਪੰਜਾਬ ਯੂਨੀਵਰਸਿਟੀ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਦੌਰਾਨ ਪੰਛੀ ਕਲੱਬਾਂ ਤੇ ਸਥਾਨਕ ਬਰਡ ਵਾਚਰਾਂ ਦੀ ਭੂਮਿਕਾ ਵੀ ਮਹੱਤਵਪੂਰਨ ਰਹੀ। ਗਿਣਤੀ ਦੇ ਅੰਕੜਿਆਂ ਮੁਤਾਬਿਕ ਇਸ ਸਾਲ ਕੁੱਲ 71,129 ਪੰਛੀ ਦਰਜ ਕੀਤੇ ਗਏ, ਜੋ ਕਿ ਪਿਛਲੇ ਸਾਲ ਦੇ 77,772 ਦੇ ਮੁਕਾਬਲੇ ਕੁਝ ਘੱਟ ਹਨ। ਹਾਲਾਂਕਿ ਪ੍ਰਜਾਤੀਆਂ ਦੀ ਗਿਣਤੀ 278 ਤੋਂ ਵੱਧ ਕੇ 304 ਹੋ ਜਾਣਾ ਇੱਕ ਉਤਸ਼ਾਹਜਨਕ ਰੁਝਾਨ ਮੰਨਿਆ ਜਾ ਰਿਹਾ ਹੈ। ਮਾਹਿਰਾਂ ਅਨੁਸਾਰ ਗਿਣਤੀ ਵਿੱਚ ਇਹ ਹਲਕਾ ਘਾਟ ਪਿਛਲੇ ਸਾਲ ਆਏ ਹੜ੍ਹਾਂ ਕਾਰਨ ਹੋ ਸਕਦਾ ਹੈ, ਜਿਨ੍ਹਾਂ ਨੇ ਰਣਜੀਤ ਸਾਗਰ, ਹਰੀਕੇ ਤੇ ਕੇਸ਼ੋਪੁਰ ਜਲਗਾਹਾਂ ਨੂੰ ਪ੍ਰਭਾਵਿਤ ਕੀਤਾ ਸੀ। ਇਸ ਦੇ ਉਲਟ ਰੋਪੜ, ਕਾਂਜਲੀ ਤੇ ਨੰਗਲ ਜਲਗਾਹਾਂ ਵਿੱਚ ਪੰਛੀਆਂ ਦੀ ਸੰਖਿਆ ਵਿੱਚ ਵਾਧਾ ਦਰਜ ਕੀਤਾ ਗਿਆ, ਕਿਉਂਕਿ ਇਹ ਖੇਤਰ ਹੜ੍ਹਾਂ ਤੋਂ ਘੱਟ ਪ੍ਰਭਾਵਿਤ ਰਹੇ। ਪੰਜਾਬ ਦੇ ਜਲਗਾਹਾਂ ਦੀ ਅੰਤਰਰਾਸ਼ਟਰੀ ਮਹੱਤਤਾ ਨੂੰ ਦਰਸਾਉਂਦਿਆਂ ਉਨ੍ਹਾਂ ਕਿਹਾ ਕਿ ਗ੍ਰੇਲੈਗ ਗੂਸ, ਬਾਰ-ਹੈਡਡ ਗੂਜ਼, ਗੈਡਵਾਲ, ਨੌਰਦਰਨ ਸ਼ੋਵੇਲਰ ਤੇ ਕਾਮਨ ਪੋਚਾਰਡ ਵਰਗੇ ਲੰਬੀ ਦੂਰੀ ਦੇ ਪ੍ਰਵਾਸੀ ਪੰਛੀਆਂ ਦੀ ਮੌਜੂਦਗੀ ਸੂਬੇ ਨੂੰ ਕੇਂਦਰੀ ਏਸ਼ੀਆਈ ਫਲਾਈਵੇਅ ਵਿੱਚ ਇੱਕ ਅਹਿਮ ਕੜੀ ਬਣਾਉਂਦੀ ਹੈ।



# ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਕੇਂਦਰੀ ਸਮਾਜਿਕ ਨਿਆਂ ਮੰਤਰਾਲੇ ਵੱਲੋਂ ਸਨਮਾਨਤ

ਮੰਡੀ ਗੋਬਿੰਦਗੜ੍ਹ, 28 ਮਾਰਚ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੂੰ ਮਾਣ ਹੈ ਕਿ ਇਸ ਦੇ ਮਾਣਯੋਗ ਚਾਂਸਲਰ ਡਾ. ਜ਼ੋਰਾ ਸਿੰਘ ਨੂੰ ਨਵੀਂ ਦਿੱਲੀ ਵਿੱਚ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਮੰਤਰਾਲੇ ਵੱਲੋਂ "ਨਸ਼ਾ ਮੁਕਤ ਭਾਰਤ ਅਭਿਆਨ" ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਪ੍ਰਸ਼ੰਸਾ ਪੱਤਰ ਨਾਲ ਸਨਮਾਨਤ ਕੀਤਾ ਗਿਆ। ਇਹ ਸਨਮਾਨ ਰਾਸ਼ਟਰੀ ਸਮਾਜਿਕ ਰੱਖਿਆ ਸੰਸਥਾ (ਐਨਆਈਐਸਡੀ) ਦੇ ਮੈਂਬਰ (ਐਨਸੀਸੀਡੀਆਰ) ਸੁਖਵਿੰਦਰ ਸਿੰਘ ਬਿੰਦਰਾ ਵੱਲੋਂ ਪ੍ਰਦਾਨ ਕੀਤਾ ਗਿਆ। ਉਨ੍ਹਾਂ ਨੇ ਡਾ. ਜ਼ੋਰਾ ਸਿੰਘ ਦੀ ਦੂਰਦਰਸ਼ੀ ਅਗਵਾਈ ਤੇ ਨਸ਼ਾ ਮੁਕਤ ਸਮਾਜ, ਯੁਵਾ ਸਸ਼ਕਤੀਕਰਨ ਤੇ ਸਮਾਜਿਕ ਜਾਗਰੂਕਤਾ ਲਈ ਉਨ੍ਹਾਂ ਦੇ ਸਮਰਪਿਤ ਯਤਨਾਂ ਦੀ ਸਰਾਹਨਾ ਕੀਤੀ। ਉਨ੍ਹਾਂ ਦੀ ਗਤੀਸ਼ੀਲ ਰਹਿਨੁਮਾਈ ਹੇਠ ਦੇਸ਼ ਭਗਤ ਯੂਨੀਵਰਸਿਟੀ ਨੇ ਨਸ਼ਾ ਮੁਕਤ ਭਾਰਤ ਮਿਸ਼ਨ ਵਿੱਚ ਸਰਗਰਮ ਭੂਮਿਕਾ ਨਿਭਾਈ ਹੈ, ਜਿਸ ਵਿੱਚ ਵੱਡੇ ਪੱਧਰ 'ਤੇ ਜਾਗਰੂਕਤਾ ਮੁਹਿੰਮਾਂ ਤੇ ਸਮਾਜਿਕ ਪਹੁੰਚ ਪ੍ਰੋਗਰਾਮ, ਨਸ਼ਾ ਮੁਕਤੀ ਸਬੰਧੀ ਸੈਮੀਨਾਰ, ਵਰਕਸ਼ਾਪ ਤੇ ਵਿਸ਼ੇਸ਼ ਸੈਸ਼ਨ, ਐਨਸੀਸੀ, ਐਨਐਸਐਸ ਤੇ ਯੁਵਕਾਂ ਦੁਆਰਾ ਚਲਾਈਆਂ ਪਹਿਲਾਂ ਵਿੱਚ ਸਰਗਰਮ ਭਾਗੀਦਾਰੀ, ਕੌਂਸਲਿੰਗ, ਪੁਨਰਵਾਸ ਜਾਗਰੂਕਤਾ ਤੇ ਮੁੱਲ ਆਧਾਰਿਤ ਸਿੱਖਿਆ ਦਾ ਪ੍ਰਚਾਰ ਤੇ ਸਰਕਾਰੀ ਸੰਸਥਾਵਾਂ ਤੇ ਸਮਾਜਿਕ ਸੰਗਠਨਾਂ ਨਾਲ ਸਹਿਯੋਗ ਸ਼ਾਮਲ ਹਨ। ਇਨ੍ਹਾਂ ਪਹਿਲਾਂ ਨੇ ਯੁਵਾ ਤੇ ਸਮਾਜ ਨੂੰ ਨਸ਼ੀਲੇ ਪਦਾਰਥਾਂ ਦੇ ਨੁਕਸਾਨਦਾਇਕ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਤੇ ਸਿਹਤਮੰਦ ਤੇ ਜ਼ਿੰਮੇਵਾਰ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਇਸ ਮੌਕੇ 'ਤੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਮੈਂ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰਾਲੇ ਵੱਲੋਂ ਇਹ ਸਨਮਾਨ ਪ੍ਰਾਪਤ ਕਰਕੇ ਬਹੁਤ ਮਾਣ ਮਹਿਸੂਸ ਕਰਦਾ ਹਾਂ। ਨਸ਼ਾ ਮੁਕਤ ਭਾਰਤ ਅਭਿਆਨ ਸਿਰਫ ਇੱਕ ਮੁਹਿੰਮ ਨਹੀਂ, ਸਗੋਂ ਇੱਕ ਰਾਸ਼ਟਰੀ ਜ਼ਿੰਮੇਵਾਰੀ ਹੈ। ਦੇਸ਼ ਭਗਤ ਯੂਨੀਵਰਸਿਟੀ ਵਿੱਚ ਅਸੀਂ ਆਪਣੇ ਯੁਵਾ ਨੂੰ ਜਾਗਰੂਕਤਾ, ਮੁੱਲਾਂ ਤੇ ਮਕਸਦ ਨਾਲ ਸਸ਼ਕਤ ਬਣਾਉਣ ਲਈ ਵਚਨਬੱਧ ਹਾਂ ਤਾਂ ਜੋ ਉਹ ਨਸ਼ਾ ਮੁਕਤ ਤੇ ਤਰੱਕੀਸ਼ੀਲ ਭਾਰਤ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾ ਸਕਣ। ਮੈਂ ਇਸ ਸਨਮਾਨ ਲਈ ਮੰਤਰਾਲੇ, ਭਾਰਤ ਸਰਕਾਰ ਤੇ ਸੁਖਵਿੰਦਰ ਸਿੰਘ ਬਿੰਦਰਾ ਦਾ ਦਿਲੋਂ ਧੰਨਵਾਦ ਕਰਦਾ ਹਾਂ। ਇਹ ਸਨਮਾਨ ਡੀਬੀਯੂ ਪਰਿਵਾਰ ਲਈ ਮਾਣ ਦਾ ਪਲ ਹੈ ਤੇ ਰਾਸ਼ਟਰ ਨਿਰਮਾਣ, ਸਮਾਜਿਕ ਜ਼ਿੰਮੇਵਾਰੀ ਤੇ ਯੁਵਾ ਸਸ਼ਕਤੀਕਰਨ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਾ ਹੈ। ਦੇਸ਼ ਭਗਤ ਯੂਨੀਵਰਸਿਟੀ "ਨਸ਼ਾ ਮੁਕਤ ਭਾਰਤ, ਸਿਹਤਮੰਦ ਭਾਰਤ" ਦੇ ਵਿਜ਼ਨ ਅਨੁਸਾਰ ਰਾਸ਼ਟਰੀ ਮੁਹਿੰਮਾਂ ਵਿੱਚ ਸਰਗਰਮ ਭੂਮਿਕਾ ਨਿਭਾਉਂਦੀ ਹੋਈ ਅਕਾਦਮਿਕ ਖੇਤਰ ਤੋਂ ਪਰੇ ਵੀ ਮਹੱਤਵਪੂਰਨ ਯੋਗਦਾਨ ਦਿੰਦੀ ਰਹੇਗੀ।




# ਕੈਨੇਡਾ 'ਚ ਪੰਜਾਬੀ ਭਾਸ਼ਾ ਦਾ ਘੇਰਾ ਹੋਰ ਵਿਸ਼ਾਲ ਹੋਇਆ: ਬਲਵੰਤ ਸਿੰਘ ਸੰਘੇੜਾ

ਜਲੰਧਰ, 28 ਮਾਰਚ (ਚ.ਨ.ਸ): ਕੈਨੇਡਾ 'ਚ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਪਿਛਲੇ ਕਰੀਬ ਤਿੰਨ ਦਹਾਕਿਆਂ ਤੋਂ ਵੀ ਵੱਧ ਸਮੇਂ ਤੋਂ ਕੰਮ ਕਰ ਰਹੇ ਉਘੇ ਐਫ.ਆਰ.ਆਈ. ਤੇ ਪੰਜਾਬੀ ਲੈਂਗੂਏਜ ਐਜੂਕੇਸ਼ਨ ਐਸੋਸੀਏਸ਼ਨ ਆਫ ਕੈਨੇਡਾ ਦੇ ਪ੍ਰਧਾਨ ਬਲਵੰਤ ਸਿੰਘ ਸੰਘੇੜਾ ਨੇ ਕਿਹਾ ਕਿ ਕੈਨੇਡਾ 'ਚ ਪੰਜਾਬੀ ਭਾਸ਼ਾ ਦਾ ਘੇਰਾ ਲਗਾਤਾਰ ਵਿਸ਼ਾਲ ਹੁੰਦਾ ਜਾ ਰਿਹਾ ਹੈ ਤੇ ਪੰਜਾਬੀ ਹੁਣ ਕੇਵਲ ਕੈਨੇਡਾ ਦੇ ਹਵਾਈ ਅੱਡਿਆਂ 'ਤੇ ਪੰਜਾਬੀ ਭਾਸ਼ਾ 'ਚ ਲੱਗੇ ਬੋਰਡਾਂ ਤੱਕ ਹੀ ਸੀਮਿਤ ਨਹੀਂ ਰਹੀ, ਜੋ ਬਲਕਿ ਹੁਣ ਜਿੱਥੇ ਇਮੀਗ੍ਰੇਸ਼ਨ ਅਧਿਕਾਰੀਆਂ ਨਾਲ ਵੀ ਪੰਜਾਬੀ ਭਾਸ਼ਾ 'ਚ ਗੱਲ ਕੀਤੀ ਜਾ ਸਕਦੀ ਹੈ, ਉਥੇ ਸਕੂਲਾਂ, ਕਾਲਜਾਂ ਯੂਨੀਵਰਸਿਟੀਆਂ 'ਚ ਵੀ ਪੰਜਾਬੀ ਭਾਸ਼ਾ ਦੀ ਪੜ੍ਹਾਈ ਕਰਵਾਈ ਜਾਣ ਲੱਗੀ ਹੈ। ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਉਨ੍ਹਾਂ ਕਿਹਾ ਕਿ ਕੈਨੇਡਾ 'ਚ ਪੰਜਾਬੀ ਭਾਸ਼ਾ ਨੂੰ ਤੀਸਰਾ ਦਰਜਾ ਦਿੱਤਾ ਗਿਆ ਹੈ ਤੇ ਕਈ ਥਾਵਾਂ 'ਤੇ ਪੰਜਾਬੀ ਰੋਜ਼ਗਾਰ ਦੀ ਭਾਸ਼ਾ ਤੱਕ ਬਣ ਗਈ ਹੈ। ਸੇਵਾ ਮੁਕਤ ਸਕੂਲ ਮਨੋਵਿਗਿਆਨੀ ਸੰਘੇੜਾ ਨੇ ਕਿਹਾ ਕਿ ਅੱਜ ਸਰੀ ਦੇ ਜ਼ਿਆਦਾਤਰ ਸਕੂਲਾਂ-ਕਾਲਜਾਂ 'ਚ ਜਿੱਥੇ ਪੰਜਾਬੀ ਦੀ ਪੜ੍ਹਾਈ ਕਰਵਾਈ ਜਾ ਰਹੀ ਹੈ, ਉਥੇ ਚਾਰ ਯੂਨੀਵਰਸਿਟੀਆਂ 'ਚ ਵੀ ਪੰਜਾਬੀ ਭਾਸ਼ਾ ਦੀ ਸਿੱਖਿਆ ਦਿੱਤੀ ਜਾ ਰਹੀ ਹੈ। ਇਸੇ ਤਰ੍ਹਾਂ ਮੈਟਰੋ ਹਸਪਤਾਲ 'ਚ ਪੰਜਾਬੀ ਭਾਸ਼ਾ 'ਚ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਕੈਨੇਡਾ ਦੇ ਵੱਡੇ-ਵੱਡੇ ਸ਼ਹਿਰਾਂ 'ਚ ਅਨੇਕਾਂ ਕਾਰੋਬਾਰੀ ਅਦਾਰਿਆਂ ਤੇ ਸਟੋਰਾਂ ਦੇ ਬੋਰਡ ਪੰਜਾਬੀ 'ਚ ਲੱਗੇ ਹੋਏ ਹਨ। ਬਲਵੰਤ ਸਿੰਘ ਸੰਘੇੜਾ ਨੇ ਕਿਹਾ ਕਿ ਜਦੋਂ ਉਹ ਕੈਨੇਡਾ ਗਏ ਤਾਂ ਉਹ 40 ਅਧਿਆਪਕਾਂ ਵਿੱਚੋਂ ਇਕੋ ਇੱਕ ਪੰਜਾਬੀ ਪੜ੍ਹਾਉਣ ਵਾਲੇ ਸਨ ਤੇ ਉਥੋਂ ਹੀ ਉਨ੍ਹਾਂ ਨੇ ਪੰਜਾਬੀ ਭਾਸ਼ਾ ਦੀ ਬਿਹਤਰੀ ਲਈ ਯਤਨ ਕਰਨ ਦਾ ਤਹੱਈਆ ਕਰ ਲਿਆ ਸੀ। ਐਸੋਸੀਏਸ਼ਨ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਦੀ ਸ਼ੁਰੂਆਤ 10-12 ਮੈਂਬਰਾਂ ਵੱਲੋਂ ਕੀਤੀ ਗਈ ਸੀ ਪਰ ਹੁਣ ਇਸ ਦੇ ਮੈਂਬਰਾਂ ਦੇ ਗਿਣਤੀ 30 ਦੇ ਕਰੀਬ ਪਹੁੰਚ ਚੁੱਕੀ ਹੈ ਤੇ ਇਸ ਵਿੱਚ ਸੇਵਾਮੁਕਤ ਅਧਿਆਪਕ ਤੇ ਕਾਰੋਬਾਰੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਹਰ ਸਾਲ ਮਾਂ-ਬੋਲੀ ਦਿਵਸ ਨੂੰ ਵੱਡੀ ਪੱਧਰ 'ਤੇ ਮਨਾਇਆ ਜਾਂਦਾ ਹੈ ਤੇ ਇਸ ਕੰਮ 'ਚ ਪੰਜਾਬੀ ਭਾਈਚਾਰੇ ਵੱਲੋਂ ਉਨ੍ਹਾਂ ਦਾ ਵੱਧ-ਚੜ੍ਹ ਕੇ ਸਾਥ ਦਿੱਤਾ ਜਾਂਦਾ ਹੈ। ਕੈਨੇਡਾ ਦੇ ਸੰਸਦ ਮੈਂਬਰਾਂ ਤੇ ਵਿਧਾਇਕਾਂ ਦਾ ਵੀ ਉਨ੍ਹਾਂ ਨੂੰ ਹਮੇਸ਼ਾ ਸਾਥ ਮਿਲਦਾ ਰਿਹਾ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਇਸ ਸਮੇਂ ਸਕੂਲਾਂ 'ਚ ਪੰਜਾਬੀ ਦੀ ਪੜ੍ਹਾਈ 5ਵੀਂ ਤੋਂ 8ਵੀਂ ਕਲਾਸ ਤੱਕ ਲਾਜ਼ਮੀ ਹੈ।




# ਵਿਧਾਇਕ ਗੈਰੀ ਬੜਿੰਗ ਦੀ ਅਗਵਾਈ ਹੇਠ ਗੋਲਡੀ ਘੁੰਮਣ ਨੇ ਬੱਸ ਰਵਾਨਾ ਕੀਤੀ



ਮੰਡੀ ਗੋਬਿੰਦਗੜ੍ਹ, 28 ਮਾਰਚ (ਸੂਦ): ਮੁੱਖ ਮੰਤਰੀ ਭਗਵੰਤ ਮਾਨ ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਦੀ ਸਰਹਿੰਦ ਰੈਲੀ ਲਈ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਵਿੱਚ ਆਮ ਆਦਮੀ ਦੇ ਵਾਰਡ ਨੰਬਰ 23 ਦੇ ਇੰਚਾਰਜ ਜਗਦੀਸ਼ ਸਿੰਘ ਗੋਲਡੀ ਘੁੰਮਣ ਤੇ ਹਰਪ੍ਰੀਤ ਕੌਰ ਘੁੰਮਣ ਨੇ ਬੱਸ ਰਵਾਨਾ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ 2027 ਵਿੱਚ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਹਾਸਲ ਕਰਕੇ ਆਪਦੀ ਸਰਕਾਰ ਬਣਾਵੇਗੀ। ਇਸ ਮੌਕੇ ਨੰਬਰਦਾਰ ਬਲਕਾਰ ਸਿੰਘ, ਜਗਦੀਸ਼ ਸਿੰਘ ਗੋਲਡੀ ਘੁੰਮਣ, ਪਰਮਜੀਤ ਸਿੰਘ ਵਾਲੀਆ ਕੌਂਸਲਰ, ਦਲਜੀਤ ਸਿੰਘ ਵਿਰਕ, ਸਤਿਆਪਾਲ ਲੋਧੀ, ਸਰਪੰਚ ਮੁਗਲਮਜਰਾ, ਲਖਵਿੰਦਰ ਸਿੰਘ ਲੱਖਾ, ਕੁਲਵੰਤ ਲੁਹਾਰ ਮਾਜਰਾ, ਯੂਥ ਆਗੂ ਦਵਿੰਦਰ ਸਿੰਘ ਰਵੀ, ਰਾਜ ਕੁਮਾਰ, ਮਨਿੰਦਰ ਸਿੰਘ ਮਨੀ, ਰਾਜੇਸ਼ ਕੁਮਾਰ, ਲਾਲ ਸਿੰਘ ਲਾਲੀ, ਮਨਪ੍ਰੀਤ ਸਿੰਘ, ਇੰਦਰਜੀਤ ਕੁਮਾਰ ਪੰਡਿਤ, ਸੁਰਿੰਦਰ ਸਿੰਘ ਸੋਨੂੰ, ਕੁਲਵਿੰਦਰ ਕੌਰ, ਨੇਹਾ ਰਾਣੀ, ਸਰਬਜੀਤ ਕੌਰ, ਨੇਹਾ, ਬੇਵੀ ਧੀਮਾਨ, ਗੀਤਾ ਰਾਣੀ, ਸੋਨੀਆ, ਦੁਰਗੇਸ਼ ਕੁਮਾਰ ਤੇ ਹਰਿ ਓਮ ਹਾਜ਼ਰ ਸਨ।

# ਔਰਤ ਦੀ ਲਾਸ਼ ਹਸਪਤਾਲ 'ਚ ਛੱਡ ਕੇ 2 ਜਣੇ ਭੱਜੇ, ਤਫ਼ਤੀਸ਼ ਆਰੰਭ

ਫਰੀਦਕੋਟ, 28 ਮਾਰਚ (ਚ.ਨ.ਸ): ਦੋ ਨੌਜਵਾਨ ਇੱਕ ਅਣਪਛਾਤੀ ਔਰਤ ਦੀ ਲਾਸ਼ ਸਿਵਲ ਹਸਪਤਾਲ ਵਿੱਚ ਛੱਡ ਕੇ ਭੱਜ ਗਏ। ਉਕਤ ਦੋਵੇਂ ਵਿਅਕਤੀ ਵੀਰਵਾਰ ਸ਼ਾਮ ਔਰਤ ਨੂੰ ਮੋਟਰਸਾਈਕਲ 'ਤੇ ਹਸਪਤਾਲ ਲੈ ਆਏ ਸਨ ਤੇ ਜਾਂਚ ਕਰਨ ਤੋਂ ਬਾਅਦ ਡਾਕਟਰ ਨੇ ਔਰਤ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਮਗਰੋਂ ਉਕਤ ਦੋਵੇਂ ਵਿਅਕਤੀ ਪਾਰਕਿੰਗ ਵਿੱਚ ਮੋਟਰਸਾਈਕਲ ਖੜ੍ਹਾ ਕਰਨ ਦਾ ਬਹਾਨਾ ਲਗਾ ਕੇ ਹਸਪਤਾਲ ਵਿਚੋਂ ਭੱਜ ਗਏ। ਹਸਪਤਾਲ ਪ੍ਰਸ਼ਾਸਨ ਤੋਂ ਮਿਲੀ ਜਾਣਕਾਰੀ 'ਤੇ ਥਾਣਾ ਸਿਟੀ ਦੀ ਪੁਲਿਸ ਮੌਕੇ 'ਤੇ ਪਹੁੰਚੀ। ਮ੍ਰਿਤਕ ਔਰਤ ਦੀ ਹਾਲੇ ਤੱਕ ਪਛਾਣ ਨਹੀਂ ਹੋ ਸਕੀ ਤੇ ਨਾ ਹੀ ਉਨ੍ਹਾਂ ਵਿਅਕਤੀਆਂ ਬਾਰੇ ਕੋਈ ਸੁਰਾਗ ਮਿਲਿਆ ਹੈ ਜਿਹੜੇ ਉਸ ਨੂੰ ਹਸਪਤਾਲ ਵਿੱਚ ਛੱਡ ਗਏ ਸਨ। ਪੁਲਿਸ ਨੇ ਔਰਤ ਦੀ ਲਾਸ਼ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਰੱਖਵਾ ਦਿੱਤੀ ਹੈ ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਮਾਮਲੇ ਵਿੱਚ ਸਿਟੀ ਪੁਲਿਸ ਸਟੇਸ਼ਨ ਦੇ ਐਸ.ਐਚ.ਓ. ਰਾਜਵੰਤ ਸਿੰਘ ਨੇ ਕਿਹਾ ਕਿ ਮੁੱਢਲੀ ਜਾਂਚ ਵਿੱਚ ਔਰਤ ਦੇ ਸਰੀਰ 'ਤੇ ਸੱਟ, ਗਲਾ ਘੁੱਟਣ ਜਾਂ ਤਾਜ਼ੇ ਜ਼ਖ਼ਮਾਂ ਦੇ ਕੋਈ ਨਿਸ਼ਾਨ ਨਹੀਂ ਮਿਲੇ ਹਨ। ਉਸ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ ਤੇ ਲਾਸ਼ ਨੂੰ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਔਰਤ ਦੀ ਪਛਾਣ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਤੇ ਉਸ ਨੂੰ ਹਸਪਤਾਲ ਵਿੱਚ ਛੱਡਣ ਤੋਂ ਬਾਅਦ ਭੱਜ ਗਏ ਨੌਜਵਾਨਾਂ ਦੀ ਭਾਲ ਕੀਤੀ ਜਾ ਰਹੀ ਹੈ।

# ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਵਿਖੇ ਸ਼ਹੀਦੀ ਦਿਹਾੜੇ ਮੌਕੇ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ




ਫ਼ਿਰੋਜ਼ਪੁਰ, 28 ਮਾਰਚ (ਤਿਵਾੜੀ): ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਵਿਖੇ ਦੇਸ਼ ਦੇ ਮਹਾਨ ਸ਼ਹੀਦਾਂ ਦੀ ਯਾਦ ਵਿੱਚ ਇੱਕ ਵਿਸ਼ੇਸ਼ ਸ਼ਹੀਦੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਯੂਨੀਵਰਸਿਟੀ ਦੇ ਮਾਣਯੋਗ ਵਾਈਸ-ਚਾਂਸਲਰ ਡਾ. ਸੁਰੇਸ਼ ਕੁਮਾਰ ਸ਼ਰਮਾ ਨੇ ਕੀਤੀ। ਸਮਾਗਮ ਵਿੱਚ ਰਾਸ਼ਟਰਪਤੀ ਐਵਾਰਡ ਜੇਤੂ ਤੇ ਉਘੇ ਵਿਦਵਾਨ ਡਾ. ਰਮੇਸ਼ਵਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਹ ਸਮਾਗਮ ਡਾ. ਕੇ. ਸੁਨੀਲ ਬਹਿਲ (ਕੋਆਰਡੀਨੇਟਰ, ਸ਼ਹੀਦ ਭਗਤ ਸਿੰਘ ਸੁਸਾਇਟੀ) ਤੇ ਮਿਸ ਨਵਦੀਪ ਕੌਰ ਝੱਜ (ਕੋ-ਕੋਆਰਡੀਨੇਟਰ, ਸ਼ਹੀਦ ਭਗਤ ਸਿੰਘ ਸੁਸਾਇਟੀ) ਦੀ ਯੋਗ ਨਿਗਰਾਨੀ ਹੇਠ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਮਿਸ ਨਵਦੀਪ ਕੌਰ ਝੱਜ ਨੇ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਈ ਤੇ ਸਮਾਗਮ ਦੌਰਾਨ ਸ਼ਹੀਦਾਂ ਦੇ ਜੀਵਨ ਨਾਲ ਸਬੰਧਤ ਬਹੁਤ ਹੀ ਸੁਚੱਜੇ ਸੰਦੇਸ਼ ਸਾਂਝੇ ਕੀਤੇ। ਸਮਾਗਮ ਦੀ ਸ਼ੁਰੂਆਤ ਸਨਮਦੀਪ ਕੌਰ ਵੱਲੋਂ ਗਾਇਨ ਕੀਤੇ ਗਏ ਗੁਰਬਾਣੀ ਕੀਰਤਨ ਨਾਲ ਬਹੁਤ ਹੀ ਅਧਿਆਤਮਕ ਮਾਹੌਲ ਵਿੱਚ ਹੋਈ। ਗੌਰਵਦੀਪ ਸਿੰਘ ਨੇ ਆਪਣੇ ਭਾਸ਼ਣ ਰਾਹੀਂ ਸ਼ਹੀਦ ਭਗਤ ਸਿੰਘ ਦੀ ਜੀਵਨੀ ਬਾਰੇ ਬਹੁਤ ਹੀ ਵਿਸਥਾਰਪੂਰਵਕ ਤੇ ਪ੍ਰਭਾਵਸ਼ਾਲੀ ਢੰਗ ਨਾਲ ਚਾਨਣਾ ਪਾਇਆ। ਨਿਸ਼ੂ ਵੱਲੋਂ ਪੜ੍ਹੀ ਗਈ ਕਵਿਤਾ ਨੇ ਸਾਰਿਆਂ ਦੇ ਮਨਾਂ ਨੂੰ ਝੰਜੋੜ ਦਿੱਤਾ, ਜਦਕਿ ਅਨਮੋਲਦੀਪ ਸਿੰਘ ਨੇ ਆਪਣੀ ਗਾਇਕੀ ਰਾਹੀਂ ਸਮੂਹ ਹਾਜ਼ਰੀਨ ਦਾ ਮਨ ਮੋਹ ਲਿਆ। ਸੱਭਿਆਚਾਰਕ ਪੇਸ਼ਕਾਰੀਆਂ ਵਿੱਚ ਆਲਮਜੀਤ ਸਿੰਘ ਸੰਧੂ ਤੇ ਉਨ੍ਹਾਂ ਦੀ ਟੀਮ ਵੱਲੋਂ ਪੇਸ਼ ਕੀਤੀ ਗਈ ਕੋਰੀਓਗ੍ਰਾਫੀ ਪ੍ਰਣਾਮ ਸ਼ਹੀਦਾਂ ਨੂੰ ਨੇ ਦੇਸ਼ ਭਗਤੀ ਦਾ ਅਹਿਸਾਸ ਕਰਵਾਇਆ। ਅੰਤ ਵਿੱਚ ਵਾਈਸ-ਚਾਂਸਲਰ ਡਾ. ਸੁਰੇਸ਼ ਕੁਮਾਰ ਸ਼ਰਮਾ ਤੇ ਮੁੱਖ ਮਹਿਮਾਨ ਡਾ. ਰਮੇਸ਼ਵਰ ਵੱਲੋਂ ਇਨ੍ਹਾਂ ਹੋਣਹਾਰ ਕਲਾਕਾਰਾਂ ਤੇ ਮਿਹਨਤੀ ਸਟਾਫ਼ ਮੈਂਬਰਾਂ ਨੂੰ ਯਾਦਗਾਰੀ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਰਾਸ਼ਟਰੀ ਗੀਤ ਦੇ ਸਤਿਕਾਰ ਨਾਲ ਸਮਾਗਮ ਦੀ ਸਮਾਪਤੀ ਹੋਈ।

# ਪੁਲਿਸ ਵੱਲੋਂ ਭਾਰੀ ਮਾਤਰਾ 'ਚ ਹੈਰੋਇਨ ਸਮੇਤ 4 ਸਮੱਗਲਰ ਕਾਬੂ

ਮੋਗਾ, 28 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਜ਼ਿਲ੍ਹਾ ਪੁਲਿਸ ਮੁਖੀ ਅਜੇ ਗਾਂਧੀ ਨੇ ਦੱਸਿਆ ਕਿ ਸੀਆਈਏ ਸਟਾਫ ਮੋਗਾ ਨੂੰ ਉਸ ਸਮੇਂ ਭਾਰੀ ਸਫਲਤਾ ਮਿਲੀ, ਜਦੋਂ ਅੱਧਾ ਕਿੱਲੋ ਹੈਰੋਇਨ ਸਮੇਤ ਚਾਰ ਕਥਿਤ ਸਮੱਗਲਰਾਂ ਨੂੰ ਇੱਕ ਕਰੇਟਾ ਕਾਰ ਸਮੇਤ ਦਬੋਚ ਲਿਆ। ਇਸ ਸਬੰਧ ਵਿੱਚ ਜਾਣਕਾਰੀ ਦਿੰਦਿਆਂ ਡੀਐਸਪੀ ਨਿਹਾਲ ਸਿੰਘ ਵਾਲਾ ਅਨਵਰ ਅਲੀ ਨੇ ਦੱਸਿਆ ਕਿ ਡੀਐਸਪੀ ਸੁਖਅੰਮ੍ਰਿਤ ਸਿੰਘ ਦੀ ਅਗਵਾਈ ਹੇਠ ਸੀਆਈਏ ਸਟਾਫ ਮੋਗਾ ਦੇ ਇੰਚਾਰਜ ਇੰਸਪੈਕਟਰ ਦਲਜੀਤ ਸਿੰਘ ਤੇ ਥਾਣੇਦਾਰ ਸਤਨਾਮ ਸਿੰਘ ਪੁਲਿਸ ਪਾਰਟੀ ਸਮੇਤ ਇਲਾਕੇ ਵਿੱਚ ਗਸ਼ਤ ਕਰ ਰਹੇ ਸੀ ਤਾਂ ਉਨ੍ਹਾਂ ਨੂੰ ਗੁਪਤ ਸੂਤਰਾਂ ਤੋਂ ਜਾਣਕਾਰੀ ਮਿਲੀ ਕਿ ਬਲਵਿੰਦਰ ਸਿੰਘ ਉਰਫ ਬਿੰਦੂ ਨਿਵਾਸੀ ਵਾੜਾ ਤਾਰਾ ਸਿੰਘ ਤਰਨਤਾਰਨ, ਜੋਬਨਪ੍ਰੀਤ ਸਿੰਘ ਉਰਫ ਜੋਬਨ ਨਿਵਾਸੀ ਵਾੜਾ ਠੱਠੀ, ਬਲਵਿੰਦਰ ਸਿੰਘ ਨਿਵਾਸੀ ਪਿੰਡ ਰਾਜੋਕੇ ਵਲਟੋਹਾ ਤੇ ਹੀਰਾ ਸਿੰਘ ਨਿਵਾਸੀ ਬੁੱਕਣ ਵਾਲਾ ਰੋਡ ਮੋਗਾ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ ਤੇ ਅੱਜ ਵੀ ਉਹ ਇੱਕ ਕਰੇਟਾ ਕਾਰ ਵਿੱਚ ਜਾ ਰਹੇ ਹਨ। ਪੁਲਿਸ ਪਾਰਟੀ ਨੇ ਦੱਸੀ ਗਈ ਜਗ੍ਹਾ 'ਤੇ ਛਾਪਾਮਾਰੀ ਕਰਕੇ ਉਨ੍ਹਾਂ ਨੂੰ ਕਾਰ ਸਮੇਤ ਜਾ ਦਬੋਚਿਆ ਤੇ ਉਨ੍ਹਾਂ ਕੋਲੋਂ 500 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ। ਸੀਆਈਏ ਇੰਚਾਰਜ ਇੰਸਪੈਕਟਰ ਦਲਜੀਤ ਸਿੰਘ ਨੇ ਦੱਸਿਆ ਕਿ ਪੁੱਛਗਿੱਛ ਕਰਨ 'ਤੇ ਉਨ੍ਹਾਂ ਦੱਸਿਆ ਕਿ ਉਕਤ ਹੈਰੋਇਨ ਵਿਚੋਂ ਕੁਝ ਹੈਰੋਇਨ ਉਨ੍ਹਾਂ ਹੀਰਾ ਸਿੰਘ ਨਿਵਾਸੀ ਬੁੱਕਣ ਵਾਲਾ ਰੋਡ ਮੋਗਾ ਨੂੰ ਸਪਲਾਈ ਕਰਨ ਸੀ, ਜਿਸ 'ਤੇ ਪੁਲਿਸ ਨੇ ਉਸ ਨੂੰ ਵੀ ਉਕਤ ਮਾਮਲੇ ਵਿੱਚ ਨਾਮਜ਼ਦ ਕੀਤਾ ਤੇ ਸਾਰੇ ਕਥਿਤ ਸਮੱਗਲਰਾਂ ਦੇ ਖ਼ਿਲਾਫ ਥਾਣਾ ਬੱਧਨੀ ਕਲਾਂ ਵਿੱਚ ਐਨਡੀਪੀਐਸ ਐਕਟ ਦੇ ਤਹਿਤ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਤਿੰਨ ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ, ਜਿਨ੍ਹਾਂ ਕੋਲੋਂ ਪੁੱਛਗਿੱਛ ਜਾਰੀ ਹੈ।



# ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਸਟਾਫ਼ ਦੀ ਟ੍ਰੇਨਿੰਗ



ਫ਼ਾਜ਼ਿਲਕਾ, 28 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾ. ਕਵਿਤਾ ਸਿੰਘ ਸਿਵਲ ਸਰਜਨ ਫ਼ਾਜ਼ਿਲਕਾ ਦੀ ਨਿਗਰਾਨੀ ਵਿੱਚ ਰਾਜੇਸ਼ ਕੁਮਾਰ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਤੇ ਸੰਦੀਪ ਗਰੋਵਰ ਕੋਆਰਡੀਨੇਟਰ ਨੇ ਬਲਾਕ ਜੰਡਵਾਲਾ ਭੀਮੇਸ਼ਾਹ ਸੀਤੋ ਗੁੰਨੋ ਤੇ ਜਲਾਲਾਬਾਦ ਦੀਆਂ ਸਾਰੀਆਂ ਏਐਨਐਮ ਨੂੰ ਹੈਲਥ ਮੈਨੇਜਮੈਂਟ ਇਨਫੋਰਮੇਸ਼ਨ ਸਿਸਟਮ ਤੇ ਆਰਸੀਐਚ ਦੀ ਅਪਡੇਸ਼ਨ ਟ੍ਰੇਨਿੰਗ ਕਰਵਾਈ ਗਈ। ਇਸ ਸਮੇਂ ਰਾਜੇਸ਼ ਕੁਮਾਰ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਨੇ ਐਚ.ਐਮ.ਆਈ.ਐਸ., ਆਰ.ਸੀ.ਐਚ 2.0, ਆਯੂਸ਼ਮਾਨ ਭਾਰਤ ਡਿਜੀਟਲ ਮਿਸ਼ਨ ਤੇ ਯੂ-ਵਿਨ ਪ੍ਰੋਗਰਾਮਾਂ ਸਬੰਧੀ ਅੱਪਡੇਸ਼ਨ ਟ੍ਰੇਨਿੰਗ ਕਰਵਾਈ ਤੇ ਇਸ ਪ੍ਰੋਗਰਾਮ ਦੀ ਸਮੀਖਿਆ ਵੀ ਕੀਤੀ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਜਾਰੀ ਕੀਤੇ ਨਵੇਂ ਪੋਰਟਲ 'ਤੇ ਡਾਟਾ ਰੋਜ਼ਾਨਾ ਆਨ-ਲਾਈਨ ਕਰਨ ਤੇ ਰਿਪੋਰਟਾਂ ਸਮੇਂ ਸਿਰ ਭੇਜਣ ਦੀਆਂ ਹਦਾਇਤਾਂ ਦਿੱਤੀਆਂ। ਸੰਦੀਪ ਗਰੋਵਰ ਕੋਆਰਡੀਨੇਟਰ ਐਚ.ਐਮ.ਆਈ.ਐਸ. ਵੱਲੋਂ ਸਟਾਫ਼ ਨੂੰ ਪੋਰਟਲ 'ਤੇ ਕੀਤੇ ਗਏ ਨਵੇਂ ਬਦਲਾਵਾਂ ਸਬੰਧੀ ਟ੍ਰੇਨਿੰਗ ਦਿੱਤੀ। ਉਨ੍ਹਾਂ ਦੱਸਿਆ ਕਿ ਆਯੂਸ਼ਮਾਨ ਭਾਰਤ ਡਿਜੀਟਲ ਮਿਸ਼ਨ ਤਹਿਤ ਜੱਚਾ-ਬੱਚਾ ਸਿਹਤ ਸਬੰਧੀ ਹਰ ਤਰ੍ਹਾਂ ਦਾ ਡਾਟਾ ਪੋਰਟਲ 'ਤੇ ਅਪਲੋਡ ਕੀਤਾ ਜਾਵੇ। ਉਨ੍ਹਾਂ ਆਭਾ ਆਈਡੀ ਬਾਰੇ ਵੀ ਵਿਸਥਾਰਤ ਜਾਣਕਾਰੀ ਦਿੱਤੀ। ਇਸ ਸਮੇਂ ਮਾਸ ਮੀਡੀਆ ਤੋਂ ਵਿਨੋਦ ਖੁਰਾਨਾ ਦਿਵਸ਼ ਕੁਮਾਰ ਸੁਖਦੇਵ ਸਿੰਘ, ਐਨ.ਐਚ.ਐਮ. ਬ੍ਰਾਂਚ ਤੋਂ ਵਿਨੋਦ ਕੁਮਾਰ, ਬਲਜੀਤ ਤੇ ਮੁਹਿੰਦਰ ਕੁਮਾਰ ਹਾਜ਼ਰ ਸਨ।

# ਨੈਸ਼ਨਲ ਡਿਗਰੀ ਕਾਲਜ ਦੇ ਬੀ.ਸੀ.ਏ. ਦਾ ਨਤੀਜਾ ਰਿਹਾ ਸ਼ਾਨਦਾਰ

ਫਾਜ਼ਿਲਕਾ, 28 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਇਲਾਕੇ ਦੇ ਪ੍ਰਸਿੱਧ ਸਿੱਖਿਆ ਸੰਸਥਾਨ ਨੈਸ਼ਨਲ ਡਿਗਰੀ ਕਾਲਜ ਚੁਵਾੜਿਆਂ ਵਾਲੀ ਵੱਲੋਂ ਐਲਾਨਿਆ ਗਿਆ ਬੀ.ਸੀ.ਏ. ਸਮੈਸਟਰ-ਤੀਜਾ ਦਾ ਨਤੀਜਾ ਇਸ ਵਾਰ ਬਹੁਤ ਹੀ ਸ਼ਾਨਦਾਰ ਰਿਹਾ। ਨਤੀਜਿਆਂ ਵਿੱਚ ਕਸਕ ਸੇਤੀਆ ਪੁੱਤਰੀ ਪ੍ਰਦੀਪ ਕੁਮਾਰ ਤੇ ਪ੍ਰਭਪ੍ਰੀਤ ਕੌਰ ਪੁੱਤਰੀ ਜੁਗਰਾਜ ਸਿੰਘ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਦੇ ਹੋਏ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅਨੀਤਾ ਪੁੱਤਰੀ ਪ੍ਰੇਮ ਕੁਮਾਰ, ਰਾਜੇਸ਼ ਕੁਮਾਰ ਪੁੱਤਰ ਗਣੇਸ਼ ਤੇ ਸਯਮ ਪੁੱਤਰ ਰਾਜੇਸ਼ ਕੁਮਾਰ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਆਪਣੀ ਯੋਗਤਾ ਦਾ ਸਬੂਤ ਦਿੱਤਾ। ਤੀਜੇ ਸਥਾਨ 'ਤੇ ਮਹਿਕ ਪੁੱਤਰੀ ਹਰਭਜਨ ਲਾਲ, ਅਜੇ ਸਿੰਘ ਪੁੱਤਰ ਕ੍ਰਿਸ਼ਨ ਸਿੰਘ, ਅੰਸ਼ਪ੍ਰੀਤ ਸ਼ਰਮਾ ਪੁੱਤਰ ਹਰਜਿੰਦਰ ਸਿੰਘ ਤੇ ਰੋਹਿਤ ਕੁਮਾਰ ਪੁੱਤਰ ਨਰੇਸ਼ ਕੁਮਾਰ ਰਹੇ।

# ਲਾਲਾ ਫੂਲ ਚੰਦ ਸਰਵਹਿੱਤਕਾਰੀ ਸਕੂਲ 'ਚ ਅਸ਼ਟਮੀ ਦਾ ਦਿਹਾੜਾ ਮਨਾਇਆ

ਅਮਲੋਹ, 28 ਮਾਰਚ (ਜਸਵੰਤ ਸਿੰਘ): ਲਾਲਾ ਫੂਲ ਚੰਦ ਬਾਂਸਲ ਸਰਵਹਿੱਤਕਾਰੀ ਵਿੱਦਿਆ ਮੰਦਰ ਸਕੂਲ ਦੇ ਮੁੱਖ ਪੈਟਰਨ ਪ੍ਰਦੀਪ ਬਾਂਸਲ ਦੀ ਸਰਪ੍ਰਸਤੀ ਹੇਠ ਨਵਰਾਤਰੇ ਦੀ ਅਸ਼ਟਮੀ ਦਾ ਤਿਉਹਾਰ ਪਿੰਡ ਭੱਦਲਥੂਹਾ ਦੇ ਸਲੱਮ ਏਰੀਏ ਵਿੱਚ ਸ੍ਰੀ ਗੁਰੂ ਰਵੀ ਦਾਸ ਮੰਦਰ ਵਿੱਚ ਮੰਦਰ ਦੇ ਪ੍ਰਬੰਧਕ ਬਹਾਦਰ ਸਿੰਘ ਦੇ ਵਿਸ਼ੇਸ਼ ਉਪਰਾਲੇ ਨਾਲ ਬੱਚਿਆਂ ਦਾ ਕੰਜਕ ਪੂਜਨ ਕਰਕੇ ਮਨਾਇਆ ਗਿਆ। ਸਕੂਲ ਦੇ ਮੈਨੇਜਰ ਰਾਕੇਸ਼ ਕੁਮਾਰ ਗਰਗ ਨੇ ਪਿੰਡ ਭੱਦਲਥੂਹਾ ਵਿੱਚ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਆਪਣੀਆਂ ਬੱਚੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਚੰਗੇ ਸੰਸਕਾਰ ਦੇਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਅਜੋਕੇ ਯੁੱਗ ਵਿੱਚ ਕੁੜੀਆਂ ਮੁੰਡਿਆਂ ਨਾਲੋਂ ਕਿਸੇ ਵੀ ਖੇਤਰ ਵਿੱਚ ਘੱਟ ਨਹੀਂ। ਭਾਰਤ ਸਰਕਾਰ ਦੀ ਲੜਕੀਆਂ ਪ੍ਰਤੀ ਚੰਗੀਆਂ ਨੀਤੀਆਂ ਕਾਰਨ ਲੜਕੀਆਂ ਅੱਜ ਪੜ੍ਹਾਈ ਵਿੱਚ ਮੱਲਾਂ ਮਾਰ ਕੇ ਵੱਡੀਆਂ ਕੰਪਨੀਆਂ, ਰਾਜਸੀ, ਆਈਟੀ ਸੈਕਟਰ, ਬਿਊਰੋਕਰੇਸ਼ੀ, ਖੇਲ ਜਗਤ, ਭਾਰਤੀ ਸੈਨਾ, ਬੈਂਕਾਂ, ਵਪਾਰ ਆਦਿ ਵਿੱਚ ਅਗਵਾਈ ਕਰ ਰਹੀਆਂ ਹਨ। ਚੇਅਰਮੈਨ ਰਾਜਪਾਲ ਗਰਗ ਨੇ ਕਿਹਾ ਕਿ ਦੇਸ਼ ਵਿੱਚ ਵੱਖ-ਵੱਖ ਤਰ੍ਹਾਂ ਦੇ ਮਨਾਏ ਜਾਣ ਵਾਲੇ ਤਿਉਹਾਰ, ਮੇਲੇ ਸਮਰਸਤਾ ਦਾ ਪ੍ਰਤੀਕ ਹਨ, ਜਿਸ ਵਿੱਚ ਜਾਤ-ਪਾਤ ਦਾ ਕੋਈ ਫਰਕ ਨਹੀਂ ਸਮਝਿਆ ਜਾਂਦਾ ਤੇ ਸਾਰੇ ਇੱਕਠੇ ਹੋ ਕੇ ਲੰਗਰ ਦੀ ਸੇਵਾ ਕਰਦੇ ਹਨ ਤੇ ਲੰਗਰ ਛੱਕਦੇ ਹਨ। ਉਨ੍ਹਾਂ ਕਿਹਾ ਕਿ ਔਰਤਾਂ ਹੀ ਆਪਣੇ ਬੱਚਿਆਂ ਨੂੰ ਚੰਗੇ ਸੰਸਕਾਰ ਦੇ ਕੇ ਚੰਗੀ ਪ੍ਰਵਰਿਸ਼ ਕਰਕੇ ਪੜ੍ਹਾਈ ਕਰਵਾ ਕੇ ਦੇਸ਼ ਦੀ ਸੇਵਾ, ਨਸ਼ਿਆਂ ਤੋਂ ਮੁਕਤ ਤੇ ਚੰਗੇ ਇਨਸਾਨਾਂ ਦੀ ਸਿਰਜਣਾ ਕਰ ਸਕਦੀਆਂ ਹਨ। ਇਸ ਮੌਕੇ ਮੁੱਖ ਅਧਿਆਪਕ ਆਂਚਲ ਰਾਣੀ, ਅਧਿਆਪਕ ਭਾਵਨਾ ਰਾਣੀ, ਨੇਹਾ ਰਾਣੀ, ਮੀਨਾ ਰਾਣੀ, ਦਵਿੰਦਰ ਕੌਰ, ਮੇਘਾ ਰਾਣੀ, ਮੈਨੇਜਮੈਂਟ ਕਮੇਟੀ ਦੇ ਮੈਂਬਰ ਡਾ. ਰਾਮ ਸਰੂਪ, ਸ਼ਿਵ ਕੁਮਾਰ ਗਰਗ, ਅਨਿਲ ਗੋਇਲ, ਵਿਨੋਦ ਮਿੱਤਲ, ਨਰਿੰਦਰ ਬੇਦੀ, ਮੋਹਿਤ ਗਰਗ, ਵਿਸ਼ਾਲ ਸਿੰਗਲਾ ਤੇ ਸਤਨਾਮ ਸਾਹੂ ਆਦਿ ਮੌਜੂਦ ਸਨ। ਇਸ ਮੌਕੇ ਵਿਧੀ ਵਿਧਾਨ ਨਾਲ ਛੋਟੀਆਂ ਬੱਚਿਆਂ ਦਾ ਕੰਜਕ ਪੂਜਨ ਕੀਤਾ ਗਿਆ ਤੇ ਪ੍ਰਸ਼ਾਦ ਵੰਡਿਆ ਗਿਆ।



# ਮੁਚਰੋਵਾਲ 'ਚ 'ਆਪ' ਦੀ ਖਾਸ ਮੀਟਿੰਗ

ਭੋਗਪੁਰ, 28 ਮਾਰਚ (ਜੰਡੀਰ ਸੈਣੀ): ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਅਜੇ ਕੁਮਾਰ ਦਾਰਾਪੁਰੀਆ ਦੀ ਅਗਵਾਈ ਹੇਠ ਅੱਜ ਪਿੰਡ ਮੁਚਰੋਵਾਲ ਵਿਖੇ ਬਹੁਤ ਵੱਡੇ ਇਕੱਠ ਵਿੱਚ ਇੱਕ ਖਾਸ ਮੀਟਿੰਗ ਕੀਤੀ ਗਈ, ਮੀਟਿੰਗ ਦੀ ਅਗਵਾਈ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਨੇ ਕੀਤੀ, ਪਿੰਡਾਂ ਦੇ ਪੰਚ-ਸਰਪੰਚ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਦੇ ਵਰਕਰ ਤੇ ਹੋਰ ਵੀ ਪਿੰਡਾਂ ਦੇ ਲੋਕ ਮੀਟਿੰਗ ਵਿੱਚ ਸ਼ਾਮਲ ਹੋਏ। ਅਜੈ ਕੁਮਾਰ ਬਲਾਕ ਪ੍ਰਧਾਨ ਨੇ ਦੱਸਿਆ ਕਿ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਜਿਨ੍ਹਾਂ ਲੋਕਾਂ ਨੇ 10 ਲੱਖ ਬੀਮਾ ਯੋਜਨਾ ਦੇ ਕਾਰਡ ਨਹੀਂ ਬਣਵਾਏ। ਉਨ੍ਹਾਂ ਨੂੰ ਜਲਦ ਬਣਾਉਣ ਲਈ ਕਿਹਾ ਕਿ ਜਿਨ੍ਹਾਂ ਲੋਕਾਂ ਦੇ ਮਕਾਨਾਂ 'ਤੇ ਬਾਲੇ ਪਾਏ ਹੋਏ ਹਨ, ਕੱਚੇ ਮਕਾਨ ਹਨ ਪੱਕੇ ਮਕਾਨ ਬਣਾਉਣ ਲਈ ਸਰਕਾਰ ਤੋਂ ਲਾਭ ਲੈਣ ਲਈ ਪ੍ਰੇਰਿਤ ਕੀਤਾ। ਹੋਰ ਵੀ ਕਾਫੀ ਮਸਲਿਆਂ ਦੇ ਸਬੰਧ ਵਿੱਚ ਗੱਲਾਂ ਬਾਤਾਂ ਹੋਈਆਂ। ਇਸ ਮੌਕੇ 'ਤੇ ਬਲਾਕ ਪ੍ਰਧਾਨ ਅਜੇ ਕੁਮਾਰ ਨੇ ਮਾਈਕ ਵਿੱਚ ਬੋਲਦੇ ਹੋਏ ਕਿਹਾ ਕਿ ਕੁਝ ਲੋਕ ਸਰਕਾਰ ਨੂੰ ਬਦਨਾਮ ਕਰਨ ਲਈ ਲੋਕਾਂ ਨੂੰ ਪ੍ਰੇਸ਼ਾਨ ਕਰਦੇ ਹਨ ਇਹੋ ਜਿਹੇ ਲੋਕਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਜਿੱਥੇ ਵੀ ਕੋਈ ਗੁੰਡਾਗਰਦੀਆਂ ਕਰਦਾ ਨਜ਼ਰ ਆਉਂਦਾ ਹੈ, ਭ੍ਰਿਸ਼ਟਾਚਾਰੀ ਖਲਾਰਦਾ ਹੈ ਇਹੋ ਜਿਹੇ ਲੋਕਾਂ ਦੀ ਜਲਦ ਸ਼ਿਕਾਇਤ ਦਿੱਤੀ ਜਾਵੇ ਤਾਂ ਕਿ ਪੰਜਾਬ ਦੇ ਮਾਹੌਲ ਨੂੰ ਸਹੀ ਰੱਖਿਆ ਜਾ ਸਕੇ। ਇਸ ਮੌਕੇ 'ਤੇ ਮੀਟਿੰਗ ਵਿੱਚ ਮੁਚਰੋਵਾਲੇ ਪਿੰਡ ਦੇ ਕਾਫੀ ਲੋਕ ਹਾਜ਼ਰ ਸਨ।



# ਬਾਘਾ ਪੁਰਾਣਾ ਬਲਾਕ ਸੰਮਤੀ ਚੋਣ ਹਾਈਕੋਰਟ ਦੇ ਆਬਜ਼ਰਵਰ ਦੀ ਨਿਗਰਾਨੀ ਹੇਠ ਸ਼ਾਂਤੀਪੂਰਨ ਤਰੀਕੇ ਨਾਲ ਮੁਕੰਮਲ

ਮੋਗਾ, 28 ਮਾਰਚ (ਗੁਰਦੇਵ ਖੁਰਾਣਾ/ਨਿਸ਼ੀ ਮਨਚੰਦਾ): ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੋਗਾ ਜ਼ਿਲ੍ਹੇ ਦੇ ਬਲਾਕ ਸੰਮਤੀ ਬਾਘਾ ਪੁਰਾਣਾ ਦੇ ਚੇਅਰਮੈਨ ਤੇ ਉਪ ਚੇਅਰਮੈਨ ਦੀ ਚੋਣ ਅੱਜ ਹਾਈਕੋਰਟ ਦੇ ਆਬਜ਼ਰਵਰ ਦੀ ਨਿਗਰਾਨੀ ਹੇਠ ਸ਼ਾਂਤੀਪੂਰਨ ਤਰੀਕੇ ਨਾਲ ਹੋ ਗਈ। ਡਿਪਟੀ ਕਮਿਸ਼ਨਰ ਸਾਗਰ ਸੇਤੀਆ ਜਿਨ੍ਹਾਂ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਮੋਗਾ ਵਿਖੇ ਚੋਣ ਕਰਵਾਉਣ ਲਈ ਅਧਿਕਾਰਤ ਕੀਤਾ ਗਿਆ ਸੀ, ਨੇ ਦੱਸਿਆ ਕਿ ਸਮੁੱਚੀ ਚੋਣ ਪ੍ਰਕਿਰਿਆ ਸ਼ਾਂਤੀਪੂਰਨ ਤੇ ਪਾਰਦਰਸ਼ੀ ਤਰੀਕੇ ਨਾਲ ਮੁਕੰਮਲ ਹੋਈ। ਉਨ੍ਹਾਂ ਦੱਸਿਆ ਕਿ ਹਾਈਕੋਰਟ ਦੇ ਹੁਕਮ ਅਨੁਸਾਰ ਸਮੁੱਚੀ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕੀਤੀ ਗਈ ਹੈ। ਉਨ੍ਹਾਂ ਸ਼ਾਂਤੀਪੂਰਨ ਚੋਣ ਮੁਕੰਮਲ ਹੋਣ 'ਤੇ ਬਲਾਕ ਸੰਮਤੀ ਬਾਘਾਪੁਰਾਣਾ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ।

# ਦਸਮੇਸ਼ ਗਰਲਜ਼ ਕਾਲਜ ਦੀਆਂ ਬੀ.ਐਸ.ਸੀ. ਵਿਦਿਆਰਥਣਾਂ ਦਾ ਯੂਨੀਵਰਸਿਟੀ ਮੈਰਿਟ 'ਤੇ ਕਬਜ਼ਾ

ਮੁਕੇਰੀਆਂ, 28 ਮਾਰਚ (ਧਰਮ ਚੰਦ): ਦਸਮੇਸ਼ ਗਰਲਜ਼ ਕਾਲਜ, ਚੱਕ ਅੱਲਾ ਬਖ਼ਸ਼, ਮੁਕੇਰੀਆਂ ਵਿਖੇ ਪ੍ਰਿੰਸੀਪਲ ਡਾ. ਕਰਮਜੀਤ ਕੌਰ ਦੀ ਸਫਲ ਅਗਵਾਈ ਤੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਦੀ ਮੁਖੀ ਪ੍ਰੋ. ਪੂਨਮ ਸ਼ਰਮਾ ਦੇ ਮਾਰਗਦਰਸ਼ਨ ਹੇਠ ਵਿਦਿਆਰਥਣਾਂ ਨੇ ਆਪਣੇ ਮਿਹਨਤ ਤੇ ਲਗਨ ਨਾਲ ਇੱਕ ਵਾਰ ਫਿਰ ਸ਼ਾਨਦਾਰ ਨਤੀਜੇ ਪ੍ਰਾਪਤ ਕਰਕੇ ਸੰਸਥਾ ਦਾ ਮਾਣ ਵਧਾਇਆ ਹੈ। ਬੀ.ਐਸ.ਸੀ. ਫੈਸ਼ਨ ਡਿਜ਼ਾਈਨਿੰਗ (ਤੀਸਰਾ ਸਮੈਸਟਰ) ਦੀ ਵਿਦਿਆਰਥਣ ਕਰਨਪ੍ਰੀਤ ਕੌਰ ਨੇ 90% ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚੋਂ ਦੂਜਾ ਸਥਾਨ 'ਤੇ ਕੁਸੁਮ ਰਾਣੀ ਨੇ 87.50% ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਹਾਸਲ ਕਰਦੇ ਹੋਏ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸ਼ਾਨਦਾਰ ਉਪਲਬਧੀ 'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਰਵਿੰਦਰ ਸਿੰਘ ਚੱਕ ਤੇ ਸਮੂਹ ਟਰੱਸਟ ਮੈਂਬਰ ਸਾਹਿਬਾਨਾਂ ਨੇ ਖੁਸ਼ੀ ਪ੍ਰਗਟ ਕਰਦਿਆਂ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉਜਵੱਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਟਰੱਸਟ ਵੱਲੋਂ ਕਾਲਜ ਦੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਦੀ ਮੁਖੀ ਸਹਾਇਕ ਪ੍ਰੋ. ਪੂਨਮ ਸ਼ਰਮਾ, ਸਹਾਇਕ ਪ੍ਰੋ. ਅਕਵਿੰਦਰ ਕੌਰ ਤੇ ਸਹਾਇਕ ਪ੍ਰੋ. ਦਲਜੀਤ ਕੌਰ ਨੂੰ ਵੀ ਉਨ੍ਹਾਂ ਦੀ ਮਿਹਨਤ ਤੇ ਮਾਰਗਦਰਸ਼ਨ ਲਈ ਵਧਾਈ ਦਿੱਤੀ ਗਈ। ਕਾਲਜ ਪ੍ਰਬੰਧਕਾਂ ਨੇ ਆਸ ਪ੍ਰਗਟ ਕੀਤੀ ਕਿ ਵਿਦਿਆਰਥਣਾਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਦੀਆਂ ਰਹਿਣਗੀਆਂ ਤੇ ਸੰਸਥਾ ਦਾ ਨਾਮ ਹੋਰ ਉਚਾ ਕਰਨਗੀਆਂ।



# ਹੋਲੀ ਹਾਰਟ ਸਕੂਲ ਅਜੀਤਵਾਲ ਦੀ ਵਿਦਿਆਰਥਣ ਦਾ ਗੁਰਬਾਣੀ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ

ਅਜੀਤਵਾਲ, 28 ਮਾਰਚ (ਨਿਸ਼ੀ ਮਨਚੰਦਾ): ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਲਈ ਇਹ ਬਹੁਤ ਹੀ ਗੌਰਵਮਈ ਪਲ ਹੈ ਕਿ ਸਕੂਲ ਦੀ ਇੱਕ ਨੰਨੀ ਮੁੰਨੀ ਵਿਦਿਆਰਥਣ ਨੇ ਗੁਰਬਾਣੀ ਦੇ ਮੁਕਾਬਲੇ ਵਿੱਚ ਭਾਗ ਲੈ ਕੇ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ। ਇਸ ਉਪਲਬਧੀ ਨਾਲ ਨਾ ਸਿਰਫ ਵਿਦਿਆਰਥਣ ਨੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ, ਸਗੋਂ ਸਕੂਲ ਦੀ ਸ਼ਾਨ ਵਿੱਚ ਵੀ ਵਾਧਾ ਕੀਤਾ ਹੈ। ਇਹ ਮੁਕਾਬਲਾ ਬਹੁਤ ਹੀ ਉਚ ਪੱਧਰ ਦਾ ਸੀ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਦੌਰਾਨ ਹੋਲੀ ਹਾਰਟ ਸਕੂਲ ਦੀ ਵਿਦਿਆਰਥਣ ਨੇ ਗੁਰਬਾਣੀ ਦੀ ਸੁਚੱਜੀ ਉਚਾਰਣ, ਭਾਵਨਾ ਤੇ ਵਿਸ਼ਵਾਸ ਨਾਲ ਪ੍ਰਸਤੁਤੀ ਕਰਕੇ ਜੱਜਾਂ ਨੂੰ ਪ੍ਰਭਾਵਿਤ ਕੀਤਾ ਤੇ ਦੂਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ ਵੱਲੋਂ ਵਿਦਿਆਰਥਣ ਨੂੰ ਇਸ ਉਪਲਬਧੀ ਲਈ ਦਿਲੋਂ ਵਧਾਈ ਦਿੱਤੀ ਗਈ। ਉਨ੍ਹਾਂ ਨੇ ਕਿਹਾ ਕਿ ਸਕੂਲ ਵਿੱਚ ਸਿਰਫ ਅਕਾਦਮਿਕ ਸਿੱਖਿਆ ਹੀ ਨਹੀਂ, ਸਗੋਂ ਬੱਚਿਆਂ ਦੇ ਨੈਤਿਕ ਤੇ ਧਾਰਮਿਕ ਮੁੱਲਾਂ ਨੂੰ ਵੀ ਬਰਾਬਰ ਤਰਜੀਹ ਦਿੱਤੀ ਜਾਂਦੀ ਹੈ, ਜਿਸ ਦਾ ਇਹ ਨਤੀਜਾ ਸਾਮਹਣੇ ਆਇਆ ਹੈ। ਅਧਿਆਪਕਾਂ ਨੇ ਵੀ ਵਿਦਿਆਰਥਣ ਦੀ ਮਿਹਨਤ ਤੇ ਲਗਨ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਦੇ ਆਤਮ-ਵਿਸ਼ਵਾਸ ਨੂੰ ਵਧਾਉਂਦੀਆਂ ਹਨ ਤੇ ਉਨ੍ਹਾਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕਰਦੀਆਂ ਹਨ। ਇਸ ਮੌਕੇ 'ਤੇ ਵਿਦਿਆਰਥਣ ਦੇ ਮਾਪਿਆਂ ਨੇ ਵੀ ਖੁਸ਼ੀ ਜ਼ਾਹਿਰ ਕਰਦੇ ਹੋਏ ਸਕੂਲ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਸਕੂਲ ਵੱਲੋਂ ਦਿੱਤੀ ਗਈ ਸਹੀ ਰਹਿਨੁਮਾਈ ਤੇ ਸਹਿਯੋਗ ਦੇ ਨਾਲ ਹੀ ਬੱਚੀ ਇਹ ਮੁਕਾਮ ਹਾਸਲ ਕਰ ਸਕੀ ਹੈ। ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਵੱਲੋਂ ਕਿਹਾ ਗਿਆ ਕਿ ਉਹ ਅੱਗੇ ਵੀ ਇਸ ਤਰ੍ਹਾਂ ਬੱਚਿਆਂ ਨੂੰ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਦੇ ਰਹਿਣਗੇ ਤਾਂ ਜੋ ਉਨ੍ਹਾਂ ਦਾ ਸਰਵਪੱਖੀ ਵਿਕਾਸ ਹੋ ਸਕੇ ਤੇ ਉਹ ਭਵਿੱਖ ਵਿੱਚ ਹੋਰ ਵੱਡੀਆਂ ਉਪਲਬਧੀਆਂ ਹਾਸਲ ਕਰ ਸਕਣ।



# ਲੁਧਿਆਣਾ ਯੂਨੀਵਰਸਲ ਪ੍ਰੈੱਸ ਕਲੱਬ (ਰਜਿ.) ਦੀਆਂ ਚੋਣਾਂ ਹੋਈਆਂ ਮੁਕੰਮਲ




ਲੁਧਿਆਣਾ, 28 ਮਾਰਚ (ਵਿਸ਼ਾਲ ਸ਼ਰਮਾ): ਅੱਜ ਲੁਧਿਆਣਾ ਦੇ ਯੂਨੀਵਰਸਲ ਪ੍ਰੈੱਸ ਕਲੱਬ (ਰਜਿ.) ਦੀਆਂ ਸਾਲਾਨਾ ਚੋਣਾਂ ਹੰਬੜਾ ਰੋਡ ਸਥਿਤ ਰਾਜਾ ਜ਼ਾਇਕਾ ਹੋਟਲ ਵਿੱਚ ਹੋਈਆਂ। ਇਸ ਮੌਕੇ ਲੁਧਿਆਣਾ ਸ਼ਹਿਰ ਦੇ ਪ੍ਰਿੰਟ ਅਤੇ ਇਲੈਕਟ੍ਰੋਨਿਕ ਮੀਡੀਆ ਨਾਲ ਸਬੰਧਿਤ ਪੱਤਰਕਾਰਾਂ ਅਤੇ ਫੋਟੋਗ੍ਰਾਫਰਾਂ ਨੇ ਸ਼ਿਰਕਤ ਕੀਤੀ। ਪ੍ਰੈੱਸ ਕਲੱਬ ਦੀਆਂ ਚੋਣਾਂ ਕਲੱਬ ਦੇ ਫਾਊਂਡਰ ਪ੍ਰਧਾਨ ਡੀ.ਪੀ ਖੋਸਲਾ ਦੀ ਪ੍ਰਧਾਨਗੀ ਹੇਠ ਹੋਈਆਂ, ਜਿਸ ਵਿੱਚ ਲੁਧਿਆਣਾ ਸ਼ਹਿਰ ਤੋਂ ਆਏ ਹੋਏ ਸਾਰੇ ਪੱਤਰਕਾਰਾਂ ਨੇ ਆਪਣੀ ਵੋਟ ਦਾ ਇਸਤੇਮਾਲ ਕਰਦਿਆਂ ਹੋਇਆਂ ਪ੍ਰਧਾਨ ਦੇ ਅਹੁਦੇ ਲਈ ਵਿਸ਼ਾਲ ਸ਼ਰਮਾ ਜਨਰਲ ਸਕੱਤਰ ਕਰਨੈਲ ਸਿੰਘ ਐਮ.ਏ, ਉਪ ਪ੍ਰਧਾਨ, ਸਚਿਨ ਬਹਿਲ, ਕੁਲਵਿੰਦਰ ਸਿੰਘ, ਖਜ਼ਾਨਚੀ ਰਜਿੰਦਰ ਧਵਨ, ਸਕੱਤਰ ਨਰੇਸ਼ ਹੰਸ, ਕੁਲਦੀਪ ਕੌਰ ਦੀ ਚੋਣ ਕੀਤੀ ਗਈ। ਯੂਨਿਵਰਸਲ ਪ੍ਰੈੱਸ ਕਲੱਬ ਦੇ ਫਾਊਂਡਰ ਪ੍ਰਧਾਨ ਡੀ.ਪੀ ਖੋਸਲਾ, ਮੈਡਮ ਸੰਦੀਪ ਸ਼ਰਮਾ ਸੀਨੀਅਰ ਜਨਰਲ ਸਕੱਤਰ, ਸੰਦੀਪ ਸ਼ਰਮਾ ਸੀਨੀਅਰ ਉਪ ਪ੍ਰਧਾਨ, ਗੁਰਦਾਸ ਕੈੜਾ ਉਪ ਪ੍ਰਧਾਨ, ਬਲਜੀਤ ਸਿੰਘ (ਲਾਟੀ) ਪ੍ਰੋਪੇਗੰਡਾ ਸਕੱਤਰ, ਬਲਵੀਰ ਮਲਹੋਤਰਾ ਸਕੱਤਰ, ਪਾਲ ਸ਼ਰਮਾ ਸਕੱਤਰ, ਅਰਜੁਨ ਸ਼ਰਮਾ ਐਗਜੀਕਿਊਟਿਵ ਮੈਂਬਰ, ਸਟੇਜ ਸਕੱਤਰ ਰਾਜ ਕੁਮਾਰ, ਪੀ.ਆਰ.ਓ ਰਕੇਸ਼ ਅਰੋੜਾ, ਜੋਇੰਟ ਸਕੱਤਰ ਕਪਿਲ ਸ਼ਰਮਾ, ਕਾਨੂੰਨੀ ਸਲਾਹਕਾਰ ਯੋਗੇਸ਼ ਖੰਨਾ ਆਦਿ ਮੌਜੂਦ ਸਨ। ਇਸ ਮੌਕੇ ਕਲੱਬ ਦੇ ਫਾਊਂਡਰ ਪ੍ਰਧਾਨ ਡੀਪੀ ਖੋਸਲਾ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਹੋਇਆਂ ਦੱਸਿਆ ਕਿ ਯੂਨੀਵਰਸਲ ਪ੍ਰੈੱਸ ਕਲੱਬ ਦੀ ਨਵੀਂ ਟੀਮ ਪ੍ਰੈੱਸ ਭਾਈਚਾਰੇ ਦੇ ਲਈ ਇੱਕ ਜੁੱਟ ਹੋ ਕੇ ਕੰਮ ਕਰੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਪੱਤਰਕਾਰਾਂ ਦੀ ਕਿਸੇ ਵੀ ਤਰ੍ਹਾਂ ਦੀ ਜਾਇਜ਼ ਔਂਕੜ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ ਜਾਵੇਗਾ। ਉਹਨਾਂ ਅੱਗੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਹੋਇਆਂ ਕਿਹਾ ਕਿ ਯੂਨੀਵਰਸਲ ਪ੍ਰੈੱਸ ਕਲੱਬ (ਰਜਿ.) ਵੱਲੋਂ ਆਮ ਜਨਤਾ ਦੀ ਭਲਾਈ ਦੇ ਨਾਲ-ਨਾਲ ਵੱਖ-ਵੱਖ ਧਰਮਾਂ ਦੇ ਧਾਰਮਿਕ ਕਾਰਜਾਂ ਨੂੰ ਵੀ ਬਖੂਬੀ ਨੇਪਰੇ ਚੜ੍ਹਾਇਆ ਜਾਵੇਗਾ। ਆਖ਼ਰ ਵਿੱਚ ਡੀ.ਪੀ ਖੋਸਲਾ ਨੇ ਪ੍ਰੈੱਸ ਕਲੱਬ ਦੀ ਨਵੀਂ ਟੀਮ ਨੂੰ ਮੁਬਾਰਕਾਂ ਦਿੰਦਿਆਂ ਹੋਇਆਂ ਕਲੱਬ ਦੀ ਭਲਾਈ ਲਈ ਦਿਨ ਰਾਤ ਮਿਹਨਤ ਕਰਨ ਲਈ ਆਖਿਆ। ਇਸ ਮੌਕੇ ਪ੍ਰੈੱਸ ਕਲੱਬ ਦੀ ਨਵੀਂ ਟੀਮ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ।

# ਵਿਧਾਇਕ ਛੀਨਾ ਵੱਲੋਂ ਮੁਹੱਲਾ ਕਲੀਨਿਕ ਦਾ ਉਦਘਾਟਨ



ਲੁਧਿਆਣਾ, 28 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ): ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਵਾਰਡ ਨੰਬਰ 35 ਅਤੇ 38 ਵਿੱਚ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਵਿਧਾਇਕ ਛੀਨਾ ਨੇ ਕਿਹਾ ਕਿ ਇਹ ਕਲੀਨਿਕ ਇਲਾਕੇ ਦੇ ਲੋਕਾਂ ਨੂੰ ਮੁਫ਼ਤ, ਸੁਵਿਧਾਜਨਕ ਅਤੇ ਭਰੋਸੇਯੋਗ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਲੋਕਾਂ ਦੀ ਸਿਹਤ ਅਤੇ ਭਲਾਈ ਸਰਕਾਰ ਦੀ ਪਹਿਲ ਹੈ ਅਤੇ ਆਮ ਆਦਮੀ ਕਲੀਨਿਕ ਇਸ ਵਚਨਬੱਧਤਾ ਨੂੰ ਮਜ਼ਬੂਤੀ ਨਾਲ ਦਰਸਾਉਂਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਵਰਗ ਤੱਕ ਵਧੀਆ ਸਿਹਤ ਸੇਵਾਵਾਂ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਹਰ ਨਾਗਰਿਕ ਨੂੰ ਸਮੇਂ 'ਤੇ ਇਲਾਜ ਮਿਲ ਸਕੇ।

ਇਸ ਮੌਕੇ ਇਲਾਕਾ ਨਿਵਾਸੀਆਂ ਅਤੇ ਪਾਰਟੀ ਵਰਕਰਾਂ ਵੱਲੋਂ ਭਰਪੂਰ ਸਹਿਯੋਗ ਅਤੇ ਸਨਮਾਨ ਦੇਣ 'ਤੇ ਵਿਧਾਇਕ ਛੀਨਾ ਨੇ ਸਭ ਦਾ ਦਿਲੋਂ ਧੰਨਵਾਦ ਕੀਤਾ।

# ਨਵਾਂ ਮੁਹੱਲਾ ਕਲੀਨਿਕ ਸ਼ੁਰੂ, ਕੈਬਨਿਟ ਮੰਤਰੀ ਸੌਂਦ ਨੇ ਕੀਤਾ ਉਦਘਾਟਨ




ਲੁਧਿਆਣਾ, 28 ਮਾਰਚ (ਵਿਸ਼ਾਲ ਸ਼ਰਮਾ): ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸੌਂਦ ਨੇ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਦਰਵਾਜ਼ੇ ਤਕ ਪਹੁੰਚਾਉਣ ਦੇ ਉਦੇਸ਼ ਨਾਲ ਸ਼ਨੀਵਾਰ ਨੂੰ ਨਿਊ ਮਾਡਲ ਟਾਊਨ, ਅਮਲੋਹ ਰੋਡ, ਵਾਰਡ ਨੰਬਰ 8, ਖੰਨਾ ਵਿਖੇ ਕਰੀਬ 27 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਤਿਆਰ ਕੀਤੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ। ਕੈਬਨਿਟ ਮੰਤਰੀ ਤਰੁਨਪ੍ਰੀਤ ਸੌਂਦ ਨੇ ਕਿਹਾ ਕਿ ਅੱਜ ਪੂਰੇ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ 109 ਹੋਰ ਮੁਹੱਲਾ ਕਲੀਨਿਕਾਂ ਦੀ ਸ਼ੁਰੂਆਤ ਕੀਤੀ ਗਈ ਹੈ। ਹੁਣ ਪੂਰੇ ਪੰਜਾਬ ਵਿੱਚ ਕੁੱਲ 990 ਮੁਹੱਲਾ ਕਲੀਨਿਕ ਬਣ ਚੁੱਕੇ ਹਨ। ਇਹਨਾਂ ਮੁਹੱਲਾ ਕਲੀਨਿਕਾਂ ਵਿੱਚੋਂ 5 ਕਰੋੜ ਤੋਂ ਵੱਧ ਲੋਕ ਲਾਭ ਉਠਾ ਚੁੱਕੇ ਹਨ। ਇਹਨਾਂ ਵਿੱਚੋਂ 1 ਕਰੋੜ ਲੋਕ ਉਹ ਹਨ ਜਿਨ੍ਹਾਂ ਨੇ ਇੱਕ ਵਾਰ ਦਵਾਈ ਲਈ ਹੈ, ਉਹਨਾਂ ਨੂੰ ਦੁਬਾਰਾ ਦਵਾਈ ਦੀ ਜ਼ਰੂਰਤ ਨਹੀਂ ਪਈ। ਕਰੀਬ 3 ਕਰੋੜ ਲੋਕ ਅਜਿਹੇ ਹਨ, ਜਿਨ੍ਹਾਂ ਨੇ 2-3 ਵਾਰ ਜਨਰਲ ਚੈੱਕਅੱਪ ਕਰਵਾਇਆ ਅਤੇ 50-60 ਹਜ਼ਾਰ ਅਜਿਹੇ ਮਰੀਜ਼ ਹਨ ਜਿਨ੍ਹਾਂ ਦੀ ਲਗਾਤਾਰ ਦਵਾਈ ਚੱਲ ਰਹੀ ਹੈ। ਇਹ ਮੁਹੱਲਾ ਕਲੀਨਿਕ ਬੇਸਿਕ ਜ਼ਿੰਦਗੀ ਨੂੰ ਸਹਾਇਤਾ ਦੇਣ ਲਈ ਬਹੁਤ ਵੱਡਾ ਯੋਗਦਾਨ ਪਾ ਰਹੇ ਹਨ।

ਡਾਕਟਰ ਸਾਹਿਬਾਨਾਂ ਦਾ ਕਹਿਣਾ ਹੈ ਕਿ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਹੈ ਉਦੋਂ ਤੋਂ ਸਰਕਾਰੀ ਹਸਪਤਾਲ 'ਤੇ ਲੋਕਾਂ ਦਾ ਯਕੀਨ ਇੰਨਾ ਵੱਧ ਗਿਆ ਹੈ ਕਿ ਇਸ ਸਮੇਂ ਹਸਪਤਾਲ ਦੀ ਓ.ਪੀ.ਡੀ 1500 ਤੋਂ ਪਾਰ ਕਰ ਚੁੱਕੀ ਹੈ ਅਤੇ ਪਹਿਲਾਂ ਤੋਂ ਚੱਲ ਰਹੇ 6 ਮੁਹੱਲਾ ਕਲੀਨਿਕਾਂ ਦੀ ਓ.ਪੀ.ਡੀ 1000 ਹੈ। ਜਦੋਂ ਕਰੀਬ 2500 ਬੰਦਾ ਹਰ ਰੋਜ਼ ਸਰਕਾਰੀ ਹਸਪਤਾਲਾਂ ਤੋਂ ਦਵਾਈ ਲੈ ਕੇ ਜਾਵੇ, ਤਾਂ ਇਹ ਆਪਣੇ ਆਪ ਵਿੱਚ ਹੀ ਰਿਕਾਰਡ ਹੈ। ਅੱਜ ਇੱਕ ਹੋਰ ਨਵਾਂ ਮੁਹੱਲਾ ਕਲੀਨਿਕ ਖੁੱਲ੍ਹਿਆ ਹੈ, ਇੱਥੇ ਵੀ ਰੋਜ਼ਾਨਾ 100 ਤੋਂ 150 ਬੰਦੇ ਦਾ ਚੈੱਕਅੱਪ ਹੋਵੇਗਾ। ਮੇਰੇ ਕਹਿਣ ਦਾ ਭਾਵ ਹੈ ਕਿ ਹੁਣ ਕਿਸੇ ਵਿਅਕਤੀ ਨੂੰ ਇਲਾਜ ਕਰਵਾਉਣ ਲਈ ਤੰਗ ਨਹੀਂ ਹੋਣਾ ਪਵੇਗਾ। ਇਸੇ ਲੜੀ ਤਹਿਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਸਿਹਤ ਕਾਰਡ ਬਣ ਰਿਹਾ ਹੈ, ਉਹ 10 ਲੱਖ ਰੁਪਏ ਦਾ ਕਾਰਡ ਹਰੇਕ ਬੰਦੇ ਨੂੰ ਜ਼ਰੂਰ ਬਣਾਉਣਾ ਚਾਹੀਦਾ ਹੈ, ਕਿਉਂਕਿ ਜਿੱਥੇ ਇਹ ਯੋਜਨਾ ਕੰਮ ਕਰ ਸਕਦੀ ਹੈ, ਉੱਥੇ ਹੋਰ ਕੋਈ ਨਹੀਂ ਖੜ੍ਹ ਸਕਦਾ। ਇਹ ਕਾਰਡ ਮਰੀਜ਼ ਦੀ ਵੱਡੀ ਤੋਂ ਵੱਡੀ ਬਿਮਾਰੀ ਦੇ ਇਲਾਜ ਵਿੱਚ ਮੱਦਦ ਕਰੇਗਾ।

ਇਸ ਮੌਕੇ 'ਤੇ ਸਿਵਲ ਹਸਪਤਾਲ ਖੰਨਾ ਦੇ ਐਸ.ਐਮ.ਓ ਡਾ. ਮਨਿੰਦਰ ਭਸੀਨ, ਡਾ. ਰਮਨਦੀਪ ਕੌਰ, ਕੌਂਸਲਰ ਸੁਰਿੰਦਰ ਬਾਵਾ, ਵਾਰਡ ਨੰਬਰ 8 ਦੇ ਇੰਚਾਰਜ ਬਲਵੰਤ ਲੋਹਟ, ਕੁਲਵੰਤ ਸਿੰਘ ਮਹਿਮੀ, ਪੁਨੀਤ ਖੱਟਰ, ਅਵਤਾਰ ਮਾਨ, ਗੁਰਸੀਰਤ ਬਾਦਸ਼ਾਹ, ਰਾਜ ਲਖੀਆ, ਦਰਸ਼ਨ ਸਿੰਘ ਅਰੋੜਾ ਆਦਿ ਹਾਜ਼ਰ ਸਨ।

# ਬਲਿੰਕਿਟ ਆਰਡਰ ਵਿਵਾਦ ਨੂੰ ਲੈ ਕੇ ਲੁਧਿਆਣਾ 'ਚ ਹੋਈ ਗੋਲ਼ੀਬਾਰੀ, ਇੱਕ ਜ਼ਖਮੀ



ਲੁਧਿਆਣਾ, 28 ਮਾਰਚ (ਵਿਸ਼ਾਲ ਸ਼ਰਮਾ): ਲੁਧਿਆਣਾ ਵਿੱਚ ਗੋਲੀਬਾਰੀ ਦੀ ਖ਼ਬਰ ਸਾਹਮਣੇ ਆਈ ਹੈ। ਦੱਸਿਆ ਜਾ ਰਿਹਾ ਹੈ ਕਿ ਬਲਿੰਕਿਟ ਆਰਡਰ ਨੂੰ ਲੈ ਕੇ ਹੋਏ ਝਗੜੇ ਕਾਰਨ ਗੋਲੀਬਾਰੀ ਹੋਈ, ਜਿਸ ਵਿੱਚ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ। ਰਿਪੋਰਟਾਂ ਅਨੁਸਾਰ ਲੁਧਿਆਣਾ ਦੇ ਤਾਜਪੁਰ ਰੋਡ 'ਤੇ ਇੱਕ EWS ਕਲੋਨੀ ਵਿੱਚ ਚਿਪਸ ਅਤੇ ਕੁਰਕੁਰੇ ਦੀ ਡਿਲੀਵਰੀ ਕਰਨ ਆਏ ਇੱਕ ਬਲਿੰਕਿਟ ਡਿਲੀਵਰੀ ਬੁਆਏ ਨਾਲ ਬਹਿਸ ਤੋਂ ਬਾਅਦ, ਡਿਲੀਵਰੀ ਪ੍ਰਾਪਤ ਕਰਨ ਵਾਲੇ ਨੌਜਵਾਨ ਦੀ ਘਟਨਾ ਸਥਾਨ 'ਤੇ ਮੌਜੂਦ ਇੱਕ ਹੋਰ ਵਿਅਕਤੀ ਨਾਲ ਝੜਪ ਹੋ ਗਈ। ਇਸ ਗਰਮਾ-ਗਰਮ ਬਹਿਸ ਤੋਂ ਬਾਅਦ, ਡਿਲੀਵਰੀ ਪ੍ਰਾਪਤ ਕਰਨ ਵਾਲਾ ਨੌਜਵਾਨ ਆਪਣੇ ਦੋਸਤਾਂ ਨਾਲ ਵਾਪਸ ਆਇਆ ਅਤੇ ਦੂਜੇ ਵਿਅਕਤੀ ਦੇ ਘਰ 'ਤੇ ਗੋਲੀਬਾਰੀ ਕਰ ਦਿੱਤੀ। ਨੌਜਵਾਨ ਨੇ ਘਰ 'ਤੇ ਚਾਰ ਤੋਂ ਪੰਜ ਗੋਲੀਆਂ ਚਲਾਈਆਂ ਅਤੇ ਮੌਕੇ ਤੋਂ ਭੱਜ ਗਿਆ। ਨੇੜਲੇ ਇੱਕ ਵਿਅਕਤੀ ਨੂੰ ਗੋਲੀ ਲੱਗੀ। ਘਟਨਾ ਦੀ ਸੀਸੀਟੀਵੀ ਫੁਟੇਜ ਵੀ ਸਾਹਮਣੇ ਆਈ ਹੈ। ਸੂਚਨਾ ਮਿਲਣ 'ਤੇ, ਪੁਲਿਸ ਦੀ ਇੱਕ ਟੀਮ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ। ਟੀਮ ਨੇ ਘਟਨਾ ਸਥਾਨ ਤੋਂ ਦੋ ਗੋਲੀਆਂ ਦੇ ਖੋਲ ਬਰਾਮਦ ਕੀਤੇ। ਦੋਸ਼ੀ ਦੀ ਪਛਾਣ ਹੁਣ ਸੀਸੀਟੀਵੀ ਫੁਟੇਜ ਰਾਹੀਂ ਕੀਤੀ ਜਾ ਰਹੀ ਹੈ।

# ਗੁਰੂ ਗੋਬਿੰਦ ਸਿੰਘ ਹਸਪਤਾਲ ਦੁਸਾਂਝ ਕਲਾਂ ਵਿਖੇ ਮੁਫ਼ਤ ਡਾਕਟਰੀ ਜਾਂਚ ਕੈਂਪ 31 ਨੂੰ

ਫਿਲੌਰ, 28 ਮਾਰਚ (ਅਜੇ ਸਿੰਘ ਨਾਗੀ): ਗੁਰੂ ਗੋਬਿੰਦ ਸਿੰਘ ਹਸਪਤਾਲ ਦੁਸਾਂਝ ਕਲਾਂ ਜਲੰਧਰ ਫਰੀ ਮੈਡੀਕਲ ਕੈਂਪ 31 ਮਾਰਚ ਦਿਨ ਮੰਗਲਵਾਰ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 2ਵਜੇ ਤੱਕ ਲਗਾਇਆ ਜਾਵੇਗਾ। ਇਸ ਦੀ ਜਾਣਕਾਰੀ ਡਾਕਟਰ ਜਸਵਿੰਦਰ ਚੀਮਾ ਨੇ ਦਿੰਦਿਆਂ ਦੱਸਿਆ ਕਿ ਸੁਨੀਤਾ ਧਾਮੀ,ਗੁਰੂ ਗੋਬਿੰਦ ਸਿੰਘ ਵੈਲਫੇਆਰ ਦੁਸਾਂਝ ਕਲਾਂ, ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਜਾਵੇਗਾ। ਮੈਡੀਕਲ ਕੈਂਪ 'ਚ ਮਾਹਿਰ ਡਕਾਟਰਾਂ ਦੀ ਟੀਮ ਵੱਲੋਂ ਸਾਰੀਆਂ ਬਿਮਾਰੀਆਂ ਦਾ ਚੈੱਕ ਅੱਪ ਕੀਤਾ ਜਾਵੇਗਾ। ਸ਼ੂਗਰ, ਐਚ. ਬੀ, ਯੂਰਿਕ ਐਸਿਡ ਦੇ ਟੈਸਟ ਮੁਫਤ ਕੀਤੇ ਜਾਣਗੇ। ਡਾਕਟਰ ਮਿੱਤਰਾ ਅੱਖਾਂ ਦੇ ਹਸਪਤਾਲ ਵੱਲੋਂ ਅੱਖਾਂ ਦਾ ਮੁਫਤ ਚੈੱਕ ਅਪ ਕੀਤਾ ਜਾਵੇਗਾ। ਖ਼ੂਨਦਾਨ ਕੈਂਪ ਲਗਾਇਆ ਜਾਵੇਗਾ ਤੇ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ, ਹਸਪਤਾਲ 'ਚ 24 ਘੰਟੇ ਐਮਰਜੰਸੀ ਸਹੂਲਤਾਂ ਤੇ ਰੋਜ਼ਾਨਾ ਓ ਪੀ ਡੀ ਦੀ ਸਹੂਲਤ, ਪਿਛਲੇ 10 ਸਾਲ ਤੋਂ ਦੰਦਾਂ ਦੀਆਂ ਬਿਮਾਰੀਆਂ ਦਾ ਇਲਾਜ 40% ਸਹੂਲਤ ਨਾਲ ਕੀਤਾ ਜਾਂਦਾ ਹੈ। ਉਨ੍ਹਾਂ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਕੈਂਪ ਦੇ ਵਿੱਚ ਪਹੁੰਚ ਕੇ ਵੱਧ ਤੋਂ ਵੱਧ ਕੈਂਪ ਦਾ ਲਾਭ ਉਠਾਓ।

# ਮੰਤਰੀ ਸੌਂਦ ਨੇ ਕਣਕ ਦੀ ਖ਼ਰੀਦ ਦੇ ਪ੍ਰਬੰਧਾਂ ਸਬੰਧੀ ਸਬੰਧਤ ਅਧਿਕਾਰੀਆਂ ਨਾਲ ਕੀਤੀ ਮੀਟਿੰਗ



ਲੁਧਿਆਣਾ, 28 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸ਼ਨੀਵਾਰ ਨੂੰ ਏਸ਼ੀਆ ਦੀ ਸਭ ਤੋਂ ਵੱਡੀ ਅਨਾਜ ਮੰਡੀ, ਖੰਨਾ ਵਿਖੇ ਕਣਕ ਦੀ ਖਰੀਦ ਦੇ ਪੁਖ਼ਤਾ ਪ੍ਰਬੰਧਾਂ ਸਬੰਧੀ ਖਰੀਦ ਏਜੰਸੀਆਂ, ਆੜ੍ਹਤੀਆ ਐਸੋਸੀਏਸ਼ਨ, ਲੇਬਰ ਐਸੋਸੀਏਸ਼ਨ ਤੇ ਟਰਾਂਸਪੋਰਟਰਾਂ ਨਾਲ ਮੀਟਿੰਗ ਕੀਤੀ ਅਤੇ ਮੰਡੀ ਬੋਰਡ ਅਤੇ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਤੋਂ ਇਲਾਵਾ ਸਬੰਧਿਤ ਵਿਭਾਗਾਂ ਨੂੰ ਕਣਕ ਦੀ ਖਰੀਦ ਦੌਰਾਨ ਆਪਣੀ ਬਣਦੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣ ਲਈ ਕਿਹਾ ਗਿਆ।

ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਣਕ ਦੀ ਖਰੀਦ ਨਾਲ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਕਣਕ ਦੀ ਖਰੀਦ ਤੇ ਲਿਫਟਿੰਗ ਪੂਰੀ ਤੇਜ਼ੀ ਨਾਲ ਕਰਵਾਈ ਜਾਣੀ ਚਾਹੀਦੀ ਹੈ। ਉਹਨਾਂ ਮੀਟਿੰਗ ਵਿੱਚ ਕਿਹਾ ਕਿ ਟਰਾਂਸਪੋਰਟ ਦੇ ਟਰੱਕ ਦੀ ਘਾਟ ਆਦਿ ਦੀਆਂ ਸ਼ਿਕਾਇਤਾਂ ਬਿਲਕੁੱਲ ਨਹੀਂ ਹੋਣੀਆਂ ਚਾਹੀਦੀਆਂ। ਸਬੰਧਤ ਇਸਨੂੰ ਪੂਰਾ ਕਰਨ ਲਈ ਜ਼ਿੰਮੇਵਾਰ ਹੋਣਗੇ।

ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਮਾਰਕੀਟ ਕਮੇਟੀ ਖੰਨਾ ਅਧੀਨ ਆਉਂਦੀਆਂ ਅਨਾਜ ਮੰਡੀਆਂ ਵਿੱਚ ਪੀਣ ਵਾਲਾ ਪਾਣੀ, ਬਿਜਲੀ, ਸਫਾਈ, ਛਾਂ ਅਤੇ ਖਪਾਨਿਆ ਦਾ ਯੋਗ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹਨਾਂ ਮੰਡੀਆਂ ਵਿਚ ਬਾਰਦਾਨੇ ਦੇ ਪੁਖਤਾ ਪ੍ਰਬੰਧ ਮੁਕੰਮਲ ਹੋਣ ਅਤੇ ਕਿਸਾਨਾਂ ਦੀ ਕਣਕ ਦੀ ਫਸਲ ਸਮੇਂ ਸਿਰ ਖਰੀਦ ਕਰਨ ਤੋਂ ਬਾਅਦ ਕਿਸਾਨਾਂ ਨੂੰ ਅਦਾਇਗੀ 48 ਘੰਟਿਆਂ ਦੇ ਅੰਦਰ-ਅੰਦਰ ਕਰਨ ਨੂੰ ਯਕੀਨੀ ਬਣਾਇਆ ਜਾਵੇ। ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ, ਆਮ ਲੋਕਾਂ ਦੀ ਸਰਕਾਰ ਵੱਲੋਂ ਮੰਡੀਆਂ ਵਿੱਚ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਕਣਕ ਦੀ ਫਸਲ ਦੀ ਖਰੀਦ ਲਈ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਕਿਸਾਨਾਂ ਦੀ ਕਣਕ ਦੀ ਉਪਜ ਦੇ ਇੱਕ-ਇੱਕ ਦਾਣੇ ਨੂੰ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਖਰੀਦ ਕੇ ਉਸਦੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ ਕਿ ਕਿਸਾਨਾਂ ਦੀ ਕਣਕ ਦੀ ਫ਼ਸਲ ਅਨਾਜ ਮੰਡੀਆਂ ਵਿੱਚੋਂ ਤੁਰੰਤ ਚੁੱਕ ਲਈ ਜਾਵੇ ਤਾਂ ਜੋ ਕਿਸਾਨ ਨੂੰ ਆਪਣੀ ਉਪਜ ਵੇਚਣ ਵੇਲੇ ਕਿਸੇ ਕਿਸਮ ਦੀ ਔਂਕੜ ਪੇਸ਼ ਨਾ ਆਵੇ। ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਅਤੇ ਹੋਰ ਐਸੋਸੀਏਸ਼ਨਾਂ ਵੱਲੋਂ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਮਾਰਕੀਟ ਕਮੇਟੀ ਖੰਨਾ ਦੇ ਚੇਅਰਮੈਨ ਜਗਤਾਰ ਸਿੰਘ ਗਿੱਲ ਰਤਨਹੇੜੀ, ਆੜ੍ਹਤੀਆ ਐਸੋਸੀਏਸ਼ਨ ਖੰਨਾ ਦੇ ਪ੍ਰਧਾਨ ਹਰਬੰਸ ਸਿੰਘ ਰੋਸ਼ਾ, ਯਾਦਵਿੰਦਰ ਸਿੰਘ ਲਿਬੜਾ ਤੋਂ ਇਲਾਵਾ ਸਬੰਧਤ ਵਿਭਾਗਾਂ ਦੇ ਅਧਿਕਾਰੀ ਅਤੇ ਵੱਖ ਵੱਖ ਐਸੋਸੀਏਸ਼ਨਾਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਆੜ੍ਹਤੀਏ ਮੌਜੂਦ ਸਨ।

# ਸਰਕਾਰੀ ਹਾਈ ਸਕੂਲ ਮੁੱਲਾਂਪੁਰ ਵਿਖੇ ਇੰਟਰਐਕਟਿਵ ਪੈਨਲ ਦਾ ਉਦਘਾਟਨ



ਮੁੱਲਾਂਪੁਰ ਦਾਖਾ, 28 ਮਾਰਚ (ਦਵਿੰਦਰ ਸਿੰਘ ਲੰਮੇ):ਸ਼ਹੀਦ ਬਲਵਿੰਦਰ ਸਿੰਘ ਸਰਕਾਰੀ ਹਾਈ ਸਕੂਲ ਮੁੱਲਾਂਪੁਰ ਵਿਖੇ ਕਰੀਬ ਢਾਈ ਲੱਖ ਰੁਪਏ ਦੀ ਕੀਮਤ ਦੇ ਦੋ ਇੰਟਰਐਕਟਿਵ ਪੈਨਲਜ(ਟੱਚ ਸਕ੍ਰੀਨ ਡਿਸਪਲੇਅ) ਦਾ ਉਦਘਾਟਨ ਮੁੱਖ ਅਧਿਆਪਕਾ ਗੁਨਜੀਤ ਕੌਰ ਸੇਖੋਂ ਵੱਲੋਂ ਕੀਤਾ ਗਿਆ। ਇਸ ਮੌਕੇ ਮੈਡਮ ਗੁਨਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਮੁਤਾਬਿਕ ਇਹ ਸ਼ਲਾਘਾਯੋਗ ਉਪਰਾਲਾ ਬੱਚਿਆਂ ਦੀ ਪੜ੍ਹਾਈ ਨੂੰ ਵਧੀਆ ਅਤੇ ਹਾਇਟੈਕ ਬਣਾਏਗਾ। ਉਹਨਾਂ ਕਿਹਾ ਕਿ ਇਹ ਦੋਵੇਂ ਉਪਕਰਨ ਵਿਦਿਆਰਥੀਆਂ ਲਈ ਸੋਨੇ 'ਤੇ ਸੁਹਾਗੇ ਦਾ ਕੰਮ ਕਰਨਗੇ। ਉਹਨਾਂ ਸਰਕਾਰ ਦੀਆਂ ਸਕੂਲਾਂ ਨੂੰ ਬਿਹਤਰ ਬਣਾਉਣ ਅਤੇ ਮਿਆਰੀ ਸਿਖਿਆ ਪ੍ਰਦਾਨ ਕਰਨ ਲਈ ਨੀਤੀਆਂ ਤੋਂ ਜਾਣੂੰ ਕਰਵਾਇਆ। ਮਾਸਟਰ ਗੁਰਸੇਵਕ ਸਿੰਘ ਨੇ ਹਾਜਰੀਨ ਦਾ ਧੰਨਵਾਦ ਕੀਤਾ। ਇਸ ਮੌਕੇ ਕੌਂਸਲਰ ਬਲਵਿੰਦਰ ਸਿੰਘ ਬੱਸਣ, ਸਕੂਲ ਚੇਅਰਮੈਨ ਜਸਵੀਰ ਸਿੰਘ, ਪੰਚ ਬੂਟਾ ਸਿੰਘ ਧਨੋਆ, ਬਾਬਾ ਤੇਜਾ ਸਿੰਘ, ਜਗਦੇਵ ਸਿੰਘ, ਮਾਸਟਰ ਅਮਨਦੀਪ ਸਿੰਘ ਚੀਮਾ, ਡੀ ਪੀ ਅਮਨਦੀਪ ਸਿੰਘ, ਰਤਨਜੀਤ ਕੌਰ, ਮਨਦੀਪ ਕੌਰ, ਗੁਰਜੀਤ ਕੌਰ, ਸਤਿੰਦਰ ਕੌਰ ਅਤੇ ਸਿਮਰਜੀਤ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

# ਪੈਟਰੋਲ ਪੰਪਾਂ ਉੱਤੇ ਡੀਜ਼ਲ ਤੇ ਪੈਟਰੋਲ ਦੀ ਕੋਈ ਦਿੱਕਤ ਨਹੀਂ : ਸੰਚਾਲਕ

## ਡਰੰਮ, ਬੋਤਲਾਂ, ਕੈਨੀਆਂ 'ਚ ਨਹੀਂ ਮਿਲੇਗਾ ਤੇਲ

ਫਿਲੌਰ, 28 ਮਾਰਚ (ਅਜੇ ਸਿੰਘ ਨਾਗੀ): ਫਿਲੌਰ ਇਲਾਕੇ 'ਚ ਪੈਟਰੋਲ, ਡੀਜਲ ਖਤਮ ਹੋਣ ਦੀਆਂ ਅਫਵਾਹਾਂ ਨੂੰ ਲੈਕੇ ਲੋਕਾਂ 'ਚ ਹਫੜਾ ਦਫੜੀ ਮੱਚੀ ਹੋਈ ਹੈ, ਜਦੋਂ ਮੀਡੀਆ ਨੇ ਪ੍ਰੀਤ ਬਸੰਤ ਪੰਪ ਐਚ ਪੀ ਜਲੰਧਰ ਰੋਡ ਨੇੜੇ ਖਹਿਰਾ,ਜੀ ਆਰ ਡੀ ਪੈਟਰੋਲ ਪੰਪ ਭੱਟੀਆਂ ਜਾ ਕੇ ਵੇਖਿਆ, ਤਾਂ ਵਾਹਨ ਚਾਲਕਾਂ ਨਿਰਵਿਘਨ ਪੈਟਰੋਲ, ਡੀਜਲ ਗੱਡੀਆਂ ਤੇ ਹੋਰ ਵਾਹਨ ਤੇ ਮੋਟਰਸਾਈਕਲ ਸਕੂਟਰਾਂ 'ਚ ਪਾ ਰਹੇ ਸਨ ਤੇ ਪੰਪ ਦੇ ਸੰਚਾਲਕ ਨੇ ਦੱਸਿਆ ਕਿ ਲੋਕਾਂ ਪੈਟਰੋਲ ਡੀਜ਼ਲ ਖਤਮ ਹੋਣ ਦੀਆਂ ਝੂਠੀਆਂ ਅਫਵਾਹਾਂ ਨੂੰ ਵੇਖ ਕੇ ਪੰਪਾਂ ਤੇ ਡਰੰਮ, ਬੋਤਲਾਂ, ਕੈਨੀਆਂ ਲੈਕੇ ਆਉਂਦੇ ਹਨ, ਉਨ੍ਹਾਂ ਨੂੰ ਤੇਲ ਨਹੀਂ ਦਿੱਤਾ ਜਾਂਦਾ ਤੇ ਡੀਜਲ ਪੈਟਰੋਲ ਵਾਹਨ 'ਚ ਰੋਜ਼ਾਨਾ ਵਾਂਗ ਪਾਇਆ ਜਾ ਰਿਹਾ ਹੈ। ਪੰਪਾਂ ਦੇ ਉੱਪਰ ਡੀਜ਼ਲ ਤੇ ਪੈਟਰੋਲ ਕੋਈ ਦਿੱਕਤ ਨਹੀਂ ਹੈ। ਇਸ ਮੌਕੇ ਉਨ੍ਹਾਂ ਨੇ ਕਿਹਾ ਡੀਜ਼ਲ ਤੇ ਪੈਟਰੋਲ ਦੀ ਕਿਸੇ ਵਾਹਨ ਚਾਲਕ ਕੋਈ ਸਮੱਸਿਆ ਨਹੀਂ ਆਉਣਾ ਦਿੱਤੀ ਜਾਵੇਗੀ।

# ਸਨਮਤੀ ਵਿਮਲ ਜੈਨ ਸਕੂਲ ਵਿਖੇ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਮੌਕੇ ਧਾਰਮਿਕ ਸਮਾਗਮ



ਜਗਰਾਓਂ, 28 ਮਾਰਚ ( ਵਿਸ਼ਾਲ ਅੱਤਰੇ/ਆਰੀਅਨ ਅੱਤਰੇ): ਜਗਰਾਓਂ-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਓਂ ਵਿਖੇ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਮੌਕੇ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਕੂਲ ਦੇ ਅਧਿਆਪਕਾਂ ਵੱਲੋਂ ਸੰਗਤੀ ਰੂਪ 'ਚ ਭਜਨਾਂ ਦਾ ਗਾਇਨ ਕਰਦਿਆਂ ਨਵੇਂ ਸੈਸ਼ਨ ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਨਮਤੀ ਸਕੂਲ ਦੇ ਵਿਦਿਆਰਥੀ ਹਰ ਸਾਲ ਜਿੱਥੇ ਵਿੱਦਿਅਕ ਖੇਤਰ 'ਚ ਮੱਲਾਂ ਮਾਰ ਰਹੇ ਹਨ, ਉੱਥੇ ਖੇਡਾਂ, ਵਿੱਦਿਅਕ ਗਤੀਵਿਧੀਆਂ ਅਤੇ ਵੱਖ-ਵੱਖ ਮੁਕਾਬਲਿਆਂ 'ਚ ਸਕੂਲ ਦਾ ਨਾਂਅ ਰੌਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਕੂਲ ਮੈਨੇਜ਼ਮੈਂਟ ਅਤੇ ਸਕੂਲ ਸਟਾਫ਼ ਦੇ ਸਹਿਯੋਗ ਸਨਮਤੀ ਸਕੂਲ 'ਚ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦਿੱਤੀ ਜਾਂਦੀ ਹੈ, ਜਿਸ ਕਰਕੇ ਮਾਪਿਆਂ ਵੱਲੋਂ ਸਨਮਤੀ ਸਕੂਲ 'ਚ ਆਪਣੇ ਬੱਚਿਆਂ ਦੇ ਦਾਖ਼ਲੇ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਪ੍ਰਿੰਸੀਪਲ ਸੁਪ੍ਰਿਆ ਖੁਰਾਨਾ ਨੇ ਕਿਹਾ ਕਿ ਸਕੂਲ 'ਚ ਪ੍ਰੀ-ਨਰਸਰੀ ਤੋਂ ਲੈ ਕੇ ਬਾਰ੍ਹਵੀਂ ਕਲਾਸ ਤੱਕ ਦਾਖ਼ਲੇ ਸ਼ੁਰੂ ਹਨ ਅਤੇ ਮਾਪੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਸਕੂਲ 'ਚ ਦਾਖ਼ਲਾ ਕਰਵਾਉਣ। ਉਨ੍ਹਾਂ ਕਿਹਾ ਕਿ ਸਨਮਤੀ ਸਕੂਲ ਆਧੁਨਿਕ ਸਹੂਲਤਾਂ ਨਾਲ ਲੈਸ ਹੈ। ਸਕੂਲ 'ਚ ਛੋਟੇ ਬੱਚਿਆਂ ਲਈ ਸਮਾਰਟ ਕਲਾਸਾਂ ਹਨ ਅਤੇ ਵੱਡੀਆਂ ਜਮਾਤਾਂ ਦੇ ਵਿਦਿਆਰਥੀਆਂ ਨੂੰ ਪ੍ਰੋਜੈਕਟਰ ਰਾਹੀਂ ਪੜ੍ਹਾਈ ਕਰਵਾਈ ਜਾਂਦੀ ਹੈ ਅਤੇ ਸਕੂਲ ਫੀਸਾਂ ਵਾਜਿਬ ਹਨ। ਇਸਦੇ ਨਾਲ-ਨਾਲ ਵਿਦਿਆਰਥੀਆਂ ਦੇ ਪ੍ਰੈਕਟੀਕਲ ਕਰਨ ਲਈ ਸਕੂਲ 'ਚ ਵੱਖ-ਵੱਖ ਲੈਬਜ਼ ਦਾ ਖਾਸ ਪ੍ਰਬੰਧ ਹੈ। ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਨੂੰ ਦੇਖਦਿਆਂ 'ਚ ਸਕੂਲ ਦੇ ਸਾਰੇ ਕਲਾਸ ਰੂਮਜ਼ ਏ.ਸੀ. ਕੀਤੇ ਗਏ ਹਨ ਅਤੇ ਬੱਚਿਆਂ ਨੂੰ ਸਕੂਲ ਲਿਆਉਣ ਅਤੇ ਘਰ ਛੱਡਣ ਲਈ ਨਵੀਂਆਂ ਬੱਸਾਂ ਦਾ ਖਾਸ ਪ੍ਰਬੰਧ ਹੈ। ਇਸ ਮੌਕੇ ਪ੍ਰਧਾਨ ਰਮੇਸ਼ ਜੈਨ, ਸੈਕਟਰੀ ਮਹਾਂਵੀਰ ਜੈਨ, ਉੱਪ ਪ੍ਰਧਾਨ ਕਾਂਤਾ ਸਿਗਲਾ ਨੇ ਕਿਹਾ ਕਿ ਸਨਮਤੀ ਸਕੂਲ ਇਲਾਕੇ ਦਾ ਸਭ ਤੋਂ ਪੁਰਾਣਾ ਸਕੂਲ ਹੈ। ਸਕੂਲ 'ਚ ਤਜਰਬੇਕਾਰ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਸਿੱਖਿਆ ਦਿੱਤੀ ਜਾਂਦੀ ਹੈ ਅਤੇ ਬੱਚੇ ਆਏ ਸਾਲ ਮੈਰਿਟ ਸੂਚੀ 'ਚ ਆਪਣਾ ਨਾਂਅ ਦਰਜ ਕਰਵਾਉਂਦੇ ਹਨ ਤੇ ਹੋਰ ਮੱਲਾਂ ਮਾਰਦੇ ਹਨ। ਇਸ ਮੌਕੇ ਸੋਨੀਆ ਕਪੂਰ, ਰਜਨੀ ਰਿਹਾਨ, ਨਿਧੀ ਜੈਨ, ਆਰਤੀ ਪਲਟਾ, ਸ਼ੈਲੀ ਗਾਬਾ, ਸ਼ਸ਼ੀ ਸ਼ਰਮਾ, ਸਰਿਤਾ ਠੁਕਰਾਲ, ਰਜਨੀ ਰਾਣੀ, ਆਰਤੀ ਗੁਪਤਾ, ਸਰਿਤਾ ਅੱਗਰਵਾਲ, ਅੰਜੂ ਕੌਸ਼ਲ, ਰਿਸ਼ੂ ਬਾਂਸਲ, ਅੰਕਿਤਾ ਗੁਪਤਾ, ਅਨੂ ਖੁਰਾਣਾ, ਗੁਰਮੀਤ ਕੌਰ, ਨਵਜੋਤ ਕੌਰ, ਪਲਕ ਸ਼ਰਮਾ, ਅਨੂ ਸ਼ਰਮਾ, ਪਰਮਜੀਤ ਕੌਰ, ਕੁਲਵਿੰਦਰ ਕੌਰ,ਪਾਇਲ ਗਰਗ, ਨਵੀਨ ਗੁਪਤਾ, ਕੁਲਦੀਪ ਕੌਰ, ਮਲਕੀਤ ਕੌਰ, ਰਿਪਲ ਰਾਣੀ, ਨਰਿੰਦਰ ਕੌਰ, ਪਰਮਿੰਦਰ ਬਾਵਾ, ਸਨੀ ਪਾਸੀਂ, ਸਰਬਜੀਤ ਸਿੰਘ ਧਾਲੀਵਾਲ, ਬੇਅੰਤ ਸਿੰਘ, ਇੰਦਰਜੀਤ ਸਿੰਘ, ਮਨੀਸ਼ ਕੁਮਾਰ, ਵਿਨੋਦ ਕੁਮਾਰ ਆਦਿ ਹਾਜ਼ਰ ਸਨ।

# ਚੇਤਰਾ ਨਵਰਾਤਰੀ ਤਿਉਹਾਰ ਮਾਂ ਬਗਲਾਮੁਖੀ ਧਾਮ ਵਿਖੇ ਵਿਸ਼ੇਸ਼ ਯੱਗ ਨਾਲ ਸਮਾਪਤ



ਲੁਧਿਆਣਾ, 28 ਮਾਰਚ (ਕਰਨੈਲ ਸਿੰਘ ਐੱਮ.ਏ.): ਮਹੰਤ ਪ੍ਰਵੀਨ ਚੌਧਰੀ ਵੱਲੋਂ ਮੰਤਰਾਂ ਦੇ ਜਾਪ ਦੇ ਨਾਲ ਸੈਂਕੜੇ ਸ਼ਰਧਾਲੂਆਂ ਨੇ ਯੱਗ ਵਿੱਚ ਭੇਟ ਚੜ੍ਹਾਈ ਅਤੇ ਸਮੂਹਿਕ ਤੌਰ 'ਤੇ ਦੇਵੀ ਭਗਵਤੀ ਦਾ ਅਸ਼ੀਰਵਾਦ ਲੈਣ ਲਈ ਕੰਜਕ ਪੂਜਾ ਕੀਤੀ। ਕੰਜਕ ਪੂਜਾ ਦੀ ਮਹੱਤਤਾ ਬਾਰੇ ਦੱਸਦੇ ਹੋਏ, ਮਹੰਤ ਪ੍ਰਵੀਨ ਚੌਧਰੀ ਨੇ ਕਿਹਾ ਕਿ ਨਵਰਾਤਰੀ ਦੌਰਾਨ ਕੰਜਕ ਪੂਜਾ ਤਾਂ ਹੀ ਲਾਭਦਾਇਕ ਹੋਵੇਗੀ। ਜੇਕਰ ਅਸੀਂ ਆਪਣੇ ਪੁੱਤਰਾਂ ਦੇ ਨਾਲ-ਨਾਲ ਆਪਣੀਆਂ ਨੂੰਹਾਂ ਦਾ ਸਤਿਕਾਰ ਕਰੀਏ। ਹਰ ਧੀ ਆਦਿ ਸ਼ਕਤੀ ਦੇ ਪ੍ਰਕਾਸ਼ਮਾਨ ਰੂਪ ਨੂੰ ਮੂਰਤੀਮਾਨ ਕਰਦੀ ਹੈ। ਪੁੱਤਰਾਂ ਤੋਂ ਬਿਨਾਂ ਇੱਕ ਪਰਿਵਾਰ ਅਧੂਰਾ ਹੈ। ਇੱਕ ਧੀ ਦਾ ਪਿਆਰ ਅਤੇ ਸਤਿਕਾਰ ਜੀਵਨ ਨੂੰ ਸਵਰਗ ਵਿੱਚ ਬਦਲ ਦਿੰਦਾ ਹੈ। ਇਸ ਦੌਰਾਨ, ਸ਼ਰਧਾਲੂਆਂ ਨੇ ਦੇਵੀ ਭਗਵਤੀ ਦੇ ਚਰਨਾਂ ਵਿੱਚ ਪ੍ਰਾਰਥਨਾ ਕੀਤੀ, ਉਨ੍ਹਾਂ ਨੂੰ ਸਾਰਿਆਂ 'ਤੇ ਆਪਣਾ ਅਸ਼ੀਰਵਾਦ ਵਰ੍ਹਾਉਣ ਲਈ ਕਿਹਾ। ਹਰ ਘਰ ਵਿੱਚ ਖੁਸ਼ੀ ਦੀ ਰੌਸ਼ਨੀ ਫੈਲੇ ਅਤੇ ਪੁੱਤਰਾਂ ਦਾ ਪਿਆਰ ਜੀਵਨ ਨੂੰ ਰੌਸ਼ਨ ਕਰਦਾ ਰਹੇ। ਇਸ ਤੋਂ ਪਹਿਲਾਂ ਇਸਤਰੀ ਸੰਕੀਰਤਨ ਮੰਡਲ ਨੇ ਖੇਡੀਆਂ ਦਾਤੀ ਦੇ ਦਰਬਾਰ ਕੰਜਕਾਂ ਖੇੜਿਆਂ... ਅਤੇ ਮੇਰੇ ਘਰ ਆਈ ਮਾਂ ਸ਼ੇਰਾਂਵਲੀ ਮਾਂ ਆਦਿ ਭਜਨਾਂ ਰਾਹੀਂ ਧੁਨਾਂ ਪੇਸ਼ ਕੀਤੀਆਂ। ਦੇਵੀ ਭਗਵਤੀ ਨੂੰ ਪ੍ਰਸ਼ਾਦ ਵਜੋਂ ਭੋਗ ਭੇਟ ਕੀਤੇ ਗਏ। ਇਸ ਮੌਕੇ ਮਨਪ੍ਰੀਤ ਛਤਵਾਲ, ਕਰਨ ਸ਼ਾਂਡਿਲਿਆ, ਸੁਨੀਲ ਮਹਾਜਨ, ਰਮਨ ਘਈ, ਜਤਿੰਦਰ ਸੂਦ, ਮੋਹਿਤ ਸੂਦ, ਰਾਣਾ ਰਣਜੀਤ ਸਿੰਘ, ਸੁਧੀਰ ਮਹਾਜਨ, ਗੌਰਵ ਕਾਲੀਆ, ਜਤਿਨ ਸੂਦ, ਪਰਮਵੀਰ ਚੌਧਰੀ, ਸੰਦੀਪ ਸੂਦ, ਸੁਨੀਲ ਹਾਂਡਾ, ਨਰਿੰਦਰ ਸਿੰਗਲਾ, ਇਕਬਾਲ ਸਿੰਘ, ਬਲਜੀਤ ਮਹਾਜਨ, ਤ੍ਰੈਚਰਨ ਸਿੰਘ, ਨਛੱਤਰ ਸਿੰਘ, ਅੰਕੁਸ਼ ਸਿੰਗਲਾ, ਚੇਤਨ ਟੰਡਨ, ਸਾਹਿਲ ਸਿੰਗਲਾ, ਰਾਜ ਸੋਲੰਕੀ, ਪੰਕਜ ਗੁਪਤਾ, ਦੀਪਕ ਗਰਗ, ਦਿਨੇਸ਼ ਰੱਲੀ, ਵਰੁਣ ਜੈਨ, ਮਨੀਸ਼ ਗੁਪਤਾ, ਵਿਜੇ ਗੁਪਤਾ, ਰਮਨ ਸ਼ਰਮਾ, ਅਦਿੱਤਿਆ ਗੁਪਤਾ, ਵਰੁਣ ਚੋਪੜਾ, ਤੁਸ਼ਾਰ ਬਾਂਸਲ, ਧੀਰਜ ਗੁਪਤਾ, ਜਨਕ ਪੰਕਜ, ਜਨਕ ਪੰਕਤੀ, ਸ੍ਰ: ਗੁਨੀਤ ਖਹਿਰਾ, ਅਜੈ ਜੈਨ, ਰਵਿੰਦਰ ਸਿੰਘ ਵਾਲੀਆ, ਤੇਜਿੰਦਰ ਮਿਗਲਾਨੀ, ਵਰੁਣ ਦੱਤ, ਭੁਪਿੰਦਰ ਸਿੰਘ, ਵੇਦ ਲੂਥਰਾ, ਸੁਨੀਲ ਹਾਂਡਾ, ਵਰੁਣ ਸ਼ਰਮਾ, ਪਵਨ ਪਾਰੀਕ, ਅਨੁਜ ਵਧਵਾ, ਆਸ਼ੂਤੋਸ਼, ਪ੍ਰਦੀਪ ਟਾਟਾ ਵਿਸ਼ੇਸ਼ ਰੂਪ 'ਚ ਮੌਜੂਦ ਸਨ।

# ਸਕੂਲ ਵਿਖੇ ਗ੍ਰੈਜੂਏਸ਼ਨ ਸਮਾਰੋਹ ਕਰਵਾਇਆ



ਲੁਧਿਆਣਾ, 28 ਮਾਰਚ (ਰਵਿੰਦਰ ਸਿੰਘ ਨਿੱਝਰ): ਲੁਧਿਆਣਾ ਦੇ ਈਵਿੰਗ ਕ੍ਰਿਸ਼ਚੀਅਨ ਸੀਨੀਅਰ ਸੈਕੰਡਰੀ ਸਕੂਲ ਵਿੱਚ ਕਲਾਸ ਯੂਕੇਜੀ ਦੇ ਅਕਾਦਮਿਕ ਗ੍ਰੈਜੂਏਸ਼ਨ ਸਮਾਰੋਹ ਨੂੰ ਬਹੁਤ ਖੁਸ਼ੀ, ਉਤਸ਼ਾਹ ਅਤੇ ਮਾਣ ਨਾਲ ਮਨਾਇਆ ਗਿਆ । ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਸਕੂਲ ਦੇ ਚੇਅਰਮੈਨ ਰਿਟਾਇਰਡ ਰੇਵਰੈਂਡ ਦਰਬਾਰਾ ਸਿੰਘ ਅਤੇ ਸਕੂਲ ਦੇ ਮੈਨੇਜਰ ਰੇਵਰੈਂਡ ਅਵਿਨਾਸ਼ ਕੁਮਾਰ ਦੀ ਮਾਣਯੋਗ ਮੌਜੂਦਗੀ ਰਹੀ। ਪ੍ਰੋਗਰਾਮ ਦੀ ਸ਼ੁਰੂਆਤ ਪਤਵੰਤਿਆਂ ਦੇ ਨਿੱਘੇ ਸਵਾਗਤ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਪ੍ਰਮਾਤਮਾ ਤੋਂ ਅਸੀਸਾਂ ਦੀ ਮੰਗ ਕਰਦਿਆਂ ਪ੍ਰਾਰਥਨਾ ਕੀਤੀ ਗਈ। ਛੋਟੇ-ਛੋਟੇ ਗ੍ਰੈਜੂਏਟਾਂ ਨੇ, ਪਿਆਰੇ ਗ੍ਰੈਜੂਏਸ਼ਨ ਕੈਂਪਸ ਅਤੇ ਗਾਊਨ ਪਹਿਨ ਕੇ, ਜਸ਼ਨ ਵਿੱਚ ਸੁਹਜ ਅਤੇ ਉਤਸ਼ਾਹ ਭਰ ਦਿੱਤਾ।11ਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਇੱਕ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸ ਵਿੱਚ ਉਨ੍ਹਾਂ ਦੀ ਸਿਰਜਣਾਤਮਕਤਾ, ਗਿਆਨ ਅਤੇ ਸਖ਼ਤ ਮਿਹਨਤ ਦਾ ਪ੍ਰਦਰਸ਼ਨ ਕੀਤਾ ਗਿਆ। ਮੁੱਖ ਮਹਿਮਾਨ ਨੇ ਨੌਜਵਾਨ ਮਨਾਂ ਨੂੰ ਪਾਲਣ-ਪੋਸ਼ਣ ਵਿੱਚ ਸਕੂਲ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਸਮਰਪਣ ਅਤੇ ਉਤਸ਼ਾਹ ਨਾਲ ਸਿੱਖਣਾ ਜਾਰੀ ਰੱਖਣ ਲਈ ਉਤਸ਼ਾਹਿਤ ਕੀਤਾ। ਪ੍ਰਿੰਸੀਪਲ ਅੰਜੁਮ ਆਰ. ਸਿੰਘ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਦੀ ਸ਼ੁਰੂਆਤੀ ਸਿੱਖਿਆ ਨੂੰ ਆਕਾਰ ਦੇਣ ਵਿੱਚ ਮਾਪਿਆਂ ਅਤੇ ਅਧਿਆਪਕਾਂ ਦੇ ਸਮਰਥਨ ਦਾ ਧੰਨਵਾਦ ਕੀਤਾ।

# ਭਾਰਤੀ ਹਾਕਮ 23 ਮਾਰਚ ਦੇ ਸ਼ਹੀਦਾਂ ਦੇ ਬੁੱਤਾਂ ਨੂੰ ਹਾਰ ਤਾਂ ਪਹਿਨਾਉਂਦੇ ਹਨ ਪਰ ਉਨ੍ਹਾਂ ਦੇ ਵਿਚਾਰਾਂ ਨੂੰ ਨਹੀਂ ਅਪਣਾਉਂਦੇ : ਪ੍ਰੋ ਜਗਮੋਹਨ/ਐਡਵੋਕੇਟ ਜ਼ੀਰਖ

ਲੁਧਿਆਣਾ, 28 ਮਾਰਚ (ਰਵਿੰਦਰ ਸਿੰਘ ਨਿੱਝਰ) : ਵੱਖ ਵੱਖ ਜਥੇਬੰਦੀਆਂ ਵੱਲੋਂ ਸਥਾਨਕ ਜ਼ਿਲ੍ਹਾ ਕਚਹਿਰੀ ਵਿਖੇ ਸਥਿਤ ਪੈਨਸ਼ਨਰ ਭਵਨ ਵਿੱਚ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਚਾਰ ਚਰਚਾ ਦਾ ਆਯੋਜਨ ਕੀਤਾ ਗਿਆ। ਪ੍ਰੋ ਜਗਮੋਹਨ ਸਿੰਘ, ਹਰਪ੍ਰੀਤ ਜ਼ੀਰਖ, ਰਮਨਜੀਤ ਸੰਧੂ , ਜਸਵੰਤ ਜ਼ੀਰਖ, ਕਸਤੂਰੀ ਲਾਲ ਦੀ ਪ੍ਰਧਾਨਗੀ ਹੇਠ ਹੋਏ ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਜਨਤਕ ਜਮਹੂਰੀ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ।

ਪ੍ਰੋਗਰਾਮ ਦੀ ਸ਼ੁਰੂਆਤ ਕਸਤੂਰੀ ਲਾਲ ਅਤੇ ਸਤੀਸ਼ ਸੱਚਦੇਵਾ ਵੱਲੋਂ ਗਾਏ ਇਨਕਲਾਬੀ ਗੀਤਾਂ ਉਪਰੰਤ ਸ਼ਹੀਦਾਂ ਨੂੰ ਫੁੱਲ ਭੇਂਟ ਕਰਨ ਨਾਲ ਹੋਈ।ਇਸ ਸਮੇਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰਿਆਂ ਐਡਵੋਕੇਟ ਹਰਪ੍ਰੀਤ ਜ਼ੀਰਖ ਅਤੇ ਪ੍ਰੋਫੈਸਰ ਜਗਮੋਹਨ ਸਿੰਘ ਨੇ ਕਿਹਾ ਕਿ ਸ਼ਹੀਦਾਂ ਦੇ ਦਿਨ ਮਨਾਉਣਾ ਮਹਿਜ਼ ਇੱਕ ਰਸਮ ਬਣ ਕੇ ਨਾ ਰਹਿ ਜਾਵੇ , ਸਗੋਂ ਸ਼ਹੀਦਾਂ ਦਾ ਦਿਨ ਉਨ੍ਹਾਂ ਵੱਲੋਂ ਚਿਤਵੇ ਲੁੱਟ ਰਹਿਤ ਸਮਾਜ ਸਿਰਜਣ ਦੇ ਕਾਰਜ ਨੂੰ ਅੱਗੇ ਤੋਰਨ ਵਜੋਂ ਹੋਣਾ ਚਾਹੀਦਾ ਹੈ। ਸ਼ਹੀਦ ਭਗਤ ਸਿੰਘ ਜੋ ਕਿ ਗਦਰੀ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਰੂਸੀ ਇਨਕਲਾਬੀ ਆਗੂ ਲੈਨਿਨ ਨੂੰ ਆਪਣਾ ਆਦਰਸ਼ ਮੰਨਦਾ ਸੀ ਅਤੇ ਰੂਸ ਵਾਂਗ ਭਾਰਤ ਵਿੱਚ ਵੀ ਇਨਕਲਾਬ ਰਾਹੀਂ ਸਮਾਜਵਾਦ ਸਥਾਪਿਤ ਕਰਨਾ ਚਾਹੁੰਦਾ ਹੈ । ਹਰਪ੍ਰੀਤ ਜ਼ੀਰਖ ਨੇ ਮੁਗਲ ਰਾਜ ਵੇਲੇ ਤੋਂ ਅੱਜ ਤੱਕ ਦਾ ਇਤਿਹਾਸਿਕ ਪਿਛੋਕੜ ਸਾਂਝਾ ਕਰਦਿਆਂ ਹਕੂਮਤੀ ਜ਼ੁਲਮਾਂ ਖਿਲਾਫ ਵੱਖ ਗੁਰੂਆਂ ਅਤੇ ਉਹਨਾਂ ਤੋਂ ਬਾਅਦ ਗਦਰ ਲਹਿਰ ਸਮੇਤ 23 ਮਾਰਚ ਦੇ ਸ਼ਹੀਦਾਂ ਵੱਲੋਂ ਸਾਮਰਾਜੀ ਲੁੱਟ ਖ਼ਿਲਾਫ਼ ਨਿਭਾਈ ਸ਼ਾਨਮੱਤੀ ਭੂਮਿਕਾ ਨੂੰ ਬਾਖੂਬੀ ਪੇਸ਼ ਕੀਤਾ । ਉਹਨਾਂ ਮੌਜੂਦਾ ਭਾਰਤੀ ਹਾਕਮਾਂ ਦੀ ਅੰਗਰੇਜ਼ਾਂ ਨਾਲ ਤੁਲਨਾ ਕਰਦਿਆਂ ਕਿਹਾ ਕਿ ਇਹ ਸ਼ਹੀਦਾਂ ਦੇ ਬੁੱਤਾਂ ਨੂੰ ਹਾਰ ਤਾਂ ਪਹਿਨਾਉਂਦੇ ਹਨ ਪਰ ਉਹਨਾਂ ਦੀ ਵਿਚਾਰ ਅਪਨਾਉਣ ਤੋਂ ਭੱਜਦੇ ਹਨ ।ਇਸ ਦਾ ਸਬੂਤ ਅੰਗਰੇਜ਼ੀ ਰਾਜ ਤੋਂ ਵੀ ਖਤਰਨਾਕ ਕਾਨੂੰਨ ਅੱਜ ਵੀ ਭਾਰਤ ਵਿੱਚ ਲਾਗੂ ਕਰਨ ਤੋਂ ਮਿਲਦਾ ਹੈ, ਜਿਹਨਾਂ ਰਾਹੀਂ ਸਰਕਾਰ ਦੀ ਅਲੋਚਨਾ ਕਰਨ ਵਾਲੇ ਲੇਖਕਾਂ/ਬੁੱਧੀਜੀਵਿਆਂ/ ਪੱਤਰਕਾਰਾਂ/ ਸਮਾਜਿਕ ਕਾਰਕੁੰਨਾਂ 'ਤੇ ਝੂਠੇ ਕੇਸ ਦਰਜ ਕਰਕੇ ਜੇਲ੍ਹਾਂ ਵਿੱਚ ਬੰਦ ਕੀਤਾ ਜਾ ਰਿਹਾ । ਪ੍ਰੋ ਜਗਮੋਹਨ ਸਿੰਘ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਨੇ ਇਨਕਲਾਬ ਜ਼ਿੰਦਾਬਾਦ ਦੇ ਨਾਲ ਸਾਮਰਾਜਵਾਦ ਮੁਰਦਾਬਾਦ ਦਾ ਨਾਅਰਾ ਵੀ ਦਿੱਤਾ ਸੀ ,ਪਰ ਮੌਜੂਦਾ ਸਰਕਾਰਾਂ ਜਾਣ ਬੁੱਝਕੇ ਇਸ ਮੁਰਦਾਬਾਦ ਨੂੰ ਨਜ਼ਰ ਅੰਦਾਜ਼ ਕਰ ਰਹੀਆਂ ਹਨ। ਬੁਲਾਰਿਆਂ ਨੇ ਮੌਜੂਦਾ ਸਮੇਂ ਵਿੱਚ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ, ਵਿਦਿਆਰਥੀਆਂ, ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਅਤੇ ਸਾਥੀਆਂ ਦੇ ਦਿਖਾਏ ਰਾਹ 'ਤੇ ਚੱਲਦਿਆਂ ਸੰਘਰਸ਼ ਦੇ ਰਾਹ ਪੈ ਕੇ ਸਾਮਰਾਜੀ ਰਾਜ ਪ੍ਰਬੰਧ ਖ਼ਿਲਾਫ਼ ਉੱਠਣ ਦਾ ਸੰਦੇਸ਼ ਦਿੱਤਾ।

ਸਵਾਲਾਂ ਦੇ ਦੌਰ 'ਚ ਉਜਾਗਰ ਬੱਦੋਵਾਲ, ਮਾ ਰਾਜਿੰਦਰ ਜੰਡਿਆਲੀ, ਕਸਤੂਰੀ ਲਾਲ ਵੱਲੋਂ ਕੀਤੇ ਸਵਾਲਾਂ ਦੇ ਜਵਾਬ ਪ੍ਰੋ ਜਗਮੋਹਨ ਸਿੰਘ ਵੱਲੋਂ ਤਸੱਲੀ ਬਖ਼ਸ ਦਿੱਤੇ ਗਏ।ਅੰਤ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਜ਼ੀਰਖ ਨੇ ਧੰਨਵਾਦ ਕਰਦਿਆਂ ਸਾਰੀਆਂ ਜੱਥੇਬੰਦੀਆਂ ਨੂੰ ਇੱਕ ਮੰਚ 'ਤੇ ਇਕੱਠੇ ਹੋਕੇ ਅਗਲਾ ਪ੍ਰੋਗਰਾਮ ਉਲੀਕਣ ਦਾ ਸੱਦਾ ਦਿੱਤਾ।ਇਸ ਵਿਚਾਰ ਚਰਚਾ ਵਿੱਚ ਮੁਲਾਜ਼ਮ ਆਗੂ ਸੁਖਵਿੰਦਰ ਲੀਲ੍ਹ ਨੇ ਮੰਚ ਸੰਚਾਲਨ ਬਾਖ਼ੂਬੀ ਨਿਭਾਇਆ। ਇਸ ਵਿਚਾਰ ਚਰਚਾ ਦਾ ਸਮੁੱਚਾ ਪ੍ਰਬੰਧ ਜਮਹੂਰੀ ਅਧਿਕਾਰ ਸਭਾ ਪੰਜਾਬ, ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ-ਪੰਜਾਬ, ਤਰਕਸ਼ੀਲ ਸੁਸਾਇਟੀ ਪੰਜਾਬ (ਲੁਧਿਆਣਾ)ਪੰਜਾਬ ਲੋਕ ਸੱਭਿਆਚਾਰ ਮੰਚ, ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਜੱਥੇਬੰਦੀਆਂ ਵੱਲੋਂ ਕੀਤਾ ਗਿਆ।ਸਮਾਗਮ ਵਿੱਚ ਪ੍ਰਵੀਨ ਕੁਮਾਰੀ, ਅਮਨਦੀਪ ਕੌਰ, ਇੰਦਰਜੀਤ ਕੌਰ, ਪਰਮਜੀਤ ਕੌਰ ਸੁਨੇਤ ,ਜਸਵੀਰ ਕੌਰ ਦੁਗਰੀ ਸਮੇਤ ਜੱਥੇਬੰਦੀਆਂ ਦੇ ਹੋਰ ਨੁਮਾਇੰਦਿਆਂ ਵਿੱਚ ਡਾ ਹਰਬੰਸ ਗਰੇਵਾਲ, ਪ੍ਰੋ ਏ ਕੇ ਮਲੇਰੀ, ਅਰੁਣ ਕੁਮਾਰ, ਬਲਦੇਵ ਔਲਖ (ਕੈਨੇਡਾ), ਐਡਵੋਕੇਟ ਨਰਿੰਦਰ, ਬਲਕੌਰ ਸਿੰਘ ਗਿੱਲ, ਡਾ ਬਲਵਿੰਦਰ ਔਲਖ, ਤਰਲੋਚਨ ਝਾਂਡੇ, ਬਲਵਿੰਦਰ ਸਿੰਘ, ਅਜਮੇਰ ਦਾਖਾ, ਪ੍ਰਮਜੀਤ ਸਿੰਘ, ਤਰਲੋਚਨ ਪਨੇਸਰ , ਧਰਮਪਾਲ ਸਿੰਘ, ਮਾ ਰੁਪਿੰਦਰ ਪਾਲ ਗਿੱਲ, ਮਾ ਪ੍ਰਮਜੀਤ ਪਨੇਸਰ, ਮਲਕੀਤ ਮਾਲੜਾ ਤੇ ਹੋਰ ਵੱਡੀ ਗਿਣਤੀ ਵਿੱਚ ਹਮਦਰਦ ਅਤੇ ਕਾਰਕੁੰਨ ਸ਼ਾਮਲ ਸਨ।

# ਬਿੱਟੂ ਅਤੇ ਹਰਸਿਮਰਤ ਬੰਦੀ ਸਿੰਘਾਂ ਦੀ ਰਿਹਾਈ ਨੂੰ ਰੋਕ ਰਹੇ ਨੇ : ਰਾਜਾ ਵੜਿੰਗ



ਲੁਧਿਆਣਾ, 28 ਮਾਰਚ (ਰਵਿੰਦਰ ਸਿੰਘ ਨਿੱਝਰ): ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਲੁਧਿਆਣਾ ਦੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਇੱਕ ਹੈਰਾਨ ਕਰਨ ਵਾਲਾ ਖੁਲਾਸਾ ਕਰਦਿਆਂ ਕਿਹਾ ਕਿ ਪੰਜਾਬ ਦੇ ਦੋ ਸੰਸਦ ਮੈਂਬਰ, ਰਵਨੀਤ ਸਿੰਘ ਬਿੱਟੂ ਅਤੇ ਹਰਸਿਮਰਤ ਕੌਰ ਬਾਦਲ, ਬੰਦੀ ਸਿੰਘਾਂ ਦੀ ਰਿਹਾਈ ਨੂੰ ਰੋਕਣ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਵਾਰ-ਵਾਰ ਮੁਲਾਕਾਤ ਕਰ ਰਹੇ ਹਨ ਅਤੇ ਆਪਣਾ ਵਿਰੋਧ ਦਰਜ ਕਰਵਾ ਰਹੇ ਹਨ। ਲੋਕ ਸਭਾ ਵਿੱਚ ਬੋਲਦਿਆਂ ਵੜਿੰਗ ਨੇ ਮੰਗ ਕੀਤੀ ਕਿ ਸਾਰੇ ਬੰਦੀ ਸਿੰਘਾਂ ਜਿਨ੍ਹਾਂ ਨੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ, ਨੂੰ ਦੇਸ਼ ਦੇ ਕਾਨੂੰਨ ਅਨੁਸਾਰ ਤੁਰੰਤ ਰਿਹਾਅ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਿਰਫ਼ ਬੰਦੀ ਸਿੰਘਾ ਨੂੰ ਹੀ ਨਹੀਂ, ਸਗੋਂ ਸਾਰੇ ਕੈਦੀ ਜਿਨ੍ਹਾਂ ਨੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ, ਪਰ ਅਜੇ ਵੀ ਦੇਸ਼ ਭਰ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਬੰਦ ਹਨ, ਨੂੰ ਵੀ ਤੁਰੰਤ ਰਿਹਾਅ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਿੱਥੇ ਦੇਸ਼ ਦਾ ਸੰਵਿਧਾਨ ਅਤੇ ਕਾਨੂੰਨ ਕਿਸੇ ਵੀ ਅਪਰਾਧ ਲਈ ਸਖ਼ਤ ਸਜ਼ਾ ਦੀ ਵਿਵਸਥਾ ਕਰਦੇ ਹਨ, ਉੱਥੇ ਉਹ ਇਹ ਵੀ ਸਪੱਸ਼ਟ ਤੌਰ 'ਤੇ ਕਹਿੰਦੇ ਹਨ ਕਿ ਜੋ ਲੋਕ ਆਪਣੀ ਸਜ਼ਾ ਪੂਰੀ ਕਰ ਲੈਂਦੇ ਹਨ, ਉਨ੍ਹਾਂ ਨੂੰ ਜੇਲ੍ਹ ਤੋਂ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਬਾਅਦ ਵਿੱਚ, ਸੰਸਦ ਭਵਨ ਦੇ ਬਾਹਰ ਪੱਤਰਕਾਰਾਂ ਨਾਲ ਇੱਕ ਗੈਰ-ਰਸਮੀ ਗੱਲਬਾਤ ਦੌਰਾਨ, ਵੜਿੰਗ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਕੋਲ ਭਰੋਸੇਯੋਗ ਜਾਣਕਾਰੀ ਹੈ ਕਿ ਬਿੱਟੂ ਅਤੇ ਸ੍ਰੀਮਤੀ ਬਾਦਲ ਨਜ਼ਰਬੰਦ ਸਿੱਖਾਂ ਦੀ ਰਿਹਾਈ ਦਾ ਵਿਰੋਧ ਕਰਨ ਲਈ ਕੇਂਦਰੀ ਗ੍ਰਹਿ ਮੰਤਰੀ ਨੂੰ ਨਿਯਮਿਤ ਤੌਰ 'ਤੇ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਦੋਵੇਂ ਸੰਸਦ ਮੈਂਬਰ ਵੱਖ-ਵੱਖ ਪਾਰਟੀਆਂ, ਭਾਜਪਾ ਅਤੇ ਅਕਾਲੀ ਦਲ ਨਾਲ ਸਬੰਧਤ ਹਨ, ਪਰ ਉਹ ਚੋਣਾਂ ਦੌਰਾਨ ਇਸ ਮੁੱਦੇ ਨੂੰ ਜ਼ਿੰਦਾ ਰੱਖ ਕੇ ਰਾਜਨੀਤਿਕ ਲਾਭ ਦੀ ਮੰਗ ਕਰਦੇ ਜਾਪਦੇ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ 'ਤੇ ਉਨ੍ਹਾਂ ਦਾ ਜਨਤਕ ਰੁਖ਼ ਉਨ੍ਹਾਂ ਮੰਗਾਂ ਤੋਂ ਬਿਲਕੁਲ ਵੱਖਰਾ ਹੈ ਜੋ ਉਹ ਨਿੱਜੀ ਤੌਰ 'ਤੇ ਕਰ ਰਹੇ ਹਨ।

# ਤਪਾ ਵਿਖੇ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ



ਤਪਾ ਮੰਡੀ, 28 ਮਾਰਚ (ਰਾਜੂ ਮਹਿਰਾ): ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵਲੋਂ ਸੂਬੇ ਵਿਚ ਨਵੇਂ ਆਮ ਆਦਮੀ ਕਲੀਨਿਕਾਂ ਦਾ ਵਰਚੁਅਲ ਉਦਘਾਟਨ ਕੀਤਾ ਗਿਆ, ਜਿਨ੍ਹਾਂ ਵਿਚ ਤਪਾ ਦਾ ਆਮ ਆਦਮੀ ਕਲੀਨਿਕ ਵੀ ਸ਼ਾਮਲ ਹੈ।ਇਸ ਮੌਕੇ ਇਸਦਾ ਉਦਘਾਟਨ ਵਿਧਾਇਕ ਲਾਭ ਸਿੰਘ ਉੱਗੋਕੇ ਦੀ ਰਹਿਨੁਮਾਈ ਹੇਠ ਮਾਰਕੀਟ ਕਮੇਟੀ ਤਪਾ ਦੇ ਚੇਅਰਮੈਨ ਤਰਸੇਮ ਸਿੰਘ ਕਾਹਨੇਕੇ ਵਲੋਂ ਰੀਬਨ ਕੱਟ ਕੇ ਕੀਤਾ ਗਿਆ। ਇਹ ਆਮ ਆਦਮੀ ਕਲੀਨਿਕ ਖੱਟੜ ਪੱਤੀ ਪਾਰਕ, ਤਪਾ ਵਿਖੇ ਬਣਾਇਆ ਗਿਆ ਹੈ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਡਾਕਟਰ ਸੋਨਿਕਾ ਬਾਂਸਲ ਦੇ ਪਤੀ ਡਾਕਟਰ ਬਾਲ ਚੰਦ ਬਾਂਸਲ,ਜਸਵਿੰਦਰ ਸਿੰਘ ਚੱਠਾ (ਪ੍ਰਧਾਨ ਟਰੱਕ ਯੂਨੀਅਨ ਤਪਾ),ਕਿਸ਼ੋਰ ਬਾਵਾ, ਕਾਲਾ ਚੱਠਾ, ਜੱਸੀ ਪੁਰਬਾ ਤੋਂ ਇਲਾਵਾ ਐੱਸ ਐਮ ਓ ਤਪਾ ਡਾ. ਕੰਵਲਜੀਤ ਸਿੰਘ ਬਾਜਵਾ ਵੀ ਮੌਜੂਦ ਸਨ।

# ਸਰਕਾਰੀ ਪ੍ਰਾਇਮਰੀ ਸਕੂਲ ਹੰਡਿਆਇਆ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ



ਬਰਨਾਲਾ, 28 ਮਾਰਚ (ਸੁਖਵਿੰਦਰ ਸਿੰਘ ਭੰਡਾਰੀ): ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਹੰਡਿਆਇਆ ਵਿਖੇ ਸਰਬੱਤ ਦੇ ਭਲੇ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾ ਕੇ ਭੋਗ ਪਾਏ ਗਏ। ਗੁਰਦੁਆਰਾ ਪਾਤਸ਼ਾਹੀ ਨੌਵੀਂ ਹੰਡਿਆਇਆ ਦੇ ਹਜ਼ੂਰੀ ਰਾਗੀ ਭਾਈ ਹਰਵਿੰਦਰ ਸਿੰਘ ਜੀ ਦੇ ਜਥੇ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ । ਐਮ ਸੀ ਬਸਾਵਾ ਸਿੰਘ ਭਰੀ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਏ। ਇਸ ਸਮਾਗਮ ਮੌਕੇ ਪਰਮਿੰਦਰ ਸਿੰਘ ਭੰਗੂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸਰਦਾਰ ਗੁਰਦੀਪ ਸਿੰਘ, ਨਿਰੰਜਨ ਸਿੰਘ ਪ੍ਰਧਾਨ, ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੋਸਾਇਟੀ ਬਰਨਾਲਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਜ਼ਿਲ੍ਹਾ ਬਰਨਾਲਾ ਦੇ ਸੀਨੀਅਰ ਮੀਤ ਪ੍ਰਧਾਨ ਹਰਮਨਜੀਤ ਸਿੰਘ ਰੁਪਾਲ ਅਤੇ ਸਕੱਤਰ ਅਵਤਾਰ ਸਿੰਘ ਲੀਲਾ, ਜਗਸੀਰ ਖਾਨ ਨੇ ਸੰਬੋਧਨ ਕਰਦੇ ਕਿਹਾ ਕਿ ਸਕੂਲ ਵੱਲੋਂ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਉਨ੍ਹਾਂ ਨੇ ਕਿਹਾ ਕਿ ਸਕੂਲ ਮੁਖੀ ਤਰਵਿੰਦਰ ਸਿੰਘ ਦੀ ਅਗਵਾਈ ਹੇਠ ਸਮੁੱਚੇ ਸਟਾਫ਼ ਦੀ ਮਿਹਨਤ ਸਦਕਾ ਸਕੂਲ ਦਾ ਇਲਾਕੇ ਵਿੱਚ ਵਿਲੱਖਣ ਸਥਾਨ ਹੈ। ਇਸ ਮੌਕੇ ਅਵਤਾਰ ਸਿੰਘ ਹੰਡਿਆਇਆ, ਐਮ ਸੀ ਕੁਲਦੀਪ ਸਿੰਘ ਤਾਜਪੁਰੀਆ,ਰੂਪੀ ਕੌਰ ਐਮ ਸੀ. , ਅਵਤਾਰ ਸਿੰਘ ਸੋਨੀ, ਬਲਵੀਰ ਸਿੰਘ ਮਹਿਰਮੀਆਂ,,ਗੁਰਲਾਲ ਸਿੰਘ ਭਰੀ, ਇਕਬਾਲ ਸਿੰਘ ਭਰੀ, ਨਿਰੰਜਨ ਸਿੰਘ ਭਰੀ, ਜਗਦੀਸ਼ ਸਿੰਘ, ਬਲਦੇਵ ਸਿੰਘ ਭੁੱਚਰ, ਰਮਨਦੀਪ ਸਿੰਘ ਸੀ ਐਚ ਟੀ, ਜਸਵੀਰ ਸਿੰਘ ਸੀ ਐਚ ਟੀ,ਨਿਤਿਨ ਸੋਢੀ ਸੀ ਐਚ ਟੀ, ਅੰਗਰੇਜ਼ ਸਿੰਘ ਐਚ ਟੀ ਧੂਰਕੋਟ, ਕੁਲਦੀਪ ਸਿੰਘ ਐਚ ਟੀ ਅਸਪਾਲ, ਜਗਦੀਪ ਸਿੰਘ ਹੰਡਿਆਇਆ, ਜਸਪ੍ਰੀਤ ਸਿੰਘ ਰੂੜੇਕੇ ਕਲਾਂ,ਹੈੱਡ ਜੀ ਟੀ ਵੀ ਸਕੂਲ ਸਮੁੱਚਾ ਸਟਾਫ,ਧਨੌਲਾ ਖੁਰਦ ਸਮੁੱਚਾ ਸਟਾਫ,ਖੁੱਡੀ ਕਲਾਂ ਸਮੁੱਚਾ ਸਟਾਫ,ਬੀਕਾ ਸੂਚ ਪੱਤੀ ਸਮੁੱਚਾ ਸਟਾਫ, ਕੋਠੇ ਸੈਦੋਂ ਸਕੂਲ ਸਮੁੱਚਾ ਸਟਾਫ, ਪ੍ਰਿੰਸੀਪਲ ਵਾਈ ਐਸ ਸਕੂਲ ਮੋਹਿਤ ਜਿੰਦਲ ਆਦਿ ਨੇ ਵੀ ਹਾਜ਼ਰੀ ਲਗਵਾਈ।

# ਸਰਕਾਰੀ ਪ੍ਰਾਇਮਰੀ ਸਕੂਲ ਕੋਠੇ ਸੈਦੋਂ ਵਿਖੇ ਨਤੀਜਾ ਦਿਵਸ ਮੌਕੇ ਹੁਸ਼ਿਆਰ ਵਿਦਿਆਰਥੀ ਸਨਮਾਨਿਤ



ਬਰਨਾਲਾ, 28 ਮਾਰਚ (ਸੁਖਵਿੰਦਰ ਸਿੰਘ ਭੰਡਾਰੀ): ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕੋਠੇ ਸੈਦੋਂ ਬਰਨਾਲਾ ਵਿਖੇ ਰਿਜ਼ਲਟ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਦੀ ਹੈਡ ਟੀਚਰ ਨਿਸ਼ੀ ਰਾਣੀ ਨੇ ਜਾਣਕਾਰੀ ਦਿੰਦੇ ਨੇ ਦੱਸਿਆ ਕਿ ਸਕੂਲ ਦੇ ਪਹਿਲੀ ਤੋਂ ਪੰਜਵੀਂ ਤੱਕ ਦੇ 107 ਵਿਦਿਆਰਥੀਆਂ ਦਾ ਨਤੀਜਾ ਘੋਸ਼ਿਤ ਕੀਤਾ ਗਿਆ ਅਤੇ ਸਾਰੇ ਬੱਚੇ ਹੀ ਵਧੀਆ ਅੰਕ ਲੈ ਕੇ ਪਾਸ ਹੋਏ। ਇਸ ਮੌਕੇ ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੁਸਾਇਟੀ ਬਰਨਾਲਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ, ਦਫ਼ਤਰ ਸਕੱਤਰ ਜਗਸੀਰ ਸਿੰਘ ਤੇ ਕੁਲਵਿੰਦਰ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚੇ। ਉਨਾਂ ਹਰ ਕਲਾਸ ਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ । ਇਸ ਦੌਰਾਨ ਵਿਦਿਆਰਥੀਆਂ ਦੇ ਸਨਮਾਨ ਸਮਾਰੋਹ ਨੂੰ ਸਫ਼ਲਤਾ ਪੂਰਵਕ ਸੰਪੰਨ ਕਰਨ 'ਚ ਮੈਡਮ ਗੁਰਮੀਤ ਕੌਰ ਨੇ ਵਿਸ਼ੇਸ਼ ਭੂਮਿਕਾ ਨਿਭਾਈ। ਉਹਨਾਂ ਸਕੂਲ 'ਚ ਪਹੁੰਚੇ ਮਹਿਮਾਨਾਂ ਨੂੰ ਜੀ ਆਇਆ ਕਿਹਾ। ਇਸ ਮੌਕੇ ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਮਾਂ ਬਾਪ ਅਤੇ ਅਧਿਆਪਕਾਂ ਦਾ ਆਗਿਆਕਾਰੀ ਬਣਨਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਅਧਿਆਪਕਾਂ ਨੂੰ ਬੇਨਤੀ ਕੀਤੀ ਕਿ ਉਹ ਵਿਦਿਆਰਥੀਆਂ ਅੰਦਰ ਚੰਗੇ ਸੰਸਕਾਰ ਪੈਦਾ ਕਰਨ। ਇਸ ਮੌਕੇ ਸਾਰੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਲੱਡੂ ਵੰਡੇ ਗਏ। ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਨਿਸ਼ੀ ਰਾਣੀ ਨੇ ਬਾਹਰੋਂ ਆਏ ਮਹਿਮਾਨਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਸਕੂਲ ਵੱਲੋਂ ਹੈੱਡ ਟੀਚਰ ਨਿਸ਼ੀ ਰਾਣੀ , ਸੀਨੀਅਰ ਟੀਚਰ ਮੈਡਮ ਗੁਰਮੀਤ ਕੌਰ, ਅਮਨਦੀਪ ਕੌਰ, ਕੁਲਜੀਤ ਕੌਰ ਅਤੇ ਸਹਿਯੋਗੀ ਮੈਂਬਰ ਲਖਵੀਰ ਸਿੰਘ ਜਗਤਾਰ ਸਿੰਘ ਅਤੇ ਕੁਲਵਿੰਦਰ ਸਿੰਘ ਹਾਜ਼ਰ ਸਨ। ਸਨਮਾਨ ਸਮਾਰੋਹ ਨਿੱਘੀਆਂ ਅਤੇ ਮਿਠੀਆਂ ਯਾਦਾਂ ਛੱਡਦਾ ਹੋਇਆ ਸਫ਼ਲਤਾ ਪੂਰਵਕ ਸੰਪੰਨ ਹੋਇਆ।

# ਭਗਵਾਨ ਸ੍ਰੀ ਰਾਮ ਚੰਦਰ ਜੀ ਵੱਲੋਂ ਦਰਸਾਏ ਹੋਏ ਰਸਤੇ 'ਤੇ ਚੱਲ ਕੇ ਜੀਵਨ ਸਫ਼ਲ ਹੁੰਦੈ : ਕਥਾਵਾਚਕ ਸੁਧੀਰ



ਤਪਾ ਮੰਡੀ, 28 ਮਾਰਚ (ਭੂਸ਼ਨ ਘੜੈਲਾ): ਸਥਾਨਕ ਸ਼੍ਰੀ ਗੀਤਾ ਭਵਨ ਕਮੇਟੀ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਚੇਤ ਮਹੀਨੇ ਦੇ ਨਵਰਾਤਿਆਂ ਨੂੰ ਮੁੱਖ ਰੱਖਦਿਆਂ ਹੋਇਆਂ ਸ਼੍ਰੀ ਰਾਮ ਕਥਾ ਕਰਵਾਈ ਗਈ ਜਿਸ ਦੇ ਅਖੀਰਲੇ ਦਿਨ ਸ੍ਰੀ ਰਾਮ ਨੌਮੀ ਮੌਕੇ ਹਵਨ ਕਰਕੇ ਪ੍ਰਬੰਧਕਾਂ ਨੇ ਪੂਰਨ ਅਹੂਤੀ ਪਾਈ ਅਤੇ ਭਗਵਾਨ ਸ਼੍ਰੀ ਰਾਮ ਚੰਦਰ ਜੀ ਦੀ ਆਰਤੀ ਦਾ ਗੁਣਗਾਨ ਕੀਤਾ ਸ੍ਰੀ ਰਾਮ ਕਥਾ ਵਿੱਚ ਕਥਾਵਾਚਕ ਸੁਧੀਰ ਜੀ ਨੇ ਰਸ ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਇਸ ਮੌਕੇ ਸ਼੍ਰੀ ਗੀਤਾ ਭਵਨ ਕਮੇਟੀ ਦੇ ਪ੍ਰਧਾਨ ਅਤੇ ਨਗਰ ਕੌਂਸਲ ਤਪਾ ਦੇ ਸਾਬਕਾ ਪ੍ਰਧਾਨ ਆਸ਼ੂ ਭੂਤ ਨੇ ਸ੍ਰੀ ਰਾਮ ਨੌਮੀ ਦੇ ਦਿਹਾੜੇ ਦੀ ਵਧਾਈ ਦਿੰਦੇ ਹੋਏ ਸ਼ਹਿਰ ਨਿਵਾਸੀਆਂ ਅਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਇਸ ਮੌਕੇ ਕਮੇਟੀ ਵੱਲੋਂ ਕਥਾਵਾਚਕ ਸਧੀਰ ਜੀ ਦਾ ਸਨਮਾਨ ਕੀਤਾ ਗਿਆ। ਕਥਾ ਵਾਚਕ ਸਧੀਰ ਜੀ ਨੇ ਪ੍ਰਵਚਨ ਕਰਦਿਆਂ ਹੋਇਆਂ ਕਿਹਾ ਕਿ ਭਗਵਾਨ ਸ੍ਰੀ ਰਾਮ ਜੀ ਦੀ ਸਤੁਤੀ ਕਰਨ ਦੇ ਨਾਲ ਦੁੱਖ ਕਸ਼ਟ ਦੂਰ ਹੁੰਦੇ ਹਨ ਅਤੇ ਮਨ ਨੂੰ ਸ਼ਾਂਤੀ ਅਤੇ ਸਕੂਨ ਮਿਲਦਾ ਹੈ। ਇਸ ਲਈ ਭਗਵਾਨ ਸ਼੍ਰੀ ਰਾਮ ਚੰਦਰ ਜੀ ਵੱਲੋਂ ਦੱਸੇ ਹੋਏ ਰਸਤੇ 'ਤੇ ਚੱਲ ਕੇ ਜੀਵਨ ਸਫਲਾ ਕਰਨਾ ਚਾਹੀਦਾ ਹੈ। ਸਮਾਗਮ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਉਹ ਅਤੁੱਟ ਭੰਡਾਰਾ ਵਰਤਾਇਆ ਗਿਆ। ਇਸ ਮੌਕੇ ਅਸ਼ਵਨੀ ਕੁਮਾਰ ਆਸ਼ੂ ਭੂਤ, ਸੰਜੀਵ ਕੁਮਾਰ ਟਾਂਡਾ, ਕੇਵਲ ਕ੍ਰਿਸ਼ਨ, ਡਾਕਟਰ ਮੱਲ ਦੀਕਸ਼ਿਤ, ਪ੍ਰੇਮ ਭਾਰਤੀ, ਕੌਸਲਰ ਧਰਮਪਾਲ ਸ਼ਰਮਾ, ਸਾਬਕਾ ਕੌਂਸਲਰ ਲਤਾ ਸ਼ਰਮਾ, ਸਪਨਾ ਗਰਗ, ਸਾਬਕਾ ਪ੍ਰਧਾਨ ਰਕੇਸ਼ ਕੁਮਾਰ ਟੋਨਾ, ਲਿਪਟ ਗੁਪਤਾ, ਨਰੇਸ਼ ਕੁਮਾਰ ਭੂਤ, ਸਾਬਕਾ ਕੌਂਸਲਰ ਬੁੱਧ ਰਾਮ ਕਾਲਾ, ਵਿਸ਼ਾਲ ਬਬਲਾ, ਦੀਪਕ ਗਰਗ ਦੀਪੂ ਭੈਣੀ, ਰਿੰਕੂ ਮੌੜ, ਸੁਨੀਲ ਕੁਮਾਰ ਤਾਜੋ, ਰਾਜੇਸ਼ ਜੈਸੀ, ਗੀਤਾ ਭਵਨ ਦੇ ਪੁਜਾਰੀ ਕਾਲਾ ਰਾਮ ਵੇਦ ਪਾਠੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

# ਭੱਦਲਵੱਡ ਨੇੜੇ ਨਾਕਾਬੰਦੀ ਦੌਰਾਨ ਵਿਅਕਤੀ ਦੇਸੀ ਰਿਵਾਲਵਰ ਤੇ ਕਾਰਤੂਸ ਸਮੇਤ ਕਾਬੂ

ਬਰਨਾਲਾ, 28 ਮਾਰਚ (ਬਘੇਲ ਸਿੰਘ ਧਾਲੀਵਾਲ) : ਸੀ.ਆਈ.ਏ. ਸਟਾਫ ਬਰਨਾਲਾ ਵੱਲੋਂ ਪਿੰਡ ਭੱਦਲਵੱਡ ਨਜ਼ਦੀਕ ਠੀਕਰੀਵਾਲਾ ਰੋਡ 'ਤੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਕੋਲੋਂ 32 ਬੋਰ ਦਾ ਦੇਸੀ ਰਿਵਾਲਵਰ ਅਤੇ 5 ਜਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ। ਇਸ ਸਬੰਧੀ ਥਾਣਾ ਸਦਰ ਬਰਨਾਲਾ ਵੱਲੋਂ ਮਾਮਲਾ ਦਰਜ ਕਰ ਲਿਆ ਗਿਆ ਹੈ। ਜਾਣਕਾਰੀ ਦਿੰਦਿਆਂ ਏ.ਐਸ.ਆਈ. ਨੈਬ ਸਿੰਘ ਨੇ ਦੱਸਿਆ ਕਿ ਪੁਲਿਸ ਦੇ ਉੱਚ ਅਧਿਕਾਰੀਆਂ ਦੀਆਂ ਸਖ਼ਤ ਹਦਾਇਤਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਵਿੱਚ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਕਾਇਮ ਰੱਖਣਾ ਅਤੇ ਅਮਨ-ਸ਼ਾਂਤੀ ਨੂੰ ਬਰਕਰਾਰ ਰੱਖਣਾ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਬੂਟਾ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ ਮਾਨ ਪੱਤੀ ਠੀਕਰੀਵਾਲਾ, ਪਿੰਡ ਠੀਕਰੀਵਾਲਾ ਤੋਂ ਭੱਦਲਵੱਡ ਵੱਲ ਜਾਣ ਵਾਲੀ ਸੜਕ 'ਤੇ ਡਰੇਨ ਨੇੜੇ ਆ ਰਿਹਾ ਹੈ। ਸੂਚਨਾ ਦੇ ਆਧਾਰ 'ਤੇ ਤੁਰੰਤ ਨਾਕਾਬੰਦੀ ਕਰਕੇ ਉਕਤ ਵਿਅਕਤੀ ਨੂੰ ਰੋਕ ਕੇ ਤਲਾਸ਼ੀ ਲਈ ਗਈ। ਤਲਾਸ਼ੀ ਦੌਰਾਨ ਉਸ ਕੋਲੋਂ 32 ਬੋਰ ਦਾ ਦੇਸੀ ਰਿਵਾਲਵਰ ਅਤੇ 5 ਜਿੰਦਾ ਕਾਰਤੂਸ ਬਰਾਮਦ ਹੋਏ, ਜਿਸ ਤੋਂ ਬਾਅਦ ਉਸ ਨੂੰ ਤੁਰੰਤ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਿਸ ਵੱਲੋਂ ਉਸ ਖ਼ਿਲਾਫ਼ ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਤਰ੍ਹਾਂ ਦੀਆਂ ਕਾਰਵਾਈਆਂ ਅੱਗੇ ਵੀ ਜਾਰੀ ਰਹਿਣਗੀਆਂ ਅਤੇ ਇਲਾਕੇ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਜਾਣਕਾਰੀ ਦੇਣ, ਤਾਂ ਜੋ ਸਮੇਂ ਸਿਰ ਕਾਰਵਾਈ ਕਰਕੇ ਅਪਰਾਧ ਨੂੰ ਰੋਕਿਆ ਜਾ ਸਕੇ।

# ਥਾਣਾ ਮੁਖੀ ਨੇ ਮਿੰਨੀ ਬੱਸਾਂ 'ਤੇ ਲੱਗੇ ਪ੍ਰੈਸ਼ਰ ਹਾਰਨ ਉਤਰਵਾਏ



ਤਪਾ ਮੰਡੀ, 28 ਮਾਰਚ (ਰਾਜੂ ਮਹਿਰਾ) : ਟਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਤਪਾ ਪੁਲਿਸ ਨੇ ਸਖ਼ਤ ਰਵੱਈਆ ਅਖ਼ਤਿਆਰ ਕਰਦਿਆਂ ਮਿੰਨੀ ਬੱਸਾਂ 'ਤੇ ਲੱਗੇ ਪ੍ਰੈਸ਼ਰ ਹਾਰਨ ਅਤੇ ਬੁਲੇਟ ਮੋਟਰਸਾਈਕਲਾਂ 'ਤੇ ਲੱਗੇ ਸਲੰਸਰਾਂ 'ਤੇ ਵੱਡੀ ਕਾਰਵਾਈ ਕੀਤੀ। ਪੁਲਿਸ ਨੇ ਮਿੰਨੀ ਬੱਸਾਂ ਦੇ ਲੱਗੇ ਪ੍ਰੈਸ਼ਰ ਹਾਰਨ ਅਤੇ ਸਲੰਸਰਾਂ ਨੂੰ ਮੌਕੇ @ਤੇ ਲਹਾ ਕੇ ਤਬਾਹ ਕਰਵਾਇਆ ਤੇ ਲੋਕਾਂ ਨੂੰ ਸਖ਼ਤ ਸੁਨੇਹਾ ਦਿੱਤਾ ਕਿ ਕਾਨੂੰਨ ਦੀ ਉਲੰਘਣਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਥਾਣਾ ਮੁਖੀ ਸ਼ਰੀਫ ਖ਼ਾਨ ਨੇ ਦੱਸਿਆ ਕਿ ਸ਼ਹਿਰ ਵਿਚ ਬੁਲੇਟ ਮੋਟਰਸਾਈਕਲਾਂ 'ਤੇ ਲੱਗੇ ਸਲੰਸਰ ਅਤੇ ਮਿੰਨੀ ਬੱਸਾਂ ਤੇ ਲੱਗੇ ਪ੍ਰੈਸ਼ਰ ਹਾਰਨ ਜਿਨਾਂ ਨੂੰ ਚਲਾਉਣ ਤੇ ਧਮਾਕੇਦਾਰ ਆਵਾਜ਼ ਪੈਦਾ ਹੁੰਦੀ ਹੈ। ਇਹ ਪ੍ਰੈਸ਼ਰ ਹਾਰਨ ਅਤੇ ਸਲੰਸਰ ਨਾ ਸਿਰਫ਼ ਧੁਨੀ ਪ੍ਰਦੂਸ਼ਨ ਵਧਾਉਂਦੇ ਹਨ, ਬਲਕਿ ਸ਼ਹਿਰੀਆਂ ਦੀ ਸੁਰੱਖਿਆ ਲਈ ਵੀ ਖ਼ਤਰਾ ਬਣਦੇ ਹਨ। ਉਨ੍ਹਾਂ ਕਿਹਾ ਕਿ ਇਹ ਸਲੰਸਰ ਨਾ ਸਿਰਫ਼ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਹਨ, ਸਗੋਂ ਆਮ ਲੋਕਾਂ ਨੂੰ ਪ੍ਰੇਸ਼ਾਨ ਕਰਨ ਵਾਲੇ ਹਨ । ਪੁਲਿਸ ਨੇ ਸ਼ਰ੍ਹੇਆਮ ਇਹ ਕਾਰਵਾਈ ਇਸ ਲਈ ਕੀਤੀ ਤਾਂ ਜੋ ਹੋਰ ਮੋਟਰਸਾਈਕਲ ਸਵਾਰ,ਮਿੰਨੀ ਬੱਸਾਂ ਵਾਲੇ ਅਤੇ ਹੋਰ ਵਾਹਨ ਚਾਲਕ ਵੀ ਸਬਕ ਲੈਣ ਅਤੇ ਭਵਿੱਖ ਵਿਚ ਅਜਿਹੀਆਂ ਗੈਰ-ਕਾਨੂੰਨੀ ਤਰਕੀਬਾਂ ਤੋਂ ਬਚਣ। ਇਸ ਦੌਰਾਨ ਤਪਾ ਤਾਜੋ ਕੈਂਚੀਆਂ ਵਿਚ ਵੱਡੀ ਗਿਣਤੀ ਵਿਚ ਲੋਕ ਇਕੱਠੇ ਹੋ ਗਏ ਅਤੇ ਪੁਲਿਸ ਦੀ ਕਾਰਵਾਈ ਨੂੰ ਸਰਾਹਿਆ। ਲੋਕਾਂ ਦਾ ਕਹਿਣਾ ਸੀ ਕਿ ਵੱਡੇ ਵਾਹਨਾਂ ਤੇ ਲੱਗੇ ਪ੍ਰੈਸ਼ਰ ਹੋਰਨ ਤੇ ਬੁਲੇਟ ਦੇ ਪਟਾਕੇ ਵਾਲੇ ਸਲੰਸਰਾਂ ਕਾਰਨ ਉਨ੍ਹਾਂ ਨੂੰ ਕਾਫ਼ੀ ਸਮੇਂ ਤੋਂ ਪ੍ਰਸ਼ਾਨੀ ਸੀ, ਜਿਸ ਨਾਲ ਬਜ਼ੁਰਗਾਂ ਅਤੇ ਬੱਚਿਆਂ ਲਈ ਵਾਧੂ ਮੁਸੀਬਤ ਪੈਦਾ ਹੁੰਦੀ ਸੀ। ਇਸ ਮੌਕੇ ਸਹਾਇਕ ਥਾਣੇਦਾਰ ਹਰਦੀਪ ਸਿੰਘ, ਹੌਲਦਾਰ ਇਕਬਾਲ ਸਿੰਘ ਆਦਿ ਮੌਜੂਦ ਸਨ।

# ਯੂਨੀਵਰਸਿਟੀ ਕਾਲਜ ਢਿੱਲਵਾਂ ਵਿੱਚ ਸਾਲਾਨਾ ਐਥਲੈਟਿਕਸ ਮੀਟ ਕਰਵਾਈ



ਤਪਾ\ਬਰਨਾਲਾ, 28 ਮਾਰਚ (ਬਘੇਲ ਸਿੰਘ ਧਾਲੀਵਾਲ) : ਯੂਨੀਵਰਸਿਟੀ ਕਾਲਜ, ਢਿੱਲਵਾਂ ਵਿੱਚ ਸਲਾਨਾ ਅਥਲੈਟਿਕਸ ਮੀਟ ਕਰਵਾਈ ਗਈ। ਸਮਾਗਮ ਦੇ ਸ਼ੁਰੂ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਲਖਵਿੰਦਰ ਸਿੰਘ ਰੱਖੜਾ ਵੱਲੋਂ ਅਥਲੈਟਿਕ ਮੀਟ ਵਿੱਚ ਪੁੱਜੇ ਪਿੰਡ ਢਿੱਲਵਾਂ ਦੀਆਂ ਵੱਖ-ਵੱਖ ਪੱਤੀਆਂ ਦੇ ਸਰਪੰਚਾਂ ਅਤੇ ਪਤਵੰਤੇ ਸੱਜਣਾਂ ਦਾ ਨਿੱਘਾ ਸੁਆਗਤ ਕੀਤਾ ਗਿਆ। ਇਸ ਮੌਕੇ ਪਿੰਡ ਢਿੱਲਵਾਂ ਦੇ ਸਰਪੰਚ ਸ. ਹਰਬਿੰਦਰ ਸਿੰਘ ਖਾਲਸਾ (ਬਿੰਦਰ ਸਿੰਘ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਖੇਡ ਮੁਕਾਬਲਿਆਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਮੂਹ ਵਿਦਿਆਰਥੀਆਂ ਨੂੰ ਚਾਰ ਹਾਊਸਾਂ ਵਿੱਚ ਵੰਡਿਆ ਗਿਆ ਸੀ, ਜਿਨ੍ਹਾਂ ਦੀ ਅਗਵਾਈ ਖੇਡਾਂ ਵਿੱਚ ਉੱਤਮ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਵੱਲੋਂ ਕੀਤੀ ਗਈ। ਮਾਰਚ ਪਾਸਟ ਦੀ ਸ਼ਾਨਦਾਰ ਸਲਾਮੀ ਪ੍ਰਿੰਸੀਪਲ ਡਾ. ਰੱਖੜਾ, ਮੁੱਖ ਮਹਿਮਾਨ ਸ. ਹਰਬਿੰਦਰ ਸਿੰਘ ਖਾਲਸਾ ਅਤੇ ਕਾਲਜ ਸਟਾਫ਼ ਵੱਲੋਂ ਸਾਂਝੇ ਤੌਰ @ਤੇ ਲਈ ਗਈ।

ਪ੍ਰਿੰਸੀਪਲ ਡਾ. ਲਖਵਿੰਦਰ ਸਿੰਘ ਰੱਖੜਾ ਨੇ ਸਮਾਰੋਹ ਦੀ ਸਫ਼ਲਤਾ ਲਈ ਸਾਰਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਵਿਦਿਆਰਥੀਆਂ ਵਿੱਚ ਖੇਡਾਂ ਪ੍ਰਤੀ ਉਤਸ਼ਾਹ ਵਧਾਉਂਦਿਆਂ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ ਦੌਰਾਨ ਸਟੇਜ ਦੀ ਕਾਰਵਾਈ ਪ੍ਰੋ. ਮਨਜੀਤ ਸਿੰਘ ਨੇ ਬਾਖ਼ੂਬੀ ਨਿਭਾਈ। ਇਸ ਐਥਲੇਟਿਕ ਮੀਟ ਦਾ ਸਫ਼ਲ ਆਯੋਜਨ ਸਰੀਰਕ ਸਿੱਖਿਆ ਵਿਭਾਗ ਦੇ ਪ੍ਰੋ. ਅਮਨਦੀਪ ਕੌਰ ਅਤੇ ਪ੍ਰੋ. ਗੁਰਪ੍ਰੀਤ ਸਿੰਘ ਦੀ ਸੁਚੱਜੀ ਦੇਖ-ਰੇਖ ਹੇਠ ਹੋਇਆ। ਇਸ ਮੌਕੇ ਕਾਲਜ ਦੇ ਬਰਸਰ ਡਾ. ਸੰਦੀਪ ਸ਼ਰਮਾ, ਡਾ. ਜਸਵੰਤ ਸਿੰਘ, ਪ੍ਰੋ. ਮਨਪ੍ਰੀਤ ਸਿੰਘ (ਸਮਾਜ ਸ਼ਾਸਤਰ), ਪ੍ਰੋ. ਗੁਰਪ੍ਰੀਤ ਸ਼ਰਮਾ, ਡਾ. ਬਰਜੇਸ਼ ਪਾਠਕ, ਡਾ. ਬਿਕਰਮਜੀਤ ਪੁਰਬਾ, ਪ੍ਰੋ. ਬਲਕਾਰ, ਪ੍ਰੋ. ਚਰਨਜੀਤ ਕੌਰ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਦੇਵੀ, ਡਾ. ਸੋਨੀਆ ਅਗਰਵਾਲ, ਪ੍ਰੋ. ਅਨੂ ਬਾਲਾ, ਪ੍ਰੋ. ਅੰਮ੍ਰਿਤਪਾਲ ਕੌਰ, ਪ੍ਰੋ. ਗੁਰਪ੍ਰੀਤ ਕੌਰ (ਪੰਜਾਬੀ), ਪ੍ਰੋ. ਸਵਰਨ ਕੌਰ, ਪ੍ਰੋ. ਕਮਲਜੀਤ ਕੌਰ, ਪ੍ਰੋ. ਦੇਵ ਕਰਨ ਭੀਖੀ, ਪ੍ਰੋ. ਮਨਪ੍ਰੀਤ ਸਿੰਘ (ਕੰਪਿਊਟਰ), ਅਤੇ ਸਮੂਹ ਸਟਾਫ਼ ਹਾਜ਼ਰ ਸੀ।

# ਬਾਬਾ ਡੋਡੋ ਦਾਸ ਦੀ ਤੀਜੀ ਬਰਸੀ ਸ਼ਰਧਾ ਨਾਲ ਮਨਾਈ



ਤਪਾ ਮੰਡੀ, 28 ਮਾਰਚ (ਭੂਸ਼ਨ ਘੜੈਲਾ) : ਸਥਾਨਕ ਸੰਤ ਬਾਬਾ ਚਿਤਾਨੰਦ ਟੈਕਸੀ ਯੂਨੀਅਨ ਅੰਦਰ ਬਾਬਾ ਡੋਡੋ ਦਾਸ ਦੇ ਅਸਥਾਨ 'ਤੇ ਬਾਬਾ ਡੋਡੋ ਦਾਸ ਦੀ ਤੀਜੀ ਬਰਸੀ ਮੌਕੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਅਸਥਾਨ ਦੇ ਪ੍ਰਬੰਧਕਾਂ ਵੱਲੋਂ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸੇਵਾਦਾਰਾਂ ਅਤੇ ਸ਼ਹਿਰ ਵਾਸੀਆਂ ਨੇ ਸ਼ਮੂਲੀਅਤ ਕੀਤੀ ਸਮਾਗਮ ਵਿੱਚ ਕੈਲਾਸ਼ ਕੰਠ ਬਰਨਾਲਾ ਵੱਲੋਂ ਬਾਖੂਬੀ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਬਾਬਾ ਡੋਡੋ ਦਾਸ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਪ੍ਰਬੰਧਕ ਰਿੰਕਾ ਘੁੰਨਸ , ਕਾਕੂ ਗਰਗ ਆਦਿ ਨੇ ਦੱਸਿਆ ਕਿ ਬਾਬਾ ਡੋਡੋ ਦਾਸ ਦੀ ਤੀਜੀ ਬਰਸੀ ਦੀਵਾਨ ਸਜਾ ਕੇ ਬੜੇ ਹੀ ਉਤਸ਼ਾਹ ਨਾਲ ਮਨਾਈ ਗਈ ਜਿਸ ਵਿੱਚ ਸ਼ਹਿਰ ਵਾਸੀਆਂ ਦਾ ਵੱਡਾ ਸਹਿਯੋਗ ਰਿਹਾ ਉਹਨਾਂ ਦੱਸਿਆ ਕਿ ਸਮਾਗਮ ਵਿੱਚ ਗੁਰੂ ਦਾ ਲੰਗਰ ਅਟੁੱਟ ਵਰਤਾਇਆ ਗਿਆ। ਇਸ ਮੌਕੇ ਕੌਂਸਲਰ ਧਰਮਪਾਲ ਸ਼ਰਮਾ, ਵਿਜੇ ਕੁਮਾਰ ਸਰੇਸ਼ ਚੰਦੇਲ, ਰਾਜ ਸਿੰਘ, ਰਜਿੰਦਰ ਕੁਮਾਰ, ਕਾਕਾ ਦਰਾਜ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਬੱਸ ਅੱਡੇ ਨੇੜੇ ਸੈਲੂਨ 'ਤੇ ਹਮਲਾ, ਤਿੰਨ ਖ਼ਿਲਾਫ਼ ਮਾਮਲਾ ਦਰਜ

ਬਰਨਾਲਾ, 28 ਮਾਰਚ (ਬਘੇਲ ਸਿੰਘ ਧਾਲੀਵਾਲ) : ਸਥਾਨਕ ਪ੍ਰੇਮ ਪ੍ਰਧਾਨ ਮਾਰਕੀਟ ਬੱਸ ਸਟੈਂਡ ਨੇੜੇ ਇੱਕ ਸੈਲੂਨ 'ਤੇ ਮਾਰੂ ਹਥਿਆਰਾਂ ਨਾਲ ਹਮਲਾ ਕਰਨ ਦੇ ਮਾਮਲੇ ਵਿੱਚ ਥਾਣਾ ਸਿਟੀ-1 ਬਰਨਾਲਾ ਵੱਲੋਂ ਤਿੰਨ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਏ.ਐਸ.ਆਈ. ਸੁਦਾਗਰ ਸਿੰਘ ਨੇ ਦੱਸਿਆ ਕਿ ਮੁੱਦਈ ਗੋਰਾ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਢਿਲਵਾਂ ਨੇ ਪੁਲਿਸ ਕੋਲ ਬਿਆਨ ਦਰਜ ਕਰਵਾਏ ਹਨ ਕਿ ਬੀਤੇ ਦਿਨੀਂ ਪਿੰਡ ਉੱਗੋਕੇ ਦੀ ਇੱਕ ਲੜਕੀ ਆਪਣੀ ਮਾਤਾ ਨਾਲ ਸਕੂਟਰੀ 'ਤੇ ਜਾ ਰਹੀ ਸੀ। ਜਦੋਂ ਉਹ ਸੇਵਾ ਕੇਂਦਰ ਨੇੜੇ ਪਹੁੰਚੇ ਤਾਂ ਇੱਕ ਹੋਰ ਸਕੂਟਰੀ ਸਵਾਰ ਵਿਅਕਤੀ ਨੇ ਉਨ੍ਹਾਂ ਦੀ ਸਕੂਟਰੀ ਨੂੰ ਟੱਕਰ ਮਾਰ ਦਿੱਤੀ, ਜਿਸ ਨਾਲ ਵਾਹਨ ਦਾ ਨੁਕਸਾਨ ਹੋ ਗਿਆ। ਇਸ ਘਟਨਾ ਤੋਂ ਬਾਅਦ ਦੋਵਾਂ ਧਿਰਾਂ ਵਿੱਚ ਤਕਰਾਰ ਹੋ ਗਈ। ਦੋਸ਼ ਹੈ ਕਿ ਇਸ ਤਕਰਾਰ ਨੂੰ ਲੈ ਕੇ ਬਾਅਦ ਵਿੱਚ ਸੂਰਜ, ਰਵੀ ਵਾਸੀ ਬਰਨਾਲਾ ਅਤੇ ਜਸ਼ਨ ਵਾਸੀ ਗੁੰਮਟੀ ਮਾਰੂ ਹਥਿਆਰਾਂ ਨਾਲ ਲੈਸ ਹੋ ਕੇ ਮੁੱਦਈ ਦੇ ਸੈਲੂਨ 'ਤੇ ਆ ਪਹੁੰਚੇ। ਉਨ੍ਹਾਂ ਨੇ ਸੈਲੂਨ ਵਿੱਚ ਦਾਖਲ ਹੋ ਕੇ ਤੋੜਫੋੜ ਕੀਤੀ, ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦਿਆਂ ਮੌਕੇ ਤੋਂ ਫਰਾਰ ਹੋ ਗਏ। ਹਮਲੇ ਦੌਰਾਨ ਸੈਲੂਨ ਨੂੰ ਭਾਰੀ ਨੁਕਸਾਨ ਪਹੁੰਚਿਆ ਅਤੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕੀਤੀ। ਪੁਲਿਸ ਵੱਲੋਂ ਮੁੱਦਈ ਦੇ ਬਿਆਨਾਂ ਦੇ ਆਧਾਰ 'ਤੇ ਤਿੰਨਾਂ ਦੋਸ਼ੀਆਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਪੰਜਾਬੀ ਸਾਹਿਤਕਾਰ ਡਾ. ਬਲਜਿੰਦਰ ਸਿੰਘ ਨਸਰਾਲੀ ਵੱਲੋਂ ਵਾਈ.ਐਸ. ਕਾਲਜ ਵਿੱਚ ਪ੍ਰੇਰਨਾਦਾਇਕ ਸਾਹਿਤਕ ਸੈਸ਼ਨ



ਬਰਨਾਲਾ, 28 ਮਾਰਚ (ਹਮੀਰ ਸਿੰਘ) : ਵਾਈ.ਐਸ. ਕਾਲਜ, ਜਿਸ ਨੂੰ ਮੋਸਟ ਇਮਰਜਿੰਗ ਹਾਇਅਸਟ ਇੰਸਟੀਚਿਊਟ ਆਫ ਦ ਯੀਅਰ ਦੇ ਸਨਮਾਨ ਨਾਲ ਨਿਵਾਜਿਆ ਗਿਆ ਹੈ, ਸਿੱਖਿਆਤਮਕ ਉਤਕ੍ਰਿਸ਼ਟਤਾ ਅਤੇ ਬੌਧਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਅਰਥਪੂਰਨ ਸਾਹਿਤਕ ਗਤੀਵਿਧੀਆਂ ਕਰਦਾ ਆ ਰਿਹਾ ਹੈ। 28 ਮਾਰਚ ਨੂੰ ਸੰਸਥਾ ਵੱਲੋਂ ਅਸੀਂ ਕਿਤਾਬਾਂ ਕਿਉਂ ਪੜ੍ਹੀਏ ? ਵਿਸ਼ੇ 'ਤੇ ਇਕ ਵਿਸ਼ੇਸ਼ ਸਾਹਿਤਕ ਵਿਅਖਿਆਨ ਦਾ ਆਯੋਜਨ ਕੀਤਾ ਗਿਆ, ਜਿਸ ਨੂੰ ਪ੍ਰਸਿੱਧ ਪੰਜਾਬੀ ਵਿਦਵਾਨ ਅਤੇ ਮਸ਼ਹੂਰ ਸਾਹਿਤਕਾਰ ਡਾ. ਬਲਜਿੰਦਰ ਸਿੰਘ ਨਸਰਾਲੀ ਨੇ ਸੰਬੋਧਿਤ ਕੀਤਾ। ਡਾ. ਬਲਜਿੰਦਰ ਸਿੰਘ ਨਸਰਾਲੀ ਦਿੱਲੀ ਯੂਨੀਵਰਸਿਟੀ ਵਿੱਚ ਪੰਜਾਬੀ ਵਿਭਾਗ ਦੇ ਪ੍ਰੋਫੈਸਰ ਹਨ ਅਤੇ ਉੱਚ ਸਿੱਖਿਆ ਖੇਤਰ ਵਿੱਚ ਲਗਭਗ 29 ਸਾਲਾਂ ਦਾ ਵਿਸ਼ਾਲ ਅਨੁਭਵ ਰੱਖਦੇ ਹਨ। ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸਾਹਿਤਕ ਮੰਚਾਂ 'ਤੇ ਉਨ੍ਹਾਂ ਦੀ ਵਿਲੱਖਣ ਪਛਾਣ ਹੈ। ਉਨ੍ਹਾਂ ਨੇ ਪੰਜਾਬੀ ਸਾਹਿਤ ਨੂੰ ਨਾਵਲਾਂ, ਕਹਾਣੀਆਂ, ਖੋਜ ਅਤੇ ਸੱਭਿਆਚਾਰਕ ਅਧਿਐਨ ਰਾਹੀਂ ਮਹੱਤਵਪੂਰਨ ਯੋਗਦਾਨ ਦਿੱਤਾ ਹੈ। ਉਨ੍ਹਾਂ ਦੀ ਲਿਖਤ ਵਿੱਚ ਜਾਦੂਈ ਯਥਾਰਥਵਾਦ ਨੂੰ ਪੰਜਾਬ ਅਤੇ ਕਸ਼ਮੀਰ ਦੇ ਸਮਾਜਿਕ-ਰਾਜਨੀਤਿਕ ਸੰਦਰਭਾਂ ਨਾਲ ਸੁੰਦਰ ਢੰਗ ਨਾਲ ਜੋੜਿਆ ਗਿਆ ਹੈ, ਜੋ ਪੰਜਾਬੀ ਸੱਭਿਆਚਾਰਕ ਚੇਤਨਾ ਨੂੰ ਡੂੰਘਾਈ ਨਾਲ ਦਰਸਾਉਂਦਾ ਹੈ। ਸੈਸ਼ਨ ਦੌਰਾਨ ਡਾ. ਨਸਰਾਲੀ ਨੇ ਪ੍ਰਭਾਵਸ਼ਾਲੀ ਕਹਾਣੀਕਲਾ ਅਤੇ ਬੌਧਿਕ ਵਿਚਾਰ-ਵਟਾਂਦਰੇ ਰਾਹੀਂ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਸੰਵਾਦ ਕੀਤਾ। ਅਸੀਂ ਕਿਤਾਬਾਂ ਕਿਉਂ ਪੜ੍ਹੀਏ ? ਵਿਸ਼ੇ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਪੜ੍ਹਨਾ ਸਿਰਫ਼ ਪਾਠਕ੍ਰਮ ਦੀ ਲੋੜ ਨਹੀਂ, ਸਗੋਂ ਵਿਅਕਤੀਗਤ ਵਿਕਾਸ, ਆਲੋਚਨਾਤਮਕ ਸੋਚ ਅਤੇ ਸਮਾਜਿਕ ਜਾਗਰੂਕਤਾ ਦਾ ਮੂਲ ਸਰੋਤ ਹੈ, ਉਨ੍ਹਾਂ ਦੀਆਂ ਕਹਾਣੀ ਪੁਸਤਕਾਂ ਡੱਖਣਾ ਖਾਸ, ਔਰਤ ਦੀ ਸ਼ਰਨ ਵਿੱਚ, ਅਤੇ ਮੇਰੀਆਂ ਚੋਣਵੀਆਂ ਕਹਾਣੀਆਂ ਪੰਜਾਬ, ਜੰਮੂ-ਕਸ਼ਮੀਰ ਅਤੇ ਦਿੱਲੀ ਦੀਆਂ ਯੂਨੀਵਰਸਿਟੀਆਂ ਦੇ ਪਾਠਕ੍ਰਮਾਂ ਵਿੱਚ ਸ਼ਾਮਲ ਹਨ। ਡਾ. ਨਸਰਾਲੀ ਨੂੰ ਭਾਈ ਵੀਰ ਸਿੰਘ ਗਲਪ ਪੁਰਸਕਾਰ (1995), ਪ੍ਰਿੰਸੀਪਲ ਸੁਜਾਨ ਸਿੰਘ ਪੁਰਸਕਾਰ (2008), ਮਾਸਟਰ ਆਫ ਮੈਟਾਫਰ ਐਵਾਰਡ ਅਤੇ [illegible] ਐਵਾਰਡ, ਦੇਹਰਾਦੂਨ ਸਮੇਤ ਕਈ ਮਾਣਯੋਗ ਸਨਮਾਨ ਪ੍ਰਾਪਤ ਹੋ ਚੁੱਕੇ ਹਨ। ਸਮਾਗਮ ਵਿੱਚ ਡਾ. ਮਨਜੀਤ ਸਿੰਘ (ਪੰਜਾਬੀ ਪ੍ਰੋਫੈਸਰ, ਢਿੱਲਵਾਂ), ਗਗਨਦੀਪ ਕੌਰ (ਬਾਇਓਲੋਜੀ ਲੈਕਚਰਾਰ, ਪਾਖੋਂ ਕਲਾਂ), ਵਾਈਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਅਤੇ ਐਫ/ਐਲ ਸੰਤ ਰਾਮ ਦੀ ਵਿਸ਼ੇਸ਼ ਹਾਜ਼ਰੀ ਰਹੀ। ਡਾਇਰੈਕਟਰ ਵਰੁਣ ਭਾਰਤੀ ਨੇ ਕਿਹਾ ਕਿ ਉੱਚ ਸਿੱਖਿਆ ਸੰਸਥਾਵਾਂ ਨੂੰ ਕਲਾਸਰੂਮ ਸਿੱਖਿਆ ਤੋਂ ਅੱਗੇ ਵਧ ਕੇ ਵਿਦਿਆਰਥੀਆਂ ਲਈ ਬੌਧਿਕ ਸੰਵਾਦ ਦੇ ਮੰਚ ਤਿਆਰ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸਾਹਿਤ ਸਮਾਜਿਕ ਜ਼ਿੰਮੇਵਾਰੀ ਅਤੇ ਵਿਚਾਰਸ਼ੀਲਤਾ ਦਾ ਵਿਕਾਸ ਕਰਦਾ ਹੈ। ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਕਿਹਾ ਕਿ ਪੜ੍ਹਨ ਦੀ ਸੰਸਕ੍ਰਿਤੀ ਅਕਾਦਮਿਕ ਉਤਕ੍ਰਿਸ਼ਟਤਾ ਦੀ ਨੀਂਹ ਹੈ ਅਤੇ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਡਿਜ਼ੀਟਲ ਯੁੱਗ ਵਿੱਚ ਕਿਤਾਬਾਂ ਵੱਲ ਮੁੜ ਪ੍ਰੇਰਿਤ ਕਰਦੇ ਹਨ। ਵਾਈਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਨੇ ਇਸ ਸੈਸ਼ਨ ਨੂੰ ਵਿਦਿਆਰਥੀਆਂ ਲਈ ਜੀਵਨਮੁਖੀ ਸਿੱਖਿਆ ਦਾ ਮਹੱਤਵਪੂਰਨ ਅਨੁਭਵ ਦੱਸਦਿਆਂ ਕਿਹਾ ਕਿ ਸਾਹਿਤ ਭਾਸ਼ਾਈ ਦੱਖਲ, ਰਚਨਾਤਮਕਤਾ ਅਤੇ ਭਾਵਨਾਤਮਕ ਪੱਕਾਪਣ ਨੂੰ ਮਜ਼ਬੂਤ ਕਰਦਾ ਹੈ।

# ਅੱਜ ਬਿਜਲੀ ਰਹੇਗੀ ਬੰਦ

ਬਰਨਾਲਾ , 28 ਮਾਰਚ (ਇਸ਼ੇਨ ਕੰਗ) : ਫੀਡਰ ਬਾਜਾਖਾਨਾ ਰੋਡ ਦੀ ਬਾਈਫਰਕੇਸ਼ਨ ਦਾ ਕੰਮ ਚੱਲਣ ਕਾਰਨ ਅੱਜ 29 ਮਾਰਚ ਨੂੰ ਬਿਜਲੀ ਸਪਲਾਈ ਬੰਦ ਰਹੇਗੀ। ਸਹਾਇਕ ਕਾਰਜਕਾਰੀ ਇੰਜ: ਵੰਡ ਉੱਪ ਮੰਡਲ ਦਿਹਾਤੀ ਬਰਨਾਲਾ ਨੇ ਦੱਸਿਆ ਕਿ 29 ਮਾਰਚ ਦਿਨ ਐਤਵਾਰ ਨੂੰ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ 11 ਕੇ.ਵੀ ਫੀਡਰ ਬਾਜਾਖਾਨਾ ਰੋਡ ਦੀ ਬਾਈਫਰਕੇਸ਼ਨ ਦਾ ਕੰਮ ਚੱਲਣਾ ਹੈ, ਇਸ ਲਈ 11 ਕੇ.ਵੀ. ਫੀਡਰ ਬਾਜਾਖਾਨਾ ਰੋਡ ਦੀ ਸਪਲਾਈ ਬੰਦ ਰਹੇਗੀ। ਜਿਸ ਨਾਲ ਢਿੱਲੋਂ ਨਗਰ, ਸ਼ਕਤੀ ਨਗਰ ਗਲੀ ਨੰਬਰ 1,2,3, ਵੈਸਟ ਸਿਟੀ ਤੇ ਭੈਣੀ ਬਸਤੀ ਬਰਨਾਲਾ 'ਚ ਬਿਜਲੀ ਸਪਲਾਈ ਬੰਦ ਰਹੇਗੀ।

# ਮਾਪੇ ਅਧਿਆਪਕ ਮਿਲਣੀ ਹੋਈ



ਬਰਨਾਲਾ, 28 ਮਾਰਚ (ਸੁਖਵਿੰਦਰ ਸਿੰਘ ਭੰਡਾਰੀ): ਸਰਕਾਰੀ ਪ੍ਰਾਇਮਰੀ ਸਕੂਲ ਅਮਲਾ ਸਿੰਘ ਵਾਲਾ ਵਿਖੇ ਰਿਕਾਰਡ ਤੋੜ ਇਕੱਠ ਵਿੱਚ ਮੈਗਾ - ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਜ਼ਿਲਾ ਸਿੱਖਿਆ ਅਫਸਰ ਇੰਦੂ ਸਿਮਕ ਦੀ ਸੁਯੋਗ ਅਗਵਾਈ ਹੇਠ ਕੀਤਾ ਗਿਆ। ਇਸ ਸਮੇਂ ਮੁੱਖ ਮਹਿਮਾਨ ਦੇ ਤੌਰ 'ਤੇ ਪੁੱਜੇ ਸਰਪੰਚ ਰੌਣਕ ਸਿੰਘ ਨੇ ਕਿਹਾ ਕਿ ਇਸ ਸਕੂਲ ਦੇ ਮਿਹਨਤੀ ਸਟਾਫ਼ ਕਰਕੇ ਸਕੂਲ ਵਿੱਚ ਦਿਨ ਦੁਗਣੀ ਰਾਤ ਚੁਗੌਣੀ ਤਰੱਕੀ ਕਰ ਰਿਹਾ ਹੈ, ਜਿਸ ਕਰਕੇ ਪਿੰਡ ਦਾ ਨਾਮ ਰੌਸ਼ਨ ਹੋ ਰਿਹਾ ਹੈ। ਉਹਨਾਂ ਜਿੱਥੇ ਸਕੂਲ ਨੂੰ ਦੋ ਏ.ਸੀ. ਭੇਟ ਕੀਤੇ ਉੱਥੇ ਇੰਟਰਲੋਕ ਵੀ ਲਗਵਾਉਣ ਦਾ ਵਾਅਦਾ ਕੀਤਾ। ਇਸ ਮੌਕੇ ਸੁਖਵਿੰਦਰ ਸਿੰਘ ਰਿਟਾ.ਏ.ਐਸ.ਆਈ. ਵੱਲੋਂ 10,000/- ਰੁਪਏ ਡਾਇਰੀਆਂ , ਇਨਾਮਾਂ ਲਈ ਭੇਟ ਕੀਤੇ। ਉੱਥੇ ਹੀ ਜੋਗਾ ਸਿੰਘ ਚੋਪੜਾ ਵੱਲੋਂ ਬੱਚਿਆਂ ਨੂੰ ਨਵੇਂ ਸੈਸ਼ਨ ਲਈ ਟਾਈ, ਬੈਲਟ, ਆਈ.ਕਾਰਡ ਲੈ ਕੇ ਦਿੱਤੇ ਗਏ। ਚੇਅਰਮੈਨ ਰੇਸ਼ਮ ਸਿੰਘ ਵੱਲੋਂ ਵੀ ਸਕੂਲ ਨੂੰ ਕੂਲਰ ਪੱਖੇ ਆਦਿ ਦਿੱਤੇ ਗਏ। ਦਰਸ਼ਨ ਸਿੰਘ ਗੁਰੂ ਕਾਨੂੰਗੋ ਵੱਲੋਂ ਬੱਚਿਆਂ ਨੂੰ ਕਿਤਾਬਾਂ, ਪੈਨ, ਕਾਪੀਆਂ ਆਦਿ ਸਮਾਨ ਦਿੱਤਾ ਗਿਆ। ਇਸ ਮੌਕੇ ਆਪ ਆਗੂ ਰਣਜੀਤ ਸਿੰਘ ਵੱਲੋਂ ਵੀ ਜਿੱਥੇ ਸਟਾਫ਼ ਦੀ ਸ਼ਲਾਘਾ ਕੀਤੀ ਗਈ ਉੱਥੇ ਸਰਕਾਰ ਵੱਲੋਂ ਭੇਜੀਆਂ ਜਾ ਰਹੀਆਂ ਗਰਾਂਟਾਂ ਦਾ ਵੀ ਜ਼ਿਕਰ ਕੀਤਾ ਗਿਆ। ਹਰਬੰਸ ਸਿੰਘ ਫੌਜੀ ,ਪੰਚਾਇਤ ਮੈਂਬਰ ਰਾਣੀ ਕੌਰ, ਜਗਪਾਲ ਸਿੰਘ, ਬੂਟਾ ਸਿੰਘ ,ਜਗਸੀਰ ਸਿੰਘ ,ਲਖਵੀਰ ਸਿੰਘ ,ਦਰਸ਼ਨ ਸਿੰਘ ,ਜੱਗਾ ਸਿੰਘ ਵੱਲੋਂ ਵੀ 500 - 500 ਰੁਪਏ ਸਕੂਲ ਨੂੰ ਭੇਟ ਕੀਤੇ। ਇਸ ਮੌਕੇ ਜਿਹੜੇ ਵਿਦਿਆਰਥੀ ਪਹਿਲੀ, ਦੂਜੀ, ਤੀਜੀ ਪੁਜੀਸ਼ਨ ਤੇ ਆਏ ਸਨ ਉਹਨਾਂ ਨੂੰ ਸਰਟੀਫ਼ਿਕੇਟ, ਮੈਡਲ, ਟਰਾਫੀਆਂ, ਕਾਪੀ, ਪੈਨ ਆਦਿ ਦੇ ਕੇ ਸਨਮਾਨਿਤ ਕੀਤਾ ਗਿਆ। ਜਵਾਹਰ ਨਵੋਦਿਆ ਵਿੱਚ ਸਲੈਕਟ ਹੋਈ ਬੱਚੀ ਪ੍ਰਦੀਪ ਕੌਰ ਦਾ ਰਾਜੂ ਸਿੰਘ ਪ੍ਰਧਾਨ ਅਤੇ ਪੂਰੀ ਟੀਮ ਬਾਬਾ ਦੀਪ ਸਿੰਘ ਸਪੋਰਟਸ ਕਲੱਬ ਤੇ ਸਰਪੰਚ ਰੌਣਕ ਸਿੰਘ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਹੈੱਡ ਟੀਚਰ ਨਰਿੰਦਰ ਕੁਮਾਰ ,ਅਧਿਆਪਕ ਹਰਜਿੰਦਰ ਸਿੰਘ ਭੱਟੀ ,ਅਧਿਆਪਕ ਗਗਨਦੀਪ ਸਿੰਘ, ਅਧਿਆਪਕਾ ਪ੍ਰਿਆ ਰਾਣੀ, ਅਧਿਆਪਕਾ ਲਖਵਿੰਦਰ ਕੌਰ, ਨਵਜੋਤ ਕੌਰ, ਨੀਲਮ ਯਾਦਵ ਆਦਿ ਵੀ ਹਾਜ਼ਰ ਸਨ।

# ਨਵੀਆਂ ਸੇਵਾਵਾਂ ਸ਼ੁਰੂ ਹੋਣ ਨਾਲ ਸ਼ਹਿਰਾਂ ਅਤੇ ਪਿੰਡਾਂ ਦੇ ਲੋਕਾਂ ਨੂੰ ਵੱਧ ਲਾਭ ਮਿਲੇਗਾ : ਵਿਧਾਇਕ ਤੇ ਚੇਅਰਮੈਨ



ਤਪਾ ਮੰਡੀ, 28 ਮਾਰਚ (ਭੂਸ਼ਨ ਘੜੈਲਾ) : ਪੰਜਾਬ ਦੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਸੂਬੇ ਵਿਚ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਗਿਆ। ਮਾਨ ਸਰਕਾਰ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਜਲਦ ਹੀ ਸੂਬੇ ਦੇ ਆਮ ਆਦਮੀ ਕਲੀਨਿਕਾਂ ਵਿਚ ਪੰਜ ਹੋਰ ਨਵੀਆਂ ਸੇਵਾਵਾਂ ਦੇਣੀਆਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ 'ਚ ਗਰਭਵਤੀ ਔਰਤਾਂ ਦੀ ਜਾਂਚ, ਗੈਰ-ਸੰਚਾਰੀ ਰੋਗ, ਪਰਿਵਾਰ ਨਿਯੋਜਨ ਸੇਵਾਵਾਂ, ਕੁਪੋਸ਼ਿਤ ਬੱਚਿਆਂ ਦੀ ਪਛਾਣ ਤੇ ਦੇਖਭਾਲ, ਕੁੱਤੇ ਦੇ ਵੱਢਣ 'ਤੇ ਐਂਟੀ ਰੇਬੀਜ਼ ਟੀਕਾਕਰਨ ਸ਼ਾਮਲ ਹਨ। ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਪਹਿਲਕਦਮੀ 'ਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਪੰਜਾਬ, ਡਾ. ਬਲਬੀਰ ਸਿੰਘ ਦੇ ਨਿਰਦੇਸ਼ਾਂ 'ਤੇ ਇਨ੍ਹਾਂ ਸੇਵਾਵਾਂ ਲਈ ਸਬ ਡਵੀਜਨ ਤਪਾ ਦੇ ਆਮ ਆਦਮੀ ਕਲੀਨਿਕਾਂ ਦੇ ਡਾਕਟਰਾਂ ਦੀ ਦੂਜੀ ਟਰੇਨਿੰਗ ਅੱਜ ਮੁਕੰਮਲ ਹੋਈ। ਉਨ੍ਹਾਂ ਕਿਹਾ ਕਿ ਇਹ ਨਵੀਆਂ ਸੇਵਾਵਾਂ ਸ਼ੁਰੂ ਹੋਣ ਨਾਲ ਸ਼ਹਿਰਾਂ ਅਤੇ ਪਿੰਡਾਂ ਦੇ ਲੋਕਾਂ ਨੂੰ ਬਹੁਤ ਜ਼ਿਆਦਾ ਲਾਭ ਮਿਲੇਗਾ ਕਿਉਂਕਿ ਉਨ੍ਹਾਂ ਨੂੰ ਘਰ ਦੇ ਲਾਗੇ ਹੀ ਇਹ ਮਿਆਰੀ ਸੇਵਾਵਾਂ ਮਿਲ ਸਕਣਗੀਆਂ ਜਦਕਿ ਪਹਿਲਾਂ ਉਨ੍ਹਾਂ ਨੂੰ ਦੂਰ-ਦੁਰਾਡੇ ਜਾਣਾ ਪੈਂਦਾ ਸੀ।ਸੂਬੇ ਵਿਚ ਨਵੇਂ ਆਮ ਆਦਮੀ ਕਲੀਨਿਕਾਂ ਦਾ ਵਰਚੁਅਲ ਉਦਘਾਟਨ ਕੀਤਾ ਗਿਆ ਵਿਚ ਤਪਾ ਦਾ ਆਮ ਆਦਮੀ ਕਲੀਨਿਕ ਵੀ ਸ਼ਾਮਲ ਹੈ।ਇਸ ਮੌਕੇ ਇਸਦਾ ਉਦਘਾਟਨ ਵਿਧਾਇਕ ਲਾਭ ਸਿੰਘ ਉੱਗੋਕੇ ਵਲੋਂ ਚੇਅਰਮੈਨ ਮਾਰਕੀਟ ਕਮੇਟੀ ਤਪਾ ਤਰਸੇਮ ਸਿੰਘ ਕਹਨੇਕੇ ਨੇ ਉਦਘਾਟਨ ਕੀਤਾ ਗਿਆ ।ਆਮ ਆਦਮੀ ਕਲੀਨਿਕ ਖੱਟੜ ਪੱਤੀ ਪਾਰਕ, ਤਪਾ ਵਿਖੇ ਬਣਾਇਆ ਗਿਆ ਹੈ। ਇਸ ਮੌਕੇ ਮੁਨੀਸ਼ ਗਰਗ (ਚੇਅਰਮੈਨ ਵਿਧਾਨ ਸਭਾ ਟਰੇਡਰਜ਼ ਕਮਿਸ਼ਨ), ਜਸਵਿੰਦਰ ਸਿੰਘ ਚੱਠਾ (ਪ੍ਰਧਾਨ ਟਰੱਕ ਯੂਨੀਅਨ ਤਪਾ), ਐੱਸ ਐਮ ਓ ਤਪਾ ਡਾ. ਕੰਵਲਜੀਤ ਸਿੰਘ ਬਾਜਵਾ ਅਤੇ ਡਾਕਟਰ ਬਾਲ ਚੰਦ ਬਾਂਸਲ,ਟਰੇਡ ਕਮਿਸ਼ਨਰ ਮੈਂਬਰ ਤੇ ਸਰਪੰਚ ਹਰਚਰਨ ਸਿੰਘ ਮਾਨ,ਬਲਾਕ ਸੰਮਤੀ ਦੇ ਮੈਂਬਰ ਪ੍ਰਗਟ ਸਿੰਘ,ਮਿਸਤਰੀ ਭੁਪਿੰਦਰ ਸਿੰਘ,ਜਗਦੇਵ ਜੱਗਾ,ਮਨਜੀਤ ਸਰਮਾ ਵੀ ਮੌਜੂਦ ਸਨ।

# ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 31 ਮਾਰਚ ਨੂੰ ਬਰਨਾਲਾ ਵਿੱਚ ਸੈਮੀਨਾਰ

ਬਰਨਾਲਾ, 28 ਮਾਰਚ (ਬਘੇਲ ਸਿੰਘ ਧਾਲੀਵਾਲ) : ਸੀ.ਪੀ.ਆਈ.( ਐਮ.ਐਲ.) ਰੈੱਡ ਸਟਾਰ ਦੇ ਸਰਗਰਮ ਮੈਂਬਰਾਂ ਦੀ ਮੀਟਿੰਗ ਨਛੱਤਰ ਸਿੰਘ ਰਾਮਨਗਰ ਦੀ ਪ੍ਰਧਾਨਗੀ ਹੇਠ ਤਰਕਸ਼ੀਲ ਭਵਲ ਬਰਨਾਲਾ ਵਿਖੇ ਹੋਈ ਮੀਟਿੰਗ ਦੌਰਾਨ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਲਾਭ ਸਿੰਘ ਅਕਲੀਆ ਨੇ ਕਿਹਾ ਕਿ ਸ਼ਹੀਦ -ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 31 ਮਾਰਚ ਨੂੰ 11 ਵਜੇ ਸੈਮੀਨਾਰ ਤਰਕਸ਼ੀਲ ਭਵਨ ਬਰਲਾਲਾ ਵਿਖੇ ਕਰਵਾਇਆ ਜਾਵੇਗਾ। ਜਿਸ ਦਾ ਵਿਸ਼ਾ 'ਸੰਘੀ ਮਨੂੰਵਾਦ-ਫਾਸ਼ੀਵਾਦ ' ਦਾ ਵਧ ਰਿਹਾ ਖ਼ਤਰਾ ਅਤੇ ਖੱਬੇ -ਪੱਖੀਆ ਦੀ ਭੂਮਿਕਾ। ਮੀਟਿੰਗ ਦੌਰਾਨ ਵੱਖ-ਵੱਖ ਆਗੂਆ ਨੇ ਕਿਹਾ ਕਿ ਕਾਮਰੇਡ ਮੰਗਤ ਰਾਮ ਪਾਸਲਾ ਜਨਰਲ ਸਕੱਤਰ ਆਰ.ਐਮ. ਪੀ.ਆਈ. , ਕਾਮਰੇਡ ਤੁਹਿਨ ਦੇਵ ਪੋਲਿਟ ਬਿਊਰੋ ਮੈਂਬਰ ਸੀ.ਪੀ.ਆਈ. ( ਐਮ .ਐਲ ) ਰੈੱਡ ਸਟਾਰ ਅਤੇ ਕਾਮਰੇਡ ਮੁਖ਼ਤਿਆਰ ਪੂਹਲਾ ਸੀਨੀਅਰ ਆਗੂ ਇਲਕਲਾਬੀ ਕੇਂਦਰ ਪੰਜਾਬ ਇਸ ਸੈਮੀਨਾਰ ਦੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਨਗੇ। ਆਗੂਆ ਨੇ ਕਿਹਾ ਕਿ ਕੇਂਦਰ ਦੀ ਫਾਸੀਵਾਦੀ ਮੋਦੀ ਸਰਕਾਰ ਦੇਸ਼ ਦੇ ਸੰਘੀ ਢਾਂਚੇ ਨੂੰ ਲਗਾਤਾਰ ਖੋਖਲਾ ਕਰ ਰਹੀ ਹੈ ਅਤੇ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਦੇ ਆਪਣੇ ਉਦੇਸ਼ ਵੱਲ ਅੱਗੇ ਵੱਧ ਰਹੀ ਹੈ। ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਦੇ ਉਲਟ ਅਨੇਕਾਂ ਸੋਧਾਂ ਕੀਤੀਆ ਜਾ ਚੁੱਕੀਆ ਹਨ ਅਤੇ ਸੰਵਿਧਾਨਕ ਧਰਮ ਨਿਰਪੱਖਤਾ ਦੇ ਚਰਿੱਤਰ ਨੂੰ ਖ਼ਤਮ ਕੀਤਾ ਜਾ ਰਿਹਾ ਹੈ। ਜਿਸ ਨਾਲ ਦੇਸ਼ ਦੀ ਏਕਤਾ ਅਤੇ ਅਖੰਡਤਾ ਖੇਤਰ ਵਿਚ ਪੈ ਰਹੀ ਹੈ। ਇਸ ਮੌਕੇ ਮੇਵਾ ਸਿੰਘ ਹੰਡਿਆਇਆ , ਅੰਤਰਜਾਮੀ ਸਿੰਘ, ਬੱਗੜ ਸਿੰਘ ਰੂੜੇਕੇ ਕਲਾਂ ਅਤੇ ਕਰਮਜੀਤ ਸਿੰਘ ਪੀਰਕੋਟ ਆਦਿ ਆਗੂਆਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਖਾਣਾ ਖਾਣ ਤੋਂ ਬਾਅਦ ਹੁੰਦੈ ਪੇਟ ਦਰਦ ਤਾਂ ਇਸ ਨੂੰ ਨਾ ਕਰੋ ਨਜ਼ਰਅੰਦਾਜ਼

ਅਕਸਰ ਅਸੀਂ ਮਸਾਲੇਦਾਰ ਖਾਣਾ ਖਾਣ ਜਾਂ ਜ਼ਿਆਦਾ ਖਾ ਲੈਣ ਤੋਂ ਬਾਅਦ ਹੋਣ ਵਾਲੇ ਪੇਟ ਦਰਦ ਨੂੰ ਮਾਮੂਲੀ ਸਮਝ ਕੇ ਕੋਈ ਚੂਰਨ ਜਾਂ ਦਵਾਈ ਲੈ ਲੈਂਦੇ ਹਾਂ ਪਰ ਸਿਹਤ ਮਾਹਿਰਾਂ ਅਨੁਸਾਰ, ਜੇਕਰ ਖਾਣਾ ਖਾਣ ਦੇ ਤੁਰੰਤ ਬਾਅਦ ਜਾਂ ਕੁਝ ਦੇਰ ਬਾਅਦ ਪੇਟ @ਚ ਤੇਜ਼ ਦਰਦ, ਮਰੋੜ ਜਾਂ ਭਾਰੀਪਨ



ਮਹਿਸੂਸ ਹੁੰਦਾ ਹੈ, ਤਾਂ ਇਹ ਸਰੀਰ ਅੰਦਰ ਪਨਪ ਰਹੀ ਕਿਸੇ ਗੰਭੀਰ ਸਮੱਸਿਆ ਦਾ ਸ਼ੁਰੂਆਤੀ ਸੰਕੇਤ ਹੋ ਸਕਦਾ ਹੈ।

**ਗੈਸਟ੍ਰਿਕ ਅਲਸਰ** ; ਜੇਕਰ ਖਾਣਾ ਖਾਂਦੇ ਹੀ ਪੇਟ ਦੇ ਉੱਪਰਲੇ ਹਿੱਸੇ 'ਚ ਜਲਣ ਜਾਂ ਦਰਦ ਹੁੰਦਾ ਹੈ, ਤਾਂ ਇਹ ਪੇਟ ਦੇ ਅਲਸਰ ਦਾ ਸੰਕੇਤ ਹੋ ਸਕਦਾ ਹੈ। ਜਦੋਂ ਖਾਣਾ ਪੇਟ 'ਚ ਜਾਂਦਾ ਹੈ, ਤਾਂ ਐਸਿਡ ਬਣਦਾ ਹੈ ਜੋ ਅਲਸਰ ਵਾਲੀ ਜਗ੍ਹਾ 'ਤੇ ਲੱਗਣ ਨਾਲ ਤੇਜ਼ ਦਰਦ ਪੈਦਾ ਕਰਦਾ ਹੈ।

**ਪਿੱਤੇ ਦੀ ਪੱਥਰੀ** ; ਪਿੱਤੇ ਦੀ ਪੱਥਰੀ ਹੋਣ 'ਤੇ ਵੀ ਖਾਣਾ ਖਾਣ ਤੋਂ ਬਾਅਦ ਪੇਟ ਦੇ ਸੱਜੇ ਪਾਸੇ ਜਾਂ ਵਿਚਕਾਰ ਤੇਜ਼ ਦਰਦ ਹੋ ਸਕਦਾ ਹੈ। ਖ਼ਾਸ ਕਰਕੇ ਚਰਬੀ ਵਾਲਾ ਖਾਣਾ ਖਾਣ ਤੋਂ ਬਾਅਦ ਇਹ ਦਰਦ ਵਧ ਜਾਂਦਾ ਹੈ, ਕਿਉਂਕਿ ਪਿੱਤੇ ਨੂੰ ਖਾਣਾ ਪਚਾਉਣ ਲਈ ਜ਼ਿਆਦਾ ਕੰਮ ਕਰਨਾ ਪੈਂਦਾ ਹੈ।

**ਫੂਡ ਇਨਟੋਲਰੈਂਸ** ; ਕਈ ਲੋਕਾਂ ਨੂੰ ਕੁਝ ਖ਼ਾਸ ਚੀਜ਼ਾਂ ਜਿਵੇਂ ਦੁੱਧ ਜਾਂ ਕਣਕ ਤੋਂ ਐਲਰਜੀ ਹੁੰਦੀ ਹੈ। ਅਜਿਹੀਆਂ ਚੀਜ਼ਾਂ ਖਾਣ ਤੋਂ ਬਾਅਦ ਪੇਟ ਫੁੱਲਣਾ, ਗੈਸ ਬਣਨਾ ਅਤੇ ਦਰਦ ਹੋਣਾ ਆਮ ਗੱਲ ਹੈ।

**ਪੈਨਕ੍ਰੀਆਟਾਈਟਸ** ; ਪੈਨਕ੍ਰੀਆਸ 'ਚ ਸੋਜ ਹੋਣ ਕਾਰਨ ਵੀ ਖਾਣਾ ਖਾਣ ਤੋਂ ਬਾਅਦ ਪੇਟ 'ਚ ਦਰਦ ਹੋ ਸਕਦਾ ਹੈ, ਜੋ ਅਕਸਰ ਪਿੱਠ ਵੱਲ ਵੀ ਜਾਂਦਾ ਹੈ। ਇਹ ਇਕ ਗੰਭੀਰ ਸਥਿਤੀ ਹੈ ਜਿਸ ਲਈ ਤੁਰੰਤ ਡਾਕਟਰੀ ਸਲਾਹ ਦੀ ਲੋੜ ਹੁੰਦੀ ਹੈ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਸਲਾਨਾ ਨਤੀਜੇ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ

ਪਟਿਆਲਾ, 28 ਮਾਰਚ (ਚ.ਨ.ਸ.) : ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿੱਚ ਅੱਜ ਵਿਦਿਆਰਥੀਆਂ ਦੇ ਸਾਲਾਨਾ ਨਤੀਜਿਆਂ ਦਾ ਐਲਾਨ ਕੀਤਾ ਗਿਆ। ਇਸ ਮੌਕੇ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਬਹੁਤ ਹੀ ਸ਼ਾਨਦਾਰ ਨਤੀਜੇ ਪ੍ਰਾਪਤ ਕਰਦੇ ਹੋਏ ਵਧੀਆ ਨੰਬਰ ਲੈ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਕਈ ਹੋਣਹਾਰ ਵਿਦਿਆਰਥੀਆਂ ਨੇ ਆਪਣੀਆਂ-ਆਪਣੀਆਂ ਜਮਾਤਾਂ ਵਿੱਚ ਅੱਵਲ ਰਹਿ ਕੇ ਮਾਪਿਆਂ ਅਤੇ ਅਧਿਆਪਕਾਂ ਦਾ ਮਾਣ ਵਧਾਇਆ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਕੰਵਲਜੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਕਾਮਯਾਬੀ ਲਈ ਮੁਬਾਰਕਬਾਦ ਦਿੱਤੀ ਗਈ। ਉਨ੍ਹਾਂ ਨੇ ਕਿਹਾ ਕਿ ਬੱਚਿਆਂ ਦੀ ਇਹ ਸਫਲਤਾ ਉਨ੍ਹਾਂ ਦੀ ਲਗਨ, ਮਾਪਿਆਂ ਦੇ ਸਹਿਯੋਗ ਅਤੇ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਹੈ । ਸਮਾਰੋਹ ਦੌਰਾਨ ਬੱਚਿਆਂ ਦੀ ਸ਼ਖ਼ਸੀਅਤ, ਯੋਗਤਾਵਾਂ ਅਤੇ ਵਿਸ਼ੇਸ਼ ਗੁਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਨੂੰ ਵੱਖ-ਵੱਖ ਪ੍ਰੇਰਣਾਦਾਇਕ ਟੈਗ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਉਪਰਾਲੇ ਦਾ ਮਕਸਦ ਬੱਚਿਆਂ ਦਾ ਹੌਂਸਲਾ ਵਧਾਉਣਾ ਅਤੇ ਉਨ੍ਹਾਂ ਨੂੰ ਆਪਣੇ ਗੁਣਾਂ ਨੂੰ ਹੋਰ ਨਿਖਾਰਨ ਲਈ ਪ੍ਰੇਰਿਤ ਕਰਨਾ ਹੈ ।

ਸਕੂਲ ਦੇ ਚੇਅਰਮੈਨ ਪਦਮ ਸ਼੍ਰੀ ਡਾ.ਜਗਜੀਤ ਸਿੰਘ ਦਰਦੀ ਅਤੇ ਮੈਡਮ ਡਾਇਰੈਕਟਰ ਜਸਵਿੰਦਰ ਕੌਰ ਦਰਦੀ ਨੇ ਸਮਾਰੋਹ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਅਤੇ ਬੱਚਿਆਂ ਨੂੰ ਦਿਲੋਂ ਸ਼ੁਭਕਾਮਨਾਵਾਂ ਅਤੇ ਆਸ਼ੀਰਵਾਦ ਦਿੱਤੇ।




# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਪ੍ਰੈਸ ਰੋਡ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਨਤੀਜਿਆਂ 'ਚ ਮਾਰੀਆਂ ਮੱਲਾਂ






ਪਟਿਆਲਾ, 28 ਮਾਰਚ (ਚ.ਨ.ਸ.) : ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸਕੈਂਡਰੀ ਸਕੂਲ ਪ੍ਰੈਸ ਰੋਡ ਪਟਿਆਲਾ ਵਿਖੇ ਕਿੰਡਰਗਾਰਡਨ ਜਮਾਤ ਦੇ ਵਿਦਿਆਰਥੀਆਂ ਲਈ ਗ੍ਰੈਜੂਏਸ਼ਨ ਸਮਾਰੋਹ ਕਰਵਾਇਆ ਗਿਆ ਇਸ ਵਿੱਚ ਬੱਚਿਆਂ ਨੇ ਰੰਗ ਬਰੰਗੀਆਂ ਸੰਸਕ੍ਰਿਤੀਕ ਪੇਸ਼ਕਾਰੀਆਂ ਦਿੱਤੀਆਂ ਅਤੇ ਸਕੂਲ ਦਾ ਰਿਜ਼ਲਟ ਬਹੁਤ ਵਧੀਆ ਰਿਹਾ।

ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਜਸਵਿੰਦਰ ਕੌਰ ਦਰਦੀ ਨੇ ਪਹਿਲੀ ਦੂਜੀ ਤੀਜੀ ਪੁਜੀਸ਼ਨ ਤੇ ਆਏ ਬੱਚਿਆਂ ਨੂੰ ਸਨਮਾਨਿਤ ਕੀਤਾ ਅਤੇ ਉਹਨਾਂ ਦੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ।



## ਆਈਪੀਐਲ 2026 ਦੇ ਪਹਿਲੇ ਦੋ ਹਫ਼ਤੇ ਨਹੀਂ ਖੇਡ ਸਕਣਗੇ ਧੋਨੀ

ਚੇਨਈ, 28 ਮਾਰਚ (ਚ.ਨ.ਸ.) : ਚੇਨਈ ਸੁਪਰ ਕਿੰਗਜ਼ (ਸੀਐਸਕੇ)



ਅਤੇ ਭਾਰਤੀ ਕ੍ਰਿਕਟ ਆਈਕਨ ਐਮਐਸ ਧੋਨੀ ਲੱਤ ਵਿਚ ਦਰਦ ਕਾਰਨ ਇੰਡੀਅਨ ਪ੍ਰੀਮੀਅਰ ਲੀਗ (ਆਈਪੀਐਲ) 2026 ਦੇ ਪਹਿਲੇ ਦੋ ਹਫ਼ਤਿਆਂ ਤੋਂ ਬਾਹਰ ਰਹਿਣ ਦੀ ਸੰਭਾਵਨਾ ਹੈ, ਇਹ ਐਲਾਨ ਫਰੈਂਚਾਇਜ਼ੀ ਨੇ ਅੱਜ ਕੀਤਾ।ਯੈਲੋ ਫਰੈਂਚਾਇਜ਼ੀ ਦੁਆਰਾ ਜਾਰੀ ਇਕ ਬਿਆਨ ਵਿਚ ਕਿਹਾ ਗਿਆ ਹੈ, ÷ਐਮਐਸ ਧੋਨੀ ਇਸ ਸਮੇਂ ਲੱਤ ਵਿਚ ਦਰਦ ਕਾਰਨ ਮੁੜ ਵਸੇਬੇ ਤੋਂ ਗੁਜ਼ਰ ਰਹੇ ਹਨ। ਨਤੀਜੇ ਵਜੋਂ, ਉਹ ਟਾਟਾ ਆਈਪੀਐਲ 2026 ਦੇ ਪਹਿਲੇ ਦੋ ਹਫ਼ਤਿਆਂ ਤੋਂ ਬਾਹਰ ਰਹਿ ਸਕਦੇ ਹਨ ਹੈ। ਜਲਦੀ ਠੀਕ ਹੋ ਜਾਓ, ਥਾਲਾ!

## ਵਿਸ਼ਵ ਕੱਪ ਤੇ ਏਸ਼ੀਆਈ ਖੇਡਾਂ ਲਈ ਵੱਖ-ਵੱਖ ਟੀਮਾਂ ਨਹੀਂ ਹੋਣਗੀਆਂ : ਹਾਕੀ ਕੋਚ ਫੁਲਟੋਨ

ਨਵੀਂ ਦਿੱਲੀ, 28 ਮਾਰਚ (ਚ.ਨ.ਸ.) : ਇਸ ਸਾਲ ਹਾਕੀ ਵਿਸ਼ਵ ਕੱਪ ਤੇ ਏਸ਼ੀਆਈ ਖੇਡਾਂ ਵਿਚਾਲੇ ਜ਼ਿਆਦਾ ਫਰਕ ਨਾ ਹੋਣ ਦੇ ਬਾਵਜੂਦ ਭਾਰਤੀ ਪੁਰਸ਼ ਹਾਕੀ ਟੀਮ ਦੇ ਮੁੱਖ ਕੋਚ ਕ੍ਰੇਗ ਫੁਲਟੋਨ ਨੇ ਦੋਵਾਂ ਟੂਰਨਾਮੈਂਟਾਂ 'ਚ ਵੱਖ-ਵੱਖ ਟੀਮਾਂ ਉਤਾਰਨ ਤੋਂ ਇਨਕਾਰ ਕਰਦਿਆਂ ਕਿਹਾ ਕਿ ਇਕ ਹੀ ਕੋਰ ਟੀਮ ਰਹੇਗੀ ਜਿਸਦੇ ਆਲੇ-ਦੁਆਲੇ ਹੀ ਚੋਣ ਹੋਵੇਗੀ।ਹਾਕੀ ਵਿਸ਼ਵ ਕੱਪ 15 ਤੋਂ 30 ਅਗਸਤ ਤੱਕ ਬੈਲਜੀਅਮ ਤੇ ਨੀਦਰਲੈਂਡ 'ਚ ਖੇਡਿਆ ਜਾਵੇਗਾ ਜਦਕਿ ਏਸ਼ੀਆਈ ਖੇਡਾਂ 19 ਸਤੰਬਰ ਤੋਂ 4 ਅਕਤੂਬਰ ਦੇ ਵਿਚਾਲੇ ਹੋਣਗੀਆਂ ਜਿਸ 'ਚ ਜੇਤੂ ਟੀਮ ਸਿੱਧੇ ਲਾਸ ਏਂਜਲਸ ਓਲੰਪਿਕ 2028 ਲਈ ਕੁਆਲੀਫਾਈ ਕਰੇਗੀ। 8 ਵਾਰ ਦੀ ਓਲੰਪਿਕ ਚੈਂਪੀਅਨ ਭਾਰਤੀ ਟੀਮ ਨੇ ਹੁਣ ਤੱਕ ਸਿਰਫ ਇਕ ਵਾਰ 1975 'ਚ ਕੁਆਲਾਲੰਪੁਰ 'ਚ ਵਿਸ਼ਵ ਕੱਪ ਜਿੱਤਿਆ ਹੈ। ਇਹ ਪੁੱਛਣ 'ਤੇ ਕਿ ਕੀ ਵਿਸ਼ਵ ਕੱਪ ਤੇ ਏਸ਼ੀਆਈ ਖੇਡਾਂ ਵਿਚਾਲੇ ਜ਼ਿਆਦਾ ਸਮਾਂ ਨਾ ਹੋਣ ਕਾਰਨ ਦੋ ਵੱਖ-ਵੱਖ ਟੀਮਾਂ ਉਤਾਰੀਆਂ ਜਾਣਗੀਆਂ, ਫੁਲਟੋਨ ਨੇ ਕਿਹਾ, "ਨਹੀਂ। ਦੋਵਾਂ ਟੂਰਨਾਮੈਂਟਾਂ ਵਿਚਾਲੇ ਤਿੰਨ ਹਫਤਿਆਂ ਦਾ ਫਰਕ ਹੈ ਪਰ ਇਕ ਹੀ ਟੀਮ ਰਹੇਗੀ ਜਿਸਦੇ ਆਲੇ-ਦੁਆਲੇ ਚੋਣ ਹੋਵੇਗੀ।'



## ਨੇਪਾਲ ਦੇ ਸਾਬਕਾ ਪ੍ਰਧਾਨ ਮੰਤਰੀ ਕੇਪੀ ਸ਼ਰਮਾ ਓਲੀ ਗ੍ਰਿਫ਼ਤਾਰ ; Gen Z ਨਾਲ ਜੁੜਿਆ ਹੈ ਮਾਮਲਾ

ਕਾਠਮੰਡੂ, 28 ਮਾਰਚ (ਚ.ਨ.ਸ.) : ਨਿਪਾਲ ਦੇ ਸਾਬਕਾ ਪ੍ਰਧਾਨ ਮੰਤਰੀ ਕੇਪੀ ਸ਼ਰਮਾ ਓਲੀ ਨੂੰ ਜ਼ਿਲ੍ਹਾ ਪੁਲਿਸ ਰੇਂਜ, ਕਾਠਮੰਡੂ ਤੋਂ ਡਾਕਟਰੀ ਜਾਂਚ ਲਈ ਹਸਪਤਾਲ ਲਿਜਾਇਆ ਜਾ ਰਿਹਾ ਹੈ। ਨਿਪਾਲ ਪੁਲਿਸ ਦੁਆਰਾ ਗੁੰਡੂ, ਭਕਤਪੁਰ ਵਿਖੇ ਉਨ੍ਹਾਂ ਦੇ ਨਿਵਾਸ ਸਥਾਨ ਤੋਂ ਹਿਰਾਸਤ ਵਿੱਚ ਲੈਣ ਤੋਂ ਬਾਅਦ ਉਨ੍ਹਾਂ ਨੂੰ ਇੱਥੇ ਲਿਆਂਦਾ ਗਿਆ ਸੀ।ਕਾਠਮੰਡੂ ਪੋਸਟ ਦੇ ਅਨੁਸਾਰ, ਉਨ੍ਹਾਂ ਨੂੰ ਸਤੰਬਰ ਦੇ ਜਨਰਲ ਜ਼ੈਡ ਵਿਰੋਧ ਪ੍ਰਦਰਸ਼ਨਾਂ ਦੇ ਕਥਿਤ ਦਮਨ ਨਾਲ ਜੁੜੇ ਇਕ ਗੈਰ-ਕਾਨੂੰਨੀ ਕਤਲ ਨਾਲ ਸੰਬੰਧਿਤ ਮਾਮਲੇ ਦੇ ਸੰਬੰਧ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ।

# ਦੋ ਵਾਰ ਦੇ ਉਲੰਪਿਕ ਤਮਗ਼ਾ ਜੇਤੂ ਗੁਰਜੰਟ ਸਿੰਘ ਨੇ ਕੌਮਾਂਤਰੀ ਹਾਕੀ ਨੂੰ ਕਿਹਾ ਅਲਵਿਦਾ

ਨਵੀਂ ਦਿੱਲੀ , 28 ਮਾਰਚ (ਚ.ਨ.ਸ.) : ਟੋਕੀਉ ਅਤੇ ਪੈਰਿਸ ਉਲੰਪਿਕ ਵਿਚ ਕਾਂਸੇ ਦਾ ਤਮਗ਼ਾ ਜਿੱਤਣ ਵਾਲੀ ਭਾਰਤੀ ਪੁਰਸ਼ ਹਾਕੀ ਟੀਮ ਦਾ ਹਿੱਸਾ ਰਹੇ ਫ਼ਾਰਵਰਡ ਗੁਰਜੰਟ ਸਿੰਘ ਨੇ ਕੌਮਾਂਤਰੀ ਹਾਕੀ ਤੋਂ ਸੰਨਿਆਸ ਲੈਣ ਦਾ ਐਲਾਨ ਕੀਤਾ। 31 ਸਾਲ ਦੇ ਗੁਰਜੰਟ ਨੇ 2017 ਵਿਚ ਭਾਰਤ ਲਈ ਹਾਕੀ 'ਚ ਸ਼ੁਰੂਆਤ ਕੀਤੀ ਸੀ ਅਤੇ 130 ਕੌਮਾਂਤਰੀ ਮੈਚਾਂ ਵਿਚ 33 ਗੋਲ ਕੀਤੇ।ਗੁਰਜੰਟ ਦੇ ਨਾਮ ਸੱਭ ਤੋਂ ਤੇਜ਼ ਕੌਮਾਂਤਰੀ ਗੋਲ ਦਾ ਭਾਰਤੀ ਰੀਕਾਰਡ ਵੀ ਹੈ। ਉਨ੍ਹਾਂ ਨੇ ਐਫ਼.ਆਈ.ਐਚ. ਪ੍ਰੋ ਲੀਗ 2020 ਵਿਚ ਨੀਦਰਲੈਂਡ ਵਿਰੁਧ ਸਿਰਫ਼ 13 ਸਕਿੰਟ ਵਿਚ ਗੋਲ ਕੀਤਾ ਸੀ। ਉਨ੍ਹਾਂ ਨੂੰ 2021 ਵਿਚ ਅਰਜੁਨ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਸੀ। ਹਾਕੀ ਇੰਡੀਆ ਨੇ ਇਨਾਮ ਸਮਾਰੋਹ ਦੌਰਾਨ ਉਨ੍ਹਾਂ ਨੂੰ ਪੰਜ ਲੱਖ ਰੁਪਏ ਦਾ ਇਨਾਮ ਵੀ ਦਿਤਾ। ਪਿਛਲੇ ਸਾਲ ਜੂਨ ਵਿਚ ਉਹ ਆਖ਼ਰੀ ਵਾਰ ਭਾਰਤ ਲਈ ਖੇਡੇ ਸਨ।ਹਾਕੀ ਇੰਡੀਆ ਦੇ ਸਾਲਾਨਾ ਇਨਾਮ ਸਮਾਰੋਹ ਦੌਰਾਨ ਉਨ੍ਹਾਂ ਨੇ ਸੰਨਿਆਸ ਦਾ ਐਲਾਨ ਕੀਤਾ। ਗੁਰਜੰਟ ਨੇ ਕਿਹਾ, "ਮੈਂ ਇੱਥੇ ਮੌਜੂਦ ਵੱਡੇ ਖਿਡਾਰੀਆਂ ਨੂੰ ਵੇਖ ਕੇ ਹਾਕੀ ਖੇਡਣਾ ਸ਼ੁਰੂ ਕੀਤਾ ਸੀ ਅਤੇ ਉਨ੍ਹਾਂ ਨਾਲ ਮਿਲ ਕੇ ਭਾਰਤ ਲਈ ਖੇਡਣ ਦਾ ਮੇਰਾ ਸੁਪਨਾ ਪੂਰਾ ਹੋਇਆ, ਜਿਸ ਨੂੰ ਮੈਂ ਕਦੇ ਨਹੀਂ ਭੁੱਲਾਂਗਾ।" ਉਨ੍ਹਾਂ ਨੇ ਅੱਗੇ ਜੋੜਿਆ, "ਮੇਰਾ ਇਹ ਸਫ਼ਰ ਬਹੁਤ ਵਧੀਆ ਰਿਹਾ।



# ਆਸਟ੍ਰੇਲੀਆ 'ਚ ਤੇਲ ਸੰਕਟ ਕਾਰਨ ਸੇਵਾਵਾਂ ਪ੍ਰਭਾਵਿਤ ਸਰਕਾਰ ਨੇ ਜਨਤਕ ਰੇਲ ਤੇ ਬੱਸ ਸੇਵਾਵਾਂ ਵਰਤਣ ਅਤੇ ਲੋਕਾਂ ਨੂੰ ਘਰਾਂ ਤੋਂ ਕੰਮ ਕਰਨ ਦੀ ਸਲਾਹ ਦਿੱਤੀ

ਸਿਡਨੀ , 28 ਮਾਰਚ (ਚ.ਨ.ਸ.) : ਆਸਟਰੇਲੀਆ ਵਿੱਚ ਤੇਲ ਸੰਕਟ ਕਾਰਨ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਤੇਜ਼ੀ ਨਾਲ ਵਧ ਰਹੀਆਂ ਹਨ। ਪ੍ਰਤੀ ਲਿਟਰ ਪੈਟਰੋਲ ਦੀ ਕੀਮਤ ਲਗਭਗ 2.07 ਡਾਲਰ ਹੈ ਅਤੇ ਕੁਝ ਖੇਤਰਾਂ ਵਿੱਚ ਇਹ 3 ਡਾਲਰ ਤੱਕ ਪਹੁੰਚ ਗਈ ਹੈ। ਡੀਜ਼ਲ ਦੀਆਂ ਕੀਮਤਾਂ ਵੀ ਲਗਭਗ 67 ਫ਼ੀਸਦੀ ਵਧ ਗਈਆਂ ਹਨ। ਦੇਸ਼ ਕੋਲ 1.8 ਅਰਬ ਬੈਰੇਲ ਤੇਲ ਦੇ ਭੰਡਾਰ ਹਨ ਪਰ ਆਸਟਰੇਲੀਆ ਦੀ ਖਪਤ ਦਾ ਵੱਡਾ ਹਿੱਸਾ ਦਰਾਮਦ ਈਂਧਨ 'ਤੇ ਨਿਰਭਰ ਕਰਦਾ ਹੈ। ਮੌਜੂਦਾ ਸਟਾਕ ਸਿਰਫ 22 ਤੋਂ 38 ਦਿਨਾਂ ਲਈ ਕਾਫ਼ੀ ਹੈ। ਪ੍ਰਧਾਨ ਮੰਤਰੀ ਐਂਥਨੀ ਅਲਬਨੀਜ਼ ਕਹਿ ਰਹੇ ਹਨ ਕਿ ਸਪਲਾਈ ਠੀਕ ਹੈ। ਉਨ੍ਹਾਂ ਲੋਕਾਂ ਨੂੰ ਅਫ਼ਵਾਹ ਤੋਂ ਬਚਣ ਦੀ ਅਪੀਲ ਕੀਤੀ। ਉਨ੍ਹਾਂ ਪੁਸ਼ਟੀ ਕੀਤੀ ਕਿ ਚੀਨ ਅਤੇ ਹੋਰ ਸਪਲਾਇਰਾਂ ਤੋਂ 8 ਅਪਰੈਲ ਤੱਕ ਜੈੱਟ ਈਂਧਨ ਦੇ ਛੇ ਟੈਂਕਰ ਆਸਟਰੇਲੀਆ ਪੁੱਜਣਗੇ। ਦੂਜੇ ਪਾਸੇ ਵਿਰੋਧੀ ਧਿਰ ਸਰਕਾਰ ਨੂੰ ਕਮਜ਼ੋਰ ਦੱਸਦਿਆਂ ਸਪਲਾਈ ਤੇਜ਼ ਕਰਨ 'ਤੇ ਜ਼ੋਰ ਦੇ ਰਹੀ ਹੈ। ਈਂਧਨ ਦੀਆਂ ਵਧਦੀਆਂ ਕੀਮਤਾਂ ਦਾ ਅਸਰ ਘਰੇਲੂ ਸਾਮਾਨ ਦੀ ਖ਼ਰੀਦਦਾਰੀ ਅਤੇ ਹੋਰ ਲੋੜਾਂ 'ਤੇ ਵੀ ਪੈ ਰਿਹਾ ਹੈ। ਸਰਕਾਰ ਨੇ ਜਨਤਕ ਰੇਲ-ਬੱਸ ਸੇਵਾਵਾਂ ਦੀ ਵਰਤੋਂ ਕਰਨ ਅਤੇ ਘਰਾਂ ਤੋਂ ਆਨਲਾਈਨ ਕੰਮ ਕਰਨ ਦੀ ਸਲਾਹ ਦਿੱਤੀ ਹੈ।




## ਗੋਲਫ ਸਟਾਰ ਟਾਈਗਰ ਵੁੱਡਸ ਗ੍ਰਿਫ਼ਤਾਰ: ਨਸ਼ੇ ਦੀ ਹਾਲਤ 'ਚ ਮਾਰੀ ਟਰੱਕ ਨੂੰ ਟੱਕਰ, ਪਲਟੀ ਕਾਰ!

ਫਲੋਰੀਡਾ , 28 ਮਾਰਚ (ਚ.ਨ.ਸ.) : ਗੋਲਫ ਸੁਪਰਸਟਾਰ ਟਾਈਗਰ ਵੁੱਡਸ ਨੂੰ ਫਲੋਰੀਡਾ ਵਿੱਚ ਇੱਕ ਕਾਰ ਹਾਦਸੇ ਤੋਂ ਬਾਅਦ ਨਸ਼ੇ ਵਿੱਚ ਗੱਡੀ ਚਲਾਉਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਉਸਦੀ ਗੱਡੀ ਇੱਕ ਟਰੱਕ ਨਾਲ ਟਕਰਾ ਗਈ ਅਤੇ ਪਲਟ ਗਈ। ਮਾਰਟਿਨ ਕਾਉਂਟੀ ਸ਼ੈਰਿਫ਼ ਜੌਨ ਬੁਡੇਨਸਿਕ ਨੇ ਕਿਹਾ ਕਿ 50 ਸਾਲਾ ਵੁੱਡਸ ਨਸ਼ੇ ਵਿੱਚ ਜਾਪਦਾ ਸੀ ਪਰ ਸ਼ਰਾਬ ਲਈ ਸਾਹ ਲੈਣ ਵਾਲਾ ਟੈਸਟ ਪਾਸ ਕਰ ਲਿਆ। ਜਦੋਂ ਉਸ ਨੂੰ ਪਿਸ਼ਾਬ ਦੀ ਜਾਂਚ ਕਰਵਾਉਣ ਲਈ ਕਿਹਾ ਗਿਆ ਤਾਂ ਉਸਨੇ ਇਨਕਾਰ ਕਰ ਦਿੱਤਾ।ਸ਼ੈਰਿਫ਼ ਦੇ ਦਫ਼ਤਰ ਨੇ ਹਾਦਸੇ ਦੇ ਕਾਰਨ ਜਾਂ ਵੁੱਡਸ ਦੀ ਹਾਲਤ ਬਾਰੇ ਤੁਰੰਤ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ। ਪੁਲਸ ਘਟਨਾ ਦੀ ਜਾਂਚ ਕਰ ਰਹੀ ਹੈ ਅਤੇ ਕਾਉਂਟੀ ਸ਼ੈਰਿਫ਼ ਦੇ ਦਫ਼ਤਰ ਦੇ ਇੱਕ ਅਧਿਕਾਰੀ ਦਾ ਸ਼ਾਮ 5:00 ਵਜੇ (ET) ਪੱਤਰਕਾਰਾਂ ਨਾਲ ਗੱਲ ਕਰਨ ਦਾ ਪ੍ਰੋਗਰਾਮ ਹੈ। ਮਾਰਟਿਨ ਕਾਉਂਟੀ ਸ਼ੈਰਿਫ਼ ਦੇ ਦਫ਼ਤਰ ਦੇ ਇੱਕ ਬੁਲਾਰੇ ਨੇ ESPN ਨੂੰ ਦੱਸਿਆ ਕਿ ਹਾਦਸਾ ਉਸੇ ਸ਼ਹਿਰ ਵਿੱਚ ਦੁਪਹਿਰ 2:00 ਵਜੇ (ET) ਤੋਂ ਥੋੜ੍ਹੀ ਦੇਰ ਬਾਅਦ ਹੋਇਆ ਜਿੱਥੇ ਵੁੱਡਸ ਰਹਿੰਦਾ ਹੈ। ਵੈਸਟ ਪਾਮ ਬੀਚ, ਫਲੋਰੀਡਾ ਵਿੱਚ WPTV ਦੁਆਰਾ ਲਈ ਗਈ ਇੱਕ ਫੋਟੋ ਵਿੱਚ ਵੁੱਡਸ ਦੀ SUV ਡਰਾਈਵਰ ਦੇ ਪਾਸੇ ਪਲਟਦੀ ਦਿਖਾਈ ਦਿੰਦੀ ਹੈ।



# ਆਲ ਇੰਡੀਆ ਲੋਕੋ ਰਨਿੰਗ ਸਟਾਫ ਐਸੋਸੀਏਸ਼ਨ ਨੇ ਘੋਸ਼ਣਾ ਸੰਮੇਲਨ ਕਰਵਾਇਆ

ਨਵੀਂ ਦਿੱਲੀ , 28 ਮਾਰਚ (ਚ.ਨ.ਸ.) : ਭਾਰਤੀ ਰੇਲਵੇ ਦੇ ਆਲ ਇੰਡੀਆ ਲੋਕੋ ਰਨਿੰਗ ਸਟਾਫ ਐਸੋਸੀਏਸ਼ਨ ਦੇ ਲੋਕੋ ਪਾਇਲਟਾਂ ਨੇ ਆਲ ਇੰਡੀਆ ਲੋਕੋ ਰਨਿੰਗ ਸਟਾਫ ਐਸੋਸੀਏਸ਼ਨ ਦੁਆਰਾ ਆਯੋਜਿਤ ਅਧਿਕਾਰ ਘੋਸ਼ਣਾ ਸੰਮੇਲਨ ਦਾ ਆਯੋਜਨ ਕੀਤਾ। ਇਸ ਕਾਨਫਰੰਸ ਨੇ ਰੋਜ਼ਾਨਾ ਕੰਮ ਕਰਨ ਦੇ ਘੰਟਿਆਂ ਦੀ ਸੀਮਾ, ਹਫਤਾਵਾਰੀ ਆਰਾਮ, ਰਾਤ ??ਦਾ ਆਰਾਮ, ਘਰ ਤੋਂ ਦੂਰ ਸਮਾਂ ਸੀਮਾ, ਛੁੱਟੀ ਰਿਜ਼ਰਵੇਸ਼ਨ ਪ੍ਰਣਾਲੀ ਆਦਿ ਵਰਗੀਆਂ ਬੁਨਿਆਦੀ ਮੰਗਾਂ ਨੂੰ ਸੰਬੋਧਿਤ ਕੀਤਾ। ਪਿਛਲੇ ਸਮੇਂ ਵਿੱਚ, ਯਾਤਰੀ ਸੁਰੱਖਿਆ ਅਤੇ ਪਾਇਲਟਾਂ ਲਈ ਸਿਹਤ ਜੋਖਮਾਂ ਨੂੰ ਧਿਆਨ ਵਿੱਚ ਰੱਖਦੇ ਹੋਏ, 4731 ਨੇ ਅਦਾਲਤੀ ਹੁਕਮਾਂ ਅਨੁਸਾਰ ਪਾਇਲਟਾਂ ਲਈ ਹਫਤਾਵਾਰੀ 48 ਘੰਟੇ ਦੀ ਆਰਾਮ ਦੀ ਮਿਆਦ ਲਾਗੂ ਕੀਤੀ ਹੈ। ਆਪਣੇ ਸੰਬੋਧਨ ਵਿੱਚ, ਹਿਊਮਨ ਰਾਈਟਸ ਲਾਅ ਨੈੱਟਵਰਕ ਦੇ ਸੰਸਥਾਪਕ ਅਤੇ ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਸ਼੍ਰੀ ਕੋਲਿਨ ਗੋਂਜ਼ਾਲਵੇਸ ਨੇ ਕਿਹਾ ਕਿ ਅਦਾਲਤੀ ਹੁਕਮਾਂ ਨੂੰ ਲਾਗੂ ਕਰਨ ਵਿੱਚ ਅਸਫਲਤਾ ਕਾਮਿਆਂ ਦਾ ਬੇਰਹਿਮ ਸ਼ੋਸ਼ਣ ਹੈ। ਦਰਅਸਲ, ਸ਼ੋਸ਼ਣ ਦੀ ਗੰਭੀਰਤਾ ਕਲਪਨਾ ਤੋਂ ਪਰੇ ਹੈ। ਰੇਲਵੇ ਨਿਰਧਾਰਤ ਸਮੇਂ ਤੋਂ ਪਹਿਲਾਂ ਮਾਲ ਢੋਆ-ਢੁਆਈ ਦੇ ਟੀਚਿਆਂ ਨੂੰ ਪੂਰਾ ਕਰ ਰਿਹਾ ਹੈ, ਜਦੋਂ ਕਿ 39,000 ਲੋਕੋ ਪਾਇਲਟ ਅਹੁਦੇ ਖਾਲੀ ਹਨ। ਅਦਾਲਤ ਨੇ 2010 ਵਿੱਚ ਫੈਸਲਾ ਸੁਣਾਇਆ ਸੀ ਕਿ ਮੌਜੂਦਾ ਨਿਯਮਾਂ ਅਨੁਸਾਰ ਰੋਜ਼ਾਨਾ 16 ਘੰਟੇ ਦੇ ਆਰਾਮ ਤੋਂ ਇਲਾਵਾ 30 ਘੰਟੇ ਹਫ਼ਤਾਵਾਰੀ ਆਰਾਮ ਪ੍ਰਦਾਨ ਕੀਤਾ ਜਾਣਾ ਚਾਹੀਦਾ ਹੈ। ਹਾਲਾਂਕਿ, ਅਨੁਸ਼ਾਸਨੀ ਕਾਰਵਾਈ ਦੀ ਧਮਕੀ ਦੇ ਤਹਿਤ ਅਜੇ ਵੀ ਇਸ ਤੋਂ ਇਨਕਾਰ ਕੀਤਾ ਜਾ ਰਿਹਾ ਹੈ। ਰੇਲ ਸੰਚਾਲਨ ਨੂੰ ਬਣਾਈ ਰੱਖਣ ਲਈ ਰੇਲਵੇ ਬੋਰਡ ਦੀਆਂ ਰੈਗੂਲੇਟਰੀ ਸ਼ਕਤੀਆਂ ਦੀ ਗਲਤ ਵਿਆਖਿਆ ਅਤੇ ਦੁਰਵਰਤੋਂ ਕਰਕੇ ਲੋਕੋ ਪਾਇਲਟਾਂ ਨੂੰ ਅਣਮਨੁੱਖੀ ਕੰਮ ਦੇ ਬੋਝ ਹੇਠ ਪਾਇਆ ਜਾ ਰਿਹਾ ਹੈ। ਕਾਨਫਰੰਸ ਨੇ ਐਲਾਨ ਕੀਤਾ ਕਿ ਮੌਲਿਕ ਅਧਿਕਾਰਾਂ ਨੂੰ ਪ੍ਰਾਪਤ ਕਰਨ ਤੋਂ ਇਲਾਵਾ ਕੋਈ ਹੋਰ ਵਿਕਲਪ ਨਹੀਂ ਬਚਿਆ ਹੈ। ਅਸੀਂ ਤੁਹਾਨੂੰ ਯਾਤਰੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਮੰਗ ਦਾ ਸਮਰਥਨ ਕਰਨ ਦੀ ਬੇਨਤੀ ਕਰਦੇ ਹਾਂ।




## ਬਰੈਂਪਟਨ ਵਿੱਚ 12ਵੀਂ ਵਰਲਡ ਪੰਜਾਬੀ ਕਾਨਫਰੰਸ ਜੁਲਾਈ 2026 ਵਿੱਚ ਕਰਵਾਈ ਜਾਵੇਗੀ

ਬਰੈਂਪਟਨ (ਕੈਨੇਡਾ), 28 ਮਾਰਚ (ਚ.ਨ.ਸ.) : ਜਗਤ ਪੰਜਾਬੀ ਸਭਾ, ਓਨਟਾਰੀਓ ਫਰੈਂਡ ਕਲੱਬ ਅਤੇ ਪੱਬਪਾ ਵੱਲੋਂ ਸਾਂਝੇ ਤੌਰ 'ਤੇ 12ਵੀਂ ਵਰਲਡ ਪੰਜਾਬੀ ਕਾਨਫਰੰਸ ਮਿਤੀ 17, 18 ਅਤੇ 19 ਜੁਲਾਈ 2026 ਨੂੰ ਬਰੈਂਪਟਨ ਵਿਖੇ ਕਰਵਾਈ ਜਾ ਰਹੀ ਹੈ। ਇਸ ਕਾਨਫਰੰਸ ਦਾ ਮੁੱਖ ਕੇਂਦਰੀ ਵਿਸ਼ਾ ਪੰਜਾਬੀ ਭਾਸ਼ਾ ਦਾ ਭਵਿੱਖ ਅਤੇ ਸਿੱਖਿਆ ਦੀ ਮਹੱਤਤਾ ਰੱਖਿਆ ਗਿਆ ਹੈ। ਇਸ ਮੌਕੇ 'ਤੇ ਦੁਨੀਆ ਭਰ ਦੇ ਪੰਜਾਬੀ ਵਿਦਵਾਨਾਂ, ਲੇਖਕਾਂ ਅਤੇ ਖੋਜਕਰਤਿਆਂ ਨੂੰ ਉਪਰੋਕਤ ਵਿਸ਼ਿਆਂ 'ਤੇ ਆਪਣੇ ਖੋਜ ਪੱਤਰ ਭੇਜਣ ਲਈ ਸੱਦਾ ਦਿੱਤਾ ਗਿਆ ਹੈ। ਆਯੋਜਕਾਂ ਵੱਲੋਂ ਦੱਸਿਆ ਗਿਆ ਹੈ ਕਿ ਖੋਜ ਪੱਤਰਾਂ ਦੇ ਸਾਰੰਸ਼ ਭੇਜਣ ਦੀ ਅੰਤਿਮ ਮਿਤੀ 31 ਮਈ 2026 ਹੈ, ਜਦਕਿ ਪੂਰਾ ਖੋਜ ਪੱਤਰ 30 ਜੂਨ 2026 ਤੱਕ ਭੇਜਣਾ ਲਾਜ਼ਮੀ ਹੈ। ਖੋਜ ਪੱਤਰ ਰਾਵੀ ਜਾਂ ਅਨਮੋਲ ਫੌਂਟ ਵਿੱਚ ਤਿਆਰ ਕੀਤਾ ਜਾਣਾ ਚਾਹੀਦਾ ਹੈ। ਸਾਰੰਸ਼ 300 ਤੋਂ 400 ਸ਼ਬਦਾਂ ਵਿੱਚ ਹੋਣਾ ਚਾਹੀਦਾ ਹੈ, ਜਦਕਿ ਪੂਰਾ ਖੋਜ ਪੱਤਰ 2000 ਤੋਂ 3000 ਸ਼ਬਦਾਂ ਵਿਚਕਾਰ ਹੋਵੇ। ਚੋਣ ਕੀਤੇ ਗਏ ਖੋਜ ਪੱਤਰਾਂ ਨੂੰ ਪ੍ਰਕਾਸ਼ਿਤ ਵੀ ਕੀਤਾ ਜਾਵੇਗਾ। ਖੋਜ ਪੱਤਰ ਭੇਜਣ ਲਈ ਈਮੇਲ ਪਤਾ jagatpunjabisabha@gmail.com ਦਿੱਤਾ ਗਿਆ ਹੈ। ਕਾਨਫਰੰਸ ਵਿੱਚ ਭਾਗ ਲੈਣ ਲਈ ਪਹਿਲਾਂ ਰਜਿਸਟ੍ਰੇਸ਼ਨ ਕਰਵਾਉਣਾ ਜਰੂਰੀ ਹੈ। ਇੱਛੁਕ ਵਿਅਕਤੀ 416-587-7000 'ਤੇ ਸੰਪਰਕ ਕਰ ਸਕਦੇ ਹਨ ਜਾਂ ਗੂਗਲ ਫਾਰਮ ਭਰ ਕੇ ਭੇਜ ਸਕਦੇ ਹਨ, ਜੋ ਕਿ jagatpunjabisabha.com ਅਤੇ worldpunjabiconference.com ਵੈਬਸਾਈਟਾਂ 'ਤੇ ਉਪਲਬਧ ਹੈ। ਚੋਣ ਕਮੇਟੀ ਵੱਲੋਂ ਖੋਜ ਪੱਤਰ ਅਤੇ ਭੇਜਣ ਵਾਲੇ ਦੀ ਜਾਣਕਾਰੀ ਦੇ ਆਧਾਰ 'ਤੇ ਸੱਦਾ ਪੱਤਰ ਜਾਰੀ ਕੀਤਾ ਜਾਵੇਗਾ। ਖਾਸ ਗੱਲ ਇਹ ਹੈ ਕਿ ਇਸ ਕਾਨਫਰੰਸ ਲਈ ਕੋਈ ਰਜਿਸਟ੍ਰੇਸ਼ਨ ਫੀਸ ਨਹੀਂ ਰੱਖੀ ਗਈ। ਇਹ ਜਾਣਕਾਰੀ ਕਾਨਫਰੰਸ ਦੇ ਚੇਅਰਮੈਨ ਅਜੈਬ ਸਿੰਘ ਚੱਠਾ ਵੱਲੋਂ ਸਾਂਝੀ ਕੀਤੀ ਗਈ ਹੈ। ਉਨ੍ਹਾਂ ਨੇ ਸਭ ਪੰਜਾਬੀ ਪ੍ਰੇਮੀਆਂ ਨੂੰ ਇਸ ਵਿਸ਼ਵ ਪੱਧਰੀ ਸਮਾਗਮ ਵਿੱਚ ਵੱਧ ਤੋਂ ਵੱਧ ਭਾਗ ਲੈਣ ਦੀ ਅਪੀਲ ਕੀਤੀ ਹੈ।

# ਚੋਰਾਂ ਦੇ ਹੌਸਲੇ ਬੁਲੰਦ: ਰੇਹੜੀ ਤੋਂ ਲੈ ਕੇ ਪਸ਼ੂਆਂ ਤੱਕ ਦੀ ਚੋਰੀ



ਬਠਿੰਡਾ, 28 ਮਾਰਚ (ਦੀਪਕ ਸ਼ਰਮਾ) : ਬਠਿੰਡਾ ਜ਼ਿਲ੍ਹੇ ਵਿੱਚ ਚੋਰੀ ਦੀਆਂ ਵੱਧ ਰਹੀਆਂ ਘਟਨਾਵਾਂ ਨੇ ਪੁਲਿਸ ਦੀ ਕਾਰਜਪ੍ਰਣਾਲੀ 'ਤੇ ਸਵਾਲੀਆ ਨਿਸ਼ਾਨ ਲਗਾ ਦਿੱਤੇ ਹਨ। ਬੀਤੇ ਦਿਨੀਂ ਚੋਰਾਂ ਨੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਪੰਜ ਵੱਖ-ਵੱਖ ਥਾਵਾਂ 'ਤੇ ਵਾਰਦਾਤਾਂ ਨੂੰ ਅੰਜ਼ਾਮ ਦੇ ਕੇ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਚੋਰਾਂ ਨੇ ਨਾ ਸਿਰਫ਼ ਘਰਾਂ, ਸਗੋਂ ਧਾਰਮਿਕ ਅਸਥਾਨਾਂ ਅਤੇ ਗਰੀਬਾਂ ਦੀਆਂ ਰੇਹੜੀਆਂ ਨੂੰ ਵੀ ਨਹੀਂ ਬਖ਼ਸ਼ਿਆ। ਪੁਲਿਸ ਨੇ ਇੱਕ ਮਾਮਲੇ ਵਿੱਚ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਦਾ ਦਾਅਵਾ ਕੀਤਾ ਹੈ, ਜਦਕਿ ਬਾਕੀ ਮਾਮਲਿਆਂ ਵਿੱਚ ਜਾਂਚ ਜਾਰੀ ਹੈ।ਪਹਿਲੀ ਘਟਨਾ ਮਾਡਲ ਟਾਊਨ ਫੇਜ਼-3 ਦੇ ਦਾਦੀ-ਪੋਤੀ ਪਾਰਕ ਕੋਲ ਵਾਪਰੀ, ਜਿੱਥੇ ਪ੍ਰੈਂਗਲ ਸਿੰਗਲਾ ਨਾਮੀ ਮਹਿਲਾ ਦੀ ਫਾਸਟ ਫੂਡ ਰੇਹੜੀ ਵਿੱਚੋਂ ਚੋਰ ਗੈਸ ਸਿਲੰਡਰ, ਭੱਠੀ ਅਤੇ ਦੋ ਬੈਟਰੀਆਂ ਚੋਰੀ ਕਰ ਲੈ ਗਏ। ਦੂਜੀ ਵਾਰਦਾਤ ਅਕਾਲਗੜ੍ਹ ਮੁਹੱਲਾ ਸਥਿਤ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਹੋਈ, ਜਿੱਥੇ ਦੋ ਨਾਬਾਲਗ ਨੌਜਵਾਨ ਗੋਲਕ ਵਿੱਚੋਂ ਨਕਦੀ ਅਤੇ ਮਾਈਕ੍ਰੋਫੋਨ ਸਿਸਟਮ ਚੋਰੀ ਕਰਦੇ ਸੀਸੀਟੀਵੀ ਵਿੱਚ ਕੈਦ ਹੋਏ ਹਨ। ਤੀਜੀ ਘਟਨਾ ਰੇਲਵੇ ਕਲੋਨੀ ਦੇ ਰਾਜ ਕਿਸ਼ੋਰ ਦੇ ਘਰ ਵਾਪਰੀ, ਜਿੱਥੋਂ ਚੋਰ 3.60 ਲੱਖ ਰੁਪਏ ਦੇ ਗਹਿਣੇ ਅਤੇ ਨਕਦੀ ਉਡਾ ਲੈ ਗਏ। ਚੌਥੀ ਘਟਨਾ ਪਿੰਡ ਮਹਿਮਾ ਸਵਾਈ ਦੀ ਹੈ, ਜਿੱਥੇ ਦਵਿੰਦਰ ਸਿੰਘ ਦੇ ਵਾੜੇ ਵਿੱਚੋਂ ਪਿੱਕਅੱਪ ਗੱਡੀ ਸਵਾਰ ਚੋਰ ਦੋ ਮੱਝਾਂ ਚੋਰੀ ਕਰ ਕੇ ਫ਼ਰਾਰ ਹੋ ਗਏ।ਪੰਜਵੀਂ ਘਟਨਾ ਵਿੱਚ ਮੌੜ ਇਲਾਕੇ ਦੀ ਇੱਕ ਦੁਕਾਨ ਵਿੱਚੋਂ 40 ਹਜ਼ਾਰ ਰੁਪਏ ਚੋਰੀ ਹੋਏ ਸਨ, ਜਿਸ ਵਿੱਚ ਪੁਲਿਸ ਨੇ ਮੁਸਤੈਦੀ ਦਿਖਾਉਂਦੇ ਹੋਏ ਗੁਰਪ੍ਰਤਾਪ ਸਿੰਘ ਨਾਮੀ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਸ਼ਹਿਰ ਨਿਵਾਸੀਆਂ ਨੇ ਪੁਲਿਸ ਤੋਂ ਰਾਤ ਦੀ ਗਸ਼ਤ ਵਧਾਉਣ ਦੀ ਮੰਗ ਕੀਤੀ ਹੈ।

# ਫ਼ਰੀਦਕੋਟ ਨਸ਼ਿਆਂ ਖ਼ਿਲਾਫ਼ ਕਾਰਵਾਈ ਵਿੱਚ ਮੋਹਰੀ ਜ਼ਿਲ੍ਹਿਆਂ 'ਚ ਸ਼ਾਮਲ

## ਅਪਰਾਧ ਵਿੱਚ 37% ਕਮੀ, ਲੁੱਟ ਖੋਹ ਦੇ ਮਾਮਲਿਆਂ ਵਿੱਚ 97% ਬਰਾਮਦਗੀ ਦਰਜ



ਫ਼ਰੀਦਕੋਟ, 28 ਮਾਰਚ (ਅਵਤਾਰ ਸਿੰਘ ਮੱਲਾ ) :ਭਗਵੰਤ ਮਾਨ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਹੇਠ ਨਸ਼ਿਆਂ ਖ਼ਿਲਾਫ਼ ਜ਼ੋਰਦਾਰ ਕਾਰਵਾਈ ਵਿੱਚ ਫਰੀਦਕੋਟ ਇੱਕ ਮਿਸਾਲ ਵਜੋਂ ਸਾਹਮਣੇ ਆਇਆ ਹੈ। ਜ਼ਿਲ੍ਹੇ ਵਿੱਚ ਕੁੱਲ ਅਪਰਾਧਾਂ ਵਿੱਚ 37% ਦੀ ਕਮੀ ਆਈ ਹੈ ਅਤੇ ਲੁੱਟਾਂ ਖੋਹਾਂ ਦੇ ਮਾਮਲਿਆਂ ਵਿੱਚ 97% ਦੀ ਬਰਾਮਦਗੀ ਦਰਜ ਕੀਤੀ ਗਈ ਹੈ, ਜੋ ਕਿ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਓਪਰੇਸ਼ਨ ਪ੍ਰਹਾਰ' ਮੁਹਿੰਮਾਂ ਦੇ ਪ੍ਰਭਾਵ ਨੂੰ ਦਰਸਾਉਂਦਾ ਹੈ।ਇਹ ਬਦਲਾਅ ਸਖ਼ਤ ਕਾਰਵਾਈ, ਤਕਨਾਲੋਜੀ ਆਧਾਰਿਤ ਨਿਗਰਾਨੀ ਅਤੇ ਭਾਈਚਾਰਕ ਸਹਿਭਾਗਿਤਾ ਦੀ ਮਿਲੀ ਜੁਲੀ ਕੋਸ਼ਿਸ਼ਾਂ ਨਾਲ ਸੰਭਵ ਹੋਇਆ ਹੈ, ਜਿਸ ਨਾਲ ਸਥਾਨਕ ਨਸ਼ਾ ਤਸਕਰੀ ਜਾਲਾਂ ਨੂੰ ਕਮਜ਼ੋਰ ਕੀਤਾ ਗਿਆ ਹੈ ਅਤੇ ਜ਼ਮੀਨੀ ਪੱਧਰ 'ਤੇ ਕਾਨੂੰਨ-ਵਿਵਸਥਾ ਮਜ਼ਬੂਤ ਹੋਈ ਹੈ। ਭਗਵੰਤ ਮਾਨ ਸਰਕਾਰ ਵੱਲੋਂ ਨਸ਼ਾ ਤੰਤਰ ਨੂੰ ਖਤਮ ਕਰਨ ਲਈ ਕੀਤੀਆਂ ਜਾ ਰਹੀਆਂ ਕੇਂਦਰੀ ਕੋਸ਼ਿਸ਼ਾਂ ਹੁਣ ਜ਼ਿਲ੍ਹਾ ਪੱਧਰ 'ਤੇ ਸਪੱਸ਼ਟ ਨਤੀਜੇ ਦੇ ਰਹੀਆਂ ਹਨ।ਪੁਲਿਸ ਅਧਿਕਾਰੀਆਂ ਮੁਤਾਬਕ, ਪਿੰਡ ਰੱਖਿਆ ਕਮੇਟੀਆਂ (:43), ਗੈਰ-ਸਰਕਾਰੀ ਸੰਗਠਨਾਂ ਅਤੇ ਸਮਾਜਿਕ ਸੰਸਥਾਵਾਂ ਨਾਲ ਨਿਯਮਿਤ ਤੌਰ 'ਤੇ ਹੋ ਰਹੀਆਂ ਤਾਲਮੇਲ ਮੀਟਿੰਗਾਂ ਨੇ ਜ਼ਮੀਨੀ ਪੱਧਰ ਦੀ ਖੁਫੀਆ ਜਾਣਕਾਰੀ ਨੂੰ ਕਾਫੀ ਮਜ਼ਬੂਤ ਕੀਤਾ ਹੈ। ਇਸ ਨਾਲ ਲੋਕਾਂ ਦੀ ਭਾਗੀਦਾਰੀ ਵਿੱਚ ਵਾਧਾ ਹੋਇਆ ਹੈ ਅਤੇ ਸਥਾਨਕ ਨਿਵਾਸੀ ਨਸ਼ਾ ਤਸਕਰਾਂ ਅਤੇ ਅਸਮਾਜਿਕ ਤੱਤਾਂ ਬਾਰੇ ਜਾਣਕਾਰੀ ਸਾਂਝੀ ਕਰ ਰਹੇ ਹਨ, ਜਿਸ ਨਾਲ ਪੁਲਿਸ ਨੂੰ ਤੁਰੰਤ ਅਤੇ ਨਿਸ਼ਾਨਾਬੱਧ ਕਾਰਵਾਈ ਕਰਨ ਵਿੱਚ ਮਦਦ ਮਿਲ ਰਹੀ ਹੈ।ਜ਼ਿਲ੍ਹਾ ਪੁਲਿਸ ਮੁਖੀ ਪ੍ਰਗਿਆ ਜੈਨ ਨੇ ਕਿਹਾ, ਲੋਕਾਂ ਵਿੱਚ ਪੁਲਿਸ ਪ੍ਰਤੀ ਭਰੋਸਾ ਵਧਿਆ ਹੈ। ਕਿਉਂਕਿ ਸੂਚਨਾ ਦੇਣ ਵਾਲਿਆਂ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ ਅਤੇ ਤੁਰੰਤ ਕਾਰਵਾਈ ਕੀਤੀ ਜਾਂਦੀ ਹੈ। ਹਰ ਉਮਰ ਵਰਗ ਦੇ ਨਾਗਰਿਕ ਇਸ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਇਹ ਭਰੋਸਾ ਨਸ਼ਿਆਂ ਅਤੇ ਅਪਰਾਧ ਖ਼ਿਲਾਫ਼ ਕਾਰਵਾਈ ਲਈ ਇੱਕ ਮਹੱਤਵਪੂਰਨ ਤਾਕਤ ਵਜੋਂ ਸਾਹਮਣੇ ਆਇਆ ਹੈ।ਤਕਨਾਲੋਜੀ ਨੇ ਵੀ ਇਸ ਬਦਲਾਅ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਫਰੀਦਕੋਟ ਦੇ ਮੁੱਖ ਸਥਾਨਾਂ 'ਤੇ CCTV ਕੈਮਰੇ ਲਗਾਏ ਗਏ ਹਨ, ਜਿਸ ਨਾਲ ਨਿਗਰਾਨੀ ਅਤੇ ਤੁਰੰਤ ਕਾਰਵਾਈ ਦੀ ਸਮਰੱਥਾ ਵਿੱਚ ਵਾਧਾ ਹੋਇਆ ਹੈ। ਢਿੱਲਵਾਂ ਕਲਾਂ ਪਿੰਡ ਵਿੱਚ ਵਿਆਪਕ CCTV ਨੈੱਟਵਰਕ ਲਿੰਕ ਰੋਡਾਂ ਅਤੇ ਨੇੜਲੇ ਹਾਈਵੇਅ ਨੂੰ ਕਵਰ ਕਰਦਾ ਹੈ ਅਤੇ ਇਸ ਦੀ ਲਾਈਵ ਪਹੁੰਚ ਪਿੰਡ ਪ੍ਰਸ਼ਾਸਨ ਅਤੇ ਪੁਲਿਸ ਦੋਹਾਂ ਕੋਲ ਹੈ, ਜਿਸ ਨਾਲ ਸ਼ੱਕੀ ਗਤੀਵਿਧੀਆਂ 'ਤੇ ਲਗਾਤਾਰ ਨਜ਼ਰ ਰੱਖੀ ਜਾਂਦੀ ਹੈ।ਸਥਾਨਕ ਨਿਵਾਸੀਆਂ ਨੇ ਵੀ ਇਨ੍ਹਾਂ ਕਦਮਾਂ ਦੇ ਪ੍ਰਭਾਵ ਦੀ ਪੁਸ਼ਟੀ ਕੀਤੀ ਹੈ। ਪਿੰਡ ਦੇ ਸਰਪੰਚ ਰਾਜਵਿੰਦਰ ਸਿੰਘ ਅਤੇ ਸੁਖਜੀਤ ਸਿੰਘ ਢਿੱਲਵਾਂ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ ਮਾਲਵਾ ਜ਼ੋਨ ਨੇ ਕਿਹਾ ਕਿ CCTV ਨਿਗਰਾਨੀ ਨਾਲ ਨਸ਼ਾ ਤਸਕਰੀ ਨਾਲ ਜੁੜੀਆਂ ਸ਼ੱਕੀ ਗਤੀਵਿਧੀਆਂ ਦੀ ਪਛਾਣ ਹੋ ਰਹੀ ਹੈ, ਜਿਸ ਨਾਲ ਸਮੇਂ ਸਿਰ ਪੁਲਿਸ ਦਖ਼ਲਅੰਦਾਜ਼ੀ ਅਤੇ ਗ੍ਰਿਫ਼ਤਾਰੀਆਂ ਸੰਭਵ ਹੋਈਆਂ ਹਨ।ਸਿਵਲ ਸਮਾਜ ਦੇ ਪ੍ਰਤਿਨਿਧੀਆਂ ਨੇ ਵੀ ਇਸ ਬਦਲਾਅ ਨੂੰ ਸਵੀਕਾਰਦੇ ਹੋਏ ਕਿਹਾ ਕਿ ਲੋਕਾਂ ਦਾ ਭਰੋਸਾ ਵਧਿਆ ਹੈ ਅਤੇ ਅਪਰਾਧੀਆਂ ਵਿੱਚ ਡਰ ਪੈਦਾ ਹੋਇਆ ਹੈ। ਸਹਾਰਾ ਸੇਵਾ ਸੋਸਾਇਟੀ ਦੇ ਚੇਅਰਮੈਨ ਪ੍ਰਵੀਨ ਕਾਲਾ ਨੇ ਕਿਹਾ ਕਿ ਸਖ਼ਤ ਕਾਰਵਾਈ ਨਾਲ ਜ਼ਿਲ੍ਹੇ ਵਿੱਚ ਨਸ਼ਾ ਤਸਕਰੀ ਦੇ ਵੱਡੇ ਹਿੱਸੇ ਨੂੰ ਭੰਨਿਆ ਗਿਆ ਹੈ ਅਤੇ ਪੁਲਿਸ ਨਾਲ ਲੋਕਾਂ ਦਾ ਸਹਿਯੋਗ ਕਾਫੀ ਵਧਿਆ ਹੈ।ਅਧਿਕਾਰੀਆਂ ਨੇ ਹੋਰ ਦੱਸਿਆ ਕਿ ਕਾਰਵਾਈ ਦੇ ਨਾਲ-ਨਾਲ ਲੰਬੇ ਸਮੇਂ ਲਈ ਨਸ਼ਾ ਵਿਰੋਧੀ ਜਾਗਰੂਕਤਾ ਵਧਾਉਣ ਲਈ ਮੁਹਿੰਮਾਂ ਵੀ ਚਲਾਈਆਂ ਜਾ ਰਹੀਆਂ ਹਨ। ਇਸ ਵਿੱਚ ਜਾਗਰੂਕਤਾ ਅਭਿਆਨ, ਸਥਾਨਕ ਪ੍ਰਸ਼ਾਸਨ ਨਾਲ ਸਹਿਯੋਗ ਅਤੇ ਭਾਈਚਾਰਕ ਪੱਧਰ 'ਤੇ ਵਾਤਾਵਰਣ ਸੰਬੰਧੀ ਗਤੀਵਿਧੀਆਂ ਅਤੇ ਬੂਟੇ ਵੰਡਣ ਵਰਗੇ ਉਪਰਾਲੇ ਸ਼ਾਮਲ ਹਨ।ਭਗਵੰਤ ਮਾਨ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ'ਮੁਹਿੰਮ ਹੇਠ ਸਖ਼ਤ ਪੁਲਿਸਿੰਗ, ਤਕਨੀਕੀ ਇਕੀਕਰਨ ਅਤੇ ਮਜ਼ਬੂਤ ਨਾਗਰਿਕ ਭਾਗੀਦਾਰੀ ਨਾਲ ਫਰੀਦਕੋਟ ਨਵਾਂ ਮਿਆਰ ਸਥਾਪਤ ਕਰ ਰਿਹਾ ਹੈ, ਜੋ ਦਰਸਾਉਂਦਾ ਹੈ ਕਿ ਕਿਵੇਂ ਸਾਂਝੇ ਉਪਰਾਲਿਆਂ ਨਾਲ ਨਸ਼ੇ ਦੇ ਜਾਲਾਂ ਨੂੰ ਕਮਜ਼ੋਰ ਕਰਕੇ ਲੋਕਾਂ ਦਾ ਕਾਨੂੰਨ-ਵਿਵਸਥਾ 'ਤੇ ਭਰੋਸਾ ਮੁੜ ਕਾਇਮ ਕੀਤਾ ਜਾ ਸਕਦਾ ਹੈ।

# ਬਠਿੰਡਾ ਦੇ ਪੇਂਡੂ ਪੰਪਾਂ 'ਤੇ ਸਟਾਕ ਖ਼ਤਮ, ਵਾਹਨ ਚਾਲਕ ਹੋ ਰਹੇ ਪ੍ਰੇਸ਼ਾਨ



ਬਠਿੰਡਾ, 28 ਮਾਰਚ (ਦੀਪਕ ਸ਼ਰਮਾ):ਇਜ਼ਰਾਈਲ, ਅਮਰੀਕਾ ਅਤੇ ਇਰਾਨ ਵਿਚਾਲੇ ਵੱਧ ਰਹੇ ਕੌਮਾਂਤਰੀ ਤਣਾਅ ਦਾ ਸਿੱਧਾ ਅਸਰ ਹੁਣ ਬਠਿੰਡਾ ਦੇ ਆਮ ਜਨ-ਜੀਵਨ 'ਤੇ ਦਿਖਾਈ ਦੇਣ ਲੱਗਾ ਹੈ। ਆਲਮੀ ਬਾਜ਼ਾਰ ਵਿੱਚ ਕੱਚੇ ਤੇਲ ਅਤੇ ਗੈਸ ਦੀ ਸਪਲਾਈ ਪ੍ਰਭਾਵਿਤ ਹੋਣ ਕਾਰਨ ਜ਼ਿਲ੍ਹੇ ਦੇ ਪੇਂਡੂ ਅਤੇ ਬਾਹਰੀ ਖੇਤਰਾਂ ਵਿੱਚ ਸਥਿਤ ਪੈਟਰੋਲ ਪੰਪਾਂ 'ਤੇ ਤੇਲ ਦਾ ਸਟਾਕ ਪੂਰੀ ਤਰ੍ਹਾਂ ਖ਼ਤਮ ਹੋ ਗਿਆ ਹੈ। ਹਾਲਾਂਕਿ ਸ਼ਹਿਰ ਦੇ ਅੰਦਰੂਨੀ ਪੰਪਾਂ 'ਤੇ ਫਿਲਹਾਲ ਤੇਲ ਉਪਲਬਧ ਹੈ, ਪਰ ਪੇਂਡੂ ਖੇਤਰਾਂ ਤੋਂ ਵਾਹਨ ਚਾਲਕਾਂ ਦੇ ਸ਼ਹਿਰ ਵੱਲ ਰੁਖ ਕਰਨ ਕਾਰਨ ਉੱਥੇ ਵੀ ਕਤਾਰਾਂ ਲੱਗਣੀਆਂ ਸ਼ੁਰੂ ਹੋ ਗਈਆਂ ਹਨ। ਜੇਕਰ ਸਥਿਤੀ ਇਹੀ ਰਹੀ ਤਾਂ ਆਉਣ ਵਾਲੇ ਦਿਨਾਂ ਵਿੱਚ ਸ਼ਹਿਰ ਅੰਦਰ ਵੀ ਵੱਡਾ ਸੰਕਟ ਖੜ੍ਹਾ ਹੋ ਸਕਦਾ ਹੈ।ਪੰਪ ਮਾਲਕਾਂ ਅਨੁਸਾਰ ਪਿਛਲੇ ਕੁਝ ਦਿਨਾਂ ਤੋਂ ਡਿਪੂਆਂ ਤੋਂ ਤੇਲ ਦੀ ਸਪਲਾਈ ਨਿਯਮਤ ਨਹੀਂ ਆ ਰਹੀ। ਡੱਬਵਾਲੀ ਰੋਡ 'ਤੇ ਸਥਿਤ ਪੰਪ ਦੇ ਮਾਲਕ ਵਿਨੋਦ ਬੰਸਲ ਨੇ ਦੱਸਿਆ ਕਿ ਪੇਂਡੂ ਪੰਪ ਪਹਿਲਾਂ ਹੀ ਸੁੱਕ ਚੁੱਕੇ ਹਨ ਅਤੇ ਸ਼ਹਿਰੀ ਪੰਪਾਂ ਕੋਲ ਵੀ ਬਹੁਤ ਸੀਮਤ ਸਟਾਕ ਬਚਿਆ ਹੈ। ਇਸ ਸੰਕਟ ਕਾਰਨ ਟੈਕਸੀ ਚਾਲਕ, ਆਟੋ ਚਾਲਕ ਅਤੇ ਛੋਟੇ ਵਪਾਰੀ ਸਭ ਤੋਂ ਵੱਧ ਪ੍ਰੇਸ਼ਾਨ ਹਨ, ਕਿਉਂਕਿ ਉਨ੍ਹਾਂ ਨੂੰ ਤੇਲ ਲਈ ਕਈ ਕਿਲੋਮੀਟਰ ਦੂਰ ਸ਼ਹਿਰ ਆਉਣਾ ਪੈ ਰਿਹਾ ਹੈ। ਪੰਪ ਸੰਚਾਲਕਾਂ ਨੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਤੋਂ ਮੰਗ ਕੀਤੀ ਹੈ ਕਿ ਉਹ ਤੁਰੰਤ ਦਖ਼ਲ ਦੇ ਕੇ ਡਿਪੂ ਅਧਿਕਾਰੀਆਂ ਨਾਲ ਤਾਲਮੇਲ ਕਰਨ ਅਤੇ ਸਪਲਾਈ ਬਹਾਲ ਕਰਵਾਉਣ ਤਾਂ ਜੋ ਸ਼ਹਿਰ ਵਿੱਚ ਹਾਲਾਤ ਬੇਕਾਬੂ ਨਾ ਹੋਣ।

# ਅਮਰੀਕਾ ਬੈਠੀ ਧੀ ਨੇ ਮਾਂ ਨੂੰ ਖ਼ੁਦਕੁਸ਼ੀ ਲਈ ਉਕਸਾਇਆ: ਜ਼ਮੀਨ ਵੇਚ ਕੇ ਪੈਸੇ ਭੇਜਣ ਲਈ ਪਾ ਰਹੀ ਸੀ ਦਬਾਅ

ਬਠਿੰਡਾ, 28 ਮਾਰਚ (ਦੀਪਕ ਸ਼ਰਮਾ): ਰਿਸ਼ਤਿਆਂ ਨੂੰ ਸ਼ਰਮਸਾਰ ਕਰਨ ਵਾਲਾ ਇੱਕ ਮੰਦਭਾਗਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਅਮਰੀਕਾ ਵਿੱਚ ਰਹਿ ਰਹੀ ਇੱਕ ਧੀ ਵੱਲੋਂ ਆਪਣੀ ਹੀ ਮਾਂ ਨੂੰ ਮਾਨਸਿਕ ਤੌਰ 'ਤੇ ਪਰੇਸ਼ਾਨ ਕਰਕੇ ਖ਼ੁਦਕੁਸ਼ੀ ਲਈ ਉਕਸਾਉਣ ਦੇ ਦੋਸ਼ ਹੇਠ ਥਾਣਾ ਸਦਰ ਬਠਿੰਡਾ ਦੀ ਪੁਲਿਸ ਨੇ ਮੁਕੱਦਮਾ ਦਰਜ ਕੀਤਾ ਹੈ। ਇਹ ਕਾਰਵਾਈ ਮ੍ਰਿਤਕ ਮਹਿਲਾ ਦੇ ਪੁੱਤਰ ਵੱਲੋਂ ਦਿੱਤੀ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਹੈ।ਪੁਲਿਸ ਕੋਲ ਦਰਜ ਕਰਵਾਈ ਸ਼ਿਕਾਇਤ ਵਿੱਚ ਪਿੰਡ ਤਿਉਣਾ ਦੇ ਨਿਵਾਸੀ ਏਕਮਨੂਰ ਸਿੰਘ ਨੇ ਦੱਸਿਆ ਕਿ ਉਸ ਦੀ ਭੈਣ ਕਵਲਜੀਤ ਕੌਰ ਦਾ ਵਿਆਹ ਕਰੀਬ 19 ਸਾਲ ਪਹਿਲਾਂ ਅਮਰੀਕਾ ਵਿੱਚ ਹੋਇਆ ਸੀ। ਦੋਸ਼ ਹੈ ਕਿ ਵਿਆਹ ਤੋਂ ਬਾਅਦ ਕਵਲਜੀਤ ਕੌਰ ਆਪਣੀ 68 ਸਾਲਾ ਮਾਂ ਬਲਵੀਰ ਕੌਰ 'ਤੇ ਲਗਾਤਾਰ ਪੁਸ਼ਤੈਨੀ ਜ਼ਮੀਨ ਵੇਚ ਕੇ ਪੈਸੇ ਅਮਰੀਕਾ ਭੇਜਣ ਲਈ ਦਬਾਅ ਬਣਾ ਰਹੀ ਸੀ। ਪਰਿਵਾਰਕ ਮੈਂਬਰਾਂ ਅਨੁਸਾਰ ਬਲਵੀਰ ਕੌਰ ਜ਼ਮੀਨ ਵੇਚਣ ਦੇ ਹੱਕ ਵਿੱਚ ਨਹੀਂ ਸੀ, ਪਰ ਧੀ ਵੱਲੋਂ ਫ਼ੋਨ 'ਤੇ ਵਾਰ-ਵਾਰ ਕੀਤੇ ਜਾਂਦੇ ਝਗੜਿਆਂ ਅਤੇ ਮਾਨਸਿਕ ਤੌਰ 'ਤੇ ਪਰੇਸ਼ਾਨ ਕੀਤੇ ਜਾਣ ਕਾਰਨ ਉਹ ਗੰਭੀਰ ਤਣਾਅ ਵਿੱਚ ਰਹਿਣ ਲੱਗੀ ਸੀ।ਇਸੇ ਮਾਨਸਿਕ ਪਰੇਸ਼ਾਨੀ ਅਤੇ ਸਦਮੇ ਕਾਰਨ ਬਲਵੀਰ ਕੌਰ ਦੀ ਮੌਤ ਹੋ ਗਈ। ਪੀੜਤ ਪਰਿਵਾਰ ਦਾ ਕਹਿਣਾ ਹੈ ਕਿ ਜੇਕਰ ਕਵਲਜੀਤ ਕੌਰ ਉਨ੍ਹਾਂ ਨੂੰ ਤੰਗ-ਪਰੇਸ਼ਾਨ ਨਾ ਕਰਦੀ ਤਾਂ ਅੱਜ ਉਨ੍ਹਾਂ ਦੀ ਮਾਂ ਜਿਉਂਦੀ ਹੁੰਦੀ। ਪੁਲਿਸ ਨੇ ਸ਼ਿਕਾਇਤ ਦੇ ਆਧਾਰ 'ਤੇ ਕਥਿਤ ਦੋਸ਼ਣ ਕਵਲਜੀਤ ਕੌਰ ਖ਼ਿਲਾਫ਼ ਧਾਰਾ 306 ਖ਼ੁਦਕੁਸ਼ੀ ਲਈ ਉਕਸਾਉਣਾ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਟਰਾਂਸਫ਼ਾਰਮਰ ਚੋਰੀਆਂ ਕਾਰਨ ਕਿਸਾਨਾਂ ਵਿੱਚ ਰੋਸ



ਮਲੋਟ, 28 ਮਾਰਚ (ਅਮਨਦੀਪ ਸਿੰਘ ਮਹਿਰਾ) :ਤਹਿਸੀਲ ਮਲੋਟ ਦੇ ਪਿੰਡ ਅਸਪਾਲ ਵਿੱਚ ਪਿਛਲੇ ਕਰੀਬ 10 ਦਿਨਾਂ ਤੋਂ ਖੇਤਾਂ ਵਿੱਚ ਲੱਗੇ ਬਿਜਲੀ ਦੇ ਟਰਾਂਸਫਾਰਮਰਾਂ ਦੀ ਲਗਾਤਾਰ ਹੋ ਰਹੀ ਚੋਰੀ ਨੇ ਕਿਸਾਨਾਂ ਵਿੱਚ ਭਾਰੀ ਚਿੰਤਾ ਅਤੇ ਰੋਸ ਪੈਦਾ ਕਰ ਦਿੱਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਵਿੱਚ ਹੁਣ ਤੱਕ ਕਰੀਬ 14 ਟਰਾਂਸਫਾਰਮਰ ਚੋਰੀ ਹੋ ਚੁੱਕੇ ਹਨ, ਜਿਸ ਨਾਲ ਕਿਸਾਨਾਂ ਨੂੰ ਵੱਡਾ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ ਅਤੇ ਖੇਤੀਬਾੜੀ ਦੇ ਕੰਮ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ।ਇਸ ਗੰਭੀਰ ਮਸਲੇ ਨੂੰ ਲੈ ਕੇ ਅੱਜ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਕਿਸਾਨਾਂ ਵੱਲੋਂ ਇਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪ੍ਰਭਾਵਿਤ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਕਿਸਾਨਾਂ ਨੇ ਆਪਣੇ ਨੁਕਸਾਨ ਅਤੇ ਸਮੱਸਿਆਵਾਂ ਸਾਂਝੀਆਂ ਕਰਦਿਆਂ ਪ੍ਰਸ਼ਾਸਨ ਖ਼ਿਲਾਫ਼ ਨਾਰਾਜ਼ਗੀ ਜ਼ਾਹਿਰ ਕੀਤੀ।ਮੀਟਿੰਗ ਵਿੱਚ ਲਛਮਣ ਦਾਸ, ਤੇਜ ਸਿੰਘ, ਰੁਪਿੰਦਰ ਕੁਮਾਰ, ਹਰਤਾਲਮ ਸਿੰਘ, ਭੁਪਿੰਦਰ ਸਿੰਘ, ਹਰਜਿੰਦਰ ਸਿੰਘ, ਜਗਜੀਤ ਸਿੰਘ, ਹਰਪ੍ਰੀਤ ਸਿੰਘ, ਸ਼ਰਨਪਾਲ ਸਿੰਘ, ਆਦਰਸ਼ਪਾਲ ਸਿੰਘ, ਮੁਖਤਿਆਰ ਸਿੰਘ, ਦਲਰਾਜ ਸਿੰਘ, ਪਰਮਜੀਤ ਸਿੰਘ, ਮਨਜੀਤ ਸਿੰਘ, ਗੁਰਮੇਲ ਸਿੰਘ, ਹੰਸ ਰਾਜ, ਸੰਦੀਪ ਸਿੰਘ ਸੇਖੋਂ, ਮੰਗਤ ਰਾਮ, ਗੁਰਦੇਵ ਰਾਜ, ਸਿਕੰਦਰ ਕੁਮਾਰ ਅਤੇ ਜਸਪ੍ਰੀਤ ਸਿੰਘ ਸਮੇਤ ਹੋਰ ਕਈ ਕਿਸਾਨ ਮੌਜੂਦ ਸਨ।ਕਿਸਾਨਾਂ ਨੇ ਦੱਸਿਆ ਕਿ ਚੋਰ ਰਾਤ ਦੇ ਸਮੇਂ ਖੇਤਾਂ ਵਿੱਚ ਜਾ ਕੇ ਟਰਾਂਸਫਾਰਮਰਾਂ ਵਿੱਚੋਂ ਤੇਲ ਅਤੇ ਤਾਂਬਾ ਚੋਰੀ ਕਰਦੇ ਹਨ ਅਤੇ ਕਈ ਵਾਰ ਟਰਾਂਸਫਾਰਮਰਾਂ ਨੂੰ ਨੁਕਸਾਨ ਪਹੁੰਚਾ ਕੇ ਲੈ ਜਾਂਦੇ ਹਨ। ਇਸ ਕਾਰਨ ਬਿਜਲੀ ਸਪਲਾਈ ਪ੍ਰਭਾਵਿਤ ਹੋ ਰਹੀ ਹੈ ਅਤੇ ਆਉਣ ਵਾਲੇ ਸੀਜ਼ਨ ਵਿੱਚ ਫਸਲਾਂ ਨੂੰ ਪਾਣੀ ਦੇਣ ਵਿੱਚ ਵੀ ਵੱਡੀ ਦਿੱਕਤ ਆ ਸਕਦੀ ਹੈ।ਕਿਸਾਨਾਂ ਅਨੁਸਾਰ, ਇਸ ਤਰ੍ਹਾਂ ਦੀਆਂ ਚੋਰੀਆਂ ਸਿਰਫ਼ ਉਨ੍ਹਾਂ ਦੇ ਪਿੰਡ ਤੱਕ ਸੀਮਿਤ ਨਹੀਂ ਰਹੀਆਂ, ਸਗੋਂ ਸੂਬੇ ਭਰ ਵਿੱਚ ਇੱਕ ਵੱਡੀ ਸਮੱਸਿਆ ਬਣ ਚੁੱਕੀਆਂ ਹਨ, ਜਿਸ ਨਾਲ ਬਿਜਲੀ ਵਿਭਾਗ ਨੂੰ ਵੀ ਭਾਰੀ ਨੁਕਸਾਨ ਝੱਲਣਾ ਪੈ ਰਿਹਾ ਹੈ।ਮੀਟਿੰਗ ਦੌਰਾਨ ਕਿਸਾਨਾਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਚੋਰੀ ਕਰਨ ਵਾਲੇ ਗਿਰੋਹ ਨੂੰ ਜਲਦੀ ਤੋਂ ਜਲਦੀ ਕਾਬੂ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਰਾਤ ਸਮੇਂ ਪਿੰਡਾਂ ਵਿੱਚ ਪੁਲਿਸ ਗਸ਼ਤ ਵਧਾਈ ਜਾਵੇ। ਇਸਦੇ ਨਾਲ ਹੀ ਉਨ੍ਹਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਜਿਨ੍ਹਾਂ ਕਿਸਾਨਾਂ ਦਾ ਨੁਕਸਾਨ ਹੋਇਆ ਹੈ, ਉਨ੍ਹਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ।ਅੰਤ ਵਿੱਚ ਪਿੰਡ ਵਾਸੀਆਂ ਨੇ ਚੇਤਾਵਨੀ ਦਿੱਤੀ ਕਿ ਜੇ ਜਲਦੀ ਕੋਈ ਢੁਕਵੀਂ ਕਾਰਵਾਈ ਨਾ ਕੀਤੀ ਗਈ ਤਾਂ ਉਹ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

# ਅਵਾਰਾ ਕੁੱਤਿਆਂ ਵੱਲੋਂ ਮੋਟਰਸਾਈਕਲ ਸਵਾਰ ਗੰਭੀਰ ਰੂਪ 'ਚ ਜ਼ਖ਼ਮੀ



ਧੂਰੀ, 28 ਮਾਰਚ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਸ਼ਹਿਰ ਅੰਦਰ ਅਵਾਰਾ ਪਸ਼ੂਆਂ ਅਤੇ ਕੁੱਤਿਆਂ ਦੀ ਵਧਦੀ ਦਹਿਸ਼ਤ ਦਰਮਿਆਨ ਬੀਤੀ ਰਾਤ ਇੱਕ ਖ਼ੌਫਨਾਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਸਥਾਨਕ ਮਾਲੇਰਕੋਟਲਾ ਰੋਡ 'ਤੇ ਅਵਾਰਾ ਕੁੱਤਿਆਂ ਦੇ ਇੱਕ ਵੱਡੇ ਝੁੰਡ ਨੇ ਇੱਕ ਮੋਟਰਸਾਈਕਲ ਸਵਾਰ ਨੌਜਵਾਨ 'ਤੇ ਹਮਲਾ ਕਰ ਦਿੱਤਾ, ਜਿਸ ਕਾਰਨ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਜ਼ਖ਼ਮੀ ਦੀ ਪਛਾਣ ਸਥਾਨਕ ਧਰਮਪੁਰਾ ਮੁਹੱਲਾ ਦੇ ਨਿਵਾਸੀ ਅਭਿਸ਼ੇਕ ਸ਼ਰਮਾ ਪੁੱਤਰ ਸੁਨੀਲ ਸ਼ਰਮਾ ਵਜੋਂ ਹੋਈ ਹੈ।ਜ਼ਖ਼ਮੀ ਨੌਜਵਾਨ ਦੇ ਰਿਸ਼ਤੇਦਾਰ ਮਾਥੁਰ ਸ਼ਰਮਾ ਲੱਕੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਭਿਸ਼ੇਕ ਸ਼ਰਮਾ ਦੇਰ ਰਾਤ ਕਰੀਬ 01:30 ਵਜੇ ਆਪਣੇ ਕੰਮਕਾਜ ਤੋਂ ਫ਼ਾਰਗ ਹੋ ਕੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਘਰ ਪਰਤ ਰਿਹਾ ਸੀ। ਜਦੋਂ ਉਹ ਸ਼ੂਗਰ ਮਿੱਲ ਦੇ ਮੁੱਖ ਗੇਟ ਦੇ ਨੇੜੇ ਪਹੁੰਚਿਆ ਤਾਂ ਅਚਾਨਕ 15/20 ਅਵਾਰਾ ਕੁੱਤਿਆਂ ਦੇ ਇੱਕ ਝੁੰਡ ਨੇ ਉਸ ਨੂੰ ਚਾਰੋਂ ਪਾਸਿਓਂ ਘੇਰ ਲਿਆ। ਕੁੱਤਿਆਂ ਨੇ ਬੜੀ ਬੇਰਹਿਮੀ ਨਾਲ ਉਸ ਤੇ ਹਮਲਾ ਬੋਲ ਦਿੱਤਾ। ਆਪਣੇ ਆਪ ਨੂੰ ਬਚਾਉਣ ਦੀ ਕੋਸ਼ਿਸ਼ ਵਿੱਚ ਜਦੋਂ ਅਭਿਸ਼ੇਕ ਨੇ ਬੱਚਣ ਦੀ ਕੋਸ਼ਿਸ ਕੀਤੀ ਤਾਂ ਸੜਕ 'ਤੇ ਚੱਲ ਰਹੇ ਉਸਾਰੀ ਕਾਰਜ ਕਾਰਨ ਉੱਥੇ ਪਏ ਰੋੜੇ-ਵੱਟਿਆਂ ਉੱਪਰ ਮੋਟਰਸਾਈਕਲ ਸਲਿੱਪ ਹੋ ਗਿਆ, ਜਿਸ ਕਾਰਨ ਉਹ ਸੜਕ 'ਤੇ ਬੁਰੀ ਤਰ੍ਹਾਂ ਡਿੱਗ ਪਿਆ। ਉਨ੍ਹਾਂ ਦੱਸਿਆ ਕਿ ਇਸ ਹਮਲੇ 'ਚ ਅਭਿਸ਼ੇਕ ਸ਼ਰਮਾ ਦੇ ਸ਼ਰੀਰ ਅਤੇ ਮੂੰਹ ਦੇ ਕਈ ਹਿੱਸਿਆ 'ਤੇ ਫਰੈਕਚਰ ਵੀ ਹੋਏ ਹਨ।ਮਾਥੁਰ ਸ਼ਰਮਾ ਲੱਕੀ ਅਤੇ ਇਲਾਕਾ ਨਿਵਾਸੀਆਂ ਨੇ ਨਗਰ ਕੌਂਸਲ ਧੂਰੀ ਅਤੇ ਸਥਾਨਕ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸ਼ਹਿਰ ਦੀਆਂ ਮੁੱਖ ਸੜਕਾਂ 'ਤੇ ਅਵਾਰਾ ਕੁੱਤਿਆਂ ਦੀ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ। ਇਸ ਦੇ ਨਾਲ ਹੀ ਉਸਾਰੀ ਅਧੀਨ ਸੜਕਾਂ ਦੇ ਕੰਮ ਨੂੰ ਜਲਦੀ ਮੁਕੰਮਲ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੇ ਹਾਦਸਿਆਂ ਤੋਂ ਬਚਿਆ ਜਾ ਸਕੇ। ਫਿਲਹਾਲ, ਜ਼ਖ਼ਮੀ ਨੌਜਵਾਨ ਦਾ ਇਲਾਜ ਚੱਲ ਰਿਹਾ ਹੈ, ਪਰ ਇਸ ਘਟਨਾ ਨੇ ਦੇਰ ਰਾਤ ਕੰਮ ਤੋਂ ਘਰ ਪਰਤਣ ਵਾਲੇ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਦਿੱਤਾ ਹੈ।

# ਸੰਗਰੂਰ ਪੁਲਿਸ ਵੱਲੋਂ ਡਰੱਗ ਦੇ 12 ਕੇਸ ਦਰਜ

ਸੰਗਰੂਰ, 28 ਮਾਰਚ (ਹਰਕੰਵਲ ਸਿੰਘ ਹੈਪੀ):ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਮਿਤੀ 21.03.2026 ਤੋਂ 27.03.2026 ਤਕ ਡਰੱਗ ਦੇ 12 ਕੇਸ ਦਰਜ ਕਰ ਕੇ 18 ਕਥਿਤ ਦੋਸ਼ੀਆਂ ਨੂੰ ਕਾਬੂ ਕਰ ਕੇ 65 ਗ੍ਰਾਮ ਹੈਰੋਇਨ ਅਤੇ 71 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ।ਪ੍ਰੈੱਸ ਨਾਲ ਇਹ ਜਾਣਕਾਰੀ ਸਾਂਝੀ ਕਰਦਿਆਂ ਸਰਤਾਜ ਸਿੰਘ ਚਾਹਲ, ਐਸ.ਐਸ.ਪੀ., ਸੰਗਰੂਰ ਨੇ ਦੱਸਿਆ ਕਿ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 15 ਕੇਸ ਦਰਜ ਕਰ ਕੇ 16 ਕਥਿਤ ਦੋਸ਼ੀਆਂ ਨੂੰ ਕਾਬੂ ਕਰ ਕੇ 145.500 ਲੀਟਰ ਸ਼ਰਾਬ ਠੇਕਾ ਦੇਸੀ, 41 ਲੀਟਰ ਸ਼ਰਾਬ ਨਜਾਇਜ਼, 112.500 ਲੀਟਰ ਸ਼ਰਾਬ ਅੰਗਰੇਜ਼ੀ ਅਤੇ 380 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ।ਇਸ ਤੋਂ ਇਲਾਵਾ ਜੂਆ ਐਕਟ ਤਹਿਤ 02 ਕੇਸ ਦਰਜ ਕਰ ਕੇ 05 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 47,410/- ਰੁਪਏ ਬ੍ਰਾਮਦ ਕਰਾਏ ਗਏ। ਇਸ ਅਰਸੇ ਦੌਰਾਨ 01 ਪੀ.ਓ. (ਭਗੌੜੇ) ਨੂੰ ਗ੍ਰਿਫਤਾਰ ਕੀਤਾ ਗਿਆ।ਥਾਣਾ ਦਿੜ੍ਹਬਾ ਵੱਲੋਂ 01 ਨਸ਼ਾ ਤਸਕਰ ਦੀ 11,85,000/- ਰੁਪਏ ਦੇ ਮੁੱਲ ਦੀ ਪ੍ਰਾਪਰਟੀ ਫਰੀਜ਼ ਕਰਵਾਈ ਗਈ। ਥਾਣਾ ਲਹਿਰਾ ਦੇ ਏਰੀਏ ਵਿੱਚ ਲੁੱਟਾਂ-ਖੋਹਾਂ/ਚੋਰੀਆਂ ਕਰਨ ਵਾਲੇ 03 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਕੇ ਉਹਨਾਂ ਪਾਸੋਂ 01 ਮੋਟਰਸਾਈਕਲ ਅਤੇ 01 ਮੋਟਰ ਸਟਾਟਰ ਬ੍ਰਾਮਦ ਕਰਵਾਇਆ ਗਿਆਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾ ਕਰ ਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਅਰਸੇ ਦੌਰਾਨ ਵੱਖ-ਵੱਖ ਗਜ਼ਟਿਡ ਅਫਸਰਾਂ/ਮੁੱਖ ਅਫਸਰਾਂ ਵੱਲੋਂ 31 ਪਿੰਡਾਂ/ਸਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।

# ਬਠਿੰਡਾ 'ਚ 4 ਨਵੇਂ ਆਯੁਸ਼ਮਾਨ ਆਰੋਗਿਆ ਕੇਂਦਰ ਸ਼ੁਰੂ, ਮਿਲਣਗੇ 42 ਮੁਫ਼ਤ ਟੈਸਟ ਤੇ 107 ਦਵਾਈਆਂ




ਬਠਿੰਡਾ, 28 ਮਾਰਚ (ਦੀਪਕ ਸ਼ਰਮਾ) : ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਬਿਲਕੁਲ ਨੇੜੇ ਉੱਚ ਪੱਧਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਦਾਅਵਿਆਂ ਨੂੰ ਅੱਜ ਉਸ ਵੇਲੇ ਵੱਡਾ ਹੁਲਾਰਾ ਮਿਲਿਆ, ਜਦੋਂ ਬਠਿੰਡਾ ਜ਼ਿਲ੍ਹੇ ਵਿੱਚ ਚਾਰ ਨਵੇਂ 'ਆਯੁਸ਼ਮਾਨ ਆਰੋਗਿਆ ਕੇਂਦਰਾਂ ਦਾ ਸ਼ਾਨਦਾਰ ਆਗਾਜ਼ ਕੀਤਾ ਗਿਆ। ਇਨ੍ਹਾਂ ਕੇਂਦਰਾਂ ਦੇ ਖੁੱਲ੍ਹਣ ਨਾਲ ਹੁਣ ਲੋਕਾਂ ਨੂੰ ਮਾਮੂਲੀ ਬਿਮਾਰੀਆਂ ਦੇ ਇਲਾਜ ਅਤੇ ਟੈਸਟਾਂ ਲਈ ਵੱਡੇ ਹਸਪਤਾਲਾਂ ਦੀਆਂ ਲੰਬੀਆਂ ਕਤਾਰਾਂ ਵਿੱਚ ਨਹੀਂ ਲੱਗਣਾ ਪਵੇਗਾ।ਇਸ ਮੁਹਿੰਮ ਤਹਿਤ ਅੱਜ ਵਿਧਾਇਕ ਸ਼ਹਿਰੀ ਜਗਰੂਪ ਸਿੰਘ ਗਿੱਲ ਵੱਲੋਂ ਕਿਸ਼ੋਰੀ ਰਾਮ ਰੋਡ ਵਿਖੇ ਅਤੇ ਮੇਅਰ ਪਦਮਜੀਤ ਮਹਿਤਾ ਵੱਲੋਂ ਚਾਰ ਸੌ ਕਿੱਲਾ ਇਲਾਕੇ ਵਿੱਚ ਇਨ੍ਹਾਂ ਕੇਂਦਰਾਂ ਦਾ ਉਦਘਾਟਨ ਕੀਤਾ ਗਿਆ। ਇਸੇ ਤਰ੍ਹਾਂ ਜ਼ਿਲ੍ਹੇ ਦੇ ਹੋਰਨਾਂ ਹਿੱਸਿਆਂ ਵਿੱਚ ਵੀ ਸਰਗਰਮੀ ਦੇਖਣ ਨੂੰ ਮਿਲੀ, ਜਿੱਥੇ ਮਲੂਕਾ ਵਿਖੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਐਸ.ਐਮ.ਓ. ਭਗਤਾ ਡਾ. ਸੀਮਾ ਗੁਪਤਾ ਦੀ ਮੌਜੂਦਗੀ ਵਿੱਚ ਕੇਂਦਰ ਲੋਕਾਂ ਨੂੰ ਸਮਰਪਿਤ ਕੀਤਾ। ਘੁੱਦਾ ਵਿਖੇ ਸਿਵਲ ਸਰਜਨ ਡਾ. ਤਪਿੰਦਰਜੋਤ ਅਤੇ ਐਸ.ਐਮ.ਓ. ਸੰਗਤ ਡਾ. ਪਾਮਿਲ ਨੇ ਰਸਮੀ ਉਦਘਾਟਨ ਦੀ ਰਸਮ ਨਿਭਾਈ।ਉਦਘਾਟਨ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਸਰਕਾਰ ਦਾ ਮੁੱਖ ਨਿਸ਼ਾਨਾ ਹਰ ਵਰਗ ਤੱਕ ਮੁਫ਼ਤ ਅਤੇ ਮਿਆਰੀ ਸਿਹਤ ਸੇਵਾਵਾਂ ਪਹੁੰਚਾਉਣਾ ਹੈ। ਮੇਅਰ ਪਦਮਜੀਤ ਮਹਿਤਾ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਚਾਰ ਸੌ ਕਿੱਲਾ ਇਲਾਕੇ ਵਿੱਚ ਖੁੱਲ੍ਹੇ ਕੇਂਦਰ ਨਾਲ ਤਕਰੀਬਨ 5000 ਤੋਂ ਵੱਧ ਲੇਬਰ ਵਰਗ ਦੇ ਲੋਕਾਂ ਨੂੰ ਸਿੱਧਾ ਲਾਭ ਮਿਲੇਗਾ।ਸਿਵਲ ਸਰਜਨ ਡਾ. ਤਪਿੰਦਰਜੋਤ ਨੇ ਇਨ੍ਹਾਂ ਕੇਂਦਰਾਂ ਦੀਆਂ ਵਿਸ਼ੇਸ਼ਤਾਵਾਂ ਬਾਰੇ ਦੱਸਦਿਆਂ ਜਾਣਕਾਰੀ ਦਿੱਤੀ ਕਿ ਮਰੀਜ਼ਾਂ ਨੂੰ ਇੱਥੇ 42 ਤਰ੍ਹਾਂ ਦੇ ਲੈਬ ਟੈਸਟ ਅਤੇ 107 ਕਿਸਮਾਂ ਦੀਆਂ ਦਵਾਈਆਂ ਬਿਲਕੁਲ ਮੁਫ਼ਤ ਦਿੱਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇੱਥੇ ਮਾਹਿਰ ਡਾਕਟਰਾਂ ਤੇ ਪੈਰਾ-ਮੈਡੀਕਲ ਸਟਾਫ਼ ਦੀ ਤਾਇਨਾਤੀ ਕੀਤੀ ਗਈ ਹੈ ਤਾਂ ਜੋ ਇਲਾਜ ਵਿੱਚ ਕੋਈ ਕਮੀ ਨਾ ਰਹੇ। ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਸੁਖਜਿੰਦਰ ਸਿੰਘ ਗਿੱਲ, ਡਾ. ਕਰਨ ਅਬਰੋਲ, ਡਿਪਟੀ ਮਾਸ ਮੀਡੀਆ ਅਫ਼ਸਰ ਰੋਹਿਤ ਜਿੰਦਲ, ਬੀ.ਈ.ਈ. ਗਗਨਦੀਪ ਸਿੰਘ ਭੁੱਲਰ, ਗਰੋਥ ਸੈਂਟਰ ਦੇ ਪ੍ਰਧਾਨ ਰਾਮ ਪ੍ਰਕਾਸ਼ ਜਿੰਦਲ ਸਮੇਤ ਭਾਰੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਨਵੀਂ ਅਨਾਜ ਮੰਡੀ ਧੂਰੀ ਵਿਖੇ ਵਪਾਰੀਆਂ ਦੀਆਂ ਮੁਸ਼ਕਲਾਂ ਸੁਣੀਆਂ




ਧੂਰੀ, 28 ਮਾਰਚ (ਰਾਜੇਸ਼ਵਰ ਪਿੰਟੂ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਲਈ ਅੱਜ ਨਵੀਂ ਅਨਾਜ ਮੰਡੀ ਧੂਰੀ ਵਿਖੇ ਪੰਜਾਬ ਟਰੇਡ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਦੀ ਅਗਵਾਈ ਹੇਠ ਵਪਾਰੀਆਂ ਨਾਲ ਨੁੱਕੜ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸੇ ਉਦੇਸ਼ ਨਾਲ ਇਹ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਵਪਾਰੀਆਂ ਨੂੰ ਦਰਪੇਸ਼ ਸਥਾਨਕ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀ ਮੌਜੂਦਗੀ ਨਾਲ ਬਹੁਤੇ ਮਸਲੇ ਤੁਰੰਤ ਹੀ ਨਿਪਟਾਏ ਗਏ।ਇਸ ਮੌਕੇ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਜਤਿੰਦਰ ਸਿੰਘ ਸੋਨੀ ਮੰਡੇਰ, ਮੈਂਬਰ ਬਸੰਤ ਲਾਲ ਕਾਂਝਲਾ, ਜਸਵੀਰ ਸਿੰਘ, ਦੀਪਕ ਵਰਮਾ, ਕੁਲਦੀਪ ਸਿੰਘ, ਬਿਲਾਲ ਖਾਨ, ਅਮਨ ਖਾਨ ਸਮੇਤ ਵੱਡੀ ਗਿਣਤੀ ਵਿੱਚ ਵਪਾਰੀ ਹਾਜ਼ਰ ਸਨ।

# ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਵੱਲੋਂ ਸਕੂਲ ਨੂੰ ਵੱਡਾ ਯੋਗਦਾਨ



ਮੂਨਕ, 28 ਮਾਰਚ (ਸਮਸ਼ੇਰ ਸਿੰਘ ਭੁਟਾਲ)ਸਮੂਹ ਪਿੰਡ ਵਾਸੀਆਂ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਗੋਬਿੰਦਪੁਰਾ ਪਾਪੜਾ ਲਈ ਇਕ ਸ਼ਲਾਘਾਯੋਗ ਅਤੇ ਪ੍ਰੇਰਨਾਦਾਇਕ ਉਪਰਾਲਾ ਕੀਤਾ ਗਿਆ ਹੈ। ਗਰਮੀ ਦੇ ਆਉਣ ਵਾਲੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਪਿੰਡ ਦੇ ਸਰਪੰਚ ਸ. ਕੁਲਵਿੰਦਰ ਸਿੰਘ ਜੀ, ਸਮੂਹ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਸਕੂਲ ਨੂੰ ਆਰ.ਓ. ਸਿਸਟਮ ਅਤੇ ਠੰਡੇ ਪਾਣੀ ਲਈ ਵਾਟਰ ਕੂਲਰ ਮੈਡਮ ਕਾਂਤਾ ਗੋਇਲ ਜੀ ਦੇ ਹੱਥੋਂ ਦਾਨ ਕਰਵਾਇਆ । ਇਸ ਉਪਰਾਲੇ ਨਾਲ ਹੁਣ ਸਕੂਲ ਦੇ ਵਿਦਿਆਰਥੀਆਂ ਨੂੰ ਸਾਫ਼, ਸੁਥਰਾ ਅਤੇ ਠੰਡਾ ਪੀਣਯੋਗ ਪਾਣੀ ਆਸਾਨੀ ਨਾਲ ਉਪਲੱਬਧ ਹੋਵੇਗਾ, ਜਿਸ ਨਾਲ ਉਨ੍ਹਾਂ ਦੀ ਸਿਹਤ, ਸਫ਼ਾਈ ਅਤੇ ਪੜ੍ਹਾਈ 'ਤੇ ਸਕਾਰਾਤਮਕ ਪ੍ਰਭਾਵ ਪਵੇਗਾ। ਇਹ ਸਹੂਲਤ ਵਿਸ਼ੇਸ਼ ਤੌਰ 'ਤੇ ਗਰਮੀ ਦੇ ਦਿਨਾਂ ਵਿੱਚ ਬੱਚਿਆਂ ਲਈ ਬਹੁਤ ਲਾਭਕਾਰੀ ਸਾਬਤ ਹੋਵੇਗੀ। ਸਕੂਲ ਇੰਚਾਰਜ ਅਧਿਆਪਕ ਜੀਵਨ ਸਿੰਘ ਅਤੇ ਸਮੂਹ ਸਟਾਫ਼ ਨੇ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਹਿਯੋਗ ਪਿੰਡ ਵਾਸੀਆਂ ਦੀ ਸਿੱਖਿਆ ਪ੍ਰਤੀ ਜ਼ਿੰਮੇਵਾਰੀ ਅਤੇ ਲਗਨ ਨੂੰ ਦਰਸਾਉਂਦਾ ਹੈ। ਉਨ੍ਹਾਂ ਨੇ ਆਸ ਜਤਾਈ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦਾ ਸਹਿਯੋਗ ਮਿਲਦਾ ਰਹੇਗਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਪਿੰਡ ਵਾਸੀਆਂ ਦਾ ਇਹ ਕੀਮਤੀ ਯੋਗਦਾਨ ਸਦਾ ਯਾਦ ਰੱਖਿਆ ਜਾਵੇਗਾ ਅਤੇ ਸਕੂਲ ਪਰਿਵਾਰ ਹਮੇਸ਼ਾਂ ਇਸ ਉਪਕਾਰ ਦਾ ਰਿਣੀ ਰਹੇਗਾ। ਇਸ ਤਰ੍ਹਾਂ ਦੇ ਸਾਂਝੇ ਉਪਰਾਲੇ ਨਾ ਸਿਰਫ਼ ਸਕੂਲਾਂ ਦੀਆਂ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਬਣਾਉਂਦੇ ਹਨ, ਸਗੋਂ ਸਮਾਜ ਵਿੱਚ ਸਿੱਖਿਆ ਦੇ ਮਿਆਰ ਨੂੰ ਵੀ ਉੱਚਾ ਚੁੱਕਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਵਿਸ਼ਾਲ ਧਰਨਾ ਭਲਕੇ

ਲਹਿਰਾਗਾਗਾ, 28 ਮਾਰਚ (ਗੁਰਦੀਪ ਸਿੰਘ): ਪਿਛਲੇ ਲੰਮੇ ਸਮੇਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀ ਅਤੇ ਪਾਵਨ ਸਰੂਪਾਂ ਦੇ ਲਾਪਤਾ ਹੋਣ ਦੀਆਂ ਘਟਨਾਵਾਂ ਅਤੇ ਹੋਰ ਵੱਖ ਵੱਖ ਮਸਲਿਆਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਸੰਗਰੂਰ ਦੇ ਦਫਤਰ ਅੱਗੇ ਸ਼੍ਰੋਮਣੀ ਅਕਾਲੀਦਲ ਪੁਨਰ ਸੁਰਜੀਤ ਵੱਲੋਂ 30 ਮਾਰਚ ਨੂੰ ਵਿਸ਼ਾਲ ਧਰਨਾ ਦਿੱਤਾ ਜਾ ਰਿਹਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਕੀਤਾ। ਉਹਨਾਂ ਕਿਹਾ ਕਿ ਇਸ ਸਮੇਂ ਪੰਜਾਬ ਗੰਭੀਰ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ, ਹਰ ਪੰਜਾਬ ਵਾਸੀ ਆਪਣੇ ਆਪ ਨੂੰ ਨਿਰਾਸ਼ਾ ਦੇ ਆਲਮ ਵਿੱਚੋਂ ਗੁਜਰਦਾ ਹੋਇਆ ਮਹਿਸੂਸ ਕਰ ਰਿਹਾ ਹੈ। ਇਸ ਤੋਂ ਇਲਾਵਾ ਲੋਕਾਂ ਦੀ ਜ਼ਿੰਦਗੀ, ਸਿਹਤ ਅਤੇ ਜਾਇਦਾਦਾਂ ਖਤਰੇ ਵਿੱਚ ਹਨ, ਪਰ ਸਮੇਂ ਦੀਆਂ ਸਰਕਾਰਾਂ ਅਤੇ ਸਮੇਂ ਦੇ ਹਾਕਮ ਆਪਣੀ ਜ਼ਿੰਮੇਵਾਰੀ ਨਿਭਾਉਣ ਵਿੱਚ ਅਸਫਲ ਸਾਬਤ ਹੋਏ ਹਨ,

# ਮਾਪੇ-ਅਧਿਆਪਕ ਮਿਲਣੀ ਹੋਈ

ਮੌੜ ਮੰਡੀ , 28 ਮਾਰਚ (ਜੀਵਨ ਕੁਮਾਰ ਗੁਪਤਾ) : ਅੱਜ ਐੱਸ.ਡੀ ਸਰਕਾਰੀ ਪ੍ਰਾਇਮਰੀ ਸਕੂਲ ਮੌੜ ਮੰਡੀ ਵਿਖੇ ਸਾਲਾਨਾ ਨਤੀਜਾ ਘੋਸ਼ਿਤ ਕਰਨ ਦਾ ਵੱਡਾ ਦਿਨ ਸੀ। ਸਕੂਲ ਨੂੰ ਵਿਸ਼ੇਸ਼ ਤੌਰ 'ਤੇ ਮਾਪਿਆਂ ਦੇ ਸਵਾਗਤ ਦੇ ਲਈ ਸਜਾਇਆ ਗਿਆ ਸੀ। ਸਵੇਰੇ 9 ਵਜੇ ਤੋਂ ਬੱਚਿਆਂ ਦੇ ਸਤਿਕਾਰਯੋਗ ਮਾਪਿਆਂ ਦਾ ਆਉਣਾ ਸ਼ੁਰੂ ਹੋ ਗਿਆ। ਮਾਪਿਆਂ ਦੇ ਨਾਲ ਬੱਚਿਆਂ ਦੀ ਕਾਰਗੁਜ਼ਾਰੀ ਸਾਂਝੀ ਕੀਤੀ ਗਈ। ਬੱਚਿਆਂ ਨੂੰ ਉਹਨਾਂ ਦੇ ਰਿਪੋਰਟ ਕਾਰਡ ਦਿੱਤੇ ਗਏ । ਪੁਜੀਸ਼ਨ ਹਾਸਿਲ ਕਰਨ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਦੌਰਾਨ ਸਕੂਲ ਮੁਖੀ ਮਨਪ੍ਰੀਤ ਕੌਰ ਅਤੇ ਐਸ.ਐਮ.ਸੀ ਚੇਅਰਮੈਨ ਰਕੇਸ਼ ਕੁਮਾਰ ਵੱਲੋਂ ਮਾਪਿਆਂ ਨੂੰ ਜੀ ਆਇਆ ਕਿਹਾ ਗਿਆ ਮਾਪਿਆਂ ਨੂੰ ਬੱਚਿਆਂ ਦੀ ਹਾਜ਼ਰੀ ਸਕੂਲ ਦੇ ਵਿੱਚ ਯਕੀਨੀ ਬਣਾਉਣ ਦੇ ਲਈ ਪ੍ਰੇਰਿਤ ਕੀਤਾ ਗਿਆ। ਨਵੋਦਿਆ ਵਿਦਿਆਲਿਆ ਲਈ ਚੁਣੇ ਗਏ ਵਿਦਿਆਰਥੀ ਗੁਰਲੀਨ ਕੌਰ ਪੁੱਤਰੀ ਜਸਪ੍ਰੀਤ ਸਿੰਘ ਵਾਸੀ ਮੌੜ ਮੰਡੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਕੂਲ ਮੁਖੀ ਮਨਪ੍ਰੀਤ ਕੌਰ ਜੀ ਨੇ ਬੱਚਿਆਂ ਦੇ ਮਾਪਿਆਂ ਨੂੰ ਵੱਧ ਤੋਂ ਵੱਧ ਦਾਖਲੇ ਸਰਕਾਰੀ ਸਕੂਲ ਦੇ ਵਿੱਚ ਦਾਖਲੇ ਕਰਾਉਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਆਉਣ ਵਾਲੇ ਭਵਿੱਖ ਦੇ ਵਿੱਚ ਬੱਚਿਆਂ ਦੇ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋ ਸਕਣ। ਬੱਚਿਆਂ ਦੇ ਮਾਪਿਆਂ ਨੇ ਵੱਧ ਚੜ੍ਹ ਕੇ ਅਧਿਆਪਕ ਮਿਲਣੀ ਦੇ ਵਿੱਚ ਸ਼ਿਰਕਤ ਕੀਤੀ। ਬੱਚਿਆਂ ਦੇ ਮਾਪਿਆਂ ਲਈ ਚਾਹ ਪਾਣੀ ਦਾ ਪ੍ਰਬੰਧ ਕੀਤਾ ਗਿਆ। ਵਿਦਿਆਰਥੀਆਂ ਦੇ ਲਈ ਖਾਣੇ ਦਾ ਪ੍ਰਬੰਧ ਕੀਤਾ ਗਿਆ ਸੀ। ਇਸ ਖਾਸ ਮੌਕੇ 'ਤੇ ਬੱਚਿਆਂ ਨੇ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ।

# ਵਿਸਾਖੀ 'ਤੇ ਵਿਧਾਨ ਸਭਾ ਇਜਲਾਸ ਵਿੱਚ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਸਬੰਧੀ ਸਖਤ ਕਾਨੂੰਨ ਲੈ ਕੇ ਆਵਾਂਗੇ : ਗੋਇਲ



ਲਹਿਰਾਗਾਗਾ, 28 ਮਾਰਚ (ਗੁਰਦੀਪ ਸਿੰਘ): ਪਿਛਲੇ ਕਾਫੀ ਸਮੇਂ ਤੋਂ ਕੁਝ ਸਮਾਜ ਵਿਰੋਧੀ ਅਨਸਰਾਂ ਵੱਲੋਂ ਜੋ ਧਾਰਮਿਕ ਗ੍ਰੰਥਾਂ ਦੀਆਂ ਬੇਅਦਬੀਆਂ ਹੋ ਰਹੀਆਂ ਹਨ, ਇਹਨਾਂ ਹੋ ਰਹੀਆਂ ਬੇਅਦਬੀਆਂ ਖਿਲਾਫ ਆਉਣ ਵਾਲੀ ਵਿਸਾਖੀ 'ਤੇ ਵਿਧਾਨ ਸਭਾ ਵਿੱਚ ਇੱਕ ਸਖਤ ਕਾਨੂੰਨ ਲੈ ਕੇ ਆਵਾਂਗੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ੍ਰੀ ਬਰਿੰਦਰ ਕੁਮਾਰ ਗੋਇਲ ਕੈਬਨਿਟ ਮੰਤਰੀ ਪੰਜਾਬ ਸਰਕਾਰ ਨੇ ਪਿੰਡ ਕੋਟੜਾ ਲੇਹਲ ਵਿਖੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਹੋਇਆ ਕੀਤਾ, ਉਨਾਂ ਕਿਹਾ ਕਿ ਇਹ ਕਾਨੂੰਨ ਬਣਨ ਤੋਂ ਬਾਅਦ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲਾ ਦੋਸ਼ੀ ਕੋਈ ਵੀ ਹੋਵੇ ਉਸ ਨੂੰ ਜੇਲ ਵਿੱਚ ਸੁੱਟ ਕੇ ਸਖਤ ਸਜ਼ਾ ਦਿੱਤੀ ਜਾਵੇਗੀ। ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ 'ਤੇ ਲੱਗੇ ਦੋਸ਼ਾਂ ਬਾਰੇ ਜਦੋਂ ਪੱਤਰਕਾਰ ਨੇ ਜਾਣਨਾ ਚਾਹਿਆ ਤਾਂ ਉਹਨਾਂ ਕਿਹਾ ਕਿ ਇਸ ਸਬੰਧੀ ਕਾਨੂੰਨ ਆਪਣਾ ਕੰਮ ਕਰ ਰਿਹਾ ਹੈ। ਇਸ ਤੋਂ ਇਲਾਵਾ ਕੈਬਨਿਟ ਮੰਤਰੀ ਗੋਇਲ ਨੇ ਪਿਛਲੇ ਚਾਰ ਸਾਲ ਦੀਆਂ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਲੋਕਾਂ ਨੂੰ ਜਾਣੂ ਕਰਾਉਂਦਿਆਂ ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਸਮੇਂ ਕਿਸਾਨ ਰਾਤਾਂ ਨੂੰ ਮੋਟਰਾਂ ਉੱਪਰ ਜਾ ਕੇ ਆਪਣੇ ਖੇਤਾਂ ਦੀ ਸਿੰਚਾਈ ਕਰਦੇ ਹੁੰਦੇ ਸਨ ਅਤੇ ਮੋਟਰਾਂ ਦੀ ਬਿਜਲੀ ਸਬੰਧੀ ਗਰਿੱਡਾਂ ਅੱਗੇ ਧਰਨੇ ਲੱਗਦੇ ਆਮ ਦੇਖੇ ਜਾ ਸਕਦੇ ਸਨ, ਪਰ ਹੁਣ ਸਾਡੀ ਸਰਕਾਰ ਨੇ ਕਿਸਾਨਾਂ ਦੀਆਂ ਮੋਟਰਾਂ ਲਈ ਦਿਨੇ ਲਾਈਟ ਦੇ ਕੇ ਕਿਸਾਨਾਂ ਦੇ ਕੰਮ ਨੂੰ ਸੁਖਾਲਾ ਕਰ ਦਿੱਤਾ ਹੈ। ਨਹਿਰੀ ਪਾਣੀ ਸਬੰਧੀ ਬੋਲਦਿਆਂ ਉਹਨਾਂ ਕਿਹਾ ਕਿ ਸਮੁੱਚੇ ਪੰਜਾਬ ਵਿੱਚ ਪਿਛਲੇ ਚਾਰ ਸਾਲਾਂ ਤੋਂ ਨਹਿਰੀ ਪਾਣੀ ਦੀ ਕੋਈ ਘਾਟ ਨਹੀਂ ਆਉਣ ਦਿੱਤੀ। ਉਹਨਾਂ ਕਿਹਾ ਕਿ ਦੇਸ਼ ਦੀ ਪਾਰਲੀਮੈਂਟ ਵਿੱਚ ਭਾਰਤ ਦੇ ਸਿੰਚਾਈ ਮੰਤਰੀ ਨੇ ਮੰਨਿਆ ਹੈ ਕਿ ਪੰਜਾਬ ਦੇ ਧਰਤੀ ਹੇਠਲੇ ਪਾਣੀ ਦਾ ਲੇਵਲ ਉੱਪਰ ਚੁੱਕਿਆ ਹੈ। ਗੋਇਲ ਨੇ ਕਿਹਾ ਕਿ ਧਰਤੀ ਹੇਠਲੇ ਪਾਣੀ ਦਾ ਲੇਵਲ ਉੱਪਰ ਆਉਣ ਦਾ ਕਾਰਨ ਪੰਜਾਬ ਦੀਆਂ ਨਹਿਰਾਂ ਦਾ ਲਗਾਤਾਰ ਚੱਲਣਾ ਹੈ, ਜਿਸ ਦਾ ਸਿਹਰਾ ਮਾਨ ਸਰਕਾਰ ਨੂੰ ਜਾਂਦਾ ਹੈ। ਉਹਨਾਂ ਕਿਹਾ ਇਸ ਤੋਂ ਇਲਾਵਾ ਖੇਤਾਂ ਨੂੰ ਪਾਈਪ ਲਾਈਨ, ਲੋਕਾਂ ਲਈ ਪੀਣ ਵਾਲੇ ਪਾਣੀ ਸਬੰਧੀ ਪਿੰਡਾਂ ਵਿੱਚ ਵਾਟਰ ਵਰਕਸ ਲਗਾਉਣਾ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਲੱਗਭੱਗ 65 ਹਜ਼ਾਰ ਨੌਕਰੀਆਂ ਦੇ ਕੇ ਮਾਨ ਸਰਕਾਰ ਨੇ ਆਪਣੇ ਕੀਤੇ ਵਾਅਦੇ ਪੂਰੇ ਕਰ ਦਿੱਤੇ ਹਨ। ਉਹਨਾਂ ਪੰਜਾਬ ਦੀਆਂ ਬੀਬੀਆਂ ਬਾਰੇ ਬੋਲਦਿਆਂ ਕਿਹਾ ਕਿ ਵਿਰੋਧੀਆਂ ਕੋਲੇ ਹੁਣ ਕੋਈ ਮੁੱਦਾ ਹੀ ਨਹੀਂ ਰਹਿ ਗਿਆ। ਕਿਉਂਕਿ ਇੱਕੋ ਇੱਕ ਵਾਅਦਾ ਜੋ ਅਧੂਰਾ ਸੀ, ਉਹ ਪੰਜਾਬ ਸਰਕਾਰ ਨੇ ਸੂਬੇ ਦੀਆਂ ਬੀਬੀਆਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦਾ ਐਲਾਨ ਕਰਕੇ ਉਹ ਵੀ ਪੂਰਾ ਕਰ ਦਿੱਤਾ ਹੈ, ਜਿਸ ਨਾਲ ਵਿਰੋਧੀ ਧਿਰਾਂ ਹੁਣ ਮੁੱਦਾਹੀਣ ਹੋ ਚੁੱਕੀਆਂ ਹਨ, ਉਹਨਾਂ ਲਹਿਰਾ ਗਾਗਾ ਵਿਖੇ ਬਣ ਰਹੇ ਮੈਡੀਕਲ ਕਾਲਜ ਬਾਰੇ ਬੋਲਦਿਆਂ ਕਿਹਾ ਕਿ ਅਗਲੇ ਦਸ ਦਿਨਾਂ ਵਿੱਚ ਲਹਿਰਾਗਾਗਾ ਦੇ ਸਿਵਲ ਹਸਪਤਾਲ ਵਿੱਚ ਸਾਰੇ ਰੋਗਾਂ ਦੇ ਮਾਹਿਰ ਡਾਕਟਰ ਅਗਲੇ ਦਸ ਦਿਨਾਂ ਵਿੱਚ ਪਹੁੰਚ ਜਾਣਗੇ ਅਤੇ ਮੈਡੀਕਲ ਕਾਲਜ ਲਹਿਰਾਗਾਗਾ ਵਿਖੇ ਬਣ ਕੇ ਹੀ ਰਹੇਗਾ, ਉਸ ਤੋਂ ਬਾਅਦ ਵਿਰੋਧੀਆਂ ਦੇ ਮੂੰਹ ਬੰਦ ਹੋ ਜਾਣਗੇ, ਉਹਨਾਂ ਬੋਲਦਿਆਂ ਭਾਰਤ ਦੀ ਮੋਦੀ ਸਰਕਾਰ ਨੂੰ ਤਕੜੇ ਰਗੜੇ ਲਾਉਂਦਿਆਂ ਕਿਹਾ ਕਿ ਉਹਨਾਂ ਨੇ ਮਨਰੇਗਾ ਸਕੀਮ ਦਾ ਗਲਾ ਘੁੱਟ ਕੇ ਪੰਜਾਬ ਵਿੱਚ ਮਨਰੇਗਾ ਅਧੀਨ ਕੰਮ ਰਹੇ ਲੋਕਾਂ ਨਾਲ ਬਹੁਤ ਵੱਡਾ ਧਰੋਹ ਕੀਤਾ ਹੈ, ਜਿਸ ਨੂੰ ਪੰਜਾਬ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਇਸ ਮੌਕੇ ਉਹਨਾਂ ਨਾਲ ਰਕੇਸ਼ ਕੁਮਾਰ ਗੁਪਤਾ ਓਐਸਡੀ, ਗੁਰਸੇਵਕ ਸਿੰਘ ਪ੍ਰਧਾਨ ਟਰੱਕ ਯੂਨੀਅਨ ਲਹਿਰਾ,ਯੂਥ ਆਗੂ ਨਿਰਮਲ ਸਿੰਘ ਕੋਟੜਾ, ਰਿੰਕੂ ਸਿੰਘ, ਸਰਪੰਚ ਗੋਰਖਾ ਸਿੰਘ ਕੋਟੜਾ, ਕ੍ਰਿਸ਼ਨ ਸਿੰਘ ਪੰਚ, ਦੇਵ ਸਿੰਘ ਪੰਚ, ਜਗਰੂਪ ਸਿੰਘ ਪੰਚ, ਪੱਪੂ ਸਿੰਘ ਪੰਚ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਮੌਜੂਦ ਸਨ,

# ਪੈਟਰੋਲ-ਡੀਜ਼ਲ 'ਤੇ ਐਕਸਾਈਜ਼ ਡਿਊਟੀ ਵਿੱਚ ਕਟੌਤੀ ਨਾਲ ਲੋਕਾਂ ਨੂੰ ਵੱਡੀ ਰਾਹਤ : ਕਰਮ ਲਹਿਲ



ਸੰਗਰੂਰ, 28 ਮਾਰਚ (ਹਰਕੰਵਲ ਸਿੰਘ ਹੈਪੀ): ਕੇਂਦਰ ਸਰਕਾਰ ਵੱਲੋਂ ਪਿਛਲੇ ਦਿਨੀਂ ਪੈਟਰੋਲ ਅਤੇ ਡੀਜ਼ਲ 'ਤੇ ਲੱਗੀ ਐਕਸਾਈਜ਼ ਡਿਊਟੀ ਵਿੱਚ ਕੀਤੀ ਕਟੌਤੀ ਨਾਲ ਆਮ ਜਨਤਾ ਨੂੰ ਵੱਡੀ ਰਾਹਤ ਮਿਲੀ ਹੈ। ਇਸ ਫੈਸਲੇ ਨਾਲ ਨਾ ਸਿਰਫ਼ ਰੋਜ਼ਮਰਾ ਦੀ ਜ਼ਿੰਦਗੀ ਵਿੱਚ ਖਰਚੇ ਘਟਣਗੇ, ਸਗੋਂ ਟਰਾਂਸਪੋਰਟ ਅਤੇ ਹੋਰ ਸੇਵਾਵਾਂ ਦੇ ਭਾਅ ਵੀ ਕਾਬੂ ਵਿੱਚ ਰਹਿਣ ਦੀ ਉਮੀਦ ਹੈ।ਇਸ ਸਬੰਧੀ ਸੂਬਾ ਸਪੋਰਟ ਸੈਲ ਦੇ ਇੰਚਾਰਜ ਕਰਮ ਲਹਿਲ ਨੇ ਕਿਹਾ ਕਿ ਕੇਂਦਰ ਸਰਕਾਰ ਹਮੇਸ਼ਾ ਲੋਕ-ਹਿੱਤ ਨੂੰ ਪਹਿਲ ਦੇਂਦੀ ਆਈ ਹੈ ਅਤੇ ਇਹ ਫੈਸਲਾ ਆਮ ਲੋਕਾਂ ਲਈ ਵੱਡੀ ਰਾਹਤ ਲੈ ਕੇ ਆਇਆ ਹੈ। ਉਨ੍ਹਾਂ ਕਿਹਾ ਕਿ ਇੰਧਨ ਦੀਆਂ ਕੀਮਤਾਂ ਘਟਣ ਨਾਲ ਮਹਿੰਗਾਈ 'ਤੇ ਵੀ ਕਾਬੂ ਪੈਣ ਵਿੱਚ ਮਦਦ ਮਿਲੇਗੀ, ਜਿਸ ਦਾ ਸਿੱਧਾ ਲਾਭ ਹਰ ਵਰਗ ਨੂੰ ਹੋਵੇਗਾ।ਕਰਮ ਲਹਿਲ ਨੇ ਅੱਗੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਦੁਨੀਆਂ ਭਰ ਵਿੱਚ ਤਣਾਅਪੂਰਨ ਹਾਲਾਤ ਬਣੇ ਹੋਏ ਹਨ, ਖਾਸ ਕਰਕੇ ਈਰਾਨ, ਇਜ਼ਰਾਈਲ ਅਤੇ ਅਮਰੀਕਾ ਦੇ ਵਿਚਕਾਰ ਵੱਧ ਰਹੇ ਤਣਾਅ ਨੂੰ ਦੇਖਦੇ ਹੋਏ ਕੇਂਦਰ ਸਰਕਾਰ ਪੂਰੀ ਤਰ੍ਹਾਂ ਸਚੇਤ ਹੈ। ਉਨ੍ਹਾਂ ਦੱਸਿਆ ਕਿ ਦੇਸ਼ ਦੀ ਊਰਜਾ ਸੁਰੱਖਿਆ ਅਤੇ ਆਰਥਿਕ ਸਥਿਰਤਾ ਨੂੰ ਬਰਕਰਾਰ ਰੱਖਣ ਲਈ ਤੇਲ ਸਪਲਾਈ ਦੇ ਵੱਖ-ਵੱਖ ਸਰੋਤਾਂ 'ਤੇ ਕੰਮ ਕੀਤਾ ਜਾ ਰਿਹਾ ਹੈ ਅਤੇ ਰਣਨੀਤਿਕ ਭੰਡਾਰ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ।ਉਨ੍ਹਾਂ ਨੇ ਇਹ ਵੀ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅੰਤਰਰਾਸ਼ਟਰੀ ਸਥਿਤੀ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਤਾਂ ਜੋ ਭਾਰਤ 'ਤੇ ਕਿਸੇ ਵੀ ਤਰ੍ਹਾਂ ਦਾ ਨਕਾਰਾਤਮਕ ਅਸਰ ਨਾ ਪਵੇ। ਇਸ ਦੇ ਨਾਲ ਹੀ ਦੇਸ਼ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰਾਜਨੀਤਿਕ ਅਤੇ ਕੂਟਨੀਤਿਕ ਪੱਧਰ 'ਤੇ ਵੀ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਇਹ ਫੈਸਲੇ ਸਾਬਤ ਕਰਦੇ ਹਨ ਕਿ ਸਰਕਾਰ ਹਰ ਹਾਲਾਤ ਵਿੱਚ ਦੇਸ਼ ਅਤੇ ਦੇਸ਼ਵਾਸੀਆਂ ਦੇ ਹਿੱਤਾਂ ਨੂੰ ਪਹਿਲ ਦਿੰਦੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਦੇ ਲੋਕ-ਹਿਤੈਸ਼ੀ ਕਦਮ ਚੁੱਕੇ ਜਾਂਦੇ ਰਹਿਣਗੇ।



# ਪਟਿਆਲਾ-ਆਸ/ਪਾਸ



# ਪੰਜਾਬ ਸਰਕਾਰ ਦੇ ਯਤਨਾਂ ਨਾਲ ਸਿੱਖਿਆ ਵਿੱਚ ਆਈ ਕ੍ਰਾਂਤੀ : ਅਜੀਤਪਾਲ ਸਿੰਘ ਕੋਹਲੀ

## ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ 'ਚ ਡਿਜੀਟਲ ਇਨਕਲਾਬ ਦੀ ਸ਼ੁਰੂਆਤ

ਪਟਿਆਲਾ, 28 ਮਾਰਚ (ਰੁਪਾਣਾ) : ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਪਟਿਆਲਾ ਵਿੱਚ ਅੱਜ ਮਾਪੇ-ਅਧਿਆਪਕ ਮਿਲਣੀ ਦੇ ਨਾਲ ਇੱਕ ਉਤਸ਼ਾਹਪੂਰਨ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਨਵੇਂ ਡਿਜ਼ੀਟਲ ਇੰਟਰਐਕਟਿਵ ਪੈਨਲਾਂ ਦਾ ਸ਼ੁਭ ਉਦਘਾਟਨ ਕੀਤਾ ਗਿਆ। ਇਸ ਸਮਾਗਮ ਵਿੱਚ ਵਾਰਡ ਨੰਬਰ 45 ਦੇ ਐਮ.ਸੀ. ਸ੍ਰੀਮਤੀ ਮੀਨਾ ਡਾਬੀ, ਐੱਸ.ਐੱਮ.ਸੀ. ਦੇ ਚੇਅਰਮੈਨ ਅਸ਼ੋਕ ਡਾਬੀ, ਵੱਡੀ ਗਿਣਤੀ ਵਿੱਚ ਮਾਪੇ, ਵਿਦਿਆਰਥੀਆਂ ਅਤੇ ਇਲਾਕਾ ਨਿਵਾਸੀਆਂ ਨੇ ਭਾਗ ਲਿਆ ਅਤੇ ਵਿਧਾਨ ਸਭਾ ਹਲਕਾ ਪਟਿਆਲਾ (ਸ਼ਹਿਰੀ) ਦੇ ਮਾਨਯੋਗ ਐਮ.ਐਲ.ਏ . ਸ. ਅਜੀਤਪਾਲ ਸਿੰਘ ਕੋਹਲੀ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਦੌਰਾਨ ਸਕੂਲ ਦੇ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਨੇ ਆਏ ਮਹਿਮਾਨਾਂ ਦਾ ਤਹਿ ਦਿਲੋਂ ਸਵਾਗਤ ਕੀਤਾ। ਇਸ ਮੌਕੇ 'ਤੇ ਪਟਿਆਲਾ ਸ਼ਹਿਰ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ




ਡਿਜੀਟਲ ਇੰਟਰਐਕਟਿਵ ਪੈਨਲਾਂ ਦਾ ਉਦਘਾਟਨ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਖੇਤਰ ਵਿੱਚ ਨਵਾਂ ਇਤਿਹਾਸ ਰਚ ਰਹੀ ਹੈ। ਉਨ੍ਹਾਂ ਇਸ ਉਪਰਾਲੇ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦਾ ਧੰਨਵਾਦ ਵੀ ਕੀਤਾ।ਇਸ ਤੋਂ ਬਾਅਦ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸੰਜੀਵ ਸ਼ਰਮਾ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਡਾ. ਰਵਿੰਦਰਪਾਲ ਸ਼ਰਮਾ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਸ਼੍ਰੀਮਤੀ ਸ਼ਾਲੂ ਮਹਿਰਾ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਨਵੀਆਂ ਪਹਿਲਤਾਵਾਂ ਨਾਲ ਸਰਕਾਰੀ ਸਕੂਲਾਂ ਦੀ ਤਸਵੀਰ ਤੇ ਤਕਦੀਰ ਬਦਲ ਰਹੀ ਹੈ। ਇਸਦੇ ਨਾਲ ਹੀ ਵਿਦਿਆਰਥੀਆਂ ਦੇ ਨਤੀਜੇ ਘੋਸ਼ਿਤ ਕੀਤੇ ਗਏ, ਜਿਸ ਵਿੱਚ ਕਈ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਮਾਣ ਹਾਸਲ ਕੀਤਾ। ਹਰ ਜਮਾਤ ਵਿੱਚ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਨਾਲ ਹੀ ਰਾਸ਼ਟਰੀ ਪੱਧਰ 'ਤੇ ਖੇਡਾਂ ਅਤੇ ਸਹਿ-ਵਿੱਦਿਅਕ ਗਤੀਵਿਧੀਆਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ।ਸਮਾਗਮ ਦੌਰਾਨ ਸੰਗੀਤ ਅਧਿਆਪਕ ਪ੍ਰਗਟ ਸਿੰਘ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ ਗਈ, ਜਿਸ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਸਮਾਗਮ ਦਾ ਸੁਚੱਜਾ ਮੰਚ ਸੰਚਾਲਨ ਡਾ. ਸਪਨਾ ਸੇਠੀ, ਡਾ. ਪਰਮਿੰਦਰ ਕੌਰ ਅਤੇ ਮਨੋਜ ਥਾਪਰ ਵੱਲੋਂ ਬੜੀ ਕੁਸ਼ਲਤਾ ਨਾਲ ਕੀਤਾ ਗਿਆ। ਇਸ ਮੌਕੇ 'ਤੇ ਵਾਈਸ ਪ੍ਰਿੰਸੀਪਲ ਮੈਡਮ ਸੁਰਿੰਦਰ ਕੌਰ ਸਮੇਤ ਸਕੂਲ ਦਾ ਸਮੂਹ ਸਟਾਫ਼-ਕੰਵਰਜੀਤ ਸਿੰਘ ਧਾਲੀਵਾਲ, ਚਰਨਜੀਤ ਸਿੰਘ, ਜੋਗੇਸ਼ ਜਿੰਦਲ, ਹਰਪ੍ਰੀਤ, ਬਲਵਿੰਦਰ ਜੱਸਲ, ਅਮਰਿੰਦਰ ਸਿੰਘ, ਗੁਰਪ੍ਰੀਤ ਵੜੈਚ, ਮੈਡਮ ਲਖਵੀਰ ਕੌਰ, ਗੁਰਪ੍ਰੀਤ ਕੌਰ, ਅਨੁਪਮਾ, ਸਿਮਰਨਪ੍ਰੀਤ ਕੌਰ, ਕਰਮਜੀਤ ਕੌਰ, ਡਾ. ਮਨਦੀਪ ਕੁਮਾਰ, ਇੰਦਰਪਾਲ ਸਿੰਘ, ਪਰਮਜੀਤ ਸਿੰਘ, ਰਵਿੰਦਰ ਸਿੰਘ, ਅਸ਼ੋਕ ਕੁਮਾਰ ਆਦਿ ਹਾਜ਼ਰ ਸਨ। ਸਮੁੱਚੇ ਸਮਾਗਮ ਦੌਰਾਨ ਸਕੂਲ ਦੇ ਐਨ.ਸੀ.ਸੀ. ਅਤੇ ਐਨ. ਐੱਸ.ਐੱਸ ਦੇ ਵਿਦਿਆਰਥੀਆਂ ਨੇ ਅਨੁਸ਼ਾਸਨ ਸਥਾਪਤੀ ਵਿੱਚ ਵੱਡਮੁਲਾ ਸਹਿਯੋਗ ਦਿੱਤਾ।

## ਜ਼ਿਲ੍ਹੇ 'ਚ ਐਲ.ਪੀ.ਜੀ., ਪੈਟਰੋਲ ਤੇ ਡੀਜ਼ਲ ਦੀ ਕੋਈ ਕਮੀ ਨਹੀਂ : ਵਿਰਾਜ ਐਸ. ਤਿੜਕੇ

ਮਲੇਰਕੋਟਲਾ, 28 ਮਾਰਚ (ਬਲਜੀਤ ਸਿੰਘ ਟਿੱਬਾ) : ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਘਰੇਲੂ ਐਲ.ਪੀ.ਜੀ. ਗੈਸ ਦੀ ਕੋਈ ਘਾਟ ਨਹੀਂ ਹੈ। ਗੈਸ ਏਜੰਸੀਆਂ ਵੱਲੋਂ ਘਰ-ਘਰ ਡਿਲਿਵਰੀ ਨਿਯਮਿਤ ਤੌਰ 'ਤੇ ਕੀਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਗੈਸ ਏਜੰਸੀਆਂ ਅੱਗੇ ਭੀੜ ਨਾ ਇਕੱਠੀ ਕੀਤੀ ਜਾਵੇ। ਉਨਾਂ ਕਿਹਾ ਕਿ ਜਿਨ੍ਹਾਂ ਖਪਤਕਾਰਾਂ ਵੱਲੋਂ ਅਜੇ ਤੱਕ ਆਪਣੀ ਕੇਵਾਈਸੀ ਪ੍ਰਕਿਰਿਆ ਪੂਰੀ ਨਹੀਂ ਕੀਤੀ ਗਈ, ਉਹ ਸੰਬੰਧਤ ਗੈਸ ਏਜੰਸੀ ਨਾਲ ਸੰਪਰਕ ਕਰਕੇ ਇਸ ਨੂੰ ਜਲਦ ਤੋਂ ਜਲਦ ਮੁਕੰਮਲ ਕਰਵਾਉਣ, ਤਾਂ ਜੋ ਉਨ੍ਹਾਂ ਨੂੰ ਬਿਨਾ ਰੁਕਾਵਟ ਗੈਸ ਸਪਲਾਈ ਮਿਲ ਸਕੇ। ਉਨ੍ਹਾਂ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਕਿਸਮ ਦੀਆਂ ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ ਅਤੇ ਨਾ ਹੀ ਬੇਲੋੜੀ ਮਾਤਰਾ ਵਿੱਚ ਸਟਾਕ ਇਕੱਠਾ ਕਰਨ। ਇਸ ਤਰ੍ਹਾਂ ਦੀ ਘਬਰਾਹਟ ਨਾਲ ਬਿਨਾ ਲੋੜ ਦੇ ਭੀੜ ਅਤੇ ਅਸੁਵਿਧਾ ਪੈਦਾ ਹੋ ਸਕਦੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤੇਲ ਅਤੇ ਗੈਸ ਦੀ ਸਪਲਾਈ 'ਤੇ ਲਗਾਤਾਰ ਨਜ਼ਰਸਾਨੀ ਕੀਤੀ ਜਾ ਰਹੀ ਹੈ, ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਅਪੀਲ ਕੀਤੀ ਕਿ ਅਫਵਾਹਾਂ ਤੋਂ ਸੁਚੇਤ ਰਹੋ।

# ਸਰਕਾਰੀ ਪ੍ਰਾਇਮਰੀ ਸਕੂਲਾਂ ਨੇ ਨਤੀਜੇ ਐਲਾਨੇ

➢ਬਲਾਕ ਪਟਿਆਲਾ-2 ਦੇ 11 ਵਿਦਿਆਰਥੀਆਂ ਨੇ 500 'ਚੋਂ 500 ਅੰਕ ਹਾਸਲ ਕੀਤੇ

➢ਬੀਪੀਈਓ ਪ੍ਰਿਥੀ ਸਿੰਘ ਨੇ ਵੱਖ-ਵੱਖ ਸਕੂਲਾਂ ਦਾ ਕੀਤਾ ਦੌਰਾ



ਪਟਿਆਲਾ, 28 ਮਾਰਚ (ਚ.ਨ.ਸ.) : ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਵੱਖ-ਵੱਖ ਜਮਾਤਾਂ ਦੇ ਨਤੀਜੇ ਐਲਾਨ ਦਿੱਤੇ ਗਏ ਹਨ ਹਨ। ਜਿਸ ਤਹਿਤ ਪ੍ਰੀ ਪ੍ਰਾਇਮਰੀ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਨਤੀਜੇ ਵੀ ਐਲਾਨੇ ਗਏ। ਜ਼ਿਲ੍ਹਾ ਪਟਿਆਲਾ ਦੇ ਜ਼ਿਲ੍ਹਾ ਸਿੱਖਿਆ ਅਫਸਰ (ਐਲੀ. ਸਿੱ.) ਸ਼ਾਲੂ ਮਹਿਰਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਮਨਵਿੰਦਰ ਕੌਰ ਭੁੱਲਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹੇ ਭਰ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਨਤੀਜੇ ਮੌਕੇ (ਮੈਗਾ ਪੀਟੀਐਮ) ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਵਿਦਿਆਰਥੀਆਂ ਦੇ ਮਾਪਿਆਂ ਨੇ ਭਰਵੀਂ ਸ਼ਮੂਲੀਅਤ ਕਰਦਿਆਂ ਆਪੋ ਆਪਣੇ ਬੱਚਿਆਂ ਦੇ ਨਤੀਜੇ ਪ੍ਰਾਪਤ ਕੀਤੇ। ਇਸ ਦੇ ਨਾਲ ਹੀ ਬਲਾਕ ਪਟਿਆਲਾ-2 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍. ਪ੍ਰਿਥੀ ਸਿੰਘ ਵੱਲੋਂ ਵੀ ਬਲਾਕ ਅਧੀਨ ਪੈਂਦੇ ਵੱਖ-ਵੱਖ ਸਕੂਲਾਂ ਦਾ ਦੌਰਾ ਕੀਤਾ ਗਿਆ ਜਿੱਥੇ ਉਨ੍ਹਾਂ ਨੇ ਮਾਪਿਆਂ ਨਾਲ ਸਿੱਧਾ ਰਾਬਤਾ ਕਰਕੇ ਮਾਪਿਆਂ ਨੂੰ ਵਿਦਿਆਰਥੀਆਂ ਦੇ ਚੰਗੇ ਨਤੀਜੇ ਆਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਗੱਲਬਾਤ ਕਰਦੇ ਹੋਏ ਬੀਪੀਈਓ ਪ੍ਰਿਥੀ ਸਿੰਘ ਨੇ ਕਿਹਾ ਕਿ ਬਲਾਕ ਪਟਿਆਲਾ-2 ਲਈ ਹੋਰ ਵੀ ਮਾਣ ਵਾਲੀ ਗੱਲ ਹੈ ਕਿ ਬਲਾਕ ਵਿਚਲੇ ਵੱਖ-ਵੱਖ ਸਕੂਲਾਂ ਦੇ 11 ਵਿਦਿਆਰਥੀਆਂ ਨੇ 500 ਵਿੱਚੋਂ 500 ਅੰਕ ਪ੍ਰਾਪਤ ਕਰਕੇ ਅਧਿਆਪਕਾਂ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਉਨਾਂ ਨੇ ਮੁੜ ਤੋਂ ਲੋਕਾਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਦੀ ਅਪੀਲ ਕੀਤੀ ਹੈ।

## ਨਸ਼ੇ ਦਾ ਸੇਵਨ ਕਰਨ 'ਤੇ ਵੱਖ-ਵੱਖ ਮਾਮਲੇ ਦਰਜ

ਪਟਿਆਲਾ, 28 ਮਾਰਚ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਵਿਸ਼ਾਲ ਕੁਮਾਰ ਵਾਸੀ ਦਰਸ਼ਨਾ ਕਲੋਨੀ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਸਤਨਾਮ ਸਿੰਘ ਸਮੇਤ ਪੁਲਿਸ ਡਕਾਲਾ ਰੋਡ ਨੇੜੇ ਸ਼ੀਸ਼ ਮਹਿਲ ਪਟਿਆਲਾ ਕੋਲ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ। ਇਸੇ ਤਰ੍ਹਾਂ ਥਾਣਾ ਖੇੜੀ ਗੰਡਿਆ ਪੁਲਿਸ ਨੇ ਕਥਿਤ ਦੋਸ਼ੀ ਅਨੁਰਾਗ ਕੌਸ਼ਲ ਵਾਸੀ ਖਜੂਰ ਪੀਰ ਕਲੋਨੀ ਪਿੰਡ ਸੈਦਖੇੜੀ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਜਸਵਿੰਦਰਪਾਲ ਸਮੇਤ ਪੁਲਿਸ ਪਾਰਟੀ ਨਰਵਾਣਾ ਨਹਿਰ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਦੋਸ਼ੀ ਨੇ ਦੱਸਿਆ ਕਿ ਉਹ ਨਸ਼ੇ ਕਰਨ ਦਾ ਆਦੀ ਹੈ ਅਤੇ ਹੁਣ ਵੀ ਨਸ਼ਾ ਕੀਤਾ ਹੋਇਆ ਹੈ।

# ਪੁਲਿਸ ਨੇ ਨਾਕਾਬੰਦੀ ਕਰਕੇ ਕੀਤੀ ਚੈਕਿੰਗ

ਨਾਭਾ, 28 ਮਾਰਚ (ਬਲਜਿੰਦਰ ਮਾਨ/ਚੌਧਰੀਮਾਜਰਾ) : ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਕਰਨ ਅਤੇ ਸ਼ਰਾਰਤੀ ਅਨਸਰਾਂ 'ਤੇ ਨਕੇਲ ਕੱਸਣ ਲਈ ਪੰਜਾਬ ਪੁਲਿਸ ਵੱਲੋਂ ਸੂਬੇ ਭਰ ਵਿੱਚ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਅਤੇ ਐਸਐਸਪੀ ਵਰੁਣ ਸ਼ਰਮਾ ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਦੇ ਤਹਿਤ ਹਾਈਟੈਕ ਨਾਕਾਬੰਦੀ ਕੀਤੀ ਗਈ, ਜਿਸ ਦੇ ਤਹਿਤ ਨਾਭਾ ਦੇ ਡੀਐਸਪੀ ਗੁਰਿੰਦਰ ਸਿੰਘ ਬੱਲ ਵੱਲੋਂ ਸੀਲਿੰਗ ਨਾਕਾ ਲਗਾ ਕੇ ਆਉਣ ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ ਦਰਜਨਾਂ ਵਾਹਨਾਂ ਦੇ ਚਲਾਨ ਵੀ ਕੱਟੇ ਗਏ। ਡੀਐਸਪੀ ਗੁਰਿੰਦਰ ਸਿੰਘ ਬੱਲ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਮਾੜੇ ਅੰਨਸਰਾਂ ਨੂੰ ਠੱਲ ਪਾਉਣ ਅਤੇ ਨਸ਼ਾ ਤਸਕਰਾਂ 'ਤੇ ਨਕੇਲ ਕੱਸਣ ਦੇ ਲਈ ਇਹ ਸਪੈਸ਼ਲ ਨਾਕਾਬੰਦੀ ਕੀਤੀ ਗਈ ਹੈ। ਉਹਨਾਂ ਕਿਹਾ ਕਿ ਇਹ ਵਿਸ਼ੇਸ਼ ਨਾਕਾਬੰਦੀ ਕੀਤੀ ਗਈ, ਉਨ੍ਹਾਂ ਕਿਹਾ ਕਿ ਜਿੱਥੇ ਪੁਲਿਸ ਵੱਲੋਂ ਆਉਣ ਜਾਣ ਵਾਲੇ ਵਾਹਨਾਂ ਦੀ ਸਪੈਸ਼ਲ ਰੋਕ ਕੇ



ਚੈਕਿੰਗ ਕੀਤੀ ਗਈ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਚਲਾਨ ਵੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਕਿਸੇ ਵੀ ਅਪਰਾਧਿਕ ਗਤੀਵਿਧੀ ਜਾਂ ਨਸ਼ਿਆਂ ਦੇ ਵਪਾਰ ਬਾਰੇ ਕੋਈ ਜਾਣਕਾਰੀ ਹੋਵੇ ਤਾਂ ਉਹ ਬਿਨ੍ਹਾਂ ਕਿਸੇ ਡਰ ਦੇ ਪੁਲਿਸ ਪ੍ਰਸ਼ਾਸਨ ਨੂੰ ਸੂਚਨਾ ਦੇਣ। ਉਨ੍ਹਾਂ ਕਿਹਾ ਕਿ ਸ਼ਰਾਰਤੀ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਜੋ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰੇਗਾ ਉਸ ਦੇ ਖਿਲਾਫ ਬਣਦੀ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮ ਹਾਜ਼ਰ ਸਨ।

# ਕਰਮਜੀਤ ਸਿੰਘ ਸਰਾਓ ਦੀ ਅਗਵਾਈ ਹੇਠ ਅੱਖਾਂ ਦਾ ਮੁਫ਼ਤ ਚੈਕਅੱਪ ਕੈਂਪ ਲਗਾਇਆ

ਪਟਿਆਲਾ, 28 ਮਾਰਚ (ਰੁਪਾਣਾ) : ਸਰਾਓ ਡਿਸਟਰਲੀ ਦੇ ਐਮ.ਡੀ. ਕਰਮਜੀਤ ਸਿੰਘ ਸਰਾਓ ਵੱਲੋਂ ਅੱਜ ਪਿੰਡ ਦੌਣ ਖੁਰਦ ਵਿੱਚ ਵਿਸ਼ਾਲ ਅੱਖਾਂ ਦੇ ਮੁਫ਼ਤ ਚੈਕਅੱਪ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਲਗਭਗ 25-30 ਪਿੰਡਾਂ ਤੋਂ ਆਏ ਕਰੀਬ 400 ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ 80 ਤੋਂ ਜਿਆਦਾ ਮਰੀਜ਼ਾਂ ਦੇ ਆਪਰੇਸ਼ਨ ਵੀ ਕੀਤੇ ਗਏ। ਕੈਂਪ ਦੌਰਾਨ ਸਾਰੇ ਮਰੀਜ਼ਾਂ ਦੇ ਟੈਸਟ, ਦਵਾਈਆਂ ਅਤੇ ਐਨਕਾਂ ਮੁਫ਼ਤ ਦਿੱਤੀਆਂ ਗਈਆਂ। ਇਹ ਅਪਰੇਸ਼ਨ ਡਾ. ਗੁਰਜੀਤ ਸਿੰਘ ਅਤੇ ਉਹਨਾਂ ਦੀ ਟੀਮ ਵੱਲੋਂ ਕੀਤੇ ਗਏ। ਇਸ ਮੌਕੇ ਕਰਮਜੀਤ ਸਿੰਘ ਸਰਾਓ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੀ ਨੇਕ ਕਮਾਈ ਵਿਚ ਦਸਵੰਤ ਕੱਢ ਕੇ ਸਮਾਜ ਸੇਵਾ



ਦੇ ਖੇਤਰ ਵਿਚ ਲਗਾਉਣਾ ਚਾਹੀਦਾ ਹੈ। ਇਸ ਮੌਕੇ ਪ੍ਰਦੀਪ ਸਿੰਘ ਐਮ.ਡੀ. ਐਚ ਆਰ ਗਰੁੱਪ ਆਫ ਕੰਪਨੀਜ਼ ਅਤੇ ਅਕਾਸ਼ ਸ਼ਰਮਾ ਬੋਕਸਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਕਰਮਜੀਤ ਸਿੰਘ ਸਰਾਓ ਵੱਲੋਂ ਹਰ ਸਾਲ 4-5 ਵੱਡੇ ਕੈਂਪ ਲਗਾਏ ਜਾਂਦੇ ਹਨ। ਐਮ.ਡੀ. ਸਰਾਉ ਵੱਲੋਂ ਪਿੰਡ ਤੋਂ ਲੈ ਕੇ ਤੋਂ ਪਟਿਆਲਾ ਨੇਤਰ ਪ੍ਰਕਾਸ ਸੈਂਟਰ ਤੱਕ ਮਰੀਜ਼ਾਂ ਦੀ ਆਵਾਜਾਈ ਅਤੇ ਰਹਿਣ ਦਾ ਪੂਰਾ ਪ੍ਰਬੰਧ ਵੀ ਕੀਤਾ ਗਿਆ ਸੀ। ਇਸ ਮੌਕੇ ਡਾਕਟਰਾਂ ਦੀ ਟੀਮ ਵਿੱਚ ਡਾ. ਰਘੁਬੀਰ ਸਿੰਘ, ਡਾ. ਅਸ਼ੋਕ ਕੁਮਾਰ, ਡਾ. ਮੋਹਿੰਦਰ ਕੁਮਾਰ, ਡਾ. ਅਨੀਲ ਵਰਮਾ, ਡਾ. ਸਤਵੀਰ ਸਿੰਘ, ਡਾ. ਅਪਦੀਪ ਅਤੇ ਡਾ. ਹਿਤੇਸ਼ ਆਦਿ ਸ਼ਾਮਲ ਸਨ। ਇਸ ਤੋਂ ਇਲਾਵਾ ਮੈਡਮ ਕੁਲਵੰਤ ਕੌਰ ਸਰਾਉ, ਭਗਵਾਨ ਸਿੰਘ ਸਰਾਓ, ਸੰਦੀਪ ਗੁਪਤਾ, ਬਲਵਿੰਦਰ ਸਿੰਘ ਸਰਾਓ, ਜਸਨਦੀਪ ਸਿੰਘ ਸਰਾਓ, ਅਰਸਦੀਪ ਕੌਰ, ਕੁਲਵਿੰਦਰ ਕੌਰ, ਬਲਵਿੰਦਰ ਸ਼ਰਮਾ, ਸੁਮਨ, ਅਨੂੰ, ਇਲਿਕਾ ਅਤੇ ਸੁਖਬੀਰ ਸਿੰਘ ਵੀ ਮੌਜੂਦ ਰਹੇ।

## ਕਾਂਗਰਸੀ ਆਗੂ ਰਛਪਾਲ ਸਿੰਘ ਜੌੜਾਮਾਜਰਾ ਵੱਲੋਂ ਵਿਕਾਸ ਕਾਰਜਾਂ ਦਾ ਉਦਘਾਟਨ



ਸਮਾਣਾ, 28 ਮਾਰਚ (ਵਿਜੇ ਕੁਮਾਰ) : ਹਲਕਾ ਸਮਾਣਾ ਦੇ ਪਿੰਡ ਸਦਰਪੁਰ 'ਚ ਸਕੂਲ ਅਤੇ ਸ਼ਮਸਾਨਘਾਟ ਦੇ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਸੀਨੀ: ਕਾਂਗਰਸੀ ਆਗੂ ਰਛਪਾਲ ਸਿੰਘ ਜੌੜਾਮਾਜਰਾ ਵੱਲੋਂ ਕੀਤਾ ਗਿਆ। ਇਸ ਮੌਕੇ ਸ. ਜੌੜਾਮਾਜਰਾ ਨੇ ਕਿਹਾ ਕਿ ਮੈਂਬਰ ਪਾਰਲੀਮੈਂਟ ਡਾ: ਧਰਮਵੀਰ ਗਾਂਧੀ ਵੱਲੋਂ ਜੋ ਤਿੰਨ ਲੱਖ ਰੁਪਏ ਦੀ ਗ੍ਰਾਂਟ ਪਿੰਡ ਦੇ ਵਿਕਾਸ ਲਈ ਜਾਰੀ ਕੀਤੀ ਸੀ ਉਸ ਨਾਲ ਪਿੰਡ ਦੇ ਸਕੂਲ ਦੀ ਚਾਰ ਦੀਵਾਰੀ ਅਤੇ ਸ਼ਮਸ਼ਾਨਘਾਟ ਵਿਚ ਸ਼ੈਡ, ਚਾਰ ਦੀਵਾਰੀ ਦਾ ਕਾਰਜ ਪਿੰਡ ਦੀ ਪੰਚਾਇਤ ਵੱਲੋਂ ਪੂਰਾ ਕਰ ਲਿਆ ਗਿਆ ਹੈ। ਇਸ ਮੌਕੇ ਸ੍: ਜੌੜਾਮਾਜਰਾ ਨੇ ਡਾ: ਗਾਂਧੀ ਦਾ ਧੰਨਵਾਦ ਵੀ ਕੀਤਾ।

## ਪਰਵਾਸੀ ਮਾਨਵ ਸੰਸਥਾ ਨੇ ਮਾਈਸਰ ਮੰਦਰ ਮੇਲੇ 'ਤੇ ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ



ਸਮਾਣਾ, 28 ਮਾਰਚ (ਜਵੰਦਾ) : ਪਰਵਾਸੀ ਮਾਨਵ ਸੰਸਥਾ ਸਮਾਣਾ ਵੱਲੋਂ ਮਾਈਸਰ ਮੰਦਰ ਦੇ ਮੇਲੇ ਮੌਕੇ ਗਰਮੀ ਨੂੰ ਦੇਖਦੇ ਹੋਏ ਠੰਡੇ ਜਲ ਦੀ ਛਬੀਲ ਲਗਾਈ ਗਈ।ਇਸ ਸੇਵਾ ਸੰਸਥਾ ਦੇ ਪ੍ਰਧਾਨ ਅਭੈ ਚੌਰਸਿਆ ਵੱਲੋਂ ਕੀਤੀ ਗਈ। ਇਸ ਮੌਕੇ ਬੀਜੇਪੀ ਆਗੂ ਪ੍ਰਿੰਸੀਪਲ ਡਾ. ਮੋਹਨ ਲਾਲ ਅਤੇ ਜ਼ਿਲ੍ਹਾ ਪਟਿਆਲਾ ਦੇ ਸੋਸ਼ਲ ਮੀਡੀਆ ਇੰਚਾਰਜ ਸੰਜੀਵ ਗਰਗ ਨੇ ਵੀ ਹਾਜ਼ਰੀ ਭਰੀ ਅਤੇ ਕੁਝ ਸਮੇਂ ਲਈ ਸੇਵਾ ਵਿੱਚ ਹਿੱਸਾ ਲਿਆ। ਸੰਸਥਾ ਦੇ ਮੈਂਬਰਾਂ ਗੋਰਖ ਨਾਥ, ਅਜੇ ਪਾਸਵਾਨ, ਰਾਜੂ ਯਾਦਵ, ਪਰਸ਼ੁਰਾਮ ਅਤੇ ਸਰਵਣ ਵੱਲੋਂ ਮਹਿਮਾਨਾਂ ਦਾ ਧੰਨਵਾਦ ਕੀਤਾ।

# ਬਾਬਾ ਰਾਜਵਰਿੰਦਰ ਸਿੰਘ ਟਿੱਬੇ ਵਾਲਿਆਂ ਦਾ ਅਲੀਪੁਰ ਖਾਲਸਾ ਵਿਖੇ ਕਬੱਡੀ ਟੂਰਨਾਮੈਂਟ 'ਚ ਵਿਸ਼ੇਸ਼ ਸਨਮਾਨ

ਅਮਰਗੜ੍ਹ, 28 ਮਾਰਚ (ਗੁਰਮੀਤ ਮੰਨਵੀ/ਲਵਦੀਪ ਮੰਨਵੀ) : ਪਿੰਡ ਅਲੀਪੁਰ ਖ਼ਾਲਸਾ ਵਿਖੇ ਸ਼ਹੀਦ ਬਰਖਾ ਸਿੰਘ ਦੀ ਯਾਦ ਵਿੱਚ ਕਰਵਾਏ ਕਬੱਡੀ ਟੂਰਨਾਮੈਂਟ ਤੇ ਸੰਤ ਬਾਬਾ ਰਾਜਵਰਿੰਦਰ ਸਿੰਘ ਟਿੱਬੇ ਵਾਲਿਆਂ ਦਾ ਸਨਮਾਨ ਕਰਦੇ ਹੋਏ ਸੰਤ ਮਹਾਂਪੁਰਸ਼ ਸੰਤ ਬਾਬਾ ਮਨਪ੍ਰੀਤ ਸਿੰਘ ਜੀ ਅਲੀਪੁਰ ਖ਼ਾਲਸਾ ਵਾਲੇ, ਬਾਬਾ ਗੁਰਵਿੰਦਰ ਸਿੰਘ ਜੀ ਖੇੜੀ ਵਾਲੇ, ਬਾਬਾ ਰਣਜੀਤ ਸਿੰਘ ਜੀ ਅਲੀਪੁਰ ਖ਼ਾਲਸਾ ਵਾਲੇ,ਭਾਨਾ ਸਿੱਧੂ ਅਤੇ ਹੋਰ ਪ੍ਰਬੰਧਕ ਆਗੂ ਵੀ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਸਾਰੀ ਅਜੋਕੀ ਪੀੜ੍ਹੀ ਨੂੰ ਆਪਣੇ ਗੌਰਵਮਈ ਇਤਿਹਾਸ



ਤੋਂ ਜਾਣੂ ਕਰਵਾ ਕੇ ਵਿਰਸੇ ਨਾਲ ਜੋੜਨਾ ਚਾਹੀਦਾ ਹੈ ਅਤੇ ਮਾਪਿਆ ਵੱਲੋਂ ਘਰ ਤੋਂ ਗੁਰੂ ਸਾਹਿਬਾਨਾਂ ਦੇ ਉਪਦੇਸ਼ ਅਨੁਸਾਰ ਉਹਨਾਂ ਦੇ ਦਰਸਾਏ ਹੋਏ ਮਾਰਗ 'ਤੇ ਚੱਲਣ ਲਈ ਦ੍ਰਿੜਤਾ ਪੈਦਾ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕੌਮੀ ਪੱਧਰ 'ਤੇ ਸਿੱਖ ਭਾਈਚਾਰੇ ਅੰਦਰ ਇਸ ਸਬੰਧੀ ਚੇਤਨਾ ਅਤੇ ਧਰਮ ਪ੍ਰਤੀ ਸੁਹਿਰਦ ਪ੍ਰਚਾਰਕ ਜੋ ਕਿ ਸਿੱਖ ਇਤਿਹਾਸ ਨਾਲ ਅੱਜ ਦੀ ਨੌਜਵਾਨ ਪੀੜੀ ਨੂੰ ਜੋੜ ਸਕਣ ਦੇ ਵਿਸ਼ੇਸ਼ ਉਪਰਾਲੇ ਕਰਨੇ ਚਾਹੀਦੇ ਹਨ ਤਾਂ ਕਿ ਸਾਡਾ ਆਉਣ ਵਾਲਾ ਭਵਿੱਖ ਸਿੱਖ ਗੁਰੂਆਂ ਦੇ ਇਤਿਹਾਸ ਤੋਂ ਜਾਣੂੰ ਹੋ ਸਕੇ।

# ਮੁੱਖ ਮੰਤਰੀ ਦੇ ਦੌਰੇ ਦੌਰਾਨ ਸਨੌਰ ਲਈ ਵਿਸ਼ੇਸ਼ ਪੈਕੇਜ ਦੀ ਮੰਗ : ਸ਼ੈਰੀ ਰਿਆੜ

ਸਨੌਰ, 28 ਮਾਰਚ (ਪ੍ਰਥਮ ਕੁਮਾਰ) : ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸ ਆਗੂ ਮਨਸਿਮਰਤ ਸਿੰਘ ਸ਼ੈਰੀ ਰਿਆੜ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਹਲਕੇ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ ਹੈ। ਉਹਨਾਂ ਕਿਹਾ ਕਿ ਟਾਂਗਰੀ ਨਾਲ ਲਗਦੇ ਇਲਾਕੇ ਹੜ੍ਹ ਦੇ ਕਾਰਨ ਵੱਡੇ ਪੱਧਰ 'ਤੇ ਨੁਕਸਾਨੇ ਜਾਂਦੇ ਹਨ, ਜਿਸਦਾ ਕਾਰਨ ਹੈ ਇਸਦੀ ਪੁਟਾਈ ਨਾ ਹੋਣਾ। ਉਹਨਾਂ ਕਿਹਾ ਕਿ ਘੱਗਰ ਨਾਲ ਲੱਗਦੇ ਇਲਾਕਿਆਂ ਦਾ ਵੀ ਏਹੀ ਹਾਲ ਹੈ। ਉਹਨਾਂ ਇਸਦੀ ਡੂੰਘਾਈ ਤੇ ਚੌੜਾਈ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ। ਸ਼ੈਰੀ ਰਿਆੜ ਨੇ ਇੰਡਸਟਰੀ ਨੂੰ ਉਤਸ਼ਾਹਿਤ ਕਰਨ ਲਈ ਫੋਕਲ ਪੁਆਇੰਟ ਨੂੰ ਸਸਤੀ ਬਿਜਲੀ, ਸਿੰਗਲ ਵਿੰਡੋ ਸਿਸਟਮ ਦੀ ਮੰਗ ਕੀਤੀ। ਉਹਨਾਂ ਰੈਲੀ ਤੋਂ 100 ਮੀਟਰ ਦੀ ਦੂਰੀ 'ਤੇ ਸਥਿਤ ਦੂਧਨਸਾਧਾਂ ਹਸਪਤਾਲ ਅਤੇ ਇਸੇ ਤਰ੍ਹਾਂ ਸਨੌਰ ਹਸਪਤਾਲ ਨੂੰ ਅਪਗ੍ਰੇਡ ਕਰਨ ਅਤੇ 24 ਘੰਟੇ ਐਮਰਜੈਂਸੀ ਸੇਵਾਵਾਂ ਦੀ ਮੰਗ ਕੀਤੀ। ਉਹਨਾਂ ਕਿਹਾ ਕਿ ਇਹ ਹਲਕਾ ਸਿੱਖਿਆ ਖੇਤਰ ਵਿੱਚ ਬਹੁਤ ਪਿਛੜਿਆ ਹੋਇਆ ਹੈ



ਉਹਨਾਂ ਯੂਨੀਵਰਸਿਟੀ ਕਾਲਜ ਮੀਰਾਂਪੁਰ ਨੂੰ ਕੋਰਸਾਂ ਅਤੇ ਸਟਾਫ ਦੇ ਵਾਧੇ ਦੀ ਮੰਗ ਕੀਤੀ ਅਤੇ ਹਲਕੇ ਲਈ ਇੱਕ ਮੈਡੀਕਲ ਅਤੇ ਫਿਜ਼ੀਕਲ ਕਾਲਜ ਲਈ ਵੀ ਮੰਗ ਕੀਤੀ। ਇਸਦੇ ਨਾਲ ਹੀ ਸ਼ੈਰੀ ਰਿਆੜ ਨੇ ਘੜਾਮ ਅਤੇ ਨੈਣਾ ਅਕੌਤ ਨੂੰ ਟੂਰਿਸਟ ਸਪਾਟ ਬਣਾਉਣ ਦੀ ਮੰਗ ਕੀਤੀ। ਉਹਨਾਂ ਕਿਹਾ ਕਿ ਘੜਾਮ ਸ੍ਰੀ ਰਾਮ ਚੰਦਰ ਜੀ ਦੇ ਨਾਨਕੇ ਹੋਣ ਕਰਕੇ ਇਸ ਪਵਿੱਤਰ ਅਸਥਾਨ ਸਥਾਨ ਨੂੰ ਧਾਰਮਿਕ ਅਤੇ ਟੂਰਿਸਟ ਸਪਾਟ ਬਣਾਇਆ ਜਾਵੇ ਅਤੇ ਇਸਦੇ ਨਾਲ ਹੀ ਨੈਣਾ ਵਿਖੇ ਸਥਿਤ ਪਵਿੱਤਰ ਅਸਥਾਨ ਗੁੱਗਾ ਮਾੜੀ ਨੂੰ ਜਾਂਦੀ ਸੜਕ ਨੂੰ ਚੌੜਾ ਕੀਤਾ ਜਾਵੇ ਤਾਂ ਜੋ ਵੱਖ ਵੱਖ ਸੂਬਿਆਂ ਤੋਂ ਆਉਂਦੇ ਲੱਖਾਂ ਸ਼ਰਧਾਲੂਆਂ ਨੂੰ ਆਵਾਜਾਈ ਪੱਖੋਂ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਉਹਨਾਂ ਕਿਹਾ ਕਿ ਹਲਕੇ ਦੀਆਂ ਸੜਕਾਂ ਦਾ ਹਾਲ ਬਹੁਤ ਮਾੜਾ ਹੈ ਇਸ ਵੱਲ ਵੀ ਵਿਸ਼ੇਸ਼ ਤੌਰ 'ਤੇ ਧਿਆਨ ਦਿੱਤਾ ਜਾਵੇ।

# ਚਿਲਡਰਨ ਮੈਮੋਰੀਅਲ ਸਕੂਲ ਵੱਲੋਂ ਇਨਾਮ ਵੰਡ ਸਮਾਰੋਹ

➢ਮੁੱਖ ਮਹਿਮਾਨ ਵਜੋਂ ਮੇਅਰ ਗੋਗੀਆ ਵੱਲੋਂ ਸ਼ਿਰਕਤ




ਪਟਿਆਲਾ, 28 ਮਾਰਚ (ਚ.ਨ.ਸ.) : ਚਿਲਡਰਨ ਮੈਮੋਰੀਅਲ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਪਟਿਆਲਾ ਵਿਖੇ ਕਲਾਸਾਂ ਦੇ ਫਾਈਨਲ ਨਤੀਜਿਆਂ ਦਾ ਐਲਾਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਮੇਅਰ ਕੁੰਦਨ ਗੋਗੀਆ ਪਹੁੰਚੇ। ਪ੍ਰੋਗਰਾਮ ਦੀ ਸ਼ੁਰੂਆਤ ਡਾ. ਮੀਨਾ ਗਰਗ (ਪ੍ਰਸਿੱਧ ਸਮਾਜ ਸੇਵਕ) ਜਸ ਧੰਨੋਆ ਨਿਰਮਾਤਾ ਜਸ਼ਨ ਇੰਟਰਟੇਨਮੈਂਟ ਸਕੂਲ ਦੀ ਮੈਨੇਜਮੈਂਟ ਨੇ ਸ਼ਮਾਂ ਰੌਸ਼ਨ ਕਰਕੇ ਕੀਤੀ। ਇਸ ਮੌਕੇ ਮਾਪੇ ਅਤੇ ਬੱਚੇ ਬਹੁਤ ਖੁਸ਼ ਨਜ਼ਰ ਆਏ।ਕਲਾਸ ਵਿੱਚੋਂ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਨਤੀਜਾ ਪ੍ਰਾਪਤ ਕਰਨ ਲਈ ਸਭ ਤੋਂ ਪਹਿਲਾਂ ਪਹੁੰਚੇ 25 ਮਾਪਿਆਂ ਨੂੰ ਸਕੂਲ ਵੱਲੋਂ ਪੌਦੇ ਦੇ ਕੇ ਸਨਮਾਨਿਤ ਕੀਤਾ ਗਿਆ। ਡਾ. ਮੀਨਾ ਗਰਗ ਨੇ ਪਹੁੰਚ ਕੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਰਾਕੇਸ਼ ਠਾਕੁਰ ਡਾਇਰੈਕਟਰ ਰਾਸ਼ਟਰੀਆ ਜਯੋਤੀ ਕਲਾ ਮੰਚ ਨੇ ਪਹੁੰਚ ਕੇ ਪ੍ਰੋਗਰਾਮ ਨੂੰ ਸਚਾਰੂ ਢੰਗ ਨਾਲ ਚਲਾਇਆ। ਉੱਥੇ ਸਮਾਜ ਸੇਵੀ ਸੰਦੀਪ ਰਾਜਾ ਤੁੜ ਨੇ ਪਹੁੰਚ ਕੇ ਪ੍ਰੋਗਰਾਮ ਦੀ ਸ਼ਾਨ ਵਧਾਈ। ਸਕੂਲ ਦੇ ਚੇਅਰਮੈਨ ਸ੍ਰੀ ਅਤੁਲ ਮਲਹੋਤਰਾ ਫਾਇਨਾਂਸ ਸੈਕਟਰੀ ਸਿਮਲਾ ਸਿੰਗਲਾ ਅਤੇ ਸੈਕਟਰੀ ਸ. ਚਿਰਨਜੀਵ ਸਿੰਘ ਵਿਰਮਾਨੀ ਨੇ ਵੀ ਸ਼ਿਰਕਤ ਕੀਤੀ। ਸਕੂਲ ਦੇ ਪ੍ਰਿੰਸੀਪਲ ਹਰਮਿੰਦਰ ਕੌਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਪੇਂਡੂ ਚੌਕੀਦਾਰ ਯੂਨੀਅਨ ਦੀ ਪੰਜਾਬ ਬਾਡੀ ਦੀ ਚੋਣ, ਰਾਮ ਮੂਰਤੀ ਸੋਗਲਪੁਰ ਸੂਬਾ ਪ੍ਰਧਾਨ ਚੁਣੇ

ਘਨੌਰ, 28 ਮਾਰਚ (ਰਾਜਿੰਦਰ ਸਿੰਘ ਕੰਬੋਜ) : ਪੇਂਡੂ ਚੌਕੀਦਾਰ ਯੂਨੀਅਨ ਦੀ ਪੰਜਾਬ ਬਾਡੀ ਅਤੇ ਹੋਰ ਆਗੂਆਂ ਦੀ ਇੱਕ ਅਹਿਮ ਮੀਟਿੰਗ ਸਬ ਤਹਿਸੀਲ ਘਨੌਰ ਵਿਖੇ ਹੋਈ, ਜਿਸ ਵਿੱਚ ਯੂਨੀਅਨ ਦੇ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਇਹ ਨਵੀਂ ਟੀਮ ਅਗਲੇ ਪੰਜ ਸਾਲਾਂ ਲਈ ਆਪਣੀਆਂ ਜ਼ਿੰਮੇਵਾਰੀਆਂ ਨਿਭਾਏਗੀ। ਚੋਣ ਦੌਰਾਨ ਫਕੀਰ ਸਿੰਘ ਮੈਹਸ ਸਰਪ੍ਰਸਤ ਅਤੇ ਰਾਮ ਮੂਰਤੀ ਸੋਗਲਪੁਰ ਨੂੰ ਸੂਬਾ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਧੰਨਾ ਸਿੰਘ ਜੰਡਮੰਘੋਲੀ ਸੀਨੀਅਰ



ਮੀਤ ਪ੍ਰਧਾਨ ਅਤੇ ਬੋਧ ਰਾਜ ਪਠਾਨਕੋਟ ਨੂੰ ਮੀਤ ਪ੍ਰਧਾਨ ਬਣਾਇਆ ਗਿਆ। ਇਸੇ ਤਰ੍ਹਾਂ ਸੋਮ ਨਾਥ ਕਾਮੀ ਕਲਾਂ ਨੂੰ ਜਨਰਲ ਸੈਕਟਰੀ ਅਤੇ ਕੇਸਰ ਸਿੰਘ ਚਪੜ ਨੂੰ ਖਜ਼ਾਨਚੀ ਚੁਣਿਆ ਗਿਆ। ਇਸ ਤੋਂ ਇਲਾਵਾ ਨਿਰਮੈਲ ਸਿੰਘ ਮੰਡਿਆਣਾ ਮੈਂਬਰ, ਰਘਬੀਰ ਦਾਸ ਪਠਾਨਕੋਟ ਮੈਂਬਰ, ਹਰਵਿੰਦਰ ਸਿੰਘ ਮੂੰਡਖੇੜਾ ਸਹਾਇਕ ਖਜਾਨਚੀ, ਅਵਤਾਰ ਸਿੰਘ ਸਰਾਲਾ ਕਲਾਂ ਮੈਂਬਰ, ਸੁਖਦੇਵ ਸਿੰਘ ਕਾਮੀ ਖੁਰਦ ਮੈਂਬਰ, ਹਜ਼ੂਰਾ ਸਿੰਘ ਹਰਪਾਲਪੁਰ ਸੀ: ਮੈਂਬਰ ਅਤੇ ਜਤਿੰਦਰ ਸਿੰਘ ਕੱਕੜਵਾਲ (ਸੰਗਰੂਰ) ਨੂੰ ਮੈਂਬਰ ਚੁਣਿਆ ਗਿਆ।ਮੀਟਿੰਗ ਦੌਰਾਨ ਚੌਕੀਦਾਰਾਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਯੂਨੀਅਨ ਨੂੰ ਹੋਰ ਮਜ਼ਬੂਤ ਬਣਾਉਣ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

# ਸਰਕਾਰੀ ਸਕੂਲ ਦਾ ਨਤੀਜਾ ਸੌ ਫੀਸਦੀ ਰਿਹਾ



ਘਨੌਰ, 28 ਮਾਰਚ (ਮਦਨ ਲਾਲ) : ਸਰਕਾਰੀ ਐਲੀਮੈਂਟਰੀ ਸਕੂਲ ਘਨੌਰ ਦਾ ਨਤੀਜਾ 100 ਫੀਸਦੀ ਰਿਹਾ, ਜਿਸ ਵਿੱਚ ਫਸਟ ਕਲਾਸ ਵਿੱਚ ਸ਼ਿਵਾਨਵੀ-ਫਸਟ ਗੁਰਮੇਹਰ ਸਿੰਘ, ਅਗਮਜੋਤ ਸਿੰਘ -ਸੈਕਿਡ ਈਸ਼ਾ, ਸ਼ਿਵਮ -ਥਰਡ ਡਵੀਜ਼ਨ, ਦੂਸਰੀ ਕਲਾਸ ਰਾਗਿਨੀ-ਫਸਟ ਫ਼ਰਮਾਨ ਖਾਨ-ਸੈਕਿਡ ਤਕਦੀਰ ਕੌਰ-ਥਰਡ, ਤੀਸਰੀ ਕਲਾਸ ਅਰਮਾਨ ਸਿੰਘ - ਫਸਟ ਜੋਤੀ ਕੁਮਾਰੀ -ਸੈਕਿਡ ਗੋਰੀ, ਸੀਰਤ-ਥਰਡ ਚੌਥੀ ਕਲਾਸ ਗਗਨਦੀਪ ਕੌਰ -ਫਸਟ ਸ਼ੁਕਰਗੁਜ਼ਾਰ ਸਿੰਘ -ਸੈਕਿਡ ਰਾਧਾ -ਥਰਡ ਰਿਜਲਟ ਘੋਸ਼ਣਾ ਕਰਨ ਤੋਂ ਬਾਅਦ ਸਕੂਲ ਮੈਨੇਜ਼ਮੈਂਟ ਕਮੇਟੀ ਨੇ ਬੱਚਿਆਂ ਦੇ ਮਾਪਿਆਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਮਨਮੋਹਨ ਸਿੰਘ ਇੰਚਾਰਜ, ਚੇਅਰਮੈਨ ਬਲਜੀਤ ਕੌਰ, ਲਖਵੀਰ ਸਿੰਘ ਘਨੌਰ ਅਤੇ ਸਾਰੇ ਸਟਾਫ ਵੱਲੋਂ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ ਗਿਆ।

# ਕਪੂਰੀ ਸਕੂਲ ਦੀ ਪਰਵਿੰਦਰ ਕੌਰ ਨੇ ਪੰਜਵੀਂ ਦੀ ਪ੍ਰੀਖਿਆ 'ਚੋਂ 500/500 ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ



ਦੇਵੀਗੜ੍ਹ, 28 ਮਾਰਚ (ਗੁਰਜੀਤ ਸਿੰਘ ਢੋਟ) : ਅੱਜ ਐਸ. ਸੀ. ਈ. ਆਰ. ਟੀ. ਪੰਜਾਬ ਵੱਲੋਂ ਪੰਜਵੀਂ ਜਮਾਤ ਦੇ ਨਤੀਜੇ ਐਲਾਨੇ ਗਏ,ਜਿਸ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਕਪੂਰੀ ਬਲਾਕ ਦੇਵੀਗੜ੍ਹ ਦੀ ਵਿਦਿਆਰਥਣ ਪਰਵਿੰਦਰ ਕੌਰ ਨੇ 500/500 ਨੰਬਰ ਲੈ ਕੇ ਪੰਜਾਬ ਭਰ ਵਿੱਚ ਆਪਣੇ ਸਕੂਲ ਅਧਿਆਪਕਾਂ ਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ । ਇਸ ਸਮੇਂ ਨਗਰ ਪੰਚਾਇਤ ਦੇਵੀਗੜ੍ਹ ਦੇ ਸੀਨੀਅਰ ਮੀਤ ਪ੍ਰਧਾਨ ਲਖਵੀਰ ਸਿੰਘ ਵੀ ਪਿੰਡ ਕਪੂਰੀ ਦੇ ਸਕੂਲ ਪਹੁੰਚੇ। ਉਹਨਾਂ ਨੇ ਜਿੱਥੇ ਵਿਦਿਆਰਥਣਾਂ ਨੂੰ ਆਸ਼ੀਰਵਾਦ ਦਿੱਤਾ ਉੱਥੇ ਹੀ ਮਾਪਿਆਂ ਨੂੰ ਵਧਾਈ ਦਿੱਤੀ । ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਮੈਡਮ ਮਨਵਿੰਦਰ ਕੌਰ ਭੁੱਲਰ ਜੀ ਨੇ ਅੱਜ ਪੰਜਵੀਂ ਜਮਾਤ ਦੇ ਐਲਾਨੇ ਨਤੀਜਿਆਂ ਦੇ ਮੱਦੇਨਜ਼ਰ ਪ੍ਰਾਇਮਰੀ ਸਕੂਲ ਕਪੂਰੀ ਬਲਾਕ ਦੇਵੀਗੜ੍ਹ ਪਹੁੰਚ ਕੇ ਵਿਦਿਆਰਥਣ ਪਰਵਿੰਦਰ ਕੌਰ ਦੇ 500/500 ਨੂੰ ਆਉਣ 'ਤੇ ਮੁਬਾਰਕਬਾਦ ਦਿੱਤੀ। ਸਕੂਲ ਮੁਖੀ ਜਗਜੀਤ ਸਿੰਘ ਵਾਲੀਆ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਵਿਦਿਆਰਥਣ ਪਰਵਿੰਦਰ ਕੌਰ ਨੇ ਇਸ ਮੁਕਾਮ ਨੂੰ ਹਾਸਿਲ ਕਰਨ ਲਈ ਜਿੱਥੇ ਮਿਹਨਤ ਕੀਤੀ ਉੱਥੇ ਹੀ ਉਹਨਾਂ ਨੇ ਆਪਣੇ ਸਕੂਲ ਦੇ ਅਧਿਆਪਕਾਂ ਵੱਲੋਂ ਪੰਜਵੀਂ ਜਮਾਤ ਦੇ ਸਾਰੇ ਵਿਦਿਆਰਥੀਆਂ ਨੂੰ ਬੁਲੰਦੀਆਂ 'ਤੇ ਪਹੁੰਚਾਉਣ ਲਈ ਹਰ ਪੱਖੋਂ ਸਖਤ ਮਿਹਨਤ ਕਰਵਾਈ ਤੇ ਤਸੱਲੀ ਪ੍ਰਗਟਾਈ। ਸਕੂਲ ਅਧਿਆਪਕ ਹਰਪ੍ਰੀਤ ਸਿੰਘ ਉੱਪਲ ਤੇ ਮੈਡਮ ਸਤਵਿੰਦਰ ਕੌਰ ਨੇ ਦੱਸਿਆ ਕਿ ਲਗਾਤਾਰ ਤੀਸਰੇ ਸਾਲ ਵੀ ਪੰਜਵੀਂ ਜਮਾਤ ਦੇ ਨਤੀਜਿਆਂ ਵਿੱਚ ਕਪੂਰੀ ਸਕੂਲ ਦੇ ਵਿਦਿਆਰਥੀਆਂ ਦੀ ਚਮਕ ਬਰਕਰਾਰ ਰਹੀ। ਉਹਨਾਂ ਕਿਹਾ ਕਿ ਸਕੂਲ ਦਾ ਨਤੀਜਾ 100 ਫੀਸਦੀ ਰਿਹਾ। ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਅਕਾਦਮਿਕ ਸਪੋਰਟ ਰਾਜਵੰਤ ਸਿੰਘ ਨੇ ਵੀ ਸਕੂਲ ਪਹੁੰਚ ਕੇ ਅਧਿਆਪਕਾਂ ਵੱਲੋਂ ਕਰਵਾਈ ਮਿਹਨਤ ਦਿਲੋਂ ਸਲਾਮ ਕੀਤਾ। ਵਿਦਿਆਰਥਣ ਪਰਵਿੰਦਰ ਕੌਰ ਦਾ ਪਿੰਡ ਵਾਸੀਆਂ ਵੱਲੋਂ ਢੋਲ ਢਮੱਕੇ ਨਾਲ ਸਨਮਾਨ ਕੀਤਾ ਗਿਆ। ਪਿੰਡ ਵਾਸੀਆਂ ਵੱਲੋਂ ਅਧਿਆਪਕਾਂ ਵੱਲੋਂ ਹੁਣ ਤੱਕ ਕਰਵਾਈ ਮਿਹਨਤ ਦੀ ਸ਼ਲਾਘਾ ਵੀ ਕੀਤੀ। ਇਸ ਮੌਕੇ ਗੁਰਦੀਪ ਸਿੰਘ, ਮਿਸਤਰੀ ਲਖਵੀਰ ਸਿੰਘ, ਪਰਮਜੀਤ ਸਿੰਘ ਪੰਮਾ, ਮਿਡ ਡੇ ਮੀਲ ਵਰਕਰ, ਐਸ ਐਮ ਸੀ ਮੈਂਬਰ ਮੌਜੂਦ ਰਹੇ।

## ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨਾਭਾ ਨੇ ਲੋੜਵੰਦ ਬਜ਼ੁਰਗਾਂ ਨੂੰ ਦਿੱਤਾ ਜ਼ਰੂਰਤ ਦਾ ਸਾਮਾਨ

ਸਮਾਜ ਭਲਾਈ ਦੇ ਕਾਰਜ ਕਰਨਾ ਹੀ ਸਾਡਾ ਮੁੱਖ ਮਕਸਦ : ਮਿੱਤਲ, ਗੁਪਤਾ



ਨਾਭਾ, 28 ਮਾਰਚ (ਗੁਰਚਰਨ ਸਿੰਘ ਚੌਧਰੀਮਾਜਰਾ) : ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨਾਭਾ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਲੋਕਾਂ ਦੇ ਸਹਿਯੋਗ ਨਾਲ ਵਧ ਚੜ੍ਹ ਕੇ ਕੀਤੇ ਜਾਂਦੇ ਹਨ। ਉੱਥੇ ਹੀ ਸੰਸਥਾ ਵਲੋਂ ਹਸਪਤਾਲ ਵਿਖੇ ਜ਼ਰੂਰਤਮੰਦ ਮਰੀਜਾਂ ਦਾ ਇਲਾਜ ਕਰਵਾਇਆ ਵੀ ਜਾਂਦਾ ਹੈ ਅਤੇ ਮਰੀਜ਼ਾਂ ਨੂੰ ਦਵਾਈਆਂ ਵੀ ਮੁਫਤ ਦਿੱਤੀਆਂ ਜਾਂਦੀਆਂ ਹਨ। ਇਸ ਲੜੀ ਦੇ ਤਹਿਤ ਰਾਮਨੌਮੀ ਦੇ ਤਿਉਹਾਰ ਮੌਕੇ ਓਲਡ ਏਜ਼ ਹੋਮ ਪਿੰਡ ਰੋਗਲਾ ਪਟਿਆਲਾ ਵਿਖੇ ਲੋੜਵੰਦ ਬਜ਼ੁਰਗਾਂ ਨੂੰ ਸੰਸਥਾ ਵੱਲੋਂ ਲੋਕਾਂ ਦੇ ਸਹਿਯੋਗ ਨਾਲ ਜਿਸ ਵਿੱਚ ਆਟਾ, ਸਰਸੋਂ ਦਾ ਤੇਲ, ਰਿਫਾਇੰਡ ਆਇਲ, ਸਰਫ਼, ਸ਼ੂਗਰ, ਮਸਾਲੇ, ਸਾਬਣ, ਚਾਵਲ, ਤੋਂ ਇਲਾਵਾ ਹੋਰ ਰੋਜ਼ਾਨਾ ਵਰਤਣ ਵਾਲਾ ਲੋੜਵੰਦ ਸਮਾਨ ਦਿੱਤਾ ਗਿਆ। ਸੰਸਥਾ ਦੇ ਮੁੱਖ ਅਹੁਦੇਦਾਰ ਵਿਕਾਸ ਮਿੱਤਲ ਅਤੇ ਸੁਨੀਲ ਗੁਪਤਾ ਨੇ ਸੰਸਥਾ ਵਲੋਂ ਸਾਰੇ ਸਹਯੋਗੀ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ । ਲੋੜਵੰਦ ਸਮਾਨ ਲੈਣ ਉਪਰੰਤ ਬਜ਼ੁਰਗਾਂ ਨੇ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਅਹੁਦੇਦਾਰ ਵਿਕਾਸ ਮਿੱਤਲ, ਅੰਕੁਰ ਸਿੰਗਲਾ, ਸੁਨੀਲ ਗੁਪਤਾ, ਰਵਿੰਦਰ ਸਿੰਘ, ਨਰਿੰਦਰ ਮੋਹਣ ਸ਼ਰਮਾ, ਦੀਪਕ ਕੁਮਾਰ, ਵਰੁਣ ਸਿੰਗਲਾ, ਸਾਹਿਲ ਗੁਪਤਾ, ਕਰਨ ਸਿੰਗਲਾ ਆਦਿ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਡਾਕਟਰ ਅਮਨਦੀਪ ਕੌਰ, ਮੈਡਮ ਰਜਨੀ ਮਿੱਤਲ, ਯਾਦਵਿੰਦਰ ਸਿੰਘ, ਅਤੇ ਲਖਵਿੰਦਰ ਸਰੀਨ ਵੀ ਮੌਜੂਦ ਸਨ।

# ਮਲਟੀਪਰਪਜ਼ ਸਕੂਲ ਨੇ ਵੱਖ-ਵੱਖ ਜਮਾਤਾਂ ਦੇ ਨਤੀਜੇ ਐਲਾਨੇ

➢ਪ੍ਰਿੰਸੀਪਲ ਵਿਜੇ ਕਪੂਰ ਨੇ ਵਿਦਿਆਰਥੀਆਂ ਨੂੰ ਦਿੱਤੀਆਂ ਸ਼ੁਭਕਾਮਨਾਵਾਂ

ਪਟਿਆਲਾ, 28 ਮਾਰਚ (ਚ.ਨ.ਸ.) : ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈ.ਸਿੱ.) ਪਟਿਆਲਾ ਸੰਜੀਵ ਸ਼ਰਮਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ. ਰਵਿੰਦਰਪਾਲ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੀਐਮ ਸ੍ਰੀ ਸਰਕਾਰੀ ਕੋ-ਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪਾਸੀ ਰੋਡ ਪਟਿਆਲਾ ਨੇ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਦੀ ਅਗਵਾਈ ਹੇਠ ਪ੍ਰਾਇਮਰੀ ਵਿੰਗ, ਮਿਡਲ ਵਿੰਗ, ਹਾਈ ਵਿੰਗ ਅਤੇ ਸੈਕੰਡਰੀ ਵਿੰਗ ਦੀਆਂ ਵੱਖ-ਵੱਖ ਜਮਾਤਾਂ ਦੇ ਨਤੀਜੇ ਐਲਾਨ ਦਿੱਤੇ ਹਨ, ਜਿਸ ਦੌਰਾਨ ਮਾਪੇ ਅਧਿਆਪਕ ਮਿਲਣੀ ਦਾ ਸਫਲ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਆਪੋ ਆਪਣੇ ਬੱਚਿਆਂ ਦੇ ਨਤੀਜੇ ਪ੍ਰਾਪਤ ਕੀਤੇ। ਇਸ ਮੌਕੇ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚਾ




ਚੁੱਕਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ, ਜਿਸ ਦੇ ਸ਼ਾਨਦਾਰ ਨਤੀਜੇ ਵੀ ਦੇਖਣ ਨੂੰ ਮਿਲ ਰਹੇ ਹਨ। ਇਸ ਤੋਂ ਇਲਾਵਾ ਜਿੱਥੇ ਪ੍ਰਿੰਸੀਪਲ ਮੈਡਮ ਵਿਜੈ ਕਪੂਰ ਵੱਲੋਂ ਵਿਦਿਆਰਥੀਆਂ ਨਾਲ ਪ੍ਰਗਤੀ ਕਾਰਡ ਤਕਸੀਮ ਕੀਤੇ ਗਏ ਉੱਥੇ ਹੀ ਨਵੇਂ ਦਾਖਲਿਆਂ ਸਬੰਧੀ ਵੀ ਮਾਪਿਆਂ ਤੇ ਸਟਾਫ ਮੈਂਬਰਜ਼ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ।ਨਤੀਜੇ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਨੇ ਦੱਸਿਆ ਕਿ ਗਿਆਰਵੀਂ ਜਮਾਤ (ਸਾਇੰਸ ਸਟ੍ਰੀਮ) ਵਿਚੋਂ ਵਿਦਿਆਰਥਣ ਕਿਰਨਦੀਪ ਕੌਰ, ਕਾਮਰਸ ਸਟ੍ਰੀਮ ਵਿੱਚੋਂ ਹਰਲੀਨ ਕੌਰ, ਆਰਟਸ ਵਿਚੋਂ ਨਵਨੀਤ ਸਿੰਘ ਅਤੇ ਵੋਕੇਸ਼ਨਲ ਸਟ੍ਰੀਮ ਵਿੱਚੋਂ ਨਦਨੀ ਨੇ ਪਹਿਲੀ ਪੁਜੀਸ਼ਨ ਹਾਸਲ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਹੈ। ਇਹਨਾ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਵੱਲੋਂ ਸਨਮਾਨਿਤ ਕੀਤਾ ਗਿਆ।ਅਖੀਰ ਵਿੱਚ ਸੀਨੀਅਰ ਲੈਕਚਰਾਰ ਸੁਖਵਿੰਦਰ ਸਿੰਘ ਵੱਲੋਂ ਆਏ ਹੋਏ ਮਾਪਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



## ਮਾਨ ਸਰਕਾਰ ਨੇ ਚਾਰ ਸਾਲਾਂ 'ਚ ਇਤਿਹਾਸਕ ਫ਼ੈਸਲੇ ਲੈ ਕੇ ਸੂਬੇ ਦਾ ਚਹੁੰਪੱਖੀ ਵਿਕਾਸ ਕੀਤਾ : ਬਰਸਟ

### ➢ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਸਮਾਨਾ ਦਫ਼ਤਰ ਵਿਖੇ ਲੋਕ ਮਿਲਣੀ ਦੌਰਾਨ ਸੁਣੀਆਂ ਸਮੱਸਿਆਵਾਂ, ਮੌਕੇ 'ਤੇ ਕੀਤਾ ਨਿਪਟਾਰਾ



ਸਮਾਣਾ, 28 ਮਾਰਚ (ਵਿਜੇ ਕੁਮਾਰ/ਜਵੰਦਾ/ਸੁਖਜਿੰਦਰ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 4 ਸਾਲਾਂ ਦੇ ਕਾਰਜਕਾਲ ਦੌਰਾਨ ਇਤਿਹਾਸਕ ਫੈਸਲੇ ਲੈਂਦਿਆਂ ਹੋਇਆ ਸੂਬੇ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ, ਜਿਸ ਤੋਂ ਲੋਕ ਬਹੁਤ ਖੁਸ਼ ਹਨ। ਮਾਨ ਸਰਕਾਰ ਨੇ ਇਹਨਾਂ ਚਾਰ ਸਾਲਾਂ ਵਿੱਚ ਆਪਣੀਆਂ ਸਾਰਿਆਂ ਗਰੰਟੀਆਂ ਪੂਰੀ ਕੀਤੀਆਂ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ. ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਅਤੇ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ, ਪੰਜਾਬ ਵੱਲੋਂ ਸਮਾਣਾ ਦਫ਼ਤਰ ਵਿਖੇ ਆਯੋਜਿਤ ਲੋਕ ਮਿਲਣੀ ਦੌਰਾਨ ਕੀਤਾ ਗਿਆ। ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਸਮਾਣਾ ਦਫ਼ਤਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਹਲਕੇ ਦੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਸਮੇਤ ਵੱਡੀ ਗਿਣਤੀ ਵਿੱਚ ਲੋਕ ਪਹੁੰਚੇ। ਸ. ਬਰਸਟ ਨੇ ਸਾਰਿਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਮੌਕੇ 'ਤੇ ਹੀ ਇਨ੍ਹਾਂ ਦਾ ਨਿਪਟਾਰਾ ਕੀਤਾ। ਇਸ ਮੌਕੇ ਪਹੁੰਚੇ ਲੋਕਾਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਚੇਅਰਮੈਨ ਦਾ ਧੰਨਵਾਦ ਕੀਤਾ। ਚੇਅਰਮੈਨ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਇਲਾਕਾ ਨਿਵਾਸੀਆਂ ਦੀਆਂ ਸਮੱਸਿਆਂਵਾਂ ਨੂੰ ਨੇੜੇ ਤੋਂ ਸੁਣਨਾ ਅਤੇ ਤੁਰੰਤ ਹੱਲ ਕਰਨਾ ਹੈ। ਇਸ ਮੌਕੇ 'ਤੇ ਬਲਵਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਹਰਵਿੰਦਰ ਸਿੰਘ ਚੇਅਰਮੈਨ ਮਾਰਕਿਟ ਕਮੇਟੀ, ਜਸਵਿੰਦਰ ਸਿੰਘ ਬਲਾਕ ਪ੍ਰਧਾਨ, ਸੋਮ ਚੰਦ ਸੋਮੀ ਸਰਪੰਚ ਤਰਖਾਨ ਮਾਜਰਾ, ਸੂਬਾ ਸਿੰਘ ਸਰਪੰਚ ਢੈਂਠਲ, ਮਨਪ੍ਰੀਤ ਸਿੰਘ ਸਰਪੰਚ ਵਜੀਦਪੁਰ, ਸਿਮਰਨ ਸਿੰਘ ਸਰਪੰਚ ਕਮਾਸਪੁਰ, ਜਤਿੰਦਰ ਸਿੰਘ ਸਰਪੰਚ ਗੁਰੂ ਨਾਨਕ ਨਗਰ, ਪ੍ਰਗਟ ਸਿੰਘ ਸਰਪੰਚ ਢਕੜਬਾ, ਗੁਰਪ੍ਰਤਾਪ ਸਿੰਘ ਸਰਪੰਚ ਚੌਹਠ, ਰਾਮ ਸਿੰਘ ਸਰਪੰਚ ਫਤਿਹਪੁਰ, ਕੁਲਦੀਪ ਸਿੰਘ ਸਰਪੰਚ ਮੱਵੀ ਕਲਾਂ, ਮੱਖਣ ਸਿੰਘ ਸਰਪੰਚ ਸਪਰਹੇੜੀ, ਦਰਸ਼ਨ ਸਿੰਘ ਸਰਪੰਚ ਗਾਜੀਸਲਾਰ, ਕੁਲਵਿੰਦਰ ਸਿੰਘ ਸਰਪੰਚ ਸ਼ਹੀਦ ਭਗਤ ਸਿੰਘ ਨਗਰ, ਸੁਖਵਿੰਦਰ ਸਿੰਘ ਸਰਪੰਚ ਰਤਨਹੇੜੀ, ਲਖਵੀਰ ਸਿੰਘ ਸਰਪੰਚ ਰੋੜ ਜਗੀਰ, ਹਰਪ੍ਰੀਤ ਸਿੰਘ ਮੈਂਬਰ ਪੰਚਾਇਤ, ਸੁਰਜੀਤ ਸਿੰਘ ਮੈਂਬਰ ਪੰਚਾਇਤ, ਬਿੰਦਰ ਨਾਗਰ ਪ੍ਰਧਾਨ ਨਸ਼ਾ ਮੁਕਤੀ ਮੋਰਚਾ, ਬਲਜਿੰਦਰ ਸਿੰਘ ਜਿਲਾ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਐਡਵੋਕੇਟ ਹਰਤੇਜ ਸਿੰਘ ਸੰਧੂ, ਡਾ. ਹਰਮੇਸ਼ ਆਲਮਪੁਰ, ਜਸਪਾਲ ਸਿੰਘ ਬੀਬੀਪੁਰ, ਗਿੰਨੀ ਤਰੌੜਾ ਕਲਾਂ, ਗੁਰਨੈਬ ਸਿੰਘ ਕੁਲਬੁਰਸ਼ਾ, ਬਲਵਿੰਦਰ ਸਿੰਘ ਗਾਜੀਪੁਰ, ਜੈਂਕੀ ਸਮਾਣਾ, ਨਰੇਸ਼ ਜੱਗਾ, ਸਤਪਾਲ ਜੌਹਰੀ, ਤਰਸੇਮ ਸਿੰਘ ਸਾਬਕਾ ਸਰਪੰਚ ਗੁਰੂ ਤੇਗ ਬਹਾਦਰ ਨਗਰ ਸਮੇਤ ਸੈਂਕੜਿਆਂ ਦੀ ਗਿਣਤੀ ਵਿੱਚ ਲੋਕ ਵੀ ਮੌਜੂਦ ਰਹੇ।

## ਵਿਧਾਇਕ ਦੇਵ ਮਾਨ ਵੱਲੋਂ ਦੁਲੱਦੀ ਵਿਖੇ ਆਮ ਆਦਮੀ ਕਲੀਨਿਕ ਦਾ ਉਦਘਾਟਨ

ਨਾਭਾ, 28 ਮਾਰਚ (ਬਲਜਿੰਦਰ ਮਾਨ) : ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇ ਮਾਨ ਵੱਲੋਂ ਅੱਜ ਨਾਭਾ ਹਲਕੇ



ਦੇ ਪਿੰਡ ਦੁਲੱਦੀ ਵਿਖੇ ਆਮ ਆਦਮੀ ਕਲੀਨਿਕ ਖੋਲਿਆ ਗਿਆ। ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਪਿਛਲੇ ਸਮੇਂ ਤੋਂ ਸਰਕਾਰ ਵੱਲੋਂ ਆਮ ਲੋਕਾਂ ਦੀ ਸਹੂਲਤਾਂ ਲਈ ਆਮ ਕਲੀਨਿਕ ਖੋਲੇ ਜਾ ਰਹੇ ਹਨ, ਜਿਸ ਤਹਿਤ ਅੱਜ ਤੁਹਾਡੇ ਪਿੰਡ ਵੀ ਇਸ ਦੀ ਵੱਡੀ ਲੋੜ ਨੂੰ ਮੁੱਖ ਰੱਖਦਿਆਂ ਇਸ ਦਾ ਉਦਘਾਟਨ ਕੀਤਾ ਹੈ, ਜਿਸ ਵਿੱਚ ਫਰੀ ਦਵਾਈਆਂ ਤੇ ਫਰੀ ਟੈਸਟ ਕੀਤੇ ਜਾਣਗੇ ਜੋ ਕਿ ਲੋੜਵੰਦ ਇਸ ਦਾ ਵੱਧ ਤੋਂ ਵੱਧ ਲਾਭ ਉਠਾ ਸਕਣਗੇ। ਇਸ ਮੌਕੇ ਪਿੰਡ ਦਲੱਦੀ ਦੇ ਸਰਪੰਚ ਗੁਰਜੰਟ ਸਿੰਘ ਨੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਸਰਪੰਚ ਗੁਰਜੰਟ ਸਿੰਘ, ਡਾਕਟਰ ਮੋਨਿਕਾ ਸੂਦ ਸੀਨੀਅਰ ਮੈਡੀਕਲ ਅਫਸਰ ਬਲਾਕ ਭਾਦਸੋਂ, ਡਾਕਟਰ ਰਮਣੀਕ ਲੋਂਚਮ ਮੈਡੀਕਲ ਅਫਸਰ ਪੀਐਚਸੀ ਕਕਰਾਲਾ, ਜੋਰਾ ਸਿੰਘ ਹੈਲਥ ਇੰਸਪੈਕਟਰ ਕਕਰਾਲਾ, ਡਾਕਟਰ ਹਰਸ਼ ਪ੍ਰੀਤ ਸਿੰਘ ਮੈਡੀਕਲ ਅਫਸਰ ਦੁਲੱਦੀ, ਗੁਰਦੀਪ ਸਿੰਘ ਫਾਰਮੇਸੀ ਅਫਸਰ ਦੁਲੱਦੀ, ਰੇਖਾ ਰਾਣੀ ਸੀਏ, ਨਰਿੰਦਰ ਸਿੰਘ ਹੈਲਪਰ ਦਲੱਦੀ, ਕਰਨ ਬਾਂਗਾ ਫਾਰਮੇਸੀ ਅਫਸਰ ਕਕਰਾਲਾ, ਸੰਦੀਪ ਕੁਮਾਰ ਸਾਧੋਹੇੜੀ, ਸੁਖਜੀਤ ਕੌਰ ਸਾਧੋਹੇੜੀ ਸਿਹਤ ਕਰਮਚਾਰੀ, ਅਤੇ ਸਮੂਹ ਆਸਾ ਵਰਕਰ, ਜੱਸਾ ਸਿੰਘ, ਅਵਤਾਰ ਸਿੰਘ, ਸੁਖਚੈਨ ਸਿੰਘ ਅਤੇ ਸੁਖਵਿੰਦਰ ਸਿੰਘ ਪਿੰਡ ਦੇ ਮੋਹਤਬਾਰ ਪਤਵੰਤੇ ਹਾਜ਼ਰ ਸਨ।

## ਵਿਧਾਇਕ ਕੋਹਲੀ ਵੱਲੋਂ ਮੰਦਰ ਸ੍ਰੀ ਕਾਲੀ ਦੇਵੀ ਵਿਖੇ ਆਯੁਸ਼ਮਾਨ ਅਰੋਗਿਆ ਕੇਂਦਰ ਦਾ ਉਦਘਾਟਨ

ਪਟਿਆਲਾ, 28 ਮਾਰਚ (ਰੁਪਾਣਾ): ਪਟਿਆਲਾ ਦੇ ਪ੍ਰਸਿੱਧ ਅਤੇ ਇਤਿਹਾਸਿਕ ਮੰਦਿਰ ਸ੍ਰੀ ਕਾਲੀ ਦੇਵੀ ਵਿਖੇ ਅੱਜ ਵਿਧਾਇਕ ਸ਼੍ਰੀ ਅਜੀਤਪਾਲ ਸਿੰਘ ਕੋਹਲੀ ਵੱਲੋਂ ਆਯੁਸ਼ਮਾਨ ਅਰੋਗਿਆ ਕੇਂਦਰ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਘਰ-ਘਰ ਤੱਕ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਅਰੋਗਿਆ ਕੇਂਦਰ ਇਲਾਕੇ ਦੇ ਲੋਕਾਂ ਲਈ ਬਹੁਤ ਹੀ ਲਾਭਦਾਇਕ ਸਾਬਤ ਹੋਵੇਗਾ, ਜਿੱਥੇ ਮਰੀਜ਼ਾਂ ਨੂੰ ਮੁਫ਼ਤ ਇਲਾਜ, ਦਵਾਈਆਂ ਅਤੇ ਲੈਬ ਟੈਸਟਾਂ ਦੀ ਸਹੂਲਤ ਮਿਲੇਗੀ। ਉਨ੍ਹਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਕੇਂਦਰਾਂ ਨਾਲ ਸਿਹਤ ਪ੍ਰਣਾਲੀ ਨੂੰ ਮਜ਼ਬੂਤੀ ਮਿਲੇਗੀ ਅਤੇ ਲੋਕਾਂ ਨੂੰ ਵੱਡੇ ਹਸਪਤਾਲਾਂ ਵੱਲ ਜਾਣ ਦੀ ਲੋੜ ਘੱਟੇਗੀ। ਉਨ੍ਹਾਂ ਨੇ ਇਹ ਵੀ ਕਿਹਾ ਕਿ ਮੰਦਰ ਵਿੱਚ ਆਉਣ ਵਾਲੇ



ਸ਼ਰਧਾਲੂਆਂ ਲਈ ਵੀ ਇਹ ਕੇਂਦਰ ਇੱਕ ਵੱਡੀ ਸਹੂਲਤ ਹੋਵੇਗਾ, ਜਿਸ ਨਾਲ ਉਨ੍ਹਾਂ ਨੂੰ ਜ਼ਰੂਰਤ ਪੈਣ 'ਤੇ ਤੁਰੰਤ ਮੈਡੀਕਲ ਸਹਾਇਤਾ ਮਿਲ ਸਕੇਗੀ। ਵਿਧਾਇਕ ਨੇ ਸਿਹਤ ਵਿਭਾਗ ਦੀ ਟੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਲੋਕਾਂ ਦੀ ਸੇਵਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਇਸ ਮੌਕੇ ਐਸ ਐਮ ਓ ਡਾ. ਲਵਕੇਸ਼ ਕੁਮਾਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਅਰੋਗਿਆ ਕੇਂਦਰ ਵਿੱਚ ਆਮ ਜਨਤਾ ਅਤੇ ਮੰਦਰ ਵਿੱਚ ਆਉਣ ਵਾਲੇ ਸ਼ਰਧਾਲੂਆਂ ਲਈ ਮੁਫ਼ਤ ਮੈਡੀਕਲ ਸਹੂਲਤਾਂ ਉਪਲੱਬਧ ਕਰਵਾਈਆਂ ਜਾਣਗੀਆਂ। ਇੱਥੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦੇ ਨਾਲ-ਨਾਲ 46 ਤਰ੍ਹਾਂ ਦੇ ਲੈਬ ਟੈਸਟਾਂ ਦੀ ਸਹੂਲਤ ਵੀ ਪ੍ਰਦਾਨ ਕੀਤੀ ਜਾਵੇਗੀ। ਉਦਘਾਟਨ ਸਮਾਗਮ ਦੌਰਾਨ ਵਾਰਡ ਨੰ 48 ਤੋਂ ਰਾਜੇਸ਼ ਕੁਮਾਰ ਸਾਹਨੀ, ਨਰੇਸ਼ ਕੁਮਾਰ ਕਾਕਾ, ਯੋਗੇਸ਼ ਟੰਡਨ , ਕੌਸ਼ਲ ਚੋਪੜਾ , ਸਿਵਿਲ ਸਰਜਨ ਪਟਿਆਲਾ ਡਾ. ਰਚਨਾ, ਐਸਐਮਓ ਡਾ. ਲਵਕੇਸ਼ ਕੁਮਾਰ, ਡਾ. ਸੰਦੀਪ ਕੰਡਾਰਾ, ਡਾ. ਕਿਰਨਪ੍ਰੀਤ ਕੌਰ, ਡਾ. ਸ਼ਿਵਾਲੀ ਸਮੇਤ ਪੈਰਾਮੈਡੀਕਲ ਸਟਾਫ, ਮੀਡੀਆ ਵਿੰਗ ਦਾ ਸਟਾਫ ਅਤੇ ਆਸ਼ਾ ਵਰਕਰ ਵੀ ਮੌਜੂਦ ਸਨ।

## ਸਰਕਾਰੀ ਸਕੂਲ ਨਵੀਂ ਸਰਾਂਪਤੀ ਦਾ ਨਤੀਜਾ ਸੌ ਫੀਸਦੀ



ਸਮਾਣਾ, 28 ਮਾਰਚ (ਵਿਜੇ ਕੁਮਾਰ) : ਸਰਕਾਰੀ ਐਲੀਮੈਂਟਰੀ ਸਕੂਲ ਨਵੀਂ ਸਰਾਂਪਤੀ ਬਲਾਕ ਸਮਾਣਾ-3 ਦਾ ਸਲਾਨਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਦੇ ਹੈੱਡ ਟੀਚਰ ਮਨੋਜ ਕੁਮਾਰ ਨੇ ਦੱਸਿਆ ਕਿ ਸਾਰੇ ਹੀ ਵਿਦਿਆਰਥੀ ਅਤੇ ਉਹਨਾਂ ਦੇ ਅਧਿਆਪਕਾਂ ਨੇ ਪੂਰਾ ਸਾਲ ਬਹੁਤ ਮਿਹਨਤ ਕੀਤੀ, ਜਿਸ ਸਦਕਾ ਸਕੂਲ ਦਾ ਨਤੀਜਾ 100 ਫੀਸਦੀ ਰਿਹਾ। ਪਹਿਲੀ ਜਮਾਤ ਵਿੱਚ ਤਨਵੀਰ ਕੌਰ ਨੇ ਪਹਿਲਾ, ਨਵਜੋਤ ਸਿੰਘ ਨੇ ਦੂਜਾ ਅਤੇ ਲਵਪ੍ਰੀਤ ਕੌਰ ਅਤੇ ਜਸਨੂਰ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ, ਦੂਜੀ ਜਮਾਤ ਵਿੱਚ ਲਵਪ੍ਰੀਤ ਸਿੰਘ ਨੇ ਪਹਿਲਾ, ਸੰਜੂ ਕੁਮਾਰੀ ਨੇ ਦੂਜਾ ਅਤੇ ਗੁਰਲੀਨ ਕੌਰ ਅਤੇ ਗੁਰਵੰਸ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਤੀਜੀ ਜਮਾਤ ਵਿੱਚ ਅਕਪ੍ਰੀਤ ਕੌਰ ਨੇ ਪਹਿਲਾ,ਪ੍ਰਭਜੋਤ ਕੌਰ ਅਤੇ ਸਾਹਿਬਜੀਤ ਸਿੰਘ ਨੇ ਦੂਜਾ ਅਤੇ ਹਰਸਿਮਰਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾ ਚੌਥੀ ਜਮਾਤ ਵਿੱਚੋਂ ਪ੍ਰੋਭਜੋਤ ਸਿੰਘ ਨੇ ਪਹਿਲਾ, ਸੰਜਨਾ ਕੁਮਾਰੀ ਨੇ ਦੂਜਾ ਅਤੇ ਕੁਲਵੀਰ ਸਿੰਘ ਪੁੱਤਰ ਹਰਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਪੰਜਵੀਂ ਜਮਾਤ ਵਿੱਚ ਅੰਕਿਤਾ ਕੁਮਾਰੀ ਨੇ ਪਹਿਲਾ, ਗੁਰਨੂਰ ਕੌਰ ਨੇ ਦੂਜਾ ਅਤੇ ਸਵਨਿਆ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਮਨੋਜ ਕੁਮਾਰ ਹੈੱਡ ਟੀਚਰ, ਅਧਿਆਪਕ ਸ੍ਰੀ ਹਰਜਿੰਦਰ ਸਿੰਘ, ਲਲਿਤ ਕੁਮਾਰ, ਰਿੰਪੀ ਰਾਣੀ ਤੋਂ ਇਲਾਵਾ ਬੱਚੇ ਅਤੇ ਉਨ੍ਹਾਂ ਦੇ ਮਾਪੇ ਵੀ ਸ਼ਾਮਲ ਸਨ।

## ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਹੇਠ ਸਾਬਕਾ ਵਿਧਾਇਕ ਨਿਰਮਲ ਸਿੰਘ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ 'ਚ ਸ਼ਾਮਲ

### ਗਿਆਨੀ ਹਰਪ੍ਰੀਤ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ



ਪਟਿਆਲਾ, 28 ਮਾਰਚ (ਵਿਜੇ ਕੁਮਾਰ/ਜਵੰਦਾ) : ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਹੇਠ ਹਲਕਾ ਸ਼ੁਤਰਾਣਾ ਤੋਂ ਤਿੰਨ ਵਾਰ ਚੁਣੇ ਵਿਧਾਇਕ ਨਿਰਮਲ ਸਿੰਘ ਵੱਡੀ ਗਿਣਤੀ 'ਚ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵਿੱਚ ਸ਼ਾਮਲ ਹੋਏ । ਇਸ ਅਹਿਮ ਮੌਕੇ 'ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਜ਼ਿਕਰਯੋਗ ਹੈ ਕਿ ਨਿਰਮਲ ਸਿੰਘ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਦੋ ਵਾਰ ਕਾਂਗਰਸ ਤੇ ਇੱਕ ਵਾਰ ਸ਼੍ਰੋਮਣੀ ਅਕਾਲੀ ਦਲ ਵੱਲੋਂ ਵਿਧਾਇਕ ਰਹਿ ਚੁੱਕੇ ਹਨ। ਇਸ ਮੌਕੇ ਸੁਰਜੀਤ ਸਿੰਘ ਰੱਖੜਾ ਨੇ ਨਿਰਮਲ ਸਿੰਘ ਦਾ ਪਾਰਟੀ 'ਚ ਸ਼ਾਮਲ ਹੋਣ 'ਤੇ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਰਾਜਨੀਤਿਕ ਖੇਤਰ ਵਿੱਚ ਵਿਸ਼ਾਲ ਅਤੇ ਲੰਬਾ ਤਜਰਬਾ ਹੈ, ਜੋ ਪਾਰਟੀ ਦੀ ਮਜ਼ਬੂਤੀ ਲਈ ਲਾਹੇਵੰਦ ਸਾਬਿਤ ਹੋਵੇਗਾ। ਇਸ ਵੇਲੇ ਕਰਨ ਸਿੰਘ ਡੀਟੀਓ, ਸੁਖਵਿੰਦਰ ਸਿੰਘ ਰਾਜਲਾ ਮੀਤ ਪ੍ਰਧਾਨ, ਰਣਧੀਰ ਸਿੰਘ ਰੱਖੜਾ ਜ਼ਿਲ੍ਹਾ ਪ੍ਰਧਾਨ, ਕਪੂਰ ਚੰਦ ਬਾਂਸਲ ਸਾਬਕਾ ਚੇਅਰਮੈਨ, ਅਸ਼ੋਕ ਮੋਦਗਿੱਲ ਸਾਬਕਾ ਚੇਅਰਮੈਨ, ਹਰਿੰਦਰ ਸਿੰਘ ਕੁਲਬੁਰਛਾਂ ਸਾਬਕਾ ਚੇਅਰਮੈਨ, ਰਾਣਾ ਸੇਖੋਂ ਸ਼ਹਿਰੀ ਪ੍ਰਧਾਨ, ਰਣਧੀਰ ਸਿੰਘ ਜੌੜਾਮਾਜਰਾ, ਗੁਰਦਿਆਲ ਸਿੰਘ ਰੰਧਾਵਾ, ਬਲਜੀਤ ਸਿੰਘ ਮਿੰਟੂ, ਸੁਰਜੀਤ ਰਾਮ ਪੱਪੀ ਸਾਬਕਾ ਐੱਮ ਸੀ, ਜਗਤਾਰ ਸਿੰਘ ਸੰਧੂ ਸਾਬਕਾ ਐੱਮ ਸੀ, ਵੂਰਣ ਕਾਂਸਲ, ਐਡਵੋਕੇਟ ਸਿਮਰਨ, ਗੁਰਦੀਪ ਸਿੰਘ ਬੰਮਣਾਂ, ਸੁੱਖੀ ਮੂੰਡਖੇੜਾ, ਰੁਲਦੂ ਰਾਮ, ਬਲਵਿੰਦਰ ਸਿੰਘ ਸਾਬਕਾ ਐੱਮ ਸੀ, ਸਤਨਾਮ ਸਿੰਘ ਹੋਰ ਪਾਰਟੀ ਦੇ ਅਹੁਦੇਦਾਰ ਅਤੇ ਵਰਕਰਾਂ ਦੀ ਵੱਡੀ ਗਿਣਤੀ ਮੌਜੂਦ ਰਹੀ।

## ਸਨੌਰ 'ਚ ਭਾਜਪਾ ਦੇ ਸੀਨੀਅਰ ਆਗੂ ਸਤਪਾਲ ਪੂਨੀਆ ਵੱਲੋਂ ਚੋਣ ਲੜਨ ਦਾ ਐਲਾਨ



ਸਨੌਰ, 28 ਮਾਰਚ (ਪ੍ਰਥਮ ਕੁਮਾਰ) : ਹਲਕਾ ਸਨੌਰ ਵਿੱਚ ਭਾਜਪਾ ਦੇ ਸੀਨੀਅਰ ਆਗੂ ਸਤਪਾਲ ਪੂਨੀਆ (ਪੰਜੋਲਾ) ਵੱਲੋਂ ਕੀਤੀ ਗਈ ਪ੍ਰੈਸ ਕਾਨਫ਼ਰੰਸ ਦੌਰਾਨ ਸਿਆਸੀ ਮਾਹੌਲ ਗਰਮਾ ਗਿਆ। ਇਸ ਮੌਕੇ ਉਨ੍ਹਾਂ ਖੁੱਲ੍ਹੇ ਤੌਰ 'ਤੇ ਹਲਕੇ ਤੋਂ ਆਪਣੀ ਦਾਅਵੇਦਾਰੀ ਪੇਸ਼ ਕਰਦਿਆਂ ਕਿਹਾ ਕਿ ਉਹ ਲੋਕਾਂ ਨਾਲ ਮਜ਼ਬੂਤ ਜੁੜਾਵ ਦੇ ਆਧਾਰ 'ਤੇ ਚੋਣ ਮੈਦਾਨ ਵਿੱਚ ਉਤਰਨ ਲਈ ਤਿਆਰ ਹਨ। ਸਤਪਾਲ ਪੂਨੀਆ ਨੇ ਦੱਸਿਆ ਕਿ ਪਿਛਲੇ ਮਹੀਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨਾਲ ਉਨ੍ਹਾਂ ਦੀ ਮੁਲਾਕਾਤ ਹੋਈ ਸੀ, ਜਿਸ ਦੌਰਾਨ ਉਨ੍ਹਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਟਿਕਟ ਦੇਣ ਦੇ ਸੰਕੇਤ ਦਿੱਤੇ ਗਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਉਨ੍ਹਾਂ ਨੂੰ ਹਲਕੇ ਵਿੱਚ ਆ ਰਹੀਆਂ ਸਮੱਸਿਆਵਾਂ ਨੂੰ ਸੁਣਨ ਅਤੇ ਲੋਕਾਂ ਨਾਲ ਜੁੜੇ ਰਹਿਣ ਲਈ ਵੀ ਕਿਹਾ ਗਿਆ ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਮੁੱਖ ਮੰਤਰੀ ਨਾਇਬ ਸੈਣੀ ਵੱਲੋਂ ਉਨ੍ਹਾਂ ਨੂੰ ਕਈ ਵਾਰ ਬੁਲਾ ਕੇ ਹਲਕੇ ਦੀ ਸਥਿਤੀ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ, ਜਿਸ ਨਾਲ ਇਹ ਸਪਸ਼ਟ ਹੁੰਦਾ ਹੈ ਕਿ ਪਾਰਟੀ ਉਨ੍ਹਾਂ 'ਤੇ ਭਰੋਸਾ ਕਰ ਰਹੀ ਹੈ। ਪ੍ਰੈਸ ਕਾਨਫ਼ਰੰਸ ਦੌਰਾਨ ਉਨ੍ਹਾਂ ਹਲਕਾ ਸਨੌਰ ਵਿੱਚ ਹੋ ਰਹੇ ਵਿਕਾਸ ਕਾਰਜਾਂ 'ਤੇ ਵੀ ਸਵਾਲ ਖੜ੍ਹੇ ਕੀਤੇ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਦੇ ਦਾਅਵੇ ਜ਼ਮੀਨੀ ਹਕੀਕਤ ਨਾਲ ਮੇਲ ਨਹੀਂ ਖਾਂਦੇ ਅਤੇ ਲੋਕ ਅਜੇ ਵੀ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਹਨ। ਅੰਤ ਵਿੱਚ ਸਤਪਾਲ ਪੂਨੀਆ (ਪੰਜੋਲਾ) ਨੇ ਕਿਹਾ ਕਿ ਜੇ ਉਨ੍ਹਾਂ ਨੂੰ ਮੌਕਾ ਮਿਲਦਾ ਹੈ ਤਾਂ ਉਹ ਹਲਕਾ ਸਨੌਰ ਦੇ ਸਰਵਾਂਗੀਣ ਵਿਕਾਸ ਲਈ ਇਮਾਨਦਾਰੀ ਨਾਲ ਕੰਮ ਕਰਨਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣਗੇ।

## ਜ਼ਿਲ੍ਹੇ 'ਚ ਮਹਾਂਵੀਰ ਜੈਯੰਤੀ ਮੌਕੇ ਮੀਟ/ਮੱਛੀ ਅਤੇ ਅੰਡਿਆਂ ਦੀਆਂ ਦੁਕਾਨਾਂ ਬੰਦ ਰੱਖਣ ਦੇ ਹੁਕਮ

ਪਟਿਆਲਾ, 28 ਮਾਰਚ (ਚ.ਨ.ਸ.) : ਵਧੀਕ ਜ਼ਿਲ੍ਹਾ ਮੈਜਿਸਟਰੇਟ ਪਟਿਆਲਾ ਸ੍ਰੀਮਤੀ ਸਿਮਰਪ੍ਰੀਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮਹਾਵੀਰ ਜਯੰਤੀ ਦੇ ਦਿਹਾੜੇ ਮੌਕੇ 31 ਮਾਰਚ 2026 ਨੂੰ ਪਟਿਆਲਾ ਜ਼ਿਲ੍ਹੇ 'ਚ ਮੀਟ, ਮੱਛੀ ਅਤੇ ਅੰਡਿਆਂ ਦੀਆਂ ਦੁਕਾਨਾਂ, ਮਾਸਾਹਾਰੀ ਹੋਟਲ/ਢਾਬੇ ਅਤੇ ਅਹਾਤੇ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਹਨ।ਹੁਕਮਾਂ ਵਿੱਚ ਕਿਹਾ ਗਿਆ ਹੈ ਕਿ 31 ਮਾਰਚ 2026 ਨੂੰ ਮਹਾਂਵੀਰ ਜਯੰਤੀ ਦਾ ਦਿਹਾੜਾ ਮਨਾਇਆ ਜਾ ਰਿਹਾ ਹੈ। ਇਸ ਦਿਨ ਨੂੰ ਅਹਿੰਸਾ ਦਿਵਸ ਵਜੋਂ ਮਨਾਇਆ ਜਾਣਾ ਹੈ।ਇਸ ਦਿਨ ਕਿਸੇ ਵੀ ਜਾਨਵਰ ਦੀ ਹੱਤਿਆ ਕਰਨਾ ਧਾਰਮਿਕ ਰੀਤੀ ਰਿਵਾਜਾਂ ਅਨੁਸਾਰ ਅਸ਼ੁਭ ਹੈ ਅਤੇ ਜੀਵ ਹੱਤਿਆ ਕਰਨ ਨਾਲ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚ ਸਕਦੀ ਹੈ ਅਤੇ ਸ਼ਰਾਰਤੀ ਅਨਸਰਾਂ ਵੱਲੋਂ ਇਸ ਦਾ ਨਜਾਇਜ਼ ਫਾਇਦਾ ਉਠਾਇਆ ਜਾ ਸਕਦਾ ਹੈ। ਇਸ ਲਈ ਮਿਤੀ 27 ਮਾਰਚ 2026 ਨੂੰ ਜਾਰੀ ਹੁਕਮਾਂ ਅਨੁਸਾਰ 31 ਮਾਰਚ 2026 ਨੂੰ ਪਟਿਆਲਾ ਜ਼ਿਲ੍ਹੇ ਵਿੱਚ ਮੀਟ/ਮੱਛੀ ਅਤੇ ਅੰਡਿਆਂ ਦੀਆਂ ਦੁਕਾਨਾਂ, ਨਾਨ ਵੈਜੀਟੇਰੀਅਨ ਹੋਟਲ/ਢਾਬੇ, ਅਹਾਤੇ ਬੰਦ ਰਹਿਣਗੇ ।

## 3 ਗ੍ਰਾਮ ਹੈਰੋਇਨ ਸਮੇਤ ਕਾਬੂ

ਸਮਾਣਾ, 28 ਮਾਰਚ (ਵਿਜੇ ਕੁਮਾਰ) : ਸਿਟੀ ਪੁਲਿਸ ਨੇ ਹੈਰੋਇਨ ਵੇਚਣ ਲਈ ਖੜੇ ਨੌਜਵਾਨ ਨੂੰ ਤਿੰਨ ਗ੍ਰਾਮ ਹੈਰੋਇਨ ਸਣੇ ਕਾਬੂ ਕਰਕੇ ਉਸ ਖਿਲਾਫ ਨਸ਼ਾ ਵਿਰੋਧੀ ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ਼ ਕੀਤਾ ਹੈ। ਮੁਲਜ਼ਮ ਦੀ ਪਹਿਚਾਣ ਜਗਦੀਸ਼ ਸਿੰਘ ਵਾਸੀ ਪਿੰਡ ਮੁਰਾਦਪੁਰਾ ਵਜੋਂ ਹੋਈ। ਸਿਟੀ ਪੁਲਸ ਮੁੱਖੀ ਬਲਜੀਤ ਸਿੰਘ ਨੇ ਦੱਸਿਆ ਕਿ ਹੈਡ ਕਾਂਸਟੇਬਲ ਗਗਨਦੀਪ ਸਿੰਘ ਪੁਲਿਸ ਪਾਰਟੀ ਸਣੇ ਗਸਤ ਦੌਰਾਨ ਪੁਰਾਣਾ ਬੱਸ ਸਟੈਂਡ ਤੇ ਮੌਜੂਦ ਸੀ, ਉਸ ਨੂੰ ਸੂਚਨਾ ਮਿਲੀ ਕਿ ਮੁਲਜਮ ਨੋਜਵਾਨ ਹੈਰੋਇਨ ਵੇਚਣ ਲਈ ਚਿਟੀ ਢੇਰੀ ਕੋਲ ਖੜਿਆ ਗਾਹਕਾ ਦੀ ਉਡੀਕ ਕਰ ਰਿਹਾ ਹੈ। ਪੁਲਸ ਪਾਰਟੀ ਸਣੇ ਰੇਡ ਦੌਰਾਨ ਤਿੰਨ ਗ੍ਰਾਮ ਹੈਰੋਇਨ ਬ੍ਰਾਮਦ ਹੋਣ 'ਤੇ ਹਿਰਾਸਤ ਵਿਚ ਲੈ ਲਿਆ।

## ਧੁੱਪ 'ਚ ਛਾਂ ਕਰਦੇ ਰੁੱਖ ਤੇ ਬੇਟੀਆਂ : ਮਹਿਤਾ, ਗੌਤਮ

### ➢ਪੌਦੇ ਲਗਾ ਕੇ ਭਤੀਜੀ ਜਲਸੀਰਤ ਅਮਨ ਦਾ ਜਨਮਦਿਨ ਮਨਾਇਆ

ਪਟਿਆਲਾ, 28 ਮਾਰਚ (ਚ.ਨ.ਸ.) :ਬੇਟੀਆਂ ਅਤੇ ਰੁੱਖ ਦੋਵੇਂ ਹੀ ਧੁੱਪ ਵਿੱਚ ਛਾਂ ਦੇਣ ਵਾਲੇ ਹੁੰਦੇ ਹਨ। ਬੇਟੀਆਂ ਜਿੱਥੇ ਸਭਿਅਕ ਸਮਾਜ ਦਾ ਆਧਾਰ ਹਨ, ਉੱਥੇ ਹੀ ਰੁੱਖ ਮਨੁੱਖੀ ਜੀਵਨ ਦਾ ਆਧਾਰ ਹਨ। ਇਹ ਵਿਚਾਰ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਅਤੇ ਹਿੰਦੂ ਨੇਤਾ ਅਤੇ ਸਮਾਜਸੇਵੀ ਆਸ਼ੂਤੋਸ਼ ਗੌਤਮ ਨੇ ਆਪਣੇ ਪਰਮ ਮਿੱਤਰ ਅਤੇ ਸਮਾਜਿਕ ਚਿੰਤਕ ਅਮਨ ਅਰੋੜਾ ਦੀ ਬੇਟੀ ਜਲਸੀਰਤ ਅਮਨ ਦੇ 15ਵੇਂ ਜਨਮਦਿਨ ਮੌਕੇ ਪੌਦੇ ਲਗਾਉਣ ਉਪਰੰਤ ਪ੍ਰਗਟ ਕੀਤੇ। ਵਣ ਮਹਾਂਉਤਸਵ ਮਨਾਉਣ ਦਾ ਉੱਦਮ ਆਸ਼ੂਤੋਸ਼ ਗੌਤਮ ਪ੍ਰਧਾਨਗੀ ਵਾਲੀ ਸੋਸ਼ਲ ਇੰਪਾਵਰਮੈਂਟ ਵੈਲਫੇਅਰ ਐਸੋਸੀਏਸ਼ਨ (ਸੇਵਾ) ਵੱਲੋਂ ਕੀਤਾ ਗਿਆ ਅਤੇ ਤੇਜਿੰਦਰ ਮਹਿਤਾ ਵਿਸ਼ੇਸ ਮਹਿਮਾਨ ਵਜੋਂ ਪਧਾਰੇ। ਇਸ ਮੌਕੇ ਸਰਹੰਦੀ ਗੇਟ ਦੇ ਨੇੜੇ 15 ਛਾਂਦਾਰ



ਪੌਦੇ ਲਗਾ ਕੇ ਬੇਟੀ ਦਾ ਜਨਮਦਿਨ ਮਨਾਇਆ ਗਿਆ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਤੇਜਿੰਦਰ ਮਹਿਤਾ ਅਤੇ ਸ਼੍ਰੀ ਗੌਤਮ ਨੇ ਕਿਹਾ ਕਿ ਲਗਾਤਾਰ ਪ੍ਰਦੂਸ਼ਿਤ ਹੋ ਰਹੇ ਵਾਤਾਵਰਨ ਨੂੰ ਬਚਾਉਣ ਲਈ ਸਾਰੇ ਨਾਗਰਿਕਾਂ ਨੂੰ ਪੌਦੇ ਲਗਾ ਕੇ ਬੱਚਿਆਂ ਦੇ ਜਨਮਦਿਨ ਮਨਾਉਣੇ ਚਾਹੀਦੇ ਹਨ। ਇਸ ਨਾਲ ਬੱਚਿਆਂ ਦਾ ਕੁਦਰਤ ਨਾਲ ਰਿਸ਼ਤਾ ਕਾਇਮ ਹੁੰਦਾ ਹੈ ਅਤੇ ਉਹ ਵਾਤਾਵਰਨ ਦੀ ਮਹੱਤਤਾ ਪ੍ਰਤੀ ਜਾਗਰੂਕ ਹੁੰਦੇ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਜੇਕਰ ਸ਼ਹਿਰ ਦਾ ਕੋਈ ਵੀ ਨਾਗਰਿਕ ਆਪਣੇ ਬੱਚਿਆਂ ਦਾ ਇਸ ਤਰ੍ਹਾਂ ਜਨਮਦਿਨ ਮਨਾਉਣਾ ਚਾਹੇਗਾ ਤਾਂ ਉਹ ਉਸਨੂੰ ਮੁਫ਼ਤ ਪੌਦੇ ਉਪਲਬਧ ਕਰਵਾਉਣਗੇ। ਸ਼੍ਰੀ ਮਹਿਤਾ ਵੱਲੋਂ ਸੇਵਾ ਸੰਸਥਾ ਨੂੰ 15 ਟ੍ਰੀ ਗਾਰਡ ਦੇਣ ਦਾ ਵਾਅਦਾ ਵੀ ਕੀਤਾ ਗਿਆ। ਇਸ ਮੌਕੇ ਤੇ ਅਮਨ ਅਰੋੜਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਵਰਿੰਦਰ ਗਾਂਧੀ, ਸੌਰਵ ਸ਼ਰਮਾ, ਵਿਨੋਦ ਬਾਲੀ, ਅਮਿਤ ਸ਼ਰਮਾ, ਕੁਸ਼ਲ ਚੋਪੜਾ, ਚਿੰਟੂ ਕੱਕੜ, ਅਮਰਜੀਤ ਭਾਟੀਆ, ਨਿਖਿਲ ਕਾਕਾ, ਰਾਜਿੰਦਰ ਸਿੰਘ, ਨਰਿੰਦਰ ਕੁਮਾਰ ਬਬਲਾ, ਅਨਮੋਲ ਚੋਪੜਾ, ਅਮ੍ਰਿਤਪਾਲ ਅਮਨ, ਅਮਨ ਅਰੋੜਾ, ਸੁਰਮੀਤ ਕੌਰ ਵੱਲੋਂ ਪੌਦੇ ਲਗਾਉਣ ਦੀ ਸੇਵਾ ਨਿਭਾਈ ਗਈ।

## ਰੋਹਟੀਪੁਲ 'ਤੇ ਲੋਹੇ ਦਾ ਭਰਿਆ ਟਰੱਕ ਪਲਟਿਆ, ਜਾਨੀ ਨੁਕਸਾਨ ਤੋਂ ਬਚਾਅ

ਨਾਭਾ, 28 ਮਾਰਚ (ਬਲਜਿੰਦਰ ਮਾਨ): ਨਾਭਾ ਨੇੜੇ ਰੋਹਟੀ ਪੁਲ 'ਤੇ ਲੋਹੇ ਭਰਿਆ ਟਰੱਕ ਬੁਰੀ ਤਰ੍ਹਾਂ ਪਲਟਿਆ ਡਰਾਈਵਰ ਸਮੇਤ ਹੋਰ ਜਾਨੀ ਨੁਕਸਾਨ ਤੋ ਰਿਹਾ ਬਚਾਅ। ਇਸ ਸਬੰਧੀ ਟਰੱਕ ਡਰਾਈਵਰ ਸ਼ੰਭੂ ਨੇ ਦੱਸਿਆ ਮੈ ਮੰਡੀ ਗੋਬਿੰਦਗੜ ਤੋਂ 14 ਚੱਕੀ ਟਰਾਲਾ ਆਰ ਜੇ 20 ਜੀ ਬੀ 0715 ਨੰਬਰ ਲੋਹੇ ਦੇ ਚੈਨਰਾ ਦਾ ਭਰ ਕੇ ਰਾਜਸਥਾਨ ਕੋਟੇ ਜਾ ਰਿਹਾ ਸੀ ਕਿ ਰੋਹਟੀਪੁਲ ਗੋਲ ਚੱਕਰ 'ਤੇ ਅਚਾਨਕ ਸਾਹਮਣਿਓ ਤੇਜ਼ ਰਫਤਾਰ ਟਾਟਾ 407 ਟੈਂਪੂ ਆ ਗਿਆ, ਜਿਸ ਬਚਾਉਂਦਿਆਂ ਟਰੱਕ ਦਾ ਸੰਤੁਲਨ ਵਿਗੜਨ ਕਾਰਨ ਟਰੱਕ ਪਲਟ ਗਿਆ



ਜਿਸ ਨਾਲ ਟਰੱਕ ਦਾ ਕਾਫੀ ਨੁਕਸਾਨ ਹੋ ਗਿਆ ਤੇ ਮੇਰੇ ਮਾਮੂਲੀ ਸੱਟਾਂ ਲੱਗੀਆਂ ਹੋਰ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ ਅਤੇ ਕਰੇਨ ਨਾਲ ਟਰੱਕ ਨੂੰ ਸਿੱਧਾ ਕੀਤਾ ਗਿਆ ਮੌਕੇ ਪਹੁੰਚੀ ਰੋਹਟੀ ਪੁਲ ਚੌਕੀ ਦੀ ਪੁਲਿਸ ਵੱਲੋ ਹਾਦਸੇ ਦੀ ਜਾਚ ਸ਼ੁਰੂ ਕਰ ਦਿੱਤੀ ਗਈ ਹੈ।

## ਰਾਮਨੌਮੀ ਦੇ ਪਵਿੱਤਰ ਦਿਹਾੜੇ ਮੌਕੇ ਸ਼ਹੀਦਾਂ ਦੀ 'ਚ ਯਾਦ ਖ਼ੂਨਦਾਨ ਕੈਂਪ ਲਗਾਇਆ

ਨਾਭਾ, 28 ਮਾਰਚ (ਬਲਜਿੰਦਰ ਮਾਨ) : ਰਾਮਨੌਮੀ ਦੇ ਪਵਿੱਤਰ ਦਿਹਾੜੇ ਮੌਕੇ ਕੌਮ ਦੇ ਸ਼ਹੀਦਾਂ ਸ਼ਹੀਦੇ ਆਜ਼ਮ



ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਸਿੰਘ ਨੂੰ ਯਾਦ ਕਰਦਿਆਂ ਸੀਨੀਅਰ ਵੈਟਰਨਰੀ ਅਫਸਰ ਡਾ. ਮੇਜਰ ਸਿੰਘ ਦੀ ਅਗਵਾਈ 'ਚ ਸਥਾਨਕ ਸਿਵਲ ਪਸ਼ੂ ਹਸਪਤਾਲ ਵਿਖੇ ਤਹਿਸੀਲ ਦੇ ਸਮੂਹ ਸਟਾਫ ਵੱਲੋਂ ਸੁੰਦਰ ਕਾਂਡ ਦਾ ਪਾਠ ਤੇ ਵਿਸ਼ਾਲ ਖੂਨ ਦਾਨ ਕੈਂਪ ਲਗਾਇਆ ਗਿਆ। ਸੁੰਦਰ ਕਾਂਡ ਦੇ ਪਾਠ ਦੌਰਾਨ ਸਾਰੇ ਹੀ ਸਟਾਫ ਵੱਲੋਂ ਨਤਮਸਤਕ ਹੋਣ ਉਪਰੰਤ ਭਗਵਾਨ ਸ੍ਰੀ ਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਗਿਆ।ਇਹ ਖ਼ੂਨਦਾਨ ਕੈਂਪ ਅਪਣੱਤ ਸੁਸਾਇਟੀ ਦੇ ਸਹਿਯੋਗ ਨਾਲ ਤੇ ਪਸ਼ੂ ਪਾਲਣ ਵਿਭਾਗ ਤਹਿਸੀਲ ਨਾਭਾ ਦੇ ਸਮੂਹ ਸਟਾਫ ਤੇ ਉਨ੍ਹਾਂ ਸਾਥੀਆਂ ਵੱਲੋਂ ਸਖਤ ਮਿਹਨਤ ਕਰਕੇ ਇਸ ਪ੍ਰੋਗਰਾਮ ਨੂੰ ਕਾਮਯਾਬ ਕੀਤਾ। ਦੌਰਾਨ ਡਾਕਟਰਾਂ ਦੀ ਟੀਮ ਵੱਲੋਂ ਖੂਨ ਦੇ 100 ਯੂਨਿਟ ਇਕੱਤਰ ਕੀਤੇ ਗਏ । ਇਸ ਮੌਕੇ ਡਾ. ਅਮਿਤ ਖੁਰਾਨਾ ਡਿਪਟੀ ਡਾਇਰੈਕਟਰ ਸੀਮਨ ਬੈਂਕ ਨਾਭਾ ਅਤੇ ਡਾ. ਬਹਾਦਰ ਐਸ.ਵੀ.ਓ. ਫਤਿਹਗੜ੍ਹ ਸਾਹਿਬ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਇਸ ਮੌਕੇ ਪਸ਼ੂ ਹਸਪਤਾਲ ਦੇ ਡਾ. ਰਮਨ ਬਾਂਸਲ, ਭਾਕਿਯੂ ਜ਼ਿਲ੍ਹਾ ਪ੍ਰਧਾਨ ਅਬਜਿੰਦਰ ਸਿੰਘ ਗਰੇਵਾਲ ਜੋਗੀ ਬਾਈ ਨਾਨੋਕੀ, ਬਿੱਲੂ ਭਲਵਾਨ ਚਾਸਵਾਲ, ਲੱਖੀ ਸਕਰਾਲੀ, ਜਗਪਾਲ ਸਿੰਘ ਊਧਾ ਆਦਿ ਹਾਜ਼ਰ ਸਨ।

## ਬਾਬਾ ਬੰਦਾ ਸਿੰਘ ਬਹਾਦਰ ਸਕੂਲ ਫਤਿਹਪੁਰ ਵਿਖੇ ਸਾਲਾਨਾ ਸਮਾਰੋਹ

### ਮਾਪਿਆਂ ਨੂੰ ਉਪਜਾਊ ਮਿੱਟੀ ਵਾਂਗ ਬੱਚਿਆਂ ਦਾ ਪਾਲਣ ਪੋਸ਼ਣ ਕਰਨ ਦੀ ਜ਼ਰੂਰਤ : ਧੂਰੀ

ਸਮਾਣਾ, 28 ਮਾਰਚ (ਵਿਜੇ ਕੁਮਾਰ) : ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਫਤਿਹਪੁਰ ਦਾ ਸਾਲਾਨਾ ਸਮਾਗਮ ਸਕੂਲ ਪ੍ਰਧਾਨ ਪ੍ਰਦਮਨ ਸਿੰਘ ਵਿਰਕ, ਮੈਨੇਜਮੈਂਟ ਤੇ ਪ੍ਰਿੰਸੀਪਲ ਸੁਨੀਤਾ ਰਾਣੀ ਦੀ ਅਗਵਾਈ 'ਚ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਪ੍ਰਧਾਨ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ ਅਤੇ ਐਸੋਸੀਏਸ਼ਨ ਪੰਜਾਬ ਜਗਜੀਤ ਸਿੰਘ ਧੂਰੀ ਤੇ ਭੁਪਿੰਦਰ ਸਿੰਘ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਬੱਚਿਆਂ ਵੱਲੋਂ ਇੱਕ ਧਾਰਮਿਕ ਗੀਤ ਨਾਲ ਕੀਤੀ ਗਈ। ਇਸ ਮੌਕੇ ਬੱਚਿਆਂ ਵੱਲੋਂ ਸੱਭਿਆਚਾਰਕ ਵਿਰਸੇ ਨੂੰ ਜਾਣੂ ਕਰਵਾਉਂਦਿਆਂ ਵੱਖ-ਵੱਖ ਵੰਨਗੀਆਂ ਪੇਸ਼ ਕਰਕੇ ਪੰਜਾਬ ਦੇ ਸੱਭਿਆਚਾਰ ਦੀ ਵਿਲੱਖਣਤਾ ਨੂੰ ਪੇਸ਼ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਸੁਨੀਤਾ ਰਾਣੀ ਨੇ ਮੁੱਖ ਮਹਿਮਾਨ ਤੇ ਬੱਚਿਆਂ ਦੇ ਮਾਪਿਆਂ ਨੂੰ ਜੀ ਆਇਆ ਕਿਹਾ। ਮੁੱਖ ਮਹਿਮਾਨ ਜਗਜੀਤ ਸਿੰਘ ਧੂਰੀ ਨੇ ਕਿਹਾ ਕਿ ਮਨੁੱਖ ਨੂੰ ਹਰ ਰੋਜ਼ ਕੁਝ ਨਾਂ ਕੁਝ ਨਵਾਂ ਸਿੱਖਣ ਦੀ ਲੋੜ ਹੈ। ਜਦੋਂ ਕਿ ਪਸ਼ੂ ਪੰਛੀ ਤੇ ਜਾਨਵਰ ਹਮੇਸ਼ਾ ਸਿੱਖੇ ਹੋਏ ਹੁੰਦੇ ਹਨ। ਉਹਨਾਂ ਕਿਹਾ ਕਿ ਜਿਹੜੇ ਮਾਪਿਆਂ ਦੀ ਸੋਚ ਅਧਿਆਪਕ ਤੇ ਬੱਚਿਆਂ ਨੂੰ ਸਫਲ ਬਣਾਉਣ ਤੱਕ ਸੀਮਿਤ ਹੈ ਉਹ ਕਦੇ ਵੀ ਸਫਲ ਮਾਪੇ ਨਹੀਂ ਹੋ ਸਕਦੇ। ਸਾਨੂੰ ਉਪਜਾਊ ਮਿੱਟੀ ਵਾਂਗ ਹੀ ਆਪਣੇ ਬੱਚਿਆਂ ਦਾ ਪਾਲਣ ਪੋਸ਼ਣ ਕਰਨਾ ਚਾਹੀਦਾ ਹੈ। ਸਮਾਗਮ ਦੌਰਾਨ ਜਿੱਥੇ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ, ਉਥੇ ਸਿੱਖਿਆ ਅਤੇ ਹੋਰ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਵੀ ਕੀਤਾ। ਇਸ ਮੌਕੇ ਸਕੂਲ ਪ੍ਰਧਾਨ ਪ੍ਰਦਮਨ ਸਿੰਘ ਵਿਰਕ ਨੇ ਸਭ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਸੱਚਖੰਡ ਵਾਸੀ ਬਾਬਾ ਸੁਲੱਖਣ ਸਿੰਘ ਜੀ ਕਾਰ ਸੇਵਾ ਵਾਲਿਆਂ ਵੱਲੋਂ 1995 'ਚ ਲਗਾਇਆ ਇਹ ਪੌਦਾ ਦਿਨ ਰਾਤ ਜਿਵੇਂ ਵੱਧ ਫੁੱਲ ਰਿਹਾ ਹੈ, ਉਸੇ ਤਰ੍ਹਾਂ ਇਲਾਕੇ ਦੇ ਬੱਚਿਆਂ ਨੂੰ ਸਿੱਖਿਆ ਤੇ ਚੰਗੀ ਲਿਆਕਤ ਦੇ ਕੇ ਉੱਚ ਪਦਵੀਆਂ 'ਤੇ ਬਿਰਾਜਮਾਨ ਕਰਕੇ ਸਕੂਲ ਦਾ ਨਾਮ ਰੋਸ਼ਨ ਕਰ ਰਹੇ ਹਨ। ਇਸ ਮੌਕੇ ਸਿੱਖਿਆ ਸ਼ਾਸਤਰੀ ਡਾ: ਮੋਹਨ ਲਾਲ ਸ਼ਰਮਾ, ਕਿਸਾਨ ਆਗੂ ਗੁਰਨਾਮ ਸਿੰਘ ਢੈਂਠਲ, ਸਕੂਲ ਕਮੇਟੀ ਦੇ ਵਾਈਸ ਪ੍ਰਧਾਨ ਗੁਲਜਾਰ ਸਿੰਘ ਦਾਨੀਪੁਰ, ਸੈਕਟਰੀ ਬਲਵਿੰਦਰ ਸਿੰਘ ਵਿਰਕ, ਖਜਾਨਚੀ ਜਸਵੰਤ ਸਿੰਘ, ਗੁਰਦੇਵ ਸਿੰਘ, ਭਰਪੂਰ ਸਿੰਘ, ਹਰਬੰਸ ਸਿੰਘ, ਜਗਦੇਵ ਸਿੰਘ ਕੈਂਥ, ਅਕਾਊਂਟੈਂਟ ਬਲਵੀਰ ਸਿੰਘ ਧਾਲੀਵਾਲ, ਪੁਸ਼ਪਿੰਦਰ ਸਿੰਘ ਆਦਿ ਤੋਂ ਇਲਾਵਾ ਬੱਚਿਆਂ ਦੇ ਮਾਪੇ ਤੇ ਹੋਰ ਵੀ ਹਾਜ਼ਰ ਸਨ।

## ਕੀਮਤਾਂ ਨੂੰ ਸਥਿਰ ਰੱਖਣ ਲਈ ਸਰਕਾਰ ਦਾ ਪੈਟਰੋਲ ਤੇ ਡੀਜ਼ਲ 'ਤੇ ਐਕਸਾਈਜ਼ ਡਿਊਟੀ ਘਟਾਉਣਾ ਇਤਿਹਾਸਕ ਫ਼ੈਸਲਾ: ਡਾ. ਕਾਂਸਲ

ਪਟਿਆਲਾ, 28 ਮਾਰਚ (ਚ.ਨ.ਸ.) : ਅਮਰੀਕਾ ਤੇ ਖਾੜੀ ਦੇਸ਼ਾਂ ਵਿਚਕਾਰ ਚੱਲ ਰਹੇ ਭਿਆਨਕ ਯੁੱਧ ਦੇ ਮੱਦੇ ਨਜ਼ਰ ਦੇਸ਼ ਵਿੱਚ ਪੈਟਰੋਲ,ਡੀਜ਼ਲ, ਗੈਸ ਅਤੇ ਹੋਰ ਜਰੂਰੀ ਚੀਜ਼ਾਂ ਦੀ ਸੇਲ ਇੱਕੋ ਦਮ ਵੱਧ ਗਈ ਹੈ। ਇਸੇ ਦੌਰਾਨ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸੰਸਦ ਵਿੱਚ ਦਿੱਤੇ ਗਏ ਬਿਆਨ ਦੇ ਅਨੁਸਾਰ ਪੈਟਰੋਲ ਦੇ ਉੱਪਰ 13 ਤੋਂ ਘਟਾ ਕੇ 3 ਫੀਸਦੀ ਅਤੇ ਡੀਜ਼ਲ ਦੇ ਉੱਪਰ 10 ਤੋਂ ਘਟਾ ਕੇ 0 ਫੀਸਦੀ ਐਕਸਾਈਜ਼ ਡਿਊਟੀ ਕਰ ਦਿੱਤੀ ਗਈ ਹੈ, ਤਾਂ ਜੋ ਮਾਰਕੀਟ ਵਿੱਚ ਤੇਲ ਦੀਆਂ ਕੀਮਤਾਂ ਨੂੰ ਸਥਿਰ ਰੱਖਿਆ ਜਾ ਸਕੇ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਡਾ. ਗੁਰਵਿੰਦਰ ਕਾਂਸਲ ਨੇ ਕਿਹਾ ਕਿ ਦੇਸ਼ ਵਿੱਚ ਪੈਟਰੋਲੀਅਮ ਪਦਾਰਥਾਂ ਤੇ ਹੋਰ ਜਰੂਰੀ ਚੀਜ਼ਾਂ ਦੀਆਂ ਕੀਮਤਾਂ ਨੂੰ ਸਥਿਰ ਰੱਖਣ ਲਈ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੈਟਰੋਲ, ਡੀਜ਼ਲ 'ਤੇ ਐਕਸਾਈਜ਼ ਡਿਊਟੀ ਘਟਾ ਕੇ ਇੱਕ ਇਤਿਹਾਸਿਕ ਫੈਸਲਾ



ਲਿਆ ਗਿਆ ਹੈ, ਜਿਸ ਨਾਲ ਭਾਰਤ ਦੇਸ਼ ਦੇ ਲੋਕਾਂ ਨੂੰ ਬਹੁਤ ਵੱਡੀ ਰਾਹਤ ਮਿਲੀ ਹੈ। ਇਸ ਦੇ ਨਾਲ ਹੀ ਉਹਨਾਂ ਨੇ ਆਮ ਲੋਕਾਂ ਨੂੰ ਬੇਨਤੀ ਕੀਤੀ ਕਿ ਦੇਸ਼ ਦੇ ਕੋਲ ਇੱਕ ਸਥਿਰ ਮਾਤਰਾ ਵਿੱਚ ਡੀਜ਼ਲ ਪੈਟਰੋਲ ਅਤੇ ਗੈਸ ਦਾ ਭੰਡਾਰ ਹੈ, ਜਿਸ ਕਰਕੇ ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ, ਕਿਉਂਕਿ ਪ੍ਰਧਾਨ ਮੰਤਰੀ ਮੋਦੀ ਅਤੇ ਉਹਨਾਂ ਦੇ ਮੰਤਰੀ ਮੰਡਲ ਦੇ ਸਾਥੀ ਹਰ ਸਥਿਤੀ ਉੱਤੇ ਪੈਨੀ ਨਜ਼ਰ ਰੱਖ ਰਹੇ ਹਨ, ਤਾਂ ਜੋ ਕਿਸੇ ਵੀ ਭਾਰਤਵਾਸੀ ਨੂੰ ਕਿਸੇ ਵੀ ਤਰ੍ਹਾਂ ਦੀ ਦਿਕੱਤ ਪ੍ਰੇਸ਼ਾਨੀ ਦਾ ਸਾਮ੍ਹਣਾ ਨਾ ਕਰਨਾ ਪਵੇ।

## 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਵਿਸ਼ੇਸ਼ ਮੁਹਿੰਮ ਤਹਿਤ ਪਿੰਡ ਬਾਗੜੀਆਂ 'ਚ ਚਲਾਇਆ ਕਾਸੋ ਉਪ੍ਰੇਸ਼ਨ

ਅਮਰਗੜ੍ਹ, 28 ਮਾਰਚ (ਗੁਰਮੀਤ ਮੰਨਵੀ/ਲਵਦੀਪ ਮੰਨਵੀ) : ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਗਈ ਵਿਸੇਸ ਮੁਹਿੰਮ ਤਹਿਤ ਅੱਜ ਮਾਨਯੋਗ ਡਾਇਰੈਕਟਰ ਜਨਰਲ ਪੁਲਿਸ, ਪੰਜਾਬ (ਚੰਡੀਗੜ੍ਹ) ਵੱਲੋਂ ਜਾਰੀ ਹੁਕਮਾਂ ਅਨੁਸਾਰ ਗਗਨ ਅਜੀਤ ਸਿੰਘ ਪੀ.ਪੀ.ਐਸ ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਵੱਲੋਂ ਅਤੇ ਸ੍ਰੀ ਰਾਜਵਿੰਦਰ ਸਿੰਘ ਪੀ.ਪੀ.ਐਸ ਕਪਤਾਨ ਪੁਲਿਸ (ਪੀ.ਬੀ.ਆਈ), ਸ੍ਰੀ ਯਾਦਵਿੰਦਰ ਸਿੰਘ ਪੀ.ਪੀ.ਐਸ ਉਪ ਕਪਤਾਨ ਐਨ.ਡੀ.ਪੀ.ਐਸ ਅਤੇ ਸ੍ਰੀ ਸੰਜੀਵ ਕੁਮਾਰ ਪੀ.ਪੀ.ਐਸ ਉਪ ਕਪਤਾਨ ਪੁਲਿਸ ਸਬ ਡਵੀਜਨ ਅਮਰਗੜ੍ਹ ਵੱਲੋਂ ਸਮੇਤ ਮੁੱਖ ਅਫਸਰ ਅਤੇ ਭਾਰੀ ਫੋਰਸ ਸਮੇਤ ਪਿੰਡ



ਬਾਗੜੀਆਂ ਵਿਖੇ (ਕਾਰਡਨ ਐਂਡ ਸਰਚ ਆਪ੍ਰੇਸਨ) ਕੀਤਾ ਗਿਆ। ਇਸ ਤੋਂ ਇਲਾਵਾ ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਵੱਲੋਂ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਨੌਜਵਾਨ ਨਸ਼ਾ ਵੇਚਣ ਦੀ ਆਦਤ ਨੂੰ ਛੱਡਕੇ ਆਪਣੀ ਰੋਜੀ ਰੋਟੀ ਲਈ, ਹੋਰ ਕਿੱਤੇ ਰਾਹੀ ਆਪਣੀ ਜਿੰਦਗੀ ਨੂੰ ਚਲਾ ਰਹੇ ਹਨ। ਪੰਜਾਬ ਪੁਲਿਸ ਵੱਲੋ ਸੂਬਾ ਪੱਧਰ 'ਤੇ ਚਲਾਏ ਜਾ ਰਹੇ ਅਭਿਆਨ ਤਹਿਤ ਮਹੱਤਵਪੂਰਨ ਭੂਮਿਕਾ ਨਿਭਾਈ ਗਈ ਹੈ ਅਤੇ ਭਵਿੱਖ ਵਿੱਚ ਵੀ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ ਪੰਜਾਬ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਨਸਾ ਤਸਕਰਾਂ ਖਿਲਾਫ ਵੱਡੇ ਪੱਧਰ ਦੇ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ ਆਮ ਪਬਲਿਕ ਨੂੰ ਨਸਾ ਤਸਕਰਾਂ ਸਬੰਧੀ ਜਾਣਕਾਰੀ ਸੇਫ ਪੰਜਾਬ ਵੱਟਸਐਪ ਚੈਟਬੋਟ ਨੰਬਰ 9779-100-200 'ਤੇ ਸਾਂਝੀ ਕਰਨ ਦੀ ਅਪੀਲ ਕੀਤੀ ਗਈ। ਇਸ (ਕਾਰਡਨ ਐਂਡ ਸਰਚ ਆਪ੍ਰੇਸਨ) ਦੌਰਾਨ 2 ਸ਼ੱਕੀ ਵਿਅਕਤੀਆ ਨੂੰ ਰਾਊਂਡ ਅੱਪ ਕੀਤਾ ਗਿਆ ਹੈ, ਜਿਨ੍ਹਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

## ਵਿਧਾਇਕ ਨੇ ਪੰਜਾਬ ਸਰਕਾਰ ਦੀਆਂ ਚਾਰ ਸਾਲਾਂ ਦੀਆਂ ਪ੍ਰਾਪਤੀਆਂ ਆਵਾਮ ਨਾਲ ਕੀਤੀਆਂ ਸਾਂਝੀਆਂ



ਅਮਰਗੜ੍ਹ/ਮਲੇਰਕੋਟਲਾ, 28 ਮਾਰਚ (ਗੁਰਮੀਤ ਮੰਨਵੀਂ) : ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਮਾਲੇਰਕੋਟਲਾ ਦੇ ਵਾਰਡ ਨੰਬਰ 2, 19 ਅਤੇ 20 ਵਿੱਚ ਕਰਵਾਏ ਗਏ 'ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ' ਸਮਾਗਮ ਵਿੱਚ ਇਲਾਕਾ ਨਿਵਾਸੀਆਂ ਨਾਲ ਰੂ-ਬ-ਰੂ ਹੋ ਕੇ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਸਰਕਾਰ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਆਮ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਵੱਲ ਇਤਿਹਾਸਕ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਚਾਰ ਸਾਲਾਂ ਵਿੱਚ ਹੀ ਪੂਰਾ ਕਰਕੇ ਦਿਖਾਇਆ ਹੈ। ਵਿਧਾਇਕ ਮਾਲੇਰਕਟੋਲਾ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਜੋ ਕਿ 10 ਲੱਖ ਰੁਪਏ ਤੱਕ ਕਵਰ ਕਰਦੀ ਹੈ।

## ਨਵੇਂ ਖੁਲ੍ਹੇ ਆਮ ਆਦਮੀ ਕਲੀਨਿਕ ਦਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਵੱਲੋਂ ਉਦਘਾਟਨ

ਸ਼ੇਰਪੁਰ, 28 ਮਾਰਚ (ਬਲਜੀਤ ਸਿੰਘ ਟਿੱਬਾ) : ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਦੇ ਮਕਸਦ ਨਾਲ ਖੋਲ੍ਹੇ ਜਾ ਰਹੇ ਪਿੰਡਾਂ ਵਿੱਚ ਆਮ ਆਦਮੀ ਕਲੀਨਿਕਾਂ ਦੀ ਲੜੀ ਤਹਿਤ ਅੱਜ ਸ਼ੇਰਪੁਰ ਬਲਾਕ ਦੇ ਪਿੰਡ ਦੀਦਾਰਗੜ੍ਹ ਵਿਖੇ ਨਵੇਂ ਬਣੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕੀਤਾ ।ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਮਾਨ ਸਰਕਾਰ ਦਾ ਹਰ ਘਰ ਤੱਕ ਸਿਹਤ ਸੇਵਾਵਾਂ ਪਹੁੰਚਾਉਣਾ ਮੁੱਖ ਉਪਰਾਲਾ ਹੈ। ਉਹਨਾਂ ਕਿਹਾ ਕਿ ਜੋ ਵੀ ਡਾਕਟਰ ਆਪਣੀ ਪੜ੍ਹਾਈ ਪੂਰੀ ਕਰਕੇ ਆਉਂਦੇ ਹਨ ਸਰਕਾਰ ਦੁਆਰਾ ਉਹਨਾਂ ਨੂੰ ਆਮ ਆਦਮੀ ਕਲੀਨਕਾਂ ਵਿੱਚ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਡਾਕਟਰ ਜਸਦੀਪ ਸਿੰਘ ਸੀਨੀਅਰ ਮੈਡੀਕਲ ਅਫਸਰ



ਸ਼ੇਰਪੁਰ ਅਤੇ ਆਮ ਆਦਮੀ ਕਲੀਨਿਕ ਦੀਦਾਰਗੜ੍ਹ ਦੇ ਇਨਚਾਰਜ ਡਾਕਟਰ ਪਾਰੂਲ ਰਾਣੀ ਨੇ ਦੱਸਿਆ ਕਿ ਇਸ ਆਮ ਆਦਮੀ ਕਲੀਨਿਕ ਵਿੱਚ 47 ਤਰ੍ਹਾਂ ਦੇ ਟੈਸਟ ਅਤੇ 107 ਕਿਸਮ ਦੀਆਂ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ ।ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇੱਥੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਮੌਕੇ ਮਾਰਕੀਟ ਕਮੇਟੀ ਸ਼ੇਰਪੁਰ ਦੇ ਚੇਅਰਮੈਨ ਰਾਜਵਿੰਦਰ ਸਿੰਘ, ਕੁਲਦੀਪ ਸਿੰਘ ਸਰਪੰਚ ਦੀਦਾਰਗੜ੍ਹ ਅਤੇ ਸਮੂਹ ਗ੍ਰਾਮ ਪੰਚਾਇਤ, ਪੰਚਾਇਤ ਯੂਨੀਅਨ ਦੇ ਆਗੂ ਗੁਰਦੀਪ ਸਿੰਘ ਅਲੀਪੁਰ, ਹਰਦੀਪ ਕੌਰ ਸਰਪੰਚ ਹੇੜੀਕੇ, ਆਪ ਆਗੂ ਚਾਮਨ ਸਿੰਗਲਾ, ਸਰਪੰਚ ਜਸਵੰਤ ਸਿੰਘ ਬਾਦਸ਼ਾਹਪੁਰ, ਸਰਪੰਚ ਰਣਜੀਤ ਸਿੰਘ ਕਾਲਾਬੂਲਾ, ਸਾਬਕਾ ਸਰਪੰਚ ਪਵਿੱਤਰ ਸਿੰਘ ਦਿਦਾਰਗੜ੍ਹ, ਤਰਸੇਮ ਸਿੰਘ ਬੀ ਈ, ਫਾਰਮੇਸੀ ਅਫਸਰ ਰਣਜੀਤ ਸਿੰਘ, ਮਨਜੀਤ ਕੌਰ ਸੀਏ, ਫਾਰਮੇਸੀ ਅਫਸਰ ਜਸਕਰਨ ਸਿੰਘ,ਜਸਵੀਰ ਕੌਰ ਅਤੇ ਆਸ਼ਾ ਵਰਕਰ ਤੇ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।